23-DEC-PAGE-1.qxd 12/22/2022 10:41 PM Page 1

ਸ਼ੁੱਕਰਵਾਰ, 23 ਦਸੰਬਰ, 2022
8 ਪੋਹ { ਨਾਨਕਸ਼ਾਹੀ 554 / ਬਿਕਰਮੀ 2079
ਜਿਲਦ/VOL. : 71
ਅੰਕ/NO. : 203

# ਨਵਾਂ ਜ਼ਮਾਨਾ

DAILY NAWAN ZAMANA • FRIDAY, 23 DECEMBER, 2022
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

# ਮੋਦੀ ਡਟਣ ਵਾਲਿਆਂ ਅੱਗੇ ਨਹੀਂ ਖੜ੍ਹਦੇ : ਰਾਹੁਲ

## ਕੰਨਿਆਕੁਮਾਰੀ ਤੋਂ ਸ਼ੁਰੂ ਹੋਈ ਯਾਤਰਾ ਕਸ਼ਮੀਰ ਜਾ ਕੇ ਹੀ ਖਤਮ ਹੋਵੇਗੀ



**ਨਵੀਂ ਦਿੱਲੀ** : ਰਾਹੁਲ ਗਾਂਧੀ ਨੇ ਭਾਰਤ ਜੋੜੋ ਯਾਤਰਾ ਰੋਕਣ ਦੇ ਕੇਂਦਰੀ ਮੰਤਰੀ ਦੇ ਮਸ਼ਵਰੇ ਨੂੰ ਮੰਨਣ ਤੋਂ ਵੀਰਵਾਰ ਇਨਕਾਰ ਕਰਦਿਆਂ ਕਿਹਾ—ਕੇਂਦਰ ਸਰਕਾਰ ਨੇ ਹੁਣ ਨਵਾਂ ਫਾਰਮੂਲਾ ਕੱਢ ਲਿਆ ਹੈ। ਮੈਨੂੰ ਚਿੱਠੀ ਲਿਖੀ ਹੈ ਕਿ ਮਾਸਕ ਲਗਾਓ, ਕੋਵਿਡ ਫੈਲ ਰਿਹਾ ਹੈ। ਇਹ ਸਭ ਯਾਤਰਾ ਰੋਕਣ ਦੇ ਹੱਥਕੰਡੇ ਹਨ। ਹਿੰਦੁਸਤਾਨ ਦੀ ਸੱਚਾਈ ਤੋਂ ਇਹ ਲੋਕ ਡਰ ਗਏ ਹਨ। ਸਾਡੀ ਯਾਤਰਾ ਕਸ਼ਮੀਰ ਤੱਕ ਜਾਏਗੀ। ਯਾਤਰਾ ਦੇ ਹਰਿਆਣਾ ਵਿਚ ਦੂਜੇ ਦਿਨ ਨੂੰਹ ਦੇ ਇਤਿਹਾਸਕ ਗਾਂਧੀਗਰਾਮ (ਘਾਸੇੜਾ) ਵਿਚ ਲੋਕਾਂ ਨੇ ਰਾਹੁਲ ਦਾ ਮੇਵਾਤੀ ਪਗੜੀ ਪਾ ਕੇ ਸਵਾਗਤ ਕੀਤਾ। 106 ਦਿਨ ਤੋਂ ਪੈਦਲ ਚੱਲ ਰਹੇ ਰਾਹੁਲ ਦੇ ਪੈਰਾਂ ਵਿਚ ਪੱਟੀ ਬੰਨ੍ਹੀ ਦਿਸੀ। ਲੋਕਾਂ ਨੂੰ ਸੰਬੋਧਨ ਕਰਦਿਆਂ ਉਹਨਾ ਕਿਹਾ ਕਿ ਲੋਕਾਂ ਨੂੰ ਆਰ ਐੱਸ ਐੱਸ ਤੇ ਮੋਦੀ ਦਾ ਨਫਰਤ ਦਾ ਹਿੰਦੁਸਤਾਨ ਨਹੀਂ ਚਾਹੀਦਾ। ਉਨ੍ਹਾ ਕਿਹਾ ਕਿ ਸੰਸਦ ਵਿਚ ਬੋਲਣ ਨਾ ਦੇਣ ਕਾਰਨ ਉਹ ਕੰਨਿਆਕੁਮਾਰੀ ਤੋਂ ਕਸ਼ਮੀਰ ਤੱਕ ਯਾਤਰਾ ਕੱਢਣ ਲਈ ਮਜਬੂਰ ਹੋਏ ਹਨ। ਰਾਹੁਲ ਨੇ ਇਹ ਵੀ ਕਿਹਾ—ਇਸ ਯਾਤਰਾ ਵਿਚ ਸਾਨੂੰ ਜੋ ਸਿੱਖਣ ਨੂੰ ਮਿਲਿਆ, ਉਹ ਗੱਡੀ ਜਾਂ ਹੈਲੀਕਾਪਟਰ 'ਚ ਸਿੱਖਣ ਨੂੰ ਨਹੀਂ ਮਿਲਣਾ ਸੀ।

ਰਾਹੁਲ ਨੇ ਕਿਹਾ—ਨਰਿੰਦਰ ਮੋਦੀ ਦਾ ਤੁਸੀਂ ਚਰਿੱਤਰ ਸਮਝੋ। ਜਿਵੇਂ ਹੀ ਕੋਈ ਉਨ੍ਹਾ ਦੇ ਸਾਹਮਣੇ ਖੜ੍ਹਾ ਹੋ ਜਾਂਦਾ ਹੈ ਉਹ ਪੁੱਠੇ ਪੈਰੀਂ ਭੱਜਦੇ ਹਨ। ਕਿਸਾਨ ਅੰਦੋਲਨ ਇਸ ਦੀ ਮਿਸਾਲ ਹੈ।

ਇਹ ਵੀ ਖਬਰ ਹੈ ਕਿ ਇਕ ਸੀਨੀਅਰ ਪੁਲਸ ਅਧਿਕਾਰੀ ਨੇ ਖੁਫੀਆ ਰਿਪੋਰਟ 'ਚ ਦੱਸਿਆ ਹੈ ਕਿ ਹਰਿਆਣਾ 'ਚ ਬੁੱਧਵਾਰ ਯਾਤਰਾ ਦੇ ਪਹਿਲੇ ਦਿਨ ਡੇਢ ਲੱਖ ਲੋਕ ਸ਼ਾਮਲ ਹੋਏ।

## ਕ੍ਰੋਨੋਲੌਜੀ ਸਮਝੋ : ਕਾਂਗਰਸ

**ਨਵੀਂ ਦਿੱਲੀ** : ਕਾਂਗਰਸ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਕੋਵਿਡ-19 ਦੀ ਤਾਜ਼ਾ ਸਥਿਤੀ 'ਤੇ ਉੱਚ-ਪੱਧਰੀ ਮੀਟਿੰਗ ਬੁਲਾਉਣ 'ਤੇ ਵਿਅੰਗ ਕਰਦਿਆਂ ਕਿਹਾ-'ਤੁਸੀਂ ਕ੍ਰੋਨੋਲੌਜੀ (ਘਟਨਾਕ੍ਰਮ) ਨੂੰ ਸਮਝੋ' ਕਿ ਓਮੀਕਰੋਨ ਦੇ ਸਬ-ਵੈਰੀਐਂਟ ਬੀ ਐੱਫ.7 ਦੇ ਮਾਮਲੇ ਕੁਝ ਮਹੀਨਾ ਪਹਿਲਾਂ ਹੀ ਸਾਹਮਣੇ ਆਏ ਸਨ, ਪਰ ਇਹ ਮੀਟਿੰਗ ਅਜਿਹੇ ਸਮੇਂ ਹੋ ਰਹੀ ਹੈ, ਜਦੋਂ 'ਭਾਰਤ ਜੋੜੋ ਯਾਤਰਾ' ਦਿੱਲੀ 'ਚ ਦਾਖਲ ਹੋਣ ਵਾਲੀ ਹੈ। ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਟਵੀਟ ਕੀਤਾ-ਜੁਲਾਈ, ਸਤੰਬਰ ਅਤੇ ਨਵੰਬਰ 'ਚ ਗੁਜਰਾਤ ਅਤੇ ਓਡੀਸ਼ਾ 'ਚ ਓਮੀਕਰੋਨ ਸਬ-ਵੈਰੀਐਂਟ ਬੀ ਐੱਫ.7 ਦੇ 4 ਮਾਮਲੇ ਸਾਹਮਣੇ ਆਏ ਸਨ। ਸਿਹਤ ਮੰਤਰੀ ਨੇ ਮੰਗਲਵਾਰ ਰਾਹੁਲ ਗਾਂਧੀ ਨੂੰ ਪੱਤਰ ਲਿਖਿਆ ਸੀ। ਪ੍ਰਧਾਨ ਮੰਤਰੀ ਹੁਣ ਸਥਿਤੀ ਦਾ ਜਾਇਜ਼ਾ ਲੈ ਰਹੇ ਹਨ। 'ਭਾਰਤ ਜੋੜੋ ਯਾਤਰਾ' ਇਕ ਦਿਨ ਬਾਅਦ ਦਿੱਲੀ 'ਚ ਪ੍ਰਵੇਸ਼ ਕਰੇਗੀ। ਹੁਣ ਤੁਸੀਂ ਕ੍ਰੋਨੋਲੌਜੀ ਸਮਝਦੇ ਹੋ।

ਇਸੇ ਦੌਰਾਨ ਕੇਂਦਰੀ ਸਿਹਤ ਮੰਤਰੀ ਮਨਸੁਖ ਮਾਂਡਵੀਆ ਨੇ ਲੋਕ ਸਭਾ 'ਚ ਕਿਹਾ ਕਿ ਕੋਰੋਨਾ ਵਾਇਰਸ ਦੇ ਲਗਾਤਾਰ ਬਦਲ ਰਹੇ ਰੂਪ ਵਿਸ਼ਵ-ਵਿਆਪੀ ਸਿਹਤ ਲਈ ਖਤਰਾ ਬਣ ਰਹੇ ਹਨ। ਕੇਂਦਰ ਸਰਕਾਰ ਕੋਵਿਡ-19 ਦੀ ਵਿਸ਼ਵਵਿਆਪੀ ਸਥਿਤੀ 'ਤੇ ਲਗਾਤਾਰ ਨਜ਼ਰ ਰੱਖ ਰਹੀ ਹੈ ਅਤੇ ਜਨਤਕ ਸਿਹਤ ਨੂੰ ਦਰਪੇਸ਼ ਚੁਣੌਤੀਆਂ ਨਾਲ ਨਜਿੱਠਣ ਲਈ ਲਗਾਤਾਰ ਕਦਮ ਚੁੱਕੇ ਜਾ ਰਹੇ ਹਨ। ਰਾਜਾਂ ਨੂੰ ਆਉਣ ਵਾਲੇ ਤਿਉਹਾਰਾਂ ਅਤੇ ਨਵੇਂ ਸਾਲ ਦੇ ਮੱਦੇਨਜ਼ਰ ਜ਼ਰੂਰੀ ਕੋਵਿਡ ਪ੍ਰੋਟੋਕੋਲ ਦੀ ਪਾਲਣਾ ਕਰਨ ਲਈ ਜਾਗਰੂਕਤਾ ਵਧਾਉਣੀ ਚਾਹੀਦੀ ਹੈ। ਕੌਮਾਂਤਰੀ ਹਵਾਈ ਅੱਡਿਆਂ 'ਤੇ ਵਿਦੇਸ਼ਾਂ ਤੋਂ ਆਉਣ ਵਾਲੇ ਯਾਤਰੀਆਂ ਵਿੱਚੋਂ ਦੋ ਪ੍ਰਤੀਸ਼ਤ ਲੋਕਾਂ ਦੇ ਨਮੂਨੇ ਆਰ ਟੀ-ਪੀ ਸੀ ਆਰ ਜਾਂਚ ਲਈ ਲੈਣ ਦੀ ਪ੍ਰਕਿਰਿਆ ਸ਼ੁਰੂ ਹੋ ਗਈ ਹੈ।

## ਗਾਤਰੇ ਨਾਲ ਹਵਾਈ ਸਫਰ ਵਿਰੁੱਧ ਪਟੀਸ਼ਨ ਖਾਰਜ

**ਨਵੀਂ ਦਿੱਲੀ** : ਦਿੱਲੀ ਹਾਈ ਕੋਰਟ ਨੇ ਘਰੇਲੂ ਉਡਾਣਾਂ ਦੌਰਾਨ ਸਿੱਖਾਂ ਨੂੰ ਗਾਤਰੇ ਨਾਲ ਸਫਰ ਕਰਨ ਦੀ ਇਜਾਜ਼ਤ ਦੇਣ ਦੇ ਨੋਟੀਫਿਕੇਸ਼ਨ ਦਾ ਵਿਰੋਧ ਕਰਨ ਵਾਲੀ ਜਨਹਿਤ ਪਟੀਸ਼ਨ ਨੂੰ ਖਾਰਜ ਕਰ ਦਿੱਤਾ ਹੈ। ਨੋਟੀਫਿਕੇਸ਼ਨ 'ਚ ਸ਼ਰਤ ਰੱਖੀ ਗਈ ਹੈ ਕਿ ਸਫਰ ਦੌਰਾਨ ਗਾਤਰੇ ਦੀ ਲੰਬਾਈ 9 ਇੰਚ ਤੋਂ ਵੱਧ ਨਾ ਹੋਵੇ। ਚੀਫ ਜਸਟਿਸ ਸਤੀਸ਼ ਚੰਦਰ ਸ਼ਰਮਾ ਅਤੇ ਜਸਟਿਸ ਸੁਬਰਾਮਨੀਅਮ ਪ੍ਰਸਾਦ ਦੀ ਡਵੀਜ਼ਨ ਬੈਂਚ ਨੇ ਕਿਹਾ-ਅਸੀਂ ਅਜਿਹੇ ਨੀਤੀਗਤ ਫੈਸਲੇ 'ਚ ਕਿਵੇਂ ਦਖਲ ਦੇ ਸਕਦੇ ਹਾਂ? ਅਸੀਂ ਦਖਲ ਨਹੀਂ ਦੇ ਸਕਦੇ। ਇਹ ਭਾਰਤ ਸਰਕਾਰ ਦਾ ਨੀਤੀਗਤ ਫੈਸਲਾ ਹੈ।

## ਡਰੋਨ ਫੁੰਡਿਆ

**ਅੰਮ੍ਰਿਤਸਰ** : ਫਿਰੋਜ਼ਪੁਰ ਸੈਕਟਰ 'ਚ ਹਰਭਜਨ ਸਰਹੱਦੀ ਚੌਕੀ ਨੇੜੇ ਬੁੱਧਵਾਰ ਰਾਤ 8 ਵਜੇ ਬੀ ਐੱਸ ਐੱਫ ਜਵਾਨਾਂ ਨੇ ਪਾਕਿਸਤਾਨ ਵੱਲੋਂ ਆਇਆ ਡਰੋਨ ਫੁੰਡ ਲਿਆ। ਵੀਰਵਾਰ ਸਵੇਰੇ ਇਲਾਕੇ ਦੀ ਤਲਾਸ਼ੀ ਲਈ ਗਈ ਤਾਂ ਉਹ ਖੇਤ ਵਿੱਚ ਪਿਆ ਮਿਲਿਆ।

## ਨੌਜਵਾਨ ਦਾ ਕਤਲ



**ਮੋਗਾ** : ਥਾਣਾ ਬਾਘਾ ਪੁਰਾਣਾ ਦੇ ਪਿੰਡ ਠੱਠੀ ਭਾਈ 'ਚ ਕਥਿਤ ਨਾਜਾਇਜ਼ ਸੰਬੰਧਾਂ ਕਾਰਨ ਨੌਜਵਾਨ ਨੂੰ ਮਾਰ ਕੇ ਲਾਸ਼ ਰਾਜਸਥਾਨ ਫੀਡਰ 'ਚ ਸੁੱਟ ਦਿੱਤੀ ਗਈ। ਥਾਣਾ ਬਾਘਾ ਪੁਰਾਣਾ ਮੁਖੀ ਸਬ-ਇੰਸਪੈਕਟਰ ਜਤਿੰਦਰ ਸਿੰਘ ਨੇ ਦੱਸਿਆ ਕਿ ਜਸਵਿੰਦਰ ਸਿੰਘ ਉਰਫ ਰਾਜੂ ਪਿੰਡ ਮਾੜੀ ਮੁਸਤਫਾ ਦੇ ਬਿਆਨ ਉੱਤੇ ਭੁਪਿੰਦਰ ਸਿੰਘ ਉਰਫ ਭਿੰਦਾ ਪਿੰਡ ਮਾੜੀ ਮੁਸਤਫਾ ਅਤੇ ਰੇਸ਼ਮ ਸਿੰਘ ਉਰਫ ਗੋਰਾ ਪਿੰਡ ਸੰਗਤਪੁਰਾ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਪੁਲਸ ਮੁਤਾਬਕ ਜਤਿੰਦਰ ਸਿੰਘ ਉਰਫ ਜੋਤੀ (36) ਨੂੰ ਭਿੰਦਾ ਨੇ ਕਿਸੇ ਬਹਾਨੇ ਘਰ ਬੁਲਾ ਕੇ ਉਸ ਦੀ ਹੱਤਿਆ ਕਰ ਦਿੱਤੀ। ਉਸ ਨੂੰ ਸ਼ੱਕ ਸੀ ਕਿ ਉਸ ਦੀ ਪਤਨੀ ਦੇ ਜੋਤੀ ਨਾਲ ਸੰਬੰਧ ਹਨ। ਲਾਸ਼ ਦੀ ਰਾਜਸਥਾਨ ਫੀਡਰ 'ਚ ਭਾਲ ਕੀਤੀ ਜਾ ਰਹੀ ਸੀ। ਜੋਤੀ ਵਿਆਹਿਆ ਸੀ ਅਤੇ ਉਸ ਦੇ ਦੋ ਛੋਟੇ ਬੱਚੇ ਵੀ ਹਨ।

## ਸੁਖਜੀਤ ਤੇ ਭੁਪਿੰਦਰ ਕੌਰ ਪ੍ਰੀਤ ਨੂੰ ਸਾਹਿਤ ਅਕਾਦਮੀ ਪੁਰਸਕਾਰ





**ਨਵੀਂ ਦਿੱਲੀ** : ਸਾਹਿਤ ਅਕਾਦਮੀ ਨੇ ਵੀਰਵਾਰ 23 ਭਾਰਤੀ ਭਾਸ਼ਾਵਾਂ ਦੇ ਲੇਖਕਾਂ ਨੂੰ ਸਾਲ 2022 ਲਈ ਵੱਕਾਰੀ ਸਾਹਿਤ ਅਕਾਦਮੀ ਪੁਰਸਕਾਰ ਦੇਣ ਦਾ ਐਲਾਨ ਕੀਤਾ। ਹਿੰਦੀ ਲਈ ਬਦਰੀ ਨਰਾਇਣ, ਅੰਗਰੇਜ਼ੀ ਲਈ ਅਨੁਰਾਧਾ ਰਾਏ ਅਤੇ ਉਰਦੂ ਲਈ ਅਨੀਸ ਅਸ਼ਫਾਕ ਨੂੰ ਦਿੱਤਾ ਜਾਵੇਗਾ। ਕਹਾਣੀਕਾਰ ਸੁਖਜੀਤ ਨੂੰ ਉਨ੍ਹਾਂ ਦੀ ਕਿਤਾਬ 'ਮੈਂ ਅਯਨਘੋਸ਼ ਨਹੀਂ' ਲਈ ਅਤੇ ਭੁਪਿੰਦਰ ਕੌਰ ਪ੍ਰੀਤ ਨੂੰ ਨਿਰਮਲਾ ਪੁਤਲ ਦੀ ਆਦਿਵਾਸੀ ਕਵਿਤਾ ਦੇ ਪੰਜਾਬੀ ਅਨੁਵਾਦ 'ਨਗਾਰੇ ਵਾਂਗ ਵਜਦੇ ਸ਼ਬਦ' ਲਈ ਪੁਰਸਕਾਰ ਦੇਣ ਦਾ ਐਲਾਨ ਕੀਤਾ ਗਿਆ।

## ਲਾੜੀਆਂ ਲਈ ਮਾਰਚ



**ਪੁਣੇ (ਮਹਾਰਾਸ਼ਟਰ)** : ਨੌਜਵਾਨਾਂ ਨੇ ਆਪਣੇ ਲਈ ਲਾੜੀਆਂ ਦੀ ਭਾਲ 'ਚ ਸ਼ੋਲਾਪੁਰ ਜ਼ਿਲ੍ਹੇ 'ਚ ਮਾਰਚ ਕੱਢਿਆ ਤੇ ਅਧਿਕਾਰੀਆਂ ਨੂੰ ਮੰਗ ਪੱਤਰ ਸੌਂਪ ਕੇ ਸਰਕਾਰ ਤੋਂ ਲਾੜੀਆਂ ਦਾ ਪ੍ਰਬੰਧ ਕਰਨ ਦੀ ਮੰਗ ਕੀਤੀ। ਲਾੜੇ ਵਾਂਗ ਕਈ ਨੌਜਵਾਨ ਘੋੜੀ 'ਤੇ ਸਵਾਰ ਹੋ ਕੇ ਬੈਂਡ ਵਾਜੇ ਨਾਲ ਡੀ ਸੀ ਦਫਤਰ ਪੁੱਜੇ। ਮਹਾਰਾਸ਼ਟਰ 'ਚ ਇਸ ਵੇਲੇ ਲਿੰਗ ਅਨੁਪਾਤ 'ਚ ਵੱਡਾ ਪਾੜਾ ਹੈ। ਇਥੇ 1000 ਮੁੰਡਿਆਂ ਦੇ ਮੁਕਾਬਲੇ 889 ਕੁੜੀਆਂ ਹਨ।

## ਪੇਲੇ ਦੀ ਸਿਹਤ ਵਿਗੜੀ



**ਸਾਓ ਪਾਓਲੋ** : ਕੈਂਸਰ ਅਤੇ ਸਾਹ ਦੀਆਂ ਸਮੱਸਿਆਵਾਂ ਕਾਰਨ ਹਸਪਤਾਲ 'ਚ ਦਾਖਲ 82 ਸਾਲ ਦੇ ਮਹਾਨ ਫੁੱਟਬਾਲਰ ਪੇਲੇ ਦੀ ਸਿਹਤ ਵਿਗੜ ਗਈ ਹੈ। ਡਾਕਟਰਾਂ ਦਾ ਕਹਿਣਾ ਹੈ ਕਿ ਉਨ੍ਹਾ ਦਾ ਕੈਂਸਰ ਵਧ ਗਿਆ ਹੈ ਅਤੇ ਦਿਲ ਅਤੇ ਗੁਰਦੇ ਵੀ ਪ੍ਰਭਾਵਤ ਹੋਏ ਹਨ।

## ਚੀਨ ਵੱਲੋਂ ਆਉਂਦੇ ਜਹਾਜ਼ਾਂ 'ਤੇ ਰੋਕ ਲੱਗੇ : ਚੱਢਾ



**ਨਵੀਂ ਦਿੱਲੀ** : ਆਮ ਆਦਮੀ ਪਾਰਟੀ ਦੇ ਮੈਂਬਰ ਰਾਘਵ ਚੱਢਾ ਨੇ ਵੀਰਵਾਰ ਰਾਜ ਸਭਾ 'ਚ ਕੰਮ ਰੋਕੂ ਮਤੇ ਦਾ ਨੋਟਿਸ ਦੇ ਕੇ ਚੀਨ ਵਿੱਚ ਲਗਾਤਾਰ ਵਧ ਰਹੇ ਕੋਰੋਨਾ ਵਾਇਰਸ ਦੇ ਮਾਮਲਿਆਂ ਤੇ ਭਾਰਤ ਉੱਤੇ ਇਸ ਦੇ ਪ੍ਰਭਾਵ ਬਾਰੇ ਚਰਚਾ ਕਰਨ ਦੀ ਮੰਗ ਕੀਤੀ।

ਉਨ੍ਹਾਂ ਏਸ਼ੀਆਈ ਦੇਸ਼ਾਂ ਰਾਹੀਂ ਚੀਨ ਤੋਂ ਭਾਰਤ ਤੱਕ ਦੀਆਂ ਉਡਾਣਾਂ 'ਤੇ ਵੀ ਤੁਰੰਤ ਪਾਬੰਦੀ ਲਗਾਉਣ ਦੀ ਮੰਗ ਕੀਤੀ ਅਤੇ ਪ੍ਰਭਾਵਿਤ ਦੇਸ਼ਾਂ ਦੇ ਅੰਤਰਰਾਸ਼ਟਰੀ ਯਾਤਰੀਆਂ ਲਈ ਇੱਕ ਨਿਸ਼ਚਿਤ ਸਮੇਂ ਲਈ ਲਾਜ਼ਮੀ ਕੁਆਰੰਟੀਨ 'ਤੇ ਵੀ ਵਿਚਾਰ ਕਰਨ ਲਈ ਕਿਹਾ। ਆਪਣੇ ਲਿਖਤੀ ਨੋਟਿਸ ਵਿੱਚ ਰਾਘਵ ਚੱਢਾ ਨੇ ਕਿਹਾ ਕਿ ਚੀਨ ਵਿੱਚ ਕੋਰੋਨਾ ਵਾਇਰਸ ਕੇਸਾਂ ਵਿੱਚ ਓਮਾਈਕਰੋਨ ਦੇ ਇੱਕ ਘਾਤਕ ਵੈਰੀਏਂਟ ਵਿੱਚ ਚਿੰਤਾਜਨਕ ਵਾਧਾ ਦੇਖਿਆ ਜਾ ਰਿਹਾ ਹੈ, ਜੋ ਕਿ 10 ਲੱਖ

● ਬਾਕੀ ਸਫ਼ਾ 2 'ਤੇ

## ਸ੍ਰੀ ਆਨੰਦਪੁਰ ਸਾਹਿਬ ਨੂੰ 'ਹੈਰੀਟੇਜ ਸਿਟੀ' ਦਾ ਦਰਜਾ ਦੇਣ ਦੀ ਮੰਗ

**ਨਵੀਂ ਦਿੱਲੀ** : ਰਾਘਵ ਚੱਢਾ ਨੇ ਵੀਰਵਾਰ ਰਾਜ ਸਭਾ ਵਿੱਚ ਸਿੱਖ ਇਤਿਹਾਸ ਨਾਲ ਜੁੜੇ ਅਹਿਮ ਸ਼ਹਿਰ ਸ੍ਰੀ ਆਨੰਦਪੁਰ ਸਾਹਿਬ ਦੇ ਵਿਕਾਸ ਦਾ ਮੁੱਦਾ ਰਾਜ ਸਭਾ ਵਿੱਚ ਉਠਾਇਆ ਅਤੇ ਇਸ ਨੂੰ 'ਹੈਰੀਟੇਜ ਸਿਟੀ' (ਵਿਰਾਸਤੀ ਸ਼ਹਿਰ) ਦਾ ਦਰਜਾ ਦੇਣ ਦੀ ਮੰਗ ਕੀਤੀ।

ਪ੍ਰਸ਼ਨਕਾਲ ਦੌਰਾਨ ਉਨ੍ਹਾ ਕਿਹਾ ਕਿ ਉਨ੍ਹਾਂ ਦਾ ਦੇਸ਼ ਅਤੇ ਦੁਨੀਆ ਦੇ ਕਰੋੜਾਂ ਲੋਕਾਂ ਦੀ ਆਸਥਾ ਨਾਲ ਜੁੜਿਆ ਹੈ। ਪੰਜਾਬ ਦੇ ਸ੍ਰੀ ਆਨੰਦਪੁਰ ਸਾਹਿਬ ਸਥਿਤ ਤਖਤ ਸ੍ਰੀ ਕੇਸਗੜ੍ਹ ਸਾਹਿਬ ਉਹ ਪਵਿੱਤਰ ਅਸਥਾਨ ਹੈ, ਜਿੱਥੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 13

● ਬਾਕੀ ਸਫ਼ਾ 2 'ਤੇ

## ਗਰੇਵਾਲ ਤੇ ਬਾਵਾ 'ਤੇ ਛਾਪਿਆਂ ਦੀ ਨਿੰਦਾ

**ਜਲੰਧਰ (ਕੇਸਰ/ਰਾਜੇਸ਼ ਥਾਪਾ)**

ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾਈ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਅਤੇ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਨੇ ਪੰਜਾਬ ਦੇ ਲੋਕ ਪੱਖੀ ਕਲਾਕਾਰ ਕੰਵਰ ਗਰੇਵਾਲ ਅਤੇ ਰਣਜੀਤ ਬਾਵਾ ਦੇ ਘਰਾਂ ਉਪਰ ਕੀਤੀ ਗਈ ਛਾਪੇਮਾਰੀ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਤਿੰਨ ਕਾਲੇ ਕਾਨੂੰਨਾਂ ਵਿਰੁੱਧ ਇਤਿਹਾਸਕ ਜੇਤੂ ਕਿਸਾਨ ਅੰਦੋਲਨ ਦੌਰਾਨ ਨਿਭਾਏ ਰੋਲ ਅ ਤੇ

● ਬਾਕੀ ਸਫ਼ਾ 2 'ਤੇ

## ਡਾ. ਨੂਰਪੁਰ 'ਤੇ ਕੇਸ ਖਿਲਾਫ ਅਵਾਜ਼ ਬੁਲੰਦ ਕਰਨ ਦਾ ਸੱਦਾ

**ਜਲੰਧਰ** : ਪੰਜਾਬ ਦੇ ਜਾਣੇ-ਪਹਿਚਾਣੇ ਲੇਖਕ, ਕਾਲਮ ਨਵੀਸ, ਲੋਕ ਪੱਖੀ, ਜਮਹੂਰੀ ਸਾਹਿਤਕ ਸੱਭਿਆਚਾਰਕ ਕਾਮੇ, ਵਾਤਾਵਰਣ ਪ੍ਰੇਮੀ ਡਾ. ਗੁਰਚਰਨ ਨੂਰਪੁਰ ਉਪਰ ਜ਼ੀਰਾ ਪੁਲਸ ਨੇ ਇਹ ਦੋਸ਼ ਮੜ੍ਹਦੇ ਹੋਏ ਧਾਰਾ 283, 353, 186, 341, 188, 148, 149 ਤਹਿਤ ਇਹ ਮਨਘੜਤ ਕਹਾਣੀ ਘੜਿਆ ਕੇਸ ਦਰਜ ਕੀਤਾ ਹੈ ਕਿ ਉਹ ਨੈਸ਼ਨਲ ਹਾਈਵੇ ਦੇ ਟੀ ਪੁਆਇੰਟ 'ਤੇ ਹੱਦ ਰਕਬਾ ਪਿੰਡ ਰਟੌਲ ਵਿਖੇ ਪੁਲਸ ਡਿਊਟੀ ਵਿੱਚ ਵਿਘਨ ਪਾਉਣ ਅਤੇ ਜ਼ੀਰਾ ਸ਼ਰਾਬ ਫੈਕਟਰੀ ਅੱਗੇ ਲੱਗੇ ਧਰਨੇ 'ਤੇ ਤਕਰੀਰਾਂ ਕਰਕੇ ਲੋਕਾਂ ਨੂੰ ਭੜਕਾਉਣ ਦੀਆਂ ਗੈਰ-ਕਾਨੂੰਨੀ ਗਤੀਵਿਧੀਆਂ ਵਿਚ ਸ਼ਾਮਲ ਹੈ।

ਪੰਜਾਬ ਲੋਕ ਸੱਭਿਆਚਾਰਕ ਮੰਚ (ਪਲਸ ਮੰਚ) ਦੇ ਪ੍ਰਧਾਨ ਅਮੋਲਕ ਸਿੰਘ ਅਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਲਿਖਤੀ ਪ੍ਰੈੱਸ ਬਿਆਨ ਰਾਹੀਂ ਕਿਹਾ ਹੈ ਕਿ ਇੱਕ ਸੁਲਝੇ ਹੋਏ ਲੋਕ-ਪੱਖੀ ਲੇਖਕ ਉਪਰ ਨਿਰਆਧਾਰ ਅਜਿਹੇ ਦੋਸ਼ ਮੜ੍ਹ ਕੇ ਪਰਚਾ ਦਰਜ ਕਰਨਾ ਹੱਕ-ਸੱਚ ਇਨਸਾਫ ਦੇ ਪੱਖ ਵਿੱਚ ਖੜ੍ਹਨ ਵਾਲੇ ਕਲਮਕਾਰਾਂ ਦੀ ਜ਼ੁਬਾਨਬੰਦੀ ਕਰਨਾ ਹੈ।

ਉਹਨਾਂ ਕਿਹਾ ਕਿ ਇਸ ਤਰ੍ਹਾਂ ਹੀ ਕੰਵਰ ਗਰੇਵਾਲ, ਰਣਜੀਤ ਬਾਵਾ ਸੰਬੰਧੀ ਕੋਈ ਵੀ ਪ੍ਰਮਾਣਿਕ ਅਤੇ ਪੁਸ਼ਟ

● ਬਾਕੀ ਸਫ਼ਾ 2 'ਤੇ

## ਸਾਥੀ ਸੰਤੋਖ ਸਿੰਘ ਸੰਘੇੜਾ ਦਾ ਅੰਤਮ ਸਸਕਾਰ



ਪਾਰਟੀ ਆਗੂ ਸਾਥੀ ਸੰਘੇੜਾ ਦੀ ਮ੍ਰਿਤਕ ਦੇਹ 'ਤੇ ਲਾਲ ਝੰਡਾ ਪਾਉਂਦੇ ਹੋਏ।

**ਸ਼ਾਹਕੋਟ (ਗਿਆਨ ਸੈਦਪੁਰੀ)**

ਪੰਜਾਬ ਖੇਤ ਮਜ਼ਦੂਰ ਸਭਾ ਦੇ ਪ੍ਰਧਾਨ ਸਾਥੀ ਸੰਤੋਖ ਸਿੰਘ ਸੰਘੇੜਾ ਦਾ ਅੰਤਮ ਸੰਸਕਾਰ ਵੀਰਵਾਰ ਉਨ੍ਹਾ ਦੇ ਜੱਦੀ ਪਿੰਡ ਕੋਟਲੀ ਸੂਰਤ ਮੱਲ੍ਹੀ (ਬਟਾਲਾ) ਵਿਖੇ ਕਰ ਦਿੱਤਾ ਗਿਆ। ਉਨ੍ਹਾ ਦੀ ਚਿਖਾ ਨੂੰ ਅਗਨੀ ਉਨ੍ਹਾ ਦੇ ਪੁੱਤਰ ਸਮੀਰ ਸਿੰਘ ਸ਼ੰਮੀ ਨੇ ਵਿਖਾਈ। ਸਾਥੀ ਸੰਘੇੜਾ ਦੀ ਅੰਤਮ ਯਾਤਰਾ ਵਿੱਚ ਸੈਂਕੜੇ ਲੋਕ ਸ਼ਾਮਲ ਹੋਏ। ਉਨ੍ਹਾ ਦੀ ਦਰਦਨਾਕ ਮੌਤ ਕੇਰਲਾ ਦੇ ਸ਼ਹਿਰ ਅੱਲਾਪੂਜ਼ਾ ਵਿੱਚ ਹੋਈ ਸੀ। ਉੱਥੇ ਉਹ ਏਟਕ ਦੀ 42ਵੀਂ ਨੈਸ਼ਨਲ ਕਾਂਗਰਸ ਵਿੱਚ ਹਿੱਸਾ ਲੈਣ ਗਏ ਸਨ। ਉਨ੍ਹਾ ਦੀ ਮ੍ਰਿਤਕ

● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਜਾਪਦੀ ਠੰਢ ਨੇ ਕੀਤੀ ਆ ਜਾਮ ਜ਼ਿੰਦਗੀ,
ਕਹਿਰ ਸਿਖਰਲਾ ਧੁੰਦ ਪਈ ਪਾਏ ਮੀਆਂ।
ਛੱਡਣੇ ਔਖੇ ਆ ਜੀਵਨ ਦੇ ਆਮ ਕਾਰਜ,
ਡਰਦਾ ਬੰਦਾ ਨਾ ਸੜਕ 'ਤੇ ਜਾਏ ਮੀਆਂ।
ਆਪਣੀ ਭੁੱਲ ਵੀ ਪੈਂਦੜੀ ਬਹੁਤ ਮਹਿੰਗੀ,
ਦੂਸਰਾ ਕਰੇ ਤਾਂ ਝੱਲੀ ਨਹੀਂ ਜਾਏ ਮੀਆਂ।
ਖਹਿ ਜਾਏ ਗੱਡੀ ਤਾਂ ਲੱਗਦੇ ਲੜਨ ਦੋਵੇਂ,
ਡਰਦਾ ਕੋਈ ਛੁਡਾਉਣ ਨਾ ਆਏ ਮੀਆਂ।
ਪਹਿਲਾਂ ਡਿੱਗਿਆਂ ਲੱਗੀਆਂ ਹੋਣ ਰਗੜਾਂ,
ਮਗਰੋਂ ਆਪੋ ਵਿੱਚ ਮਾਰਦੇ ਸੱਟ ਮੀਆਂ।
ਅਕਲ ਕਿਸੇ ਨੂੰ ਕੋਈ ਨਹੀਂ ਦੇਣ ਜੋਗਾ,
ਕੋਈ ਨਾ ਦੂਜੇ ਤੋਂ ਜਾਪਦਾ ਘੱਟ ਮੀਆਂ।

-ਤੀਸ ਮਾਰ ਖਾਂ

## ਐੱਨ ਆਰ ਆਈ ਪੰਜਾਬੀਆਂ ਨਾਲ ਮਿਲਣੀ ਅੱਜ : ਧਾਲੀਵਾਲ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪ੍ਰਵਾਸੀ ਪੰਜਾਬੀਆਂ ਦੀਆਂ ਸ਼ਿਕਾਇਤਾਂ ਤੇ ਸਮੱਸਿਆਵਾਂ ਦਾ ਹੱਲ ਕਰਨ ਲਈ ਵਚਨਬੱਧ ਹੈ। ਇਸੇ ਦਿਸ਼ਾ ਵਿੱਚ ਅੱਗੇ ਵਧਦਿਆਂ ਸੂਬਾ ਸਰਕਾਰ 'ਐੱਨ ਆਰ ਆਈ ਪੰਜਾਬੀਆਂ ਨਾਲ ਮਿਲਣੀ' ਸਮਾਗਮ ਕਰਵਾ ਰਹੀ ਹੈ, ਤਾਂ ਜੋ ਪ੍ਰਵਾਸੀ ਪੰਜਾਬੀਆਂ ਨਾਲ ਸੰਬੰਧਤ ਮਾਮਲਿਆਂ ਨੂੰ ਛੇਤੀ ਤੇ ਤਸੱਲੀਬਖਸ਼ ਢੰਗ ਨਾਲ ਹੱਲ ਕੀਤਾ ਜਾ ਸਕੇ।

ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਨਾਲ ਸੰਬੰਧਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਲੁਧਿਆਣਾ ਵਿਖੇ 'ਐੱਨ ਆਰ ਆਈ ਪੰਜਾਬੀਆਂ ਨਾਲ ਮਿਲਣੀ' ਪ੍ਰੋਗਰਾਮ 23 ਦਸਬੰਰ ਨੂੰ ਕਰਵਾਇਆ ਜਾ

● ਬਾਕੀ ਸਫ਼ਾ 2 'ਤੇ



## ਥਲੇਸ ਸਕੂਲ 'ਚ ਤਰਕਸ਼ੀਲ ਸਮਾਗਮ



**ਸੰਗਰੂਰ (ਪ੍ਰਵੀਨ ਸਿੰਘ)**-ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਵੱਲੋਂ ਵਿਦਿਆਰਥੀਆਂ ਅੰਦਰ ਵਿਗਿਆਨਕ ਚੇਤਨਾ ਵਿਕਸਤ ਕਰਨ ਤੇ ਚੇਤਨਾ ਪਰਖ ਪ੍ਰੀਖਿਆ 'ਚ ਸ਼ਮੂਲੀਅਤ ਕਰਨ ਵਾਲੇ ਵਿਦਿਆਰਥੀਆਂ ਤੇ ਪ੍ਰੀਖਿਆ 'ਚ ਸਹਿਯੋਗ ਕਰਨ ਵਾਲੇ ਅਧਿਆਪਕਾਂ ਨੂੰ ਸਨਮਾਨਤ ਕਰਨ ਹਿੱਤ ਚਲਾਈ ਮੁਹਿੰਮ ਦੀ ਲੜੀ 'ਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਥਲੇਸ ਵਿਖੇ ਮਾਸਟਰ ਪਰਮਵੇਦ, ਪਰਮਿੰਦਰ ਸਿੰਘ ਮਹਿਲਾਂ,ਪ੍ਰਹਿਲਾਦ ਸਿੰਘ ਤੇ ਰਣਦੀਪ ਰਾਓ 'ਤੇ ਅਧਾਰਤ ਤਰਕਸ਼ੀਲ ਟੀਮ ਵੱਲੋਂ ਤਰਕਸ਼ੀਲ ਪਰੋਗਰਾਮ ਦਿੱਤਾ ਗਿਆ। ਪ੍ਰਿੰਸੀਪਲ ਪ੍ਰਵੀਨ ਕੁਮਾਰ ਮਨਚੰਦਾ ਨੇ ਤਰਕਸ਼ੀਲ ਟੀਮ ਦਾ ਸਵਾਗਤ ਕਰਦਿਆਂ ਹਾਜ਼ਰੀਨ ਨੂੰ ਅੰਧਵਿਸ਼ਵਾਸਾਂ ਵਿੱਚੋਂ ਨਿਕਲਣ, ਵਿਗਿਆਨਕ ਸੋਚ ਅਪਣਾਉਣ ਤੇ ਤਰਕਸ਼ੀਲ ਸੁਸਾਇਟੀ ਵੱਲੋਂ ਕਰਵਾਈ ਚੇਤਨਾ ਪ੍ਰੀਖਿਆ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਤਰਕਸ਼ੀਲ ਆਗੂ ਮਾਸਟਰ ਪਰਮ ਵੇਦ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਅੰਧਵਿਸ਼ਵਾਸਾਂ, ਵਹਿਮਾਂ-ਭਰਮਾਂ, ਲਾਈਲੱਗਤਾ ਤੇ ਰੂੜ੍ਹੀਵਾਦੀ ਵਿਚਾਰਾਂ ਦੇ ਹਨੇਰੇ 'ਚੋਂ ਨਿਕਲ ਕੇ ਆਪਣਾ ਸੋਚਣ ਢੰਗ ਵਿਗਿਆਨਕ ਬਣਾਉਣ ਦਾ ਸੁਨੇਹਾ ਦਿੱਤਾ। ਦੂਜੇ ਸੈਸ਼ਨ 'ਚ ਤਰਕਸ਼ੀਲਾਂ ਆਗੂਆਂ ਨੇ ਸਮੂਹ ਅਧਿਆਪਕਾਂ ਦੀ ਹਾਜ਼ਰੀ 'ਚ ਚੇਤਨਾ ਪ੍ਰੀਖਿਆ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਪ੍ਰੀਖਿਆ 'ਚ ਸਹਿਯੋਗ ਕਰਨ ਕਰਕੇ ਪ੍ਰਿੰਸੀਪਲ ਪ੍ਰਵੀਨ ਕੁਮਾਰ ਮਨਚੰਦਾ ਤੇ ਸਾਇੰਸ ਅਧਿਆਪਕਾ ਗੁਰਪ੍ਰੀਤ ਕੌਰ ਨੂੰ ਸਨਮਾਨ ਪੱਤਰ ਤੇ ਪੁਸਤਕ 'ਇਲਮ ਤੋਂ ਇਖਲਾਕ ਤੱਕ' ਨਾਲ ਸਨਮਾਨਤ ਕੀਤਾ।

## ਕ੍ਰਿਕਟਰ ਕਪਿਲ ਦੇਵ ਦਾ ਜਗਰਾਉਂ ਪੁੱਜਣ 'ਤੇ ਨਿੱਘਾ ਸਵਾਗਤ



**ਜਗਰਾਉਂ (ਅਮਿਤ ਖੰਨਾ)**-ਭਾਰਤੀ ਕ੍ਰਿਕਟ ਟੀਮ ਨੂੰ 1983 ਵਿੱਚ ਵਿਸ਼ਵ ਕੱਪ ਜਿਤਾਉਣ ਵਾਲੇ ਸਾਬਕਾ ਕਪਤਾਨ ਮਹਾਨ ਕ੍ਰਿਕਟਰ ਕਪਿਲ ਦੇਵ ਦਾ ਹੋਟਲ ਫਾਈਵ ਰਿਵਰਜ਼ ਜਗਰਾਉਂ ਪੁੱਜਣ 'ਤੇ ਐੱਮ. ਡੀ. ਬਲਦੇਵ ਦਾਸ ਬਾਵਾ ਤੇ ਧਰਮਪਾਲ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਕ੍ਰਿਕਟਰ ਕਪਿਲ ਦੇਵ ਨੇ ਗੱਲਬਾਤ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨਾ ਚਾਹੀਦਾ ਹੈ ਤਾਂ ਜੋ ਹਮੇਸ਼ਾ ਤੰਦਰੁਸਤੀ ਤੇ ਤਾਜ਼ਗੀ ਬਣੀ ਰਹੇ। ਉਨ੍ਹਾ ਕਿਹਾ ਕਿ ਨੌਜਵਾਨ ਖੇਡਾਂ 'ਚ ਮਿਹਨਤ ਕਰਕੇ ਆਪਣਾ, ਆਪਣੇ ਦੇਸ਼ ਦਾ ਨਾਂਅ ਪੂਰੀ ਦੁਨੀਆ 'ਚ ਚਮਕਾ ਸਕਦੇ ਹਨ। ਇਸ ਮੌਕੇ ਕਪਿਲ ਦੇਵ ਨੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਮੋਗਾ ਦੀ ਅੰਡਰ-16 ਟੀਮ ਦੇ ਖਿਡਾਰੀ ਯੁਵਰਾਜ ਬਾਵਾ ਨੂੰ ਟਿਪਸ ਦਿੱਤੇ ਅਤੇ ਹੌਸਲਾ-ਅਫਜ਼ਾਈ ਕਰਦਿਆਂ ਯੁਵਰਾਜ ਦੇ ਬੈਟ 'ਤੇ ਆਟੋਗ੍ਰਾਫ ਦੇ ਕੇ ਉਤਸ਼ਾਹਤ ਕੀਤਾ। ਉਨ੍ਹਾਂ ਯੁਵਰਾਜ ਬਾਵਾ ਨੂੰ ਅਸ਼ੀਰਵਾਦ ਦਿੰਦਿਆਂ ਸਖਤ ਮਿਹਨਤ ਕਰਨ ਦੀ ਪ੍ਰੇਰਣਾ ਦਿੱਤੀ। ਇਸ ਮੌਕੇ ਮੈਨੇਜਰ ਪ੍ਰਗਟ ਸਿੰਘ ਵੀ ਹਾਜ਼ਰ ਸਨ। ਇਸ ਮੌਕੇ ਬਲਦੇਵ ਦਾਸ ਬਾਵਾ ਨੇ ਉਨ੍ਹਾਂ ਦਾ ਧੰਨਵਾਦ ਕੀਤਾ।

## ਕਰਮਜੀਤ ਸੰਧੂ ਬਾਰ ਐਸੋਸੀਏਸ਼ਨ ਦੇ ਸਰਬਸੰਮਤੀ ਨਾਲ ਪ੍ਰਧਾਨ ਬਣੇ



**ਜਲਾਲਾਬਾਦ (ਦਹੂਜਾ)**-ਸਥਾਨਕ ਬਾਰ ਐਸੋਸੀਏਸ਼ਨ ਦੀਆਂ ਹੋਈਆਂ ਚੋਣਾਂ ਦੌਰਾਨ ਦੂਜੀ ਵਾਰ ਸਰਬਸੰਮਤੀ ਨਾਲ ਕਰਮਜੀਤ ਸੰਧੂ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ ਤੇ ਸਰਬਸੰਮਤੀ ਨਾਲ ਹੀ ਕਰਨ ਚੁਚਰਾ ਨੂੰ ਉੱਪ ਪ੍ਰਧਾਨ, ਜਨਰਲ ਸਕੱਤਰ ਅਮਨ ਬਵੇਜਾ ਨੂੰ ਬਣਾਇਆ ਗਿਆ ਤੇ ਸਕੱਤਰ ਦੇ ਅਹੁਦੇ ਲਈ ਸੂਰਜ ਕਾਠਪਾਲ ਤੇ ਸੰਦੀਪ ਝਾਂਬ 'ਚ ਮੁਕਾਬਲੇ ਦੌਰਾਨ ਸ਼੍ਰੀ ਕਾਠਪਾਲ ਨੇ ਜਿੱਤ ਹਾਸਲ ਕੀਤੀ। ਇਸ ਤੋਂ ਇਲਾਵਾ ਅਮਿਤ ਕੱਕੜ ਤੇ ਗੀਟਾ ਰਾਣੀ 'ਚ ਮੁਕਾਬਲੇ ਦੌਰਾਨ ਅਮਿਤ ਕੱਕੜ ਨੇ ਜਿੱਤ ਹਾਸਲ ਕੀਤੀ। ਇਸ ਮੌਕੇ ਨਵੀਂ ਚੁਣੀ ਗਈ ਟੀਮ ਨੇ ਸਮੂਹ ਵਕੀਲ ਭਾਈਚਾਰੇ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਉਹ ਆਪਣੀ ਜ਼ੁੰਮੇਵਾਰੀ ਤਨਦੇਹੀ ਨਾਲ ਨਿਭਾਉਣਗੇ।

## ਸਰਕਾਰੀ ਕੰਨਿਆਂ ਸਕੂਲ ਦੇ ਵਿਦਿਅਰਥੀਆਂ ਦਾ ਵਿੱਦਿਅਕ ਟੂਰ



**ਜਲਾਲਾਬਾਦ (ਦਹੂਜਾ)**-ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਹਮੇਸ਼ਾ ਹੀ ਸਕੂਲ ਅਧਿਆਪਕਾਂ ਵੱਲੋਂ ਉਪਰਾਲੇ ਕੀਤੀ ਜਾਂਦੇ ਰਹੇ ਹਨ। ਇਸੇ ਲੜੀ ਨੂੰ ਬਰਕਰਾਰ ਰੱਖਦਿਆਂ ਵਿਸ਼ੇਸ਼ ਤੌਰ 'ਤੇ ਪ੍ਰਿੰਸੀਪਲ ਸ਼੍ਰੀ ਅਮਿਤ ਗਗਨੇਜਾ ਦੀ ਅਗਵਾਈ ਹੇਠ ਸਰਕਾਰੀ ਕੰਨਿਆਂ ਸੀਨੀ. ਸੈਕੰ. ਸਕੂਲ ਜਲਾਲਾਬਾਦ ਦੀਆਂ ਵਿਦਿਆਰਥਣਾਂ ਨੂੰ ਸਕੂਲ ਦੇ ਕੰਪਿਊਟਰ ਅਧਿਆਪਕਾਂ ਵੱਲੋਂ ਰਿਲਾਇੰਸ ਦੇ ਸਮਾਰਟ ਪੁਆਇੰਟ ਵਿਖੇ ਵਿਜ਼ਿਟ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਦੇ ਕੰਪਿਊਟਰ ਐਜੂਕੇਸ਼ਨ ਨਾਲ ਸਬੰਧਤ ਵਿਸ਼ਾ ਈ-ਕਾਮਰਸ ਨੂੰ ਪ੍ਰਯੋਗ ਰਾਹੀਂ ਸਮਝਾਉਣ ਲਈ ਈ ਮਾਰਕਿਟ ਵਿੱਚ ਕਿਸ ਤਰ੍ਹਾਂ ਖਰੀਦ ਕੀਤੀ ਜਾਂਦੀ ਹੈ। ਈ-ਕਾਮਰਸ ਕੀ ਹੁੰਦਾ ਹੈ ਆਨਲਾਈਨ ਸ਼ਾਪਿੰਗ ਕੀ ਹੁੰਦੀ ਹੈ ਅਤੇ ਅਜੋਕੇ ਸਮੇਂ ਵਿੱਚ ਇਸ ਦੀ ਕਿਸ ਤਰ੍ਹਾਂ ਇਸ ਦੀ ਵਰਤੋਂ ਵੱਧ ਰਹੀ ਹੈ ਤੇ ਇਸ ਦੇ ਲਾਭ ਅਤੇ ਸਾਵਧਾਨੀਆਂ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ, ਜਿਸ ਵਿੱਚ ਕੰਪਿਊਟਰ ਅਧਿਆਪਕ ਸ਼੍ਰੀ ਵਿਕਾਸ ਮੋਗਾ ਬਲਵਿੰਦਰ ਸਿੰਘ ਤੇ ਪੰਜਾਬੀ ਲੈਕਚਰਾਰ ਸ਼੍ਰੀਮਤੀ ਨੀਲਮ ਨੇ ਬੱਚਿਆਂ ਦਾ ਸਾਥ ਦਿੱਤਾ।

## ਸਰਕਾਰੀ ਸਕੂਲ ਚੱਠੇਵਾਲਾ 'ਚ ਵਿਦਿਆਰਥੀਆਂ ਨੂੰ ਗਰਮ ਕੱਪੜੇ ਵੰਡੇ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਸਰਦੀ ਦੇ ਵਧ ਰਹੇ ਪ੍ਰਕੋਪ ਨੂੰ ਮੁੱਖ ਰੱਖਦੇ ਹੋਏ ਸਰਕਾਰੀ ਹਾਈ ਸਕੂਲ ਚੱਠੇਵਾਲਾ ਵਿਖੇ ਸਮਾਜ ਸੇਵੀ ਸ੍. ਜਗਰੂਪ ਸਿੰਘ ਜੌੜਾ ਵਾਸੀ ਸੁਸ਼ਾਂਤ ਸਿਟੀ-2 ਬਠਿੰਡਾ ਵੱਲੋਂ ਵਿਦਿਆਰਥੀਆਂ ਨੂੰ ਗਰਮ ਕੱਪੜੇ ਪੱਗਾਂ, ਸਟੌਲ, ਜ਼ੁਰਾਬਾਂ ਆਦਿ ਵੰਡੇ ਤੇ ਸਕੂਲ ਦੇ ਰਿਟਾਇਰਡ ਅਧਿਆਪਕ ਸ੍. ਤਰਲੋਚਨ ਸਿੰਘ ਸੇਠੀ ਵੱਲੋਂ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਕੈਸ਼ ਪ੍ਰਾਇਜ਼ ਦੇ ਕੇ ਸਨਮਾਨਤ ਕੀਤਾ ਗਿਆ। ਪ੍ਰੋਗਰਾਮ ਵਿੱਚ ਪਹੁੰਚੇ ਸ਼ਹੀਦ ਜਰਨੈਲ ਸਿੰਘ ਮੈਮੋਰੀਅਲ ਸੇਵਾ ਸੁਸਾਇਟੀ ਦੇ ਪ੍ਰਧਾਨ ਅਵਤਾਰ ਸਿੰਘ ਗੋਗਾ ਨੇ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕੰਮਾਂ ਸਬੰਧੀ ਜਾਣਕਾਰੀ ਦਿੱਤੀ। ਮੁੱਖ ਅਧਿਆਪਕ ਸ. ਗੁਰਵਰਿੰਦਰ ਸਿੰਘ ਵੱਲੋਂ ਦਾਨੀ ਸੱਜਣਾਂ ਦਾ ਧੰਨਵਾਦ ਕੀਤਾ ਗਿਆ। ਇਸ ਸਮੇਂ ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਮਨਪ੍ਰੀਤ ਕੌਰ, ਮੈਂਬਰ ਜੱਗਾ ਸਿੰਘ, ਅਧਿਆਪਕ ਸੰਜੀਵ ਸੇਤੀਆ, ਸਮਿਤਾ, ਨਿਪਾਲ ਸਿੰਘ ਪੱਕਾ, ਸਰਬਜੀਤ ਕੌਰ, ਤਨੀਸ਼ਾ, ਮਨਪ੍ਰੀਤ ਕੌਰ, ਮਹਿੰਦਰ ਸਿੰਘ ਤੇ ਹਰਗੋਬਿੰਦ ਸਿੰਘ ਹਾਜ਼ਰ ਸਨ। ਸਟੇਜ ਦਾ ਸੰਚਾਲਨ ਗੁਰਜੰਟ ਸਿੰਘ ਡੀ ਪੀ ਈ ਮਾਸਟਰ ਕੀਤਾ।

## ਸਕੂਲ ਨੂੰ ਰੂਮ ਹੀਟਰ ਦਾਨ



**ਬਰੇਟਾ (ਰੀਤਵਾਲ)**-ਵਧ ਰਹੇ ਠੰਢ ਦੇ ਪ੍ਰਕੋਪ ਨੂੰ ਦੇਖਦੇ ਹੋਏ ਸਮਾਜਸੇਵੀ ਲੋਕਾਂ ਵੱਲੋਂ ਵੱਖ ਵੱਖ ਢੰਗ ਨਾਲ ਲੋੜਵੰਦ ਲੋਕਾਂ ਦੀ ਮਦਦ ਕੀਤੀ ਜਾ ਰਹੀ ਹੈ। ਅਜਿਹਾ ਹੀ ਇੱਕ ਉਪਰਾਲਾ ਸਮਾਜਸੇਵੀ ਹਰਵਿੰਦਰ ਸਿੰਘ ਦਰੋਗਾ ਵੱਲੋਂ ਸਰਕਾਰੀ ਪ੍ਰਾਇਮਰੀ ਦਿਆਲਪੁਰਾ ਦੇ ਸਕੂਲ ਨੂੰ ਚਾਰ ਰੂਮ ਹੀਟਰ ਦੇ ਕੇ ਕੀਤਾ ਗਿਆ ਹੈ। ਦਰੋਗਾ ਨੇ ਕਿਹਾ ਕਿ ਲੋੜਵੰਦ ਲੋਕਾਂ ਦੀ ਸਹਾਇਤਾ ਕਰਨ ਨਾਲ ਮੇਰੇ ਮਨ ਨੂੰ ਬਹੁਤ ਸਕੂਨ ਮਿਲਦਾ ਹੈ। ਵਹਿਗੁਰੂ ਹਮੇਸ਼ਾ ਮੇਰੇ 'ਤੇ ਅਜਿਹੀ ਮਦਦ ਕਰਨ ਦਾ ਬਲ ਬਖਸ਼ੀ ਰੱਖੇ। ਸਕੂਲ ਮੁਖੀ ਤੇ ਸਟਾਫ ਵੱਲੋਂ ਸਮਾਜਸੇਵੀ ਹਰਵਿੰਦਰ ਸਿੰਘ ਦਾ ਧੰਨਵਾਦ ਕੀਤਾ ਗਿਆ।

## ਮਾਹਮੂਜੋਈਆ ਟੋਲ ਪਲਾਜ਼ਾ 'ਤੇ ਧਰਨਾ ਜਾਰੀ



**ਜਲਾਲਾਬਾਦ (ਦਹੂਜਾ)**-ਜਲਾਲਾਬਾਦ ਦੇ ਟੋਲ ਪਲਾਜ਼ਾ 'ਤੇ ਕਿਸਾਨਾਂ ਦਾ ਧਰਨਾ ਅੱਜ ਲਗਾਤਾਰ 8ਵੇਂ ਦਿਨ ਵੀ ਜਾਰੀ ਰਿਹਾ। ਧਰਨੇ ਦੌਰਾਨ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਜਗਦੀਸ਼ ਸਿੰਘ ਨੇ ਦੱਸਿਆ ਕਿ ਉਹ ਟੋਲ ਪਲਾਜ਼ਾ 'ਤੇ ਕੰਮ ਕਰਦੇ ਮੁਲਾਜ਼ਮਾਂ ਦੀ ਇੱਕ ਮਹੀਨੇ ਦੀ ਤਨਖਾਹ ਉਹ ਲੈ ਕੇ ਦੇਣਗੇ, ਬਸ਼ਰਤੇ ਮੁਲਾਜ਼ਮਾਂ ਨੂੰ ਡਿਊਟੀ 'ਤੇ ਹਾਜ਼ਰ ਹੋਣਾ ਪਵੇਗਾ। ਇਸ ਤੋਂ ਇਲਾਵਾ ਟੋਲ ਪਲਾਜ਼ਾ 'ਤੇ ਕੰਮ ਕਰਦੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਵੀ ਮੰਗ ਕੀਤੀ। ਦੱਸ ਦੇਈਏ ਕਿ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਭਰ ਦੇ 18 ਟੋਲ ਪਲਾਜ਼ਿਆਂ 'ਤੇ ਇੱਕ ਮਹੀਨੇ ਤੋਂ ਧਰਨਾ ਦੇ ਰਹੀ ਹੈ। ਇਸ ਦੌਰਾਨ ਟੋਲ ਸਲਿੱਪ ਮੁਫ਼ਤ ਕਰ ਦਿੱਤੀ ਗਈ ਹੈ।

# ਸਿਹਤ ਵਿਭਾਗ ਵੱਲੋਂ ਸ਼ੀਤ ਲਹਿਰ ਤੋਂ ਬਚਣ ਲਈ ਸੁਝਾਅ ਤੇ ਦਿਸ਼ਾ-ਨਿਰਦੇਸ਼ ਜਾਰੀ

### ਬੱਚੇ, ਗਰਭਵਤੀ ਮਾਵਾਂ ਤੇ ਬਜ਼ੁਰਗਾਂ ਦਾ ਸ਼ੀਤ ਲਹਿਰ ਦੌਰਾਨ ਖਾਸ ਧਿਆਨ ਰੱਖਣ ਦੀ ਲੋੜ : ਡਾ. ਸਿੰਗਲਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਸਿਹਤ ਵਿਭਾਗ ਵੱਲੋਂ ਸ਼ੀਤ ਲਹਿਰ ਤੋਂ ਬਚਣ ਲਈ ਜ਼ਿਲ੍ਹਾ ਵਾਸੀਆਂ ਲਈ ਸੁਝਾਅ ਜਾਰੀ ਕੀਤੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਰੰਜੂ ਸਿੰਗਲਾ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਸ਼ੀਤ ਲਹਿਰ ਨਾਲ ਸਿਹਤ ਸਬੰਧੀ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਪੈਦਾ ਹੋ ਜਾਂਦੀਆਂ ਹਨ, ਜਿਨ੍ਹਾਂ ਤੋਂ ਸਾਨੂੰ ਜਾਗਰੂਕ ਰਹਿਣ ਦੀ ਜ਼ਰੂਰਤ ਹੈ। ਉਨ੍ਹਾ ਦੱਸਿਆ ਕਿ ਪੂਰੀ ਤਰ੍ਹਾਂ ਸਰੀਰ ਢੱਕਦੇ ਗਰਮ ਕੱਪੜੇ ਜਿਵੇਂ ਦਸਤਾਨੇ, ਟੋਪੀ, ਮਫ਼ਲਰ, ਜ਼ੁਰਾਬਾਂ ਤੇ ਬੂਟ ਪਾਏ ਜਾਣ। ਜ਼ਿਆਦਾ ਘੁੱਟਣ ਵਾਲੇ ਕੱਪੜੇ ਤੋਂ ਪ੍ਰਹੇਜ ਕੀਤਾ ਜਾਵੇ, ਕਿਉਂਕਿ ਇਸ ਨਾਲ ਖ਼ੂਨ ਦਾ ਪ੍ਰਵਾਹ ਘੱਟ ਜਾਂਦਾ ਹੈ। ਸਰੀਰ ਵਿੱਚ ਬਿਮਾਰੀਆਂ ਨਾਲ ਲੜਨ ਦੀ ਤਾਕਤ ਨੂੰ ਵਧਾਉਣ ਲਈ ਪੌਸ਼ਟਿਕ ਆਹਾਰ ਜਿਵੇਂ ਵਿਟਾਮਿਨ-ਸੀ ਭਰਪੂਰ ਭੋਜਨ ਤੇ ਸਬਜ਼ੀਆਂ ਆਦਿ ਦੀ ਵਰਤੋਂ ਕੀਤੀ ਜਾਵੇ। ਗਰਮ ਪਾਣੀ ਪੀਂਦੇ ਰਹੋ। ਜੇਕਰ ਸਰੀਰ ਦਾ ਤਾਪਮਾਨ ਘੱਟ ਜਾਵੇ, ਨਾ ਰੁਕਣ ਵਾਲੀ ਕੰਬਣੀ, ਯਾਦਾਸ਼ਤ ਚਲੇ ਜਾਣਾ, ਬੇਹੋਸ਼ੀ, ਜ਼ੁਬਾਨ ਦਾ ਲੜਖੜਾਉਣਾ ਜਾਂ ਫਲੂ, ਸਰਦੀ, ਖੰਘ, ਜ਼ੁਕਾਮ ਆਦਿ ਲੱਛਣ ਦਿਸਣ ਤਾਂ ਤੁਰੰਤ ਨੇੜੇ ਦੇ ਸਰਕਾਰੀ ਸਿਹਤ ਕੇਂਦਰ ਤੋਂ ਇਲਾਜ ਕਰਵਾਉਣਾ ਚਾਹੀਦਾ ਹੈ। ਸ਼ੀਤ ਲਹਿਰ ਦੌਰਾਨ ਕਰੋਨਿਕ ਬਿਮਾਰੀਆਂ ਜਿਵੇਂ ਕਿ ਸ਼ੂਗਰ, ਹਾਈ ਬਲੱਡ ਪ੍ਰੈਸ਼ਰ ਤੇ ਸਾਹ ਦੀ ਤਕਲੀਫ਼ ਦੇ ਮਰੀਜ਼, ਦਿਲ ਦੀਆਂ ਬਿਮਾਰੀਆਂ ਦੇ ਮਰੀਜ਼, ਪੰਜ ਸਾਲ ਤੋਂ ਘੱਟ ਉਮਰ ਦੇ ਬੱਚੇ, ਗਰਭਵਤੀ ਮਾਂਵਾਂ, ਬਜ਼ੁਰਗਾਂ ਦਾ ਖਾਸ ਧਿਆਨ ਰੱਖਿਆ ਜਾਵੇ। ਉਨ੍ਹਾਂ ਨੂੰ ਅਜਿਹੇ ਵਿੱਚ ਵਧੇਰੇ ਸਾਵਧਾਨੀਆਂ ਵਰਤਣ ਦੀ ਜ਼ਰੂਰਤ ਹੁੰਦੀ ਹੈ। ਸ਼ੀਤ ਲਹਿਰ ਦੌਰਾਨ ਕਮਰੇ ਵਿੱਚ ਵੈਂਟੀਲੇਸ਼ਨ ਹੋਣ 'ਤੇ ਹੀ ਰੂਮ ਹੀਟਰ, ਬਲੋਅਰ ਆਦਿ ਉਪਕਰਨਾਂ ਦੀ ਵਰਤੋਂ ਕੀਤੀ ਜਾਵੇ। ਕਮਰੇ ਵਿੱਚ ਕੋਇਲੇ ਵਾਲੀ ਅੰਗੀਠੀ ਦੀ ਵਰਤੋਂ ਨਾ ਕੀਤੀ ਜਾਵੇ, ਕਿਉਂਕਿ ਕੋਇਲੇ ਦੇ ਜਲਣ ਨਾਲ ਕਾਰਬਨ ਮੋਨੋਆਕਸਾਈਡ ਗੈਸ ਪੈਦਾ ਹੁੰਦੀ ਹੈ, ਜਿਸ ਨਾਲ ਮੌਤ ਵੀ ਹੋ ਸਕਦੀ ਹੈ। ਇਸ ਸਮੇਂ ਪਾਲਤੂ ਜਾਨਵਰਾਂ ਨੂੰ ਘਰ ਵਿੱਚ ਹੀ ਰੱਖਿਆ ਜਾਵੇ। ਇਸ ਸਮੇਂ ਡਾ. ਪ੍ਰਭਜੀਤ ਸਿੰਘ ਸਹਾਇਕ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਸ਼ੀਤ ਲਹਿਰ ਦੀ ਲਪੇਟ ਵਿੱਚ ਆਏ ਵਿਅਕਤੀਆਂ ਲਈ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਪੂਰਾ ਪ੍ਰਬੰਧ ਹੈ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਲੋੜੀਂਦੀਆਂ ਜ਼ਰੂਰੀ ਦਵਾਈਆਂ ਤੇ ਸਾਜ਼ੋ ਸਾਮਾਨ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਉਪਲਬਧ ਹੈ। ਇਸ ਮੌਕੇ ਸੁਖਮੰਦਰ ਸਿੰਘ ਬਰਾੜ ਜ਼ਿਲ੍ਹਾ ਮਾਸ ਮੀਡੀਆ ਅਫਸਰ ਨੇ ਦੱਸਿਆ ਕਿ ਸ਼ੀਤ ਲਹਿਰ ਦੌਰਾਨ ਗਰਮ ਕੱਪੜੇ ਪਾਓ, ਜਿੰਨਾ ਸੰਭਵ ਹੋ ਸਕੇ ਘਰ ਵਿੱਚ ਹੀ ਰਹੋ, ਯਾਤਰਾ ਤੋਂ ਪ੍ਰਹੇਜ ਕਰੋ, ਆਪਣੇ ਆਪ ਨੂੰ ਸੁੱਕਾ ਰੱਖੋ, ਮੌਸਮੀ ਜਾਣਕਾਰੀ ਲਈ ਅਖ਼ਬਾਰ ਤੇ ਟੀ.ਵੀ. ਅਤੇ ਰੇਡੀਓ ਸਮੇਂ ਸਮੇਂ 'ਤੇ ਸੁਣਦੇ ਰਹੋ। ਗਰਮ ਪੇ ਪਦਾਰਥ ਜਿਵੇਂ ਗਰਮ ਦੁੱਧ, ਪਾਣੀ ਤੇ ਚਾਹ ਲੈਂਦੇ ਰਹੋ ਅਤੇ ਸ਼ਰਾਬ ਦੀ ਵਰਤੋਂ ਨਾ ਕਰੋ, ਕਿਉਂਕਿ ਇਸ ਨਾਲ ਸਰੀਰ ਦਾ ਤਾਪਮਾਨ ਘੱਟ ਜਾਂਦਾ ਹੈ।

# ਸੈੱਲਫ਼ ਹੈੱਲਪ ਗਰੁੱਪਾਂ ਵੱਲੋਂ ਤਿਆਰ ਉਤਪਾਦ ਵਿਕਣਗੇ ਆਨਲਾਈਨ

### ਪੰਜਾਬ ਸਰਕਾਰ ਨੇ ਚਾਲੂ ਕੀਤਾ 'ਮੇਕ ਇਨ ਪੰਜਾਬ' ਪੋਰਟਲ



ਸੈਲਫ ਹੈਲਪ ਗਰੁੱਪਾਂ ਵੱਲੋਂ ਤਿਆਰ ਕੀਤੇ ਉਤਪਾਦ।

**ਮੋਗਾ (ਅਮਰਜੀਤ ਬੱਬਰੀ)**-ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ ਕਾਰਜਸ਼ੀਲ ਸੈੱਲਫ਼ ਹੈੱਲਪ ਗਰੁੱਪਾਂ (ਸਵੈ ਸਹਾਇਤਾ ਸਮੂਹਾਂ) ਵੱਲੋਂ ਤਿਆਰ ਕੀਤੇ ਜਾਂਦੇ ਵੱਖ-ਵੱਖ ਉਤਪਾਦਾਂ ਨੂੰ ਦੇਸ਼ ਵਿਦੇਸ਼ ਵਿੱਚ ਖਰੀਦਦਾਰਾਂ ਤੱਕ ਪਹੁੰਚਾਉਣ ਲਈ ਆਨਲਾਈਨ 'ਮੇਕ ਇੰਨ ਪੰਜਾਬ' ਪੋਰਟਲ ਚਾਲੂ ਕੀਤਾ ਹੈ। ਇਸ ਸੰਬੰਧੀ ਪੇਂਡੂ ਵਿਕਾਸ ਤੇ ਪੰਚਾਇਤਾਂ ਵਿਭਾਗ ਪੰਜਾਬ ਵੱਲੋਂ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਪੱਤਰ ਲਿਖ ਕੇ ਸੈਲਫ਼ ਹੈਲਪ ਗਰੁੱਪਾਂ ਵੱਲੋਂ ਤਿਆਰ ਕੀਤੇ ਜਾ ਰਹੇ ਉਤਪਾਦਾਂ ਦੇ ਵੇਰਵੇ ਮੰਗੇ ਗਏ ਹਨ ਤਾਂ ਜੋ ਇਨ੍ਹਾਂ ਨੂੰ ਪੋਰਟਲ ਉੱਪਰ ਅਪਲੋਡ ਕੀਤਾ ਜਾ ਸਕੇ ਤੇ ਗਰੁੱਪ ਮੈਂਬਰਾਂ ਨੂੰ ਸਿੱਧੇ ਆਰਡਰ ਪ੍ਰਾਪਤ ਹੋ ਸਕਣ। ਇਸ ਸੰਬੰਧੀ ਉਕਤ ਵਿਭਾਗ ਦੇ ਸੰਯੁਕਤ ਵਿਕਾਸ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਵੱਲੋਂ ਪ੍ਰਾਪਤ ਪੱਤਰ ਵਿੱਚ ਦੱਸਿਆ ਗਿਆ ਹੈ ਕਿ ਪੰਜਾਬ ਵਿੱਚ ਇਸ ਵੇਲੇ 36700 ਤੋਂ ਵਧੇਰੇ ਸੈਲਫ਼ ਹੈਲਪ ਗਰੁੱਪ ਕੰਮ ਕਰ ਰਹੇ ਹਨ। ਇਨ੍ਹਾਂ ਵਿੱਚੋਂ 1000 ਦੇ ਕਰੀਬ ਗਰੁੱਪ ਤਾਂ ਬਹੁਤ ਹੀ ਵਧੀਆ ਕੰਮ ਕਰ ਰਹੇ ਹਨ। ਇਨ੍ਹਾਂ ਗਰੁੱਪਾਂ ਵੱਲੋਂ ਤਿਆਰ ਉਤਪਾਦ ਵੱਡੀਆਂ ਕੰਪਨੀਆਂ ਵੱਲੋਂ ਤਿਆਰ ਉਤਪਾਦਾਂ ਨੂੰ ਮੁਕਾਬਲਾ ਦੇਣ ਦੇ ਕਾਬਲ ਹਨ। ਬੱਸ ਲੋੜ ਹੈ ਤਾਂ ਇਨ੍ਹਾਂ ਉਤਪਾਦਾਂ ਨੂੰ ਵਿਚੋਲਿਆਂ ਤੋਂ ਬਿਨਾਂ ਸਿੱਧਾ ਖਰੀਦਦਾਰਾਂ ਤੱਕ ਪਹੁੰਚਾਉਣਾ।ਇਨ੍ਹਾਂ ਗਰੁੱਪਾਂ ਵੱਲੋਂ ਫੁਲਕਾਰੀਆਂ, ਕੁੜਤੀਆਂ, ਤਰ੍ਹਾਂ ਤਰ੍ਹਾਂ ਦੇ ਦੁੱਧ ਉਤਪਾਦ, ਹਲਦੀ, ਆਚਾਰ, ਮੁਰੱਬੇ, ਤੇਲ, ਕੱਪੜੇ, ਸਵੈਟਰ, ਪੰਜਾਬੀ ਜੁੱਤੀਆਂ ਤੇ ਹੋਰ ਉਤਪਾਦ ਤਿਆਰ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਭਾਵੇਂਕਿ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਸੈੱਲਫ਼ ਹੈੱਲਪ ਗਰੁੱਪਾਂ ਨੂੰ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਲੱਗਣ ਵਾਲੇ ਸ਼ਿਲਪ, ਦਸਤਕਾਰੀ, ਹਸਤਕਾਰੀ ਮੇਲਿਆਂ ਤੇ ਸਰਸ ਮੇਲਿਆਂ ਵਿੱਚ ਸ਼ਮੂਲੀਅਤ ਵੀ ਕਰਵਾਈ ਜਾਂਦੀ ਹੈ, ਪਰ ਇਨ੍ਹਾਂ ਉਤਪਾਦਾਂ ਨੂੰ ਪੂਰੀ ਦੁਨੀਆ ਤੱਕ ਲਿਜਾਣ ਲਈ ਕਿਤੇ ਨਾ ਕਿਤੇ ਆਨਲਾਈਨ ਪਲੇਟਫਾਰਮ ਦੀ ਜ਼ਰੂਰਤ ਮਹਿਸੂਸ ਹੋ ਰਹੀ ਸੀ, ਜੋ ਕਿ ਇਸ ਪੋਰਟਲ ਨਾਲ ਪੂਰੀ ਹੋ ਗਈ ਹੈ। ਉਨ੍ਹਾ ਦੱਸਿਆ ਕਿ 'ਮੇਕ ਇਨ ਪੰਜਾਬ' ਇੱਕ ਆਨਲਾਈਨ ਮਾਰਕਿਟ ਪਲੇਸ ਹੈ, ਜੋ ਪੰਜਾਬ ਦੇ ਸੈੱਲਫ਼ ਹੈੱਲਪ ਗਰੁੱਪਾਂ ਦੀ ਸਹਾਇਤਾ ਲਈ ਤਿਆਰ ਕੀਤਾ ਗਿਆ ਹੈ। ਵਿਭਾਗ ਵੱਲੋਂ ਇਨ੍ਹਾਂ ਗਰੁੱਪਾਂ ਬਾਰੇ, ਜੋ ਵੇਰਵੇ ਡਿਪਟੀ ਕਮਿਸ਼ਨਰ ਦਫ਼ਤਰਾਂ ਰਾਹੀਂ ਪ੍ਰਾਪਤ ਹੋ ਰਹੇ ਹਨ, ਉਨ੍ਹਾਂ ਨੂੰ ਇਸ ਪੋਰਟਲ ਉੱਪਰ ਅਪਲੋਡ ਕੀਤਾ ਜਾ ਰਿਹਾ ਹੈ। ਖਰੀਦਦਾਰ ਪੋਰਟਲ ਰਾਹੀਂ ਸਿੱਧੇ ਤੌਰ ਉੱਤੇ ਉਤਪਾਦਕ ਨੂੰ ਆਰਡਰ ਦੇਣਗੇ। ਇਹ ਆਰਡਰ ਖਰੀਦਦਾਰ ਤੱਕ ਹੋਮ ਡਲਿਵਰੀ ਕਰਾਉਣ ਲਈ ਵਿਭਾਗ ਵੱਲੋਂ ਇੱਕ ਡਲਿਵਰੀ ਏਜੰਸੀ ਨਾਲ ਵੀ ਕਰਾਰ ਕੀਤਾ ਗਿਆ ਹੈ। ਸ੍ਰੀ ਅਮਿਤ ਕੁਮਾਰ ਨੇ ਪੰਜਾਬ ਤੇ ਪੰਜਾਬ ਨਾਲ ਸੰਬੰਧ ਰੱਖਣ ਵਾਲੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਪੋਰਟਲ ਰਾਹੀਂ ਵੱਧ ਤੋਂ ਵੱਧ ਖਰੀਦਦਾਰੀ ਕਰਨੀ ਯਕੀਨੀ ਬਣਾਉਣ।

# ਬਾਬਾ ਫ਼ਰੀਦ ਕਾਲਜ ਦੇ 15 ਵਿਦਿਆਰਥੀ ਨੌਕਰੀ ਲਈ ਚੁਣੇ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬੀ.ਐੱਫ.ਜੀ.ਆਈ. ਬਠਿੰਡਾ ਵੱਲੋਂ ਵਿਦਿਆਰਥੀਆਂ ਨੂੰ ਰੁਜ਼ਗਾਰ ਮੁਖੀ ਸਿੱਖਿਆ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਪਲੇਸਮੈਂਟ ਵੱਲ ਵੀ ਉਚੇਚਾ ਧਿਆਨ ਦਿੱਤਾ ਜਾਂਦਾ ਹੈ, ਜਿਸ ਸਦਕਾ ਬੀ.ਐੱਫ.ਜੀ.ਆਈ. ਦੇ ਵਿਦਿਆਰਥੀਆਂ ਦੀ ਪਲੇਸਮੈਂਟ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਸੰਸਥਾ ਦੇ ਟਰੇਨਿੰਗ ਐਂਡ ਪਲੇਸਮੈਂਟ ਵਿਭਾਗ ਵੱਲੋਂ ਸਮੇਂ ਸਮੇਂ 'ਤੇ ਵੱਖ-ਵੱਖ ਖੇਤਰਾਂ ਦੀਆਂ ਪ੍ਰਸਿੱਧ ਕੰਪਨੀਆਂ ਦੀ ਪਲੇਸਮੈਂਟ ਡਰਾਈਵ ਕਰਵਾ ਕੇ ਵਿਦਿਆਰਥੀਆਂ ਨੂੰ ਨੌਕਰੀ ਪ੍ਰਾਪਤ ਕਰਨ ਦੇ ਭਰਪੂਰ ਮੌਕੇ ਪ੍ਰਦਾਨ ਕੀਤੇ ਜਾ ਰਹੇ ਹਨ। ਬਾਬਾ ਫ਼ਰੀਦ ਕਾਲਜ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ ਵਿਦਿਆਰਥੀਆਂ ਨੂੰ ਅਜਿਹਾ ਹੀ ਮੌਕਾ ਪ੍ਰਦਾਨ ਕਰਨ ਲਈ ਸੰਸਥਾ ਦੇ ਟ੍ਰੇਨਿੰਗ ਐਂਡ ਪਲੇਸਮੈਂਟ ਵਿਭਾਗ ਵੱਲੋਂ ਵੱਖ-ਵੱਖ ਕੰਪਨੀਆਂ ਦੀਆਂ ਪਲੇਸਮੈਂਟ ਡਰਾਈਵ ਕਰਵਾਈ ਗਈ, ਜਿਸ ਦੌਰਾਨ ਐੱਮ.ਬੀ.ਏ. ਦੇ 15 ਵਿਦਿਆਰਥੀ ਨੌਕਰੀ ਲਈ ਚੁਣੇ ਗਏ। ਪਲੇਸਮੈਂਟ ਡਰਾਈਵ ਦੌਰਾਨ ਕੰਪਨੀਆਂ ਦੇ ਅਧਿਕਾਰੀਆਂ ਨੇ ਐਪਟੀਚਿਊਡ ਟੈਸਟ ਰਾਹੀਂ ਵਿਦਿਆਰਥੀਆਂ ਦੀ ਚੋਣ ਪ੍ਰਕਿਰਿਆ ਸ਼ੁਰੂ ਕਰਨ ਤੋਂ ਬਾਅਦ ਇੰਟਰਵਿਊ ਕੀਤੀ। ਵਿਦਿਆਰਥੀਆਂ ਨੇ ਪੂਰੇ ਹੌਸਲੇ ਤੇ ਸਵੈ-ਵਿਸ਼ਵਾਸ ਨਾਲ ਇੰਟਰਵਿਊ ਦਿੱਤੀ। ਵਿਦਿਆਰਥੀਆਂ ਦੀ ਮਨੁੱਖੀ ਸਰੋਤਾਂ, ਮਾਰਕੀਟਿੰਗ ਤੇ ਫ਼ਾਇਨਾਂਸ ਖੇਤਰ ਨਾਲ ਸਬੰਧਤ ਸਮਝ ਅਤੇ ਜਾਣਕਾਰੀ ਤੋਂ ਕੰਪਨੀ ਦੇ ਅਧਿਕਾਰੀ ਬਹੁਤ ਪ੍ਰਭਾਵਿਤ ਹੋਏ। ਵਿਦਿਆਰਥੀਆਂ ਦੀ ਬੋਲ-ਚਾਲ ਦੀ ਭਾਸ਼ਾ ਤੇ ਪੇਸ਼ੇਵਰ ਪਹੁੰਚ ਦੇ ਸਿੱਟੇ ਵਜੋਂ ਸੀਜ਼ਫਾਇਰ ਕੰਪਨੀ ਨੇ ਐੱਮ.ਬੀ.ਏ. ਦੇ 2 ਵਿਦਿਆਰਥੀਆਂ ਅਜੀਤ ਸਿੰਘ ਤੇ ਹਰਮਨਪ੍ਰੀਤ ਸਿੰਘ ਨੂੰ ਸੀਜ਼ਫਾਇਰ ਮੈਨੇਜਮੈਂਟ ਟਰੇਨੀ ਦੇ ਅਹੁਦੇ ਲਈ 5.1 ਲੱਖ ਦੇ ਸਾਲਾਨਾ ਪੈਕੇਜ 'ਤੇ ਨੌਕਰੀ ਲਈ ਚੁਣ ਲਿਆ, ਜਦੋਂਕਿ ਮੋਤੀ ਲਾਲ ਓਸਵਾਲ ਕੰਪਨੀ ਦੇ ਅਧਿਕਾਰੀਆਂ ਨੇ ਐੱਮ.ਬੀ.ਏ. ਦੇ 6 ਵਿਦਿਆਰਥੀਆਂ ਸੁਖਵੰਤ ਕੌਰ, ਰੇਨੂੰ, ਗੁਰਪ੍ਰੀਤ ਕੌਰ, ਗੁਰਜੀਤ ਸਿੰਘ, ਪ੍ਰੀਤੀ ਤੇ ਕੋਮਲ ਨੂੰ ਸੀਨੀਅਰ ਐਗਜ਼ੀਕਿਊਟਿਵ/ਅਸਿਸਟੈਂਟ ਮੈਨੇਜਰ ਦੇ ਅਹੁਦੇ ਲਈ ਚੁਣ ਲਿਆ। ਇਸੇ ਤਰ੍ਹਾਂ ਬਰਿਸਕ ਲੌਜਿਕ ਪ੍ਰਾ. ਲਿਮ. ਕੰਪਨੀ ਵੱਲੋਂ ਵੀ ਐੱਮ.ਬੀ.ਏ. ਦੇ ਵਿਦਿਆਰਥੀ ਕੁਲਬੀਰ ਸਿੰਘ, ਪ੍ਰਿਅੰਕਾ, ਸਿਮਰਪ੍ਰੀਤ ਕੌਰ, ਆਰਤੀ, ਲਵਪ੍ਰੀਤ ਸਿੰਘ, ਸਵਰਾਜ ਤੇ ਲਾਲਜਿੰਡੀਗਾ ਸਲਿਓ ਨੂੰ 5 ਲੱਖ ਤੱਕ ਦੇ ਸਾਲਾਨਾ ਪੈਕੇਜ 'ਤੇ ਨੌਕਰੀ ਲਈ ਚੁਣ ਲਿਆ। ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਸਚਿਨ ਦੇਵ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਦੱਸਿਆ ਕਿ ਕਾਲਜ ਵੱਲੋਂ ਸਾਰੇ ਵਿਦਿਆਰਥੀਆਂ ਦੀ ਪਲੇਸਮੈਂਟ ਨੂੰ ਯਕੀਨੀ ਬਣਾਉਣ ਲਈ ਉਪਰਾਲੇ ਲਗਾਤਾਰ ਜਾਰੀ ਹਨ। ਬੀ.ਐੱਫ.ਜੀ.ਆਈ. ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਨੇ ਕਾਲਜ ਦੇ ਮਿਹਨਤੀ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਹੁਨਰਮੰਦ ਬਣਾਉਣ ਲਈ ਪਾਏ ਜਾ ਰਹੇ ਯੋਗਦਾਨ ਦੀ ਪ੍ਰਸੰਸਾ ਕਰਦਿਆਂ ਸਫਲ ਹੋਏ ਉਪਰੋਕਤ ਵਿਦਿਆਰਥੀਆਂ ਨੂੰ ਆਪਣੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ। ਬਾਬਾ ਫ਼ਰੀਦ ਕਾਲਜ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ ਵਿਦਿਆਰਥੀਆਂ ਨੂੰ ਪਲੇਸਮੈਂਟ ਦਾ ਅਜਿਹਾ ਮੌਕਾ ਪ੍ਰਦਾਨ ਕਰਨ ਲਈ ਉਨ੍ਹਾਂ ਨੇ ਕੰਪਨੀਆਂ ਦੇ ਅਧਿਕਾਰੀਆਂ ਦਾ ਵੀ ਧੰਨਵਾਦ ਕੀਤਾ।

## ਮਾਤਾ ਗੁਜਰੀ ਗਰਲਜ਼ ਸਕੂਲ ਹਥਨ ਵਿਖੇ ਕੌਮੀ ਗਣਿਤ ਦਿਵਸ ਮਨਾਇਆ



**ਧੂਰੀ (ਸੁਖਦੇਵ ਧੂਰੀ)**-ਮਾਤਾ ਗੁਜਰੀ ਗਰਲਜ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਹਥਨ ਵਿੱਚ ਕੌਮੀ ਗਣਿਤ ਦਿਵਸ ਮਨਾਇਆ ਗਿਆ। ਇਸ ਮੌਕੇ ਬੱਚਿਆਂ ਨੇ ਗਣਿਤ ਦੇ ਮਹਾਨ ਵਿਦਵਾਨ ਸ੍ਰੀ ਨਿਵਾਸਾ ਰਾਮਾਨੁਜਨ ਦੇ ਜੀਵਨ ਸੰਬੰਧੀ ਗਤੀਵਿਧੀਆਂ ਪੇਸ਼ ਕੀਤੀਆਂ, ਜਿਸ ਵਿੱਚ ਬੱਚਿਆਂ ਨੇ ਉਨ੍ਹਾਂ ਦੇ ਜੀਵਨ ਸੰਬੰਧੀ ਸਕਿੱਟ, ਕੁਇੱਜ਼, ਪੋਸਟਰ ਮੇਕਿੰਗ ਮੁਕਾਬਲਿਆਂ ਵਿੱਚ ਬਹੁਤ ਦਿਲਚਸਪੀ ਨਾਲ ਭਾਗ ਲਿਆ। ਬੱਚਿਆਂ ਨੂੰ ਗਣਿਤ ਦਾ ਰੋਜ਼ਾਨਾ ਜ਼ਿੰਦਗੀ ਵਿੱਚ ਮਹੱਤਵ ਦੱਸਿਆ ਗਿਆ। ਸਮਾਗਮ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਲਲਿਤ ਸ਼ਰਮਾ ਨੇ ਬੱਚਿਆਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਜੇਤੂ ਬੱਚਿਆਂ ਨੂੰ ਇਨਾਮ ਦਿੱਤੇ। ਇਸ ਮੌਕੇ ਸੰਮੀ, ਜਸਪ੍ਰੀਤ ਕੌਰ (ਗਣਿਤ ਅਧਿਆਪਕ), ਸਵੇਤਾ ਸਾਰਦਾ ਸਮੇਤ ਸਕੂਲ ਦੇ ਸਮੂਹ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।

## ਸਟੇਟ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਦਾ ਵਫਦ ਡੀ ਸੀ ਨੂੰ ਮਿਲਿਆ

**ਸੰਗਰੂਰ (ਪ੍ਰਵੀਨ ਸਿੰਘ)**

ਸਟੇਟ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਦਾ ਵਫ਼ਦ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਤੇ ਸੂਬਾਈ ਪੈਨਸ਼ਨਰ ਆਗੂ ਸ੍ਰੀ ਰਾਜ ਕੁਮਾਰ ਅਰੋੜਾ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਸੰਗਰੂਰ ਸ੍ਰੀ ਜਤਿੰਦਰ ਜੋਰਾਵਾਲ ਨੂੰ ਉਨ੍ਹਾਂ ਦੇ ਦਫ਼ਤਰ ਵਿਖੇ ਮਿਲਿਆ। ਵਫਦ ਵਿੱਚ ਐਸੋਸੀਏਸ਼ਨ ਦੇ ਆਗੂ ਕੰਵਲਜੀਤ ਸਿੰਘ, ਕਰਨੈਲ ਸਿੰਘ ਸੇਖੋਂ, ਸੁਰਿੰਦਰ ਸਿੰਘ ਸੋਢੀ, ਜਸਵੀਰ ਸਿੰਘ ਖ਼ਾਲਸਾ, ਕਿਸ਼ੋਰੀ ਲਾਲ ਆਦਿ ਹਾਜ਼ਰ ਸਨ। ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ ਨੇ ਡਿਪਟੀ ਕਮਿਸ਼ਨਰ ਸ੍ਰੀ ਜੋਰਾਵਾਲ ਦੇ ਧਿਆਨ ਵਿੱਚ ਲਿਆਂਦਾ ਕਿ ਉਨ੍ਹਾ ਦੇ ਐਸੋਸੀਏਸ਼ਨ ਵਿੱਚ ਵੱਖ-ਵੱਖ ਵਿਭਾਗਾਂ ਵਿੱਚੋਂ ਸੇਵਾ ਮੁਕਤ ਹੋਏ ਅਧਿਕਾਰੀ ਤੇ ਕਰਮਚਾਰੀ ਸ਼ਾਮਲ ਹਨ, ਜੋ ਸਮਾਜ ਸੇਵਾ, ਲੋਕ ਭਲਾਈ, ਬਜ਼ੁਰਗਾਂ ਤੇ ਪੈਨਸ਼ਨਰਾਂ ਦੇ ਸਤਿਕਾਰ ਨੂੰ ਸਮਰਪਤ ਹਨ। ਐਸੋਸੀਏਸ਼ਨ ਵੱਲੋਂ ਸਮੇਂ-ਸਮੇਂ 'ਤੇ ਬਜ਼ੁਰਗਾਂ ਦੀ ਨਰੋਈ ਸਿਹਤ ਲਈ ਚੈੱਕਅੱਪ ਕੈਂਪ ਲਗਾਏ ਜਾਂਦੇ ਹਨ ਤੇ ਮਨੋਰੰਜਨ ਲਈ ਸੱਭਿਆਚਾਰਕ ਸਮਾਗਮ ਵੀ ਕਰਵਾਏ ਜਾਂਦੇ ਹਨ। ਜ਼ਰੂਰਤਮੰਦ ਲੋਕਾਂ ਦੀ ਸਹਾਇਤਾ ਕੀਤੀ ਜਾਂਦੀ ਹੈ। ਸ੍ਰੀ ਅਰੋੜਾ ਨੇ ਇਹ ਵੀ ਕਿਹਾ ਕਿ ਪਿਛਲੇ 10 ਸਾਲ ਤੋਂ ਐਸੋਸੀਏਸ਼ਨ ਵੱਲੋਂ ਸਰਬਤ ਦੇ ਭਲੇ ਤੇ ਸਾਰਿਆਂ ਦੀ ਚੜ੍ਹਦੀ ਕਲਾ ਲਈ ਧਾਰਮਿਕ ਸਮਾਗਮ ਵੀ ਕਰਵਾਏ ਜਾਂਦੇ ਹਨ।

ਇਸ ਸਾਲ ਵੀ 25 ਦਸੰਬਰ ਨੂੰ ਸ੍ਰੀ ਸੁੰਦਰਕਾਂਡ ਦੇ ਪਾਠ, ਮਾਤਾ ਸ੍ਰੀ ਮਨਸ਼ਾ ਦੇਵੀ ਮੰਦਿਰ ਨਾਭਾ ਗੇਟ ਵਿਖੇ ਤੇ 02 ਜਨਵਰੀ 2023 ਨੂੰ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਗਨ ਬਾਬਾ ਸ੍ਰੀ ਸਾਹਿਬ ਦਾਸ ਜੀ ਦੇ ਤਪ ਅਸਥਾਨ ਨਾਭਾ ਗੇਟ ਵਿਖੇ ਸਵੇਰੇ 09:00 ਤੋਂ 11:00 ਵਜੇ ਤੱਕ ਕਰਵਾਏ ਜਾਣਗੇ। ਐਸੋਸੀਏਸ਼ਨ ਵੱਲੋਂ ਡਿਪਟੀ ਕਮਿਸ਼ਨਰ ਸ੍ਰੀ ਜੋਰਾਵਾਲ ਨੂੰ ਸਮਾਗਮਾਂ ਵਿੱਚ ਪਹੁੰਚਣ ਲਈ ਸੱਦਾ ਪੱਤਰ ਵੀ ਦਿੱਤਾ। ਡਿਪਟੀ ਕਮਿਸ਼ਨਰ ਸ੍ਰੀ ਜੋਰਾਵਾਲ ਨੇ ਐਸੋਸੀਏਸ਼ਨ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਦੀ ਸ਼ਲਾਘਾ ਕੀਤੀ।

# ਧਰਨਾਕਾਰੀਆਂ 'ਤੇ ਪੁਲਸ ਜਬਰ ਖਿਲਾਫ਼ ਰੋਸ ਪ੍ਰਦਰਸ਼ਨ



**ਜਗਰਾਉਂ (ਸੰਜੀਵ ਅਰੋੜਾ)**-ਇੱਥੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਬਲਾਕ ਜਗਰਾਉਂ ਤੇ ਸਿੱਧਵਾਂ ਬੇਟ ਦੇ ਕਿਸਾਨਾਂ ਨੇ ਪਹਿਲਾਂ ਬੱਸ ਸਟੈਂਡ 'ਤੇ ਇਕੱਤਰ ਹੋ ਕੇ ਜ਼ਿਲ੍ਹਾ ਸਕੱਤਰ ਇੰਦਰਜੀਤ ਸਿੰਘ ਧਾਲੀਵਾਲ ਦੀ ਅਗਵਾਈ 'ਚ ਰੋਸ ਰੈਲੀ ਕਰਨ ਉਪਰੰਤ ਐੱਸ. ਡੀ. ਐੱਮ. ਦਫ਼ਤਰ ਤੱਕ ਰੋਸ ਮਾਰਚ ਕੀਤਾ। ਜ਼ੀਰਾ ਦੀ ਮਨਸੂਰਵਾਲ ਵਿਖੇ ਮਾਲਬਰੋਸ ਸ਼ਰਾਬ ਫੈਕਟਰੀ ਬੰਦ ਕਰਵਾਉਣ ਅਤੇ ਸੰਘਰਸ਼ਸ਼ੀਲ ਕਿਸਾਨਾਂ 'ਤੇ ਪੁਲਸ ਜਬਰ ਬੰਦ ਕਰਨ ਦੀ ਮੰਗ ਨੂੰ ਲੈ ਕੇ ਮੰਗ ਪੱਤਰ ਐਸ. ਡੀ. ਐਮ. ਜਗਰਾਉਂ ਰਾਹੀਂ ਮੁੱਖ ਮੰਤਰੀ ਪੰਜਾਬ ਸਰਕਾਰ ਨੂੰ ਭੇਜਿਆ ਗਿਆ। ਐਸ. ਡੀ. ਐਮ. ਦਫ਼ਤਰ ਵਿਖੇ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਤੇ ਬਲਾਕ ਸਕੱਤਰ ਤਰਸੇਮ ਸਿੰਘ ਬੱਸੂਵਾਲ ਨੇ ਪੰਜਾਬ ਸਰਕਾਰ ਤੋਂ ਕੀਤੀ ਕਿ ਪਾਣੀ ਧਰਤੀ ਤੇ ਹਵਾ ਨੂੰ ਪ੍ਰਦੂਸ਼ਿਤ ਕਰ ਰਹੀ ਸ਼ਰਾਬ ਫੈਕਟਰੀ ਨੂੰ ਤੁਰੰਤ ਬੰਦ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ 40 ਪਿੰਡਾਂ ਦੇ ਕਿਸਾਨਾਂ ਵਲੋਂ ਪੰਜ ਮਹੀਨੇ ਤੋਂ ਕੀਤੀ ਜਾ ਰਹੀ ਮੰਗ ਨੂੰ ਮੰਨਦੀ ਥਾਂ ਦੀਪ ਮਲਹੋਤਰਾ ਨਾਂ ਦੇ ਵੱਡੇ ਲੁਟੇਰੇ ਪੂੰਜੀ ਪਤੀ ਦੇ ਹੱਕ 'ਚ ਭੁਗਤਣ ਰਹੀ ਹੈ। ਪਿਛਲੇ ਦਿਨਾਂ 'ਚ ਕਿਸਾਨ ਸੰਘਰਸ਼ਕਾਰੀਆਂ 'ਤੇ ਝੂਠੇ ਪਰਚੇ ਦਰਜ ਕਰਕੇ ਬਦਲਾਅ ਦਾ ਦਮ ਭਰਦੀ ਆਮ ਆਦਮੀ ਪਾਰਟੀ ਸਰਕਾਰ ਨੇ ਕਾਂਗਰਸੀਆਂ ਅਕਾਲੀਆਂ ਦਾ ਰਾਹ ਫੜ ਲਿਆ ਹੈ। ਪ੍ਰਦਰਸ਼ਨਕਾਰੀਆਂ ਨੇ ਜ਼ੋਰਦਾਰ, ਨਾਅਰੇ ਬੁਲੰਦ ਕਰਦਿਆਂ ਪੁਲਸ ਕੇਸ ਰੱਦ ਕਰਨ, ਗ੍ਰਿਫ਼ਤਾਰ ਕਿਸਾਨ ਤੁਰੰਤ ਰਿਹਾ ਕਰਨ, ਹਾਈਕੋਰਟ 'ਚ ਲੋਕ ਪੱਖ ਤੋਂ ਮਸਲੇ ਦੀ ਪੈਰਵਾਈ ਕਰਦਿਆਂ ਫੈਕਟਰੀ ਬੰਦ ਕਰਨ ਦੀ ਮੰਗ ਕੀਤੀ। ਉਨ੍ਹਾਂ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਉਨ੍ਹਾਂ ਦੀ ਜੱਥੇਬੰਦੀ ਦੇ ਵਰਕਰ ਸੈਂਕੜਿਆਂ ਦੀ ਗਿਣਤੀ 'ਚ ਹਰ ਰੋਜ਼ ਇਸ ਮੋਰਚੇ 'ਚ ਸ਼ਾਮਲ ਹੋ ਰਹੇ ਹਨ। ਲੁਧਿਆਣਾ ਜ਼ਿਲ੍ਹੇ ਦੇ ਦਿੱਲੀ ਤਰਜ਼ ਅਖਤਿਆਰ ਚੁੱਕੇ ਇਸ ਸਾਂਝੇ ਧਰਨੇ ਰਾਹੀਂ ਮੋਦੀ ਵਾਂਗ ਭਗਵੰਤ ਮਾਨ ਸਰਕਾਰ ਨੂੰ ਵੀ ਝੁਕਣਾ ਹੋਵੇਗਾ। ਧਰਨੇ ਨੂੰ ਮਨਦੀਪ ਸਿੰਘ ਭੰਮੀਪੁਰਾ, ਦਵਿੰਦਰ ਸਿੰਘ ਕਾਉਂਕੇ, ਹਰਚੰਦ ਸਿੰਘ ਢੋਲਣ, ਟਹਿਲ ਸਿੰਘ ਅਖਾੜਾ, ਅਰਜਨ ਸਿੰਘ ਸ਼ੇਰਪੁਰ ਕਲਾਂ ਤੇ ਬਲਦੇਵ ਸਿੰਘ ਛੱਜਾਵਾਲ ਨੇ ਵੀ ਸੰਬੋਧਨ ਕੀਤਾ।

# ਸੈਂਟਰਲ ਬੈਂਕ ਆਫ ਇੰਡੀਆ ਵੱਲੋਂ 112ਵੇਂ ਸਥਾਪਨਾ ਦਿਵਸ 'ਤੇ ਖ਼ੂਨਦਾਨ ਕੈਂਪ



**ਲੁਧਿਆਣਾ (ਨਵਾਂ ਜ਼ਮਾਨਾ ਸਰਵਿਸ)**-ਸੈਂਟਰਲ ਬੈਂਕ ਆਫ ਇੰਡੀਆ ਦੇ 112ਵੇਂ ਸਥਾਪਨਾ ਦਿਵਸ ਮੌਕੇ ਖੇਤਰੀ ਦਫਤਰ ਲੁਧਿਆਣਾ ਵੱਲੋਂ ਦਯਾਨੰਦ ਮੈਡੀਕਲ ਕਾਲਜ, ਲੁਧਿਆਣਾ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਖ਼ੂਨਦਾਨ ਕੈਂਪ ਦਾ ਉਦਘਾਟਨ ਸ੍ਰੀਮਤੀ ਅਨੀਤਾ ਦਰਸ਼ੀ ਵਧੀਕ ਡਿਪਟੀ ਕਮਿਸ਼ਨਰ (ਜ) ਲੁਧਿਆਣਾ ਵੱਲੋਂ ਕੀਤਾ ਗਿਆ। ਕੈਂਪ ਵਿੱਚ 112 ਯੂਨਿਟ ਖ਼ੂਨਦਾਨ ਕੀਤਾ ਗਿਆ। ਬੈਂਕ ਅਤੇ ਡੀ.ਐਮ.ਸੀ ਹਸਪਤਾਲ ਵੱਲੋਂ ਸਰਟੀਫਿਕੇਟ ਦਿੱਤੇ ਗਏ। ਇਸ ਤੋਂ ਇਲਾਵਾ ਸੈਂਟਰਲ ਬੈਂਕ ਆਫ ਇੰਡੀਆ ਦੇ ਖੇਤਰੀ ਦਫਤਰ ਵੱਲੋਂ ਪੰਚਮ ਹਸਪਤਾਲ ਲੁਧਿਆਣਾ ਦੇ ਸਹਿਯੋਗ ਨਾਲ "ਮੁਫ਼ਤ ਸਿਹਤ ਜਾਂਚ ਕੈਂਪ" ਵੀ ਲਗਾਇਆ ਗਿਆ। ਸਿਹਤ ਕੈਂਪ ਵਿੱਚ "ਸ਼ੂਗਰ, ਬਲੱਡ ਪ੍ਰੈਸ਼ਰ, ਹਾਰਟ, ਈ.ਸੀ.ਜੀ. ਆਦਿ ਦੀ ਜਾਂਚ ਕੀਤੀ ਗਈ ਅਤੇ ਸਟਾਫ ਡਾਕਟਰਾਂ ਦੁਆਰਾ ਮੈਂਬਰਾਂ ਅਤੇ ਗਾਹਕਾਂ ਨੂੰ ਉਹਨਾਂ ਦੀ ਪੁੱਛਗਿੱਛ ਦੇ ਅਨੁਸਾਰ ਸਲਾਹ ਦਿੱਤੀ ਗਈ। ਕੈਂਪਾਂ ਵਿੱਚ ਸਟਾਫ ਮੈਂਬਰਾਂ ਅਤੇ ਗਾਹਕਾਂ ਨੇ ਉਤਸ਼ਾਹ ਨਾਲ ਭਾਗ ਲਿਆ। ਸ਼ਾਮ ਨੂੰ ਕੇ. ਜੀ. ਹੋਟਲ ਲੁਧਿਆਣਾ ਵਿਖੇ ਆਯੋਜਿਤ ਪ੍ਰੋਗਰਾਮ ਵਿੱਚ ਗ੍ਰਾਹਕਾਂ ਨੂੰ ਹਾਰਦਿਕ ਸੱਦਾ ਦਿੱਤਾ ਗਿਆ। ਖੇਤਰੀ ਮੁਖੀ ਜੋਏ ਮੁਖਰਜੀ ਵੱਲੋਂ ਗਾਹਕਾਂ ਸਮੇਤ ਕੇਕ ਕੱਟਿਆ ਗਿਆ। ਗਾਹਕਾਂ ਨੇ ਬੈਂਕ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਖੇਤਰੀ ਮੁਖੀ ਨੇ ਗਾਹਕਾਂ ਨੂੰ ਯਾਦ ਚਿੰਨ੍ਹ ਭੇਂਟ ਕੀਤੇ।

## ...ਸ.ਫ਼ਾ 1 ਦੇ ਬਾਕੀ

### ਚੀਨ ਵੱਲੋਂ ਆਉਂਦੇ ..

ਤੋਂ ਵੱਧ ਲੋਕਾਂ ਦੀ ਮੌਤ ਦਾ ਕਾਰਨ ਬਣ ਸਕਦਾ ਹੈ। ਮਹਾਂਮਾਰੀ ਵਿਗਿਆਨੀ ਆਉਣ ਵਾਲੇ ਮਹੀਨਿਆਂ ਦੌਰਾਨ ਦੇਸ਼ ਵਿੱਚ ਇਸ ਵਾਇਰਸ ਦੀਆਂ ਘੱਟੋ-ਘੱਟ ਤਿੰਨ ਲਹਿਰਾਂ ਦੀ ਭਵਿੱਖਬਾਣੀ ਕਰ ਰਹੇ ਹਨ। ਚੱਢਾ ਨੇ ਕਿਹਾ ਕਿ ਵਾਇਰਸ ਨੇ ਚੀਨ ਵਿੱਚ ਪਹਿਲਾਂ ਹੀ ਤਬਾਹੀ ਮਚਾ ਦਿੱਤੀ ਹੈ ਅਤੇ ਉੱਥੋਂ ਦੀ ਸਿਹਤ ਪ੍ਰਣਾਲੀ ਪੂਰੀ ਤਰ੍ਹਾਂ ਹਿੱਲ ਗਈ ਹੈ। ਉਨ੍ਹਾ ਕਿਹਾ ਕਿ ਨਵੇਂ ਵੈਰੀਐਂਟ ਨੂੰ ਟਰੈਕ ਕਰਨ ਅਤੇ ਚੇਤਾਵਨੀ ਸੰਕੇਤਾਂ ਨੂੰ ਨਜ਼ਰਅੰਦਾਜ਼ ਕਰਨ ਵਿੱਚ ਲਾਪਰਵਾਹੀ ਨੇ ਸਾਡੇ ਦੇਸ਼ ਨੂੰ ਕੋਵਿਡ ਦੀ ਦੂਜੀ ਲਹਿਰ ਵੱਲ ਧਕੇਲ ਦਿੱਤਾ ਸੀ, ਜੋ ਸਾਡੀ ਸਿਹਤ ਪ੍ਰਣਾਲੀ 'ਤੇ ਪੂਰੀ ਤਰ੍ਹਾਂ ਹਾਵੀ ਹੋ ਗਈ ਸੀ ਅਤੇ ਲੱਖਾਂ ਭਾਰਤੀਆਂ ਦੀ ਮੌਤ ਹੋ ਗਈ ਸੀ। ਭਾਰਤ ਵਿੱਚ ਵੀ ਚੀਨ ਨੂੰ ਪ੍ਰਭਾਵਿਤ ਕਰਨ ਵਾਲੇ ਇਸ ਨਵੇਂ ਵੈਰੀਐਂਟ ਦੇ ਚਾਰ ਮਾਮਲਿਆਂ ਦਾ ਪਤਾ ਲੱਗਣ 'ਤੇ ਚਿੰਤਾ ਪ੍ਰਗਟ ਕਰਦਿਆਂ ਚੱਢਾ ਨੇ ਕਿਹਾ ਕਿ ਪੂਰਾ ਵਿਸ਼ਵ ਹਾਈ ਅਲਰਟ 'ਤੇ ਹੈ। ਅਸੀਂ ਨਾ ਤਾਂ ਢਿੱਲ ਬਰਦਾਸ਼ਤ ਕਰ ਸਕਦੇ ਹਾਂ ਅਤੇ ਨਾ ਹੀ ਖਾਲੀ ਭਰੋਸਾ ਦੇਣ ਵਾਲੀਆਂ ਸੁਰਖੀਆਂ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮਹਾਂਮਾਰੀ ਦਾ ਪ੍ਰਬੰਧਨ ਕੇਂਦਰ ਅਤੇ ਸਾਰੀਆਂ ਰਾਜ ਸਰਕਾਰਾਂ ਦੀ ਸਮੂਹਿਕ ਜ਼ਿੰਮੇਵਾਰੀ ਹੈ। ਇਸ ਲਈ ਇਸ ਨਵੇਂ ਵੈਰੀਐਂਟ ਤੋਂ ਪੈਦਾ ਹੋਏ ਖਤਰੇ ਅਤੇ ਇਸ ਨਾਲ ਨਜਿੱਠਣ ਲਈ ਸਰਕਾਰ ਦੀ ਤਿਆਰੀ 'ਤੇ ਸੰਸਦ 'ਚ ਚਰਚਾ ਦੀ ਸਖਤ ਲੋੜ ਹੈ।

### ਡਾ. ਨੂਰਪੁਰ 'ਤੇ ਕੇਸ...

ਤੱਥ ਲੋਕਾਂ ਵਿੱਚ ਰੱਖਣ ਤੋਂ ਬਿਨਾਂ ਹੀ ਪ੍ਰੇਸ਼ਾਨ ਕਰਨਾ ਸਰਕਾਰ ਦੀ ਨੀਤੀ ਨੂੰ ਸ਼ੱਕ ਦੇ ਘੇਰੇ ਵਿੱਚ ਲਿਆਉਂਦਾ ਹੈ। ਅਜਿਹੇ ਹੱਥਕੰਡੇ ਅਪਨਾਉਣਾ ਬੰਦ ਕੀਤਾ ਜਾਵੇ।

ਪਲਸ ਮੰਚ ਨੇ ਪੰਜਾਬ ਦੀਆਂ ਲੋਕ ਪੱਖੀ ਜੱਥੇਬੰਦੀਆਂ ਅਤੇ ਵਿਅਕਤੀਆਂ ਨੂੰ ਡਾ. ਗੁਰਚਰਨ ਨੂਰਪੁਰ ਅਤੇ ਹੋਰ ਲੋਕਾਂ 'ਤੇ ਪਾਏ ਝੂਠੇ ਕੇਸ ਰੱਦ ਕਰਾਉਣ ਲਈ ਜ਼ੋਰਦਾਰ ਆਵਾਜ਼ ਬੁਲੰਦ ਕਰਨ ਦੀ ਲੋੜ ਹੈ।

### ਸਾਥੀ ਸੰਤੋਖ ਸਿੰਘ...

ਦੇਹ ਨੂੰ ਅਮਰਜੀਤ ਸਿੰਘ ਆਸਲ ਹਵਾਈ ਜਹਾਜ਼ ਰਾਹੀ ਅੰਮ੍ਰਿਤਸਰ ਲੈ ਕੇ ਆਏ। ਇੱਥੋਂ ਉਨ੍ਹਾ ਦੇ ਪਰਵਾਰਕ ਮੈਂਬਰ ਅਤੇ ਪਾਰਟੀ ਸਾਥੀ ਮ੍ਰਿਤਕ ਦੇਹ ਨੂੰ ਉਨ੍ਹਾ ਦੇ ਪਿੰਡ ਲੈ ਕੇ ਗਏ। ਅੰਤਮ ਸੰਸਕਾਰ ਮੌਕੇ ਹੋਰਨਾਂ ਤੋਂ ਇਲਾਵਾ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ, ਅਮਰਜੀਤ ਸਿੰਘ ਆਸਲ, ਲਖਬੀਰ ਸਿੰਘ ਨਿਜ਼ਾਮਪੁਰ, ਬਲਬੀਰ ਸਿੰਘ ਮੱਲ੍ਹੀ, ਧਿਆਨ ਚੰਦ, ਸੱਤ ਦੇਵ ਸੈਣੀ, ਬਲਬੀਰ ਸਿੰਘ ਪਠਾਨਕੋਟ, ਗੁਲਜ਼ਾਰ ਸਿੰਘ ਬਸੰਤ ਕੋਟ, ਮੰਗਲ ਸਿੰਘ ਖਜਾਲਾ, ਗੁਰਦੀਪ ਗੁਰੂਵਾਲੀ, ਵਿਜੇ ਕੁਮਾਰ ਸਕੱਤਰ, ਬਲਵਿੰਦਰ ਕੌਰ ਕਾਲਾ ਅਫਗਾਨਾ ਆਦਿ ਸ਼ਾਮਲ ਸਨ। ਇਸ ਮੌਕੇ ਪਾਰਟੀ ਆਗੂਆਂ ਨੇ ਮ੍ਰਿਤਕ ਦੇਹ 'ਤੇ ਲਾਲ ਝੰਡਾ ਪਾ ਕੇ ਉਹਨਾ ਨੂੰ ਸ਼ਰਧਾਂਜਲੀ ਦਿੱਤੀ। ਉਨ੍ਹਾ ਨਮਿਤ ਸ਼ਰਧਾਂਜਲੀ ਸਮਾਗਮ 30 ਦਸੰਬਰ ਨੂੰ ਹੋਵੇਗਾ।

### ਐੱਨ ਆਰ ਆਈ ਪੰਜਾਬੀਆਂ...

ਰਿਹਾ ਹੈ, ਜਿੱਥੇ ਲੁਧਿਆਣਾ, ਸੰਗਰੂਰ, ਬਰਨਾਲਾ ਤੇ ਮਾਲੇਰਕੋਟਲਾ ਆਦਿ ਜ਼ਿਲ੍ਹਿਆਂ ਨਾਲ ਸੰਬੰਧਤ ਪ੍ਰਵਾਸੀ ਪੰਜਾਬੀਆਂ ਦੇ ਮਾਮਲਿਆਂ ਦੀ ਸੁਣਵਾਈ ਕਰਕੇ ਉਨ੍ਹਾਂ ਦਾ ਹੱਲ ਕੀਤਾ ਜਾਵੇਗਾ।

ਉਨ੍ਹਾ ਦੱਸਿਆ ਕਿ 26 ਦਸੰਬਰ ਨੂੰ ਮੋਗਾ ਵਿਖੇ ਮੋਗਾ, ਫਿਰੋਜ਼ਪੁਰ, ਫਰੀਦਕੋਟ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਬਠਿੰਡਾ ਤੇ ਮਾਨਸਾ, ਜਦਕਿ 30 ਦਸੰਬਰ ਨੂੰ ਅੰਮ੍ਰਿਤਸਰ ਵਿਖੇ ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ ਅਤੇ ਤਰਨ ਤਾਰਨ ਜ਼ਿਲ੍ਹਿਆਂ ਨੂੰ ਮਿਲਣੀ ਸਮਾਗਮਾਂ ਤਹਿਤ ਕਵਰ ਕੀਤਾ ਜਾਵੇਗਾ, ਜਿਨ੍ਹਾਂ ਲਈ ਪ੍ਰਵਾਸੀ ਪੰਜਾਬੀ ਆਨਲਾਈਨ ਜਾਂ ਮੌਕੇ 'ਤੇ ਰਜਿਸਟਰੇਸ਼ਨ ਕਰਵਾ ਸਕਦੇ ਹਨ।

ਉਹਨਾ ਦੱਸਿਆ ਕਿ ਪ੍ਰਵਾਸੀ ਪੰਜਾਬੀਆਂ ਦੀਆਂ ਸਮਾਜਕ, ਆਰਥਕ ਅਤੇ ਸੱਭਿਆਚਾਰਕ ਮਾਮਲਿਆਂ ਨਾਲ ਜੁੜੀਆਂ ਸਾਰੀਆਂ ਸਮੱਸਿਆਵਾਂ ਦਾ ਮਿੱਥੇ ਸਮੇਂ ਵਿੱਚ ਨਿਪਟਾਰਾ ਕੀਤੇ ਜਾਣ ਲਈ ਪੰਜਾਬ ਸਰਕਾਰ ਵਿਸ਼ੇਸ਼ ਨੀਤੀ ਤਿਆਰ ਕਰ ਰਹੀ ਹੈ। ਐੱਨ ਆਰ ਆਈ ਪੰਜਾਬੀਆਂ ਦੀਆਂ ਸਮੱਸਿਆਵਾਂ ਨੂੰ ਸੁਣਨ ਤੇ ਉਨ੍ਹਾਂ ਦੇ ਹੱਲ ਲਈ ਪੰਜਾਬ ਸਰਕਾਰ ਹਰ ਸਾਲ ਦਸੰਬਰ ਤੇ ਅਪ੍ਰੈਲ ਦੇ ਮਹੀਨੇ ਵਿੱਚ ਦੋ ਵਾਰ ਐੱਨ ਆਰ ਆਈ ਮਿਲਣੀ ਸਮਾਗਮ ਕਰਵਾਏਗੀ। ਧਾਲੀਵਾਲ ਨੇ ਦੱਸਿਆ ਕਿ ਕਿ ਪ੍ਰਵਾਸੀ ਪੰਜਾਬੀਆਂ ਨੂੰ ਸਰਕਾਰੀ ਦਫਤਰਾਂ, ਸਕੱਤਰੇਤਾਂ ਵਿੱਚ ਮੰਤਰੀਆਂ ਦੇ ਦਫ਼ਤਰਾਂ ਵਿੱਚ ਖੱਜਲ-ਖੁਆਰ ਨਾ ਹੋਣਾ ਪਵੇ, ਇਸ ਲਈ ਸਰਕਾਰ ਨੇ ਫੈਸਲਾ ਕੀਤਾ ਕਿ ਸਰਕਾਰ ਖੁਦ ਪ੍ਰਵਾਸੀ ਪੰਜਾਬੀਆਂ ਦੇ ਜ਼ਿਲ੍ਹਿਆਂ ਵਿੱਚ ਜਾ ਕੇ ਉਨ੍ਹਾਂ ਦੇ ਮਸਲੇ ਹੱਲ ਕਰੇਗੀ। ਉਨ੍ਹਾ ਦੱਸਿਆ ਕਿ ਇਸ ਤਹਿਤ ਜ਼ਿਲ੍ਹਾ ਜਲੰਧਰ ਵਿੱਚ 16 ਦਸੰਬਰ ਨੂੰ ਕੀਤੇ ਗਏ ਪ੍ਰੋਗਰਾਮ ਵਿੱਚ 160 ਤੇ 19 ਦਸੰਬਰ ਨੂੰ ਐੱਸ ਏ ਐੱਸ ਨਗਰ (ਮੁਹਾਲੀ) ਵਿਖੇ 74 ਤੋਂ ਵੱਧ ਮਾਮਲਿਆਂ ਦੀ ਸੁਣਵਾਈ ਕੀਤੀ ਗਈ।

### ਗਰੇਵਾਲ ਤੇ ਬਾਵਾ...

ਗੀਤਾਂ ਰਾਹੀਂ ਜਵਾਨੀ ਨੂੰ ਉਤਸ਼ਾਹਿਤ ਕਰਨ ਕਰਕੇ ਅਜਿਹੇ ਕਲਾਕਾਰ ਸਰਕਾਰਾਂ ਦੀਆਂ ਨਜ਼ਰਾਂ ਵਿੱਚ ਰੜਕਦੇ ਰਹਿੰਦੇ ਹਨ। ਉਹਨਾਂ ਵਿਰੁੱਧ ਬਦਲੇ ਦੀ ਭਾਵਨਾ ਨਾਲ ਕੀਤੀ ਕਿਸੇ ਵੀ ਕਾਰਵਾਈ ਨੂੰ ਪੰਜਾਬ ਦੇ ਲੋਕ ਬਰਦਾਸ਼ਤ ਨਹੀਂ ਕਰਨਗੇ। ਉਹਨਾਂ ਕਿਹਾ ਕਿ ਸਧਾਰਨ ਘਰਾਂ ਵਿੱਚ ਪੈਦਾ ਹੋਏ ਕਲਾਕਾਰਾਂ ਨੂੰ ਪ੍ਰੇਸ਼ਾਨ ਕਰਨ ਦੀ ਬਜਾਏ ਭ੍ਰਿਸ਼ਟ ਸਿਆਸੀ ਆਗੂਆਂ, ਨਸ਼ਿਆਂ ਦੇ ਵਪਾਰੀਆਂ ਅਤੇ ਅਫਸਰਸ਼ਾਹੀ ਵੱਲੋਂ ਅਰਬਾਂ-ਖਰਬਾਂ ਰੁਪਏ ਦੀਆਂ ਜਾਇਦਾਦਾਂ ਦੀ ਜਾਂਚ ਕਰਕੇ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ।

### ਸ੍ਰੀ ਆਨੰਦਪੁਰ ਸਾਹਿਬ...

ਅਪ੍ਰੈਲ 1699 ਨੂੰ ਖਾਲਸਾ ਪੰਥ ਦੀ ਸਾਜਨਾ ਕੀਤੀ। ਇੱਥੇ ਹਰ ਸਾਲ ਵੱਡੀ ਗਿਣਤੀ ਵਿੱਚ ਸ਼ਰਧਾਲੂ ਗੁਰੂ ਸਾਹਿਬ ਨੂੰ ਨਤਮਸਤਕ ਹੋਣ ਆਉਂਦੇ ਹਨ। ਇੱਥੇ ਹੋਲਾ ਮਹੱਲਾ ਧੂਮਧਾਮ ਨਾਲ ਮਨਾਇਆ ਜਾਂਦਾ ਹੈ ਅਤੇ ਲੱਖਾਂ ਦੀ ਗਿਣਤੀ ਵਿੱਚ ਸਿੱਖ ਸੰਗਤਾਂ ਜੁੜਦੀਆਂ ਹਨ।

ਚੱਢਾ ਨੇ ਕੇਂਦਰੀ ਮੰਤਰੀ ਨੂੰ ਸਵਾਲ ਕੀਤਾ ਕਿ ਸ੍ਰੀ ਆਨੰਦਪੁਰ ਸਾਹਿਬ ਨੂੰ 'ਹੈਰੀਟੇਜ ਸਿਟੀ' ਦਾ ਦਰਜਾ ਦੇ ਕੇ, ਖਾਸ ਫੰਡ ਦੇ ਕੇ ਇਸ ਸ਼ਹਿਰ ਦਾ ਵਿਕਾਸ ਕਰਕੇ ਇਸ ਨੂੰ ਇੱਕ ਵਿਸ਼ਵ ਪ੍ਰਸਿੱਧ ਹੈਰੀਟੇਜ ਸਿਟੀ ਬਣਾਉਣ ਲਈ ਕੀ ਕੋਈ ਕਦਮ ਉਠਾਇਆ ਜਾ ਰਿਹਾ ਹੈ? ਜੀ. ਕਿਸ਼ਨ ਰੈਡੀ, ਜੋ ਮੌਜੂਦਾ ਸੈਰ ਅਤੇ ਸੱਭਿਆਚਾਰ ਮੰਤਰੀ ਹਨ, ਤੋਂ ਰਾਘਵ ਚੱਢਾ ਨੂੰ ਸਕਾਰਾਤਮਕ ਜਵਾਬ ਮਿਲਿਆ, ਜਿਸ ਵਿੱਚ ਉਨ੍ਹਾਂ ਨੇ ਇਸ ਪ੍ਰਸਤਾਵ 'ਤੇ ਧਿਆਨ ਦੇਣ ਦਾ ਭਰੋਸਾ ਦਿੱਤਾ।

# ਮਸੀਹੀ ਭਾਈਚਾਰੇ ਵੱਲੋਂ ਕ੍ਰਿਸਮਸ ਸ਼ੋਭਾ ਯਾਤਰਾ

### ਐਡਵੋਕੇਟ ਦਹੀਆ ਨੇ ਲਵਾਈ ਹਾਜ਼ਰੀ



ਕ੍ਰਿਸਮਸ ਸਬੰਧੀ ਸ਼ੋਭਾ ਯਾਤਰਾ ਦੌਰਾਨ ਐਡਵੋਕੇਟ ਰਜਨੀਸ਼ ਦਹੀਆਂ ਨੂੰ ਸਨਮਾਨਤ ਕੀਤੇ ਜਾਣ ਦਾ ਦ੍ਰਿਸ਼।

**ਮਮਦੋਟ (ਜਸਬੀਰ ਸਿੰਘ ਕੰਬੋਜ, ਹਰਪਾਲ ਸੋਢੀ)**-ਦੁਨੀਆ ਭਰ ਵਿੱਚ 25 ਦਸੰਬਰ ਨੂੰ ਮਨਾਏ ਜਾ ਰਹੇ ਕ੍ਰਿਸਮਸ ਦੇ ਤਿਉਹਾਰ ਸਬੰਧੀ ਮਸੀਹੀ ਭਾਈਚਾਰੇ ਵੱਲੋਂ ਕਸਬਾ ਮਮਦੋਟ ਵਿਖੇ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ। ਇਸ ਸ਼ੋਭਾ ਯਾਤਰਾ ਵਿੱਚ ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਵੱਲੋਂ ਹਾਜ਼ਰੀ ਲਵਾਉਂਦਿਆਂ ਮਸੀਹੀ ਭਾਈਚਾਰੇ ਨਾਲ ਖੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ। ਇਸ ਮੌਕੇ ਮਾਸਟਰ ਪ੍ਰੇਮ ਮਸੀਹ ਤੇ ਹੋਰ ਪਾਸਟਰਾਂ ਵੱਲੋਂ ਐਡਵੋਕੇਟ ਦਹੀਆ ਨੂੰ ਮੋਮੈਂਟੋ ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ। ਸੁੰਦਰ ਝਾਕੀਆਂ ਨਾਲ ਸਜੀ ਸ਼ੋਭਾ ਯਾਤਰਾ ਵਿੱਚ ਸ਼ਾਮਲ ਸੰਗਤਾਂ ਵਾਸਤੇ ਜਗ੍ਹਾ-ਜਗ੍ਹਾ ਲੰਗਰਾਂ ਦਾ ਵੀ ਪ੍ਰਬੰਧ ਕੀਤਾ ਗਿਆ ਸੀ, ਜਿਸ ਦਾ ਸੰਗਤਾਂ ਨੇ ਭਰਪੂਰ ਆਨੰਦ ਮਾਣਿਆ। ਇਸ ਮੌਕੇ ਸੀਨੀਅਰ ਆਗੂ ਬਲਰਾਜ ਸਿੰਘ ਸੰਧੂ, ਨਿਰਵੈਰ ਸਿੰਘ ਸਿੰਧੀ ਜ਼ਿਲ੍ਹਾ ਮੀਡੀਆ ਇੰਚਾਰਜ, ਦਲਜੀਤ ਸਿੰਘ ਬਾਬਾ ਉੱਪ ਪ੍ਰਧਾਨ ਨਗਰ ਪੰਚਾਇਤ ਮਮਦੋਟ, ਬਲਵੀਰ ਸਿੰਘ ਫੱਤੇਵਾਲਾ, ਬਗੀਚਾ ਸਿੰਘ, ਸੰਜੀਵ ਕੁਮਾਰ ਚਿੰਟੂ ਧਵਨ, ਦਰਸ਼ਨ ਸਿੰਘ ਜੋਧਪੁਰ, ਬਲਵਿੰਦਰ ਸਿੰਘ ਰਾਉਕੇ ਤੇ ਬਲਵਿੰਦਰ ਸਿੰਘ ਲੱਡੂ ਹਜ਼ਾਰਾ ਸਮੇਤ ਵੱਡੀ ਗਿਣਤੀ ਵਿੱਚ ਮਸੀਹੀ ਭਾਈਚਾਰੇ ਦੇ ਆਗੂ ਤੇ ਵੱਖ-ਵੱਖ ਚਰਚਾ ਦੇ ਪਾਸਟਰ ਸਾਹਿਬਾਨ ਹਾਜ਼ਰ ਸਨ।

**ਉੱਤਰ ਰੇਲਵੇ**

**ਟੈਂਡਰ ਸੂਚਨਾ**

**ਭੰਡਾਰ ਦੀ ਆਪੂਰਤੀ ਲਈ ਮੰਗ ਟੈਂਡਰ**

**ਇਲੈਕਟ੍ਰੋਨਿਕ ਟੈਂਡਰ ਈ ਪ੍ਰਣਾਲੀ ਦੇ ਅੰਤਰਗਤ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸਹਾਇਕ ਸਾਮਗਰੀ ਪ੍ਰਬੰਧਕ ਉੱਤਰ ਰੇਲਵੇ, ਡੀਜ਼ਲ ਡਿਪੋ, ਲੁਧਿਆਣਾ ਦੁਵਾਰਾ ਸੰਭਰਣਕਰਤਾਵਾਂ ਤੋਂ ਹੇਠਾ ਲਿਖੇ ਮਦਾਂ ਦੇ ਲਈ-ਟੈਂਡਰ ਮੰਗ ਕੀਤੀ ਜਾਂਦੀ ਹੈ:

| ਲ. ਨੰ: | ਟੈਂਡਰ ਨੰ: | ਮਾਲ ਦਾ ਵੇਰਵਾ | ਮਾਤਰਾ | ਟੈਂਡਰ ਖੁਲਣ ਦੀ ਮਿਤੀ |
|---|---|---|---|---|
| 1 | 48225176A | Design, fabrication, supply, Erection, Testing & Commissioning of Light Load Run Test facilities for traction Motor of WAG-9 loco. Specification: DSL/LDH/Umbrella work/Elect. Loco/MNP-10/2019-20 (As per Annexure-A, attached) | 2 Nos | 19.01.2023 |

ਟੈਂਡਰ ਸ਼ਰਤਾਂ:- ireps ਦੀ ਵੈਬਸਾਈਟ www.ireps.gov.in ਉਤੇ ਉਪਲਬਧ ਹੈ। ਸਾਰੇ ਇਛੁਕ ਵਿਕ੍ਰੇਤਾਵਾਂ ਨੂੰ ਈ-ਟੈਂਡਰ ਵਿਚ ਭਾਗ ਲੈਣਾ ਅਤੇ ਰਜਿਸਟਰਡ ਕਰਾਣ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧਿਕ੍ਰਿਤ ਪ੍ਰਮਾਣਿਤ ਏਜੰਸੀ ਤੋਂ ਕਲਾਸ - III ਡਿਜੀਟਲ ਪ੍ਰਮਾਣ ਪੱਤਰ (ਜੇਕਰ ਪਹਿਲਾ ਤੋਂ ਪ੍ਰਾਪਤ ਨਹੀਂ ਕੀਤਾ ਹੈ) ਪ੍ਰਾਪਤ ਕਰਨਾ ਹੋਵੇਗਾ। ਹੱਥ ਨਾਲ ਲਿਖੀ ਟੈਂਡਰ ਸਵੀਕਾਰ ਨਹੀਂ ਕੀਤੀ ਜਾਵੇਗੀ।

ਟੈਂਡਰ ਨੋਟਿਸ ਨੰਬਰ : 002/2022-23

ਮਿਤੀ : 22.12.2022

3408/22

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri

ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਸੀਨੀਅਰ ਅਕਾਲੀ ਆਗੂਆਂ ਵੱਲੋਂ ਰਵੀਕਰਨ ਸਿੰਘ ਕਾਹਲੋਂ ਤੇ ਨਵਜੋਤ ਕੌਰ ਕਾਹਲੋਂ ਸਨਮਾਨਤ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** : ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਪਾਰਟੀ ਪ੍ਰਧਾਨ ਵੱਲੋਂ ਰਵੀਕਰਨ ਸਿੰਘ ਕਾਹਲੋਂ ਨੂੰ ਪਾਰਟੀ ਦਾ ਜਨਰਲ ਸਕੱਤਰ ਨਿਯੁਕਤ ਕੀਤੇ ਜਾਣ ਤੋਂ ਬਾਅਦ ਅੱਜ ਹਲਕਾ ਡੇਰਾ ਬਾਬਾ ਨਾਨਕ ਦੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਅਕਾਲੀ ਆਗੂਆਂ ਤੇ ਵਰਕਰਾਂ ਵੱਲੋਂ ਰਵੀਕਰਨ ਸਿੰਘ ਕਾਹਲੋਂ ਅਤੇ ਉਨ੍ਹਾ ਦੀ ਧਰਮ ਸੁਪਤਨੀ ਨਵਜੋਤ ਕੌਰ ਕਾਹਲੋਂ ਨੂੰ ਉਨ੍ਹਾ ਦੇ ਗ੍ਰਹਿ ਵਿਖੇ ਸਿਰਪਾਉ ਸਾਹਿਬ ਤੇ ਦੁਸ਼ਾਲਾ ਦੇ ਕੇ ਸਨਮਾਨਤ ਕੀਤਾ ਗਿਆ , ਉਪਰੰਤ ਨਵ ਨਿਯੁਕਤ ਜਨਰਲ ਸਕੱਤਰ ਰਵੀਕਰਨ ਸਿੰਘ ਕਾਹਲੋਂ ਨੇ ਸੀਨੀਅਰ ਅਕਾਲੀ ਆਗੂਆਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਪਾਰਟੀ ਪ੍ਰਧਾਨ ਤੇ ਹਾਈ ਕਮਾਂਡ ਨੇ ਜੋ ਉਨ੍ਹਾ ਨੂੰ ਪਾਰਟੀ ਵੱਲੋਂ ਵਿਸ਼ਵਾਸ ਕਰਕੇ ਪਾਰਟੀ ਦੇ ਜਨਰਲ ਸਕੱਤਰ ਦੀ ਡਿਊਟੀ ਦਿੱਤੀ ਗਈ ਹੈ ,ਉਸ ਨੂੰ ਮੈਂ ਪੂਰੀ ਜ਼ਿੰਮੇਵਾਰੀ ਤੇ ਤਨਦੇਹੀ ਨਾਲ ਨਿਭਾਵਾਂਗਾ । ਇਸ ਮੌਕੇ ਰਵੀਕਰਨ ਸਿੰਘ ਕਾਹਲੋਂ ਦੀ ਨਿਯੁਕਤੀ ਦਾ ਸਵਾਗਤ ਕਰਦਿਆਂ ਹਲਕੇ ਦੇ ਸੀਨੀਅਰ ਅਕਾਲੀ ਆਗੂ ਐਡਵੋਕੇਟ ਪ੍ਰਮੀਤ ਸਿੰਘ ਬੇਦੀ ,ਜਥੇਦਾਰ ਨਿਰਮਲ ਸਿੰਘ ਰੱਤਾ , ਰਜਿੰਦਰ ਸਿੰਘ ਵੈਰੋਕੇ ,ਡੀ ਸੀ ਸਿਕਾਰ ,ਇੰਦਰਜੀਤ ਸਿੰਘ ਸਹਿਜ਼ਾਦਾ ,ਸੁਖਦੇਵ ਸਿੰਘ ਭੋਲਾ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸਮੁੱਚੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਰਵੀਕਰਨ ਸਿੰਘ ਕਾਹਲੋਂ ਜਿਥੇ ਮਾਝਾ ਜ਼ੋਨ ਦੇ ਪ੍ਰਧਾਨ ਵਜੋਂ ਪਾਰਟੀ ਦੀ ਮਜ਼ਬੂਤੀ ਲਈ ਕੰਮ ਕੀਤਾ, ਉਥੇ ਜਨਰਲ ਸਕੱਤਰ ਵਜੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ ਅਤੇ ਪਾਰਟੀ ਨੂੰ ਬੁਲੰਦੀਆਂ ਵੱਲ ਲੈ ਕੇ ਜਾਣਗੇ । ਇਸ ਮੌਕੇ ਬਲਦੇਵ ਸਿੰਘ ਤਪਾਲਾ ,ਬਲਵਿੰਦਰ ਸਿੰਘ ਬਿੱਲੂ , ਮੋਹਨ ਸਿੰਘ ਚਾਕਾਂਵਾਲੀ , ਇੰਸਪੈਕਟਰ ਬਖਸ਼ੀਸ਼ ਸਿੰਘ ਠੇਠਰਕੇ ,ਐਸ ਪੀ ਪਟਵਾਰੀ ,ਜਗਰੂਪ ਸਿੰਘ ਸ਼ਾਹਪੁਰ ਜਾਜਨ,ਸੁਖਵਿੰਦਰ ਸਿੰਘ ਤਲਵੰਡੀ ਰਾਮਾ, ਮਲਕੀਤ ਸਿੰਘ ਡੇਰੇ ਪਠਾਣਾ, ਮਦਨ ਮੋਹਨ ਮਹਾਜਨ, ਸੁਖਵਿੰਦਰ ਸਿੰਘ ਖੋਦੇਬੇਟ , ਪਰਮਜੀਤ ਸਿੰਘ ਸਾਹਪੁਰ ਗੋਰਾਇਆ, ਬਿੱਲਾ ਰਾਮ ਦਿਵਾਲੀ , ਬਲਰਾਜ ਸਿੰਘ ਖਹਿਰਾ, ਨਿਰਮਲ ਸਿੰਘ ਅਗਵਾਨ, ਇੰਸ: ਪਰਮਜੀਤ ਸਿੰਘ ਸ਼ਾਮਪੁਰਾ ,ਬਲਬੀਰ ਸਿੰਘ ਰਾਏਚੱਕ, ਗੋਲਡੀ ਚਾਕਾਂਵਾਲੀ , ਗੁਰਜੋਤ ਸਿੰਘ ਬੇਦੀ ,ਮੰਗਵਿੰਦਰ ਸਿੰਘ ਮੰਗੀਆ ,ਪ੍ਰੀਤਮ ਸਿੰਘ ਮੰਗੀਆ ,ਅਮਰਜੀਤ ਸਿੰਘ ਝੰਗੀ , ਕਸ਼ਮੀਰ ਸਿੰਘ ਹਵੇਲੀਆਂ , ਮੰਨਾਂ ਮੰਤਰੀ ਪੱਬਾਂਰਾਲੀ, ਬਲਜਿੰਦਰ ਸਿੰਘ ਸੱਕਰੀ, ਆਦਿ ਅਕਾਲੀ ਵਰਕਰ ਹਾਜ਼ਰ ਸਨ।

# ਵਿਦਿਆਰਥਣਾਂ ਨੂੰ ਟੋਪੀਆਂ ਤੇ ਖਾਣ-ਪੀਣ ਦੀ ਸਮੱਗਰੀ ਵੰਡੀ



**ਅੰਮ੍ਰਿਤਸਰ (ਅਰੋੜਾ)** : ਰੋਟਰੀ ਕਲੱਬ ਅੰਮ੍ਰਿਤਸਰ ਆਸਥਾ ਵੱਲੋਂ ਦਿਨ ਬਦਿਨ ਵਧ ਰਹੀ ਠੰਢ ਨੂੰ ਧਿਆਨ ਰੱਖਦੇ ਹੋਏ ਕਲੱਬ ਦੇ ਪ੍ਰਧਾਨ ਅਸ਼ਵਨੀ ਅਵਸਥੀ, ਸਕੱਤਰ ਅਮਨ ਸ਼ਰਮਾ ਅਤੇ ਪ੍ਰੋਜੈਕਟ ਚੇਅਰਮੈਨ ਡਾ. ਗਗਨਦੀਪ ਸਿੰਘ ਦੀ ਪ੍ਰਧਾਨਗੀ ਹੇਠ ਇੱਕ ਸ਼ਲਾਘਾਯੋਗ ਪ੍ਰੋਜੈਕਟ ਨੂੰ ਅੰਜਾਮ ਦਿੰਦੇ ਹੋਏ ਏ ਆਈ ਸੀ ਈ ਸੋਸਾਇਟੀ ਵੱਲੋਂ ਚਲਾਏ ਜਾ ਰਹੇ ਸਿੱਖਿਅਕ ਸੈਂਟਰ 'ਚ ਵਿਭਿੰਨ ਸਕੂਲਾਂ 'ਚ ਆ ਕੇ ਮੁਫਤ ਕੰਪਿਊਟਰ ਸਿੱਖਿਆ ਪ੍ਰਾਪਤ ਕਰਨ ਵਾਲੀਆਂ ਲੜਕੀਆਂ ਨੂੰ ਕਲੱਬ ਵੱਲੋਂ ਗਰਮ ਟੋਪੀਆਂ ਅਤੇ ਖਾਣ ਪੀਣ ਦੀ ਸਮੱਗਰੀ ਵੰਡੀ। ਏ ਆਈ ਸੀ ਈ ਸੋਸਾਇਟੀ ਦੇ ਸੀਨੀਅਰ ਮੈਂਬਰ ਰਸਜੀਤ ਸਿੰਘ ਖੇੜਾ ਨੇ ਰੋਟਰੀ ਦੇ ਸਮੂਹ ਮੈਂਬਰ ਅਤੇ ਅਹੁਦੇਦਾਰਾਂ ਦਾ ਸਵਾਗਤ ਕੀਤਾ। ਕਲੱਬ ਦੇ ਅਸ਼ਵਨੀ ਅਵਸਥੀ ਨੇ ਵਿਦਿਆਰਥੀਆਂ ਅਤੇ ਸਟਾਫ ਨੂੰ ਭਰੋਸਾ ਦਿੱਤਾ ਕਿ ਉਹ ਭਵਿੱਖ 'ਚ ਵੀ ਉਨ੍ਹਾਂ ਦੀ ਸਹਾਇਤਾ ਲਈ ਨਿਰੰਤਰ ਪ੍ਰੋਜੈਕਟ ਜਾਰੀ ਰੱਖਣਗੇ। ਉਨ੍ਹਾ ਸੈਂਟਰ 'ਚ ਸਿੱਖਿਆ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਕਿਹਾ ਕਿ ਅੱਜ ਦੇ ਇਸ ਆਧੁਨਿਕ ਯੁੱਗ 'ਚ ਲੜਕੀਆਂ ਹਰ ਮੁਕਾਮ 'ਚ ਆਪਣਾ ਸਥਾਨ ਪ੍ਰਾਪਤ ਕਰ ਚੁੱਕੀਆਂ ਹਨ। ਕਿਸੇ ਵੀ ਖੇਤਰ 'ਚ ਲੜਕੀਆਂ ਅੱਜ ਪਿੱਛੇ ਨਹੀਂ ਹਨ। ਉਨ੍ਹਾ ਨੇ ਸੈਂਟਰ ਦੀ ਪ੍ਰਿੰਸੀਪਲ ਮੀਨੂੰ ਰਾਜਪੂਤ, ਮੈਡਮ ਕਮਲਦੀਪ ਕੌਰ ਅਤੇ ਹੋਰ ਪ੍ਰਬੰਧਕਾਂ ਦੀ ਭਰਪੂਰ ਸ਼ਲਾਘਾ ਕੀਤੀ ਜੋ ਵਿਦਿਆਰਥੀਆਂ ਨੂੰ ਆਤਮ ਨਿਰਭਰ ਬਣਾਉਣ 'ਚ ਕੋਸ਼ਿਸ਼ ਕਰ ਰਹੇ ਹਨ। ਸੋਸਾਇਟੀ ਦੇ ਸੀਨੀਅਰ ਮੈਂਬਰ ਇੰਜੀ. ਅਸ਼ੋਕ ਸ਼ਰਮਾ ਨੇ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਾਬਕਾ ਸਹਾਇਕ ਗਵਰਨਰ ਪਰਮਜੀਤ ਸਿੰਘ, ਸਾਬਕਾ ਪ੍ਰਧਾਨ ਅੰਦੇਸ਼ ਭੱਲਾ, ਰੋਟੇਰੀਅਨ ਅਵਤਾਰ ਸੱਭਰਵਾਲ, ਖੰਡਵਾਲਾ ਮਾਰਕਿਟ ਦੇ ਪ੍ਰਧਾਨ ਨਰੇਸ਼ ਰਾਣਾ, ਬਲਰਾਮ ਕ੍ਰਿਸ਼ਨ ਸਹਿਤ ਭਾਰੀ ਗਿਣਤੀ 'ਚ ਰੋਟਰੀ ਮੈਂਬਰ ਅਤੇ ਖੇਤਰ ਦੇ ਪਤਵੰਤੇ ਮੌਜੂਦ ਸਨ।

# ਸ਼ਹੀਦ ਹੋਏ ਬਲਵਿੰਦਰ ਸਿੰਘ ਦਾ ਅੱਜ ਪਿੰਡ ਗਿੱਲ ਵੜੈਚ 'ਚ ਹੋਵੇਗਾ ਸ਼ਰਧਾਂਜਲੀ ਸਮਾਗਮ

ਤਰਨ ਤਾਰਨ (ਪ੍ਰਿਤਪਾਲ ਸਿੰਘ) : ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਕਿਸਾਨਾਂ ਮਜ਼ਦੂਰਾਂ ਸਮੇਤ ਆਮ ਵਰਗ ਦੀਆਂ ਹੱਕੀ ਮੰਗਾਂ ਲਈ ਡੀ ਸੀ ਦਫਤਰ ਤਰਨ ਤਾਰਨ ਅੱਗੇ ਚੱਲ ਰਹੇ ਮੋਰਚੇ 'ਚ 7 ਦਸੰਬਰ ਨੂੰ ਸ਼ਹੀਦ ਹੋਏ ਬਲਵਿੰਦਰ ਸਿੰਘ ਦਾ ਸ਼ਰਧਾਂਜਲੀ ਸਮਾਗਮ 23 ਦਸੰਬਰ ਨੂੰ ਉਨਾਂ ਦੇ ਜੱਦੀ ਪਿੰਡ ਗਿੱਲ ਵੜੈਚ ਵਿਖੇ ਹੋਵੇਗਾ। ਜਿਸ 'ਚ ਪੰਜਾਬ ਦੇ ਵੱਖ ਵੱਖ ਜ਼ਿਲ੍ਹਿਆਂ 'ਚੋਂ ਕਿਸਾਨ ਮਜ਼ਦੂਰ ਪਹੁੰਚ ਕੇ ਆਪਣੇ ਵਿਛੜੇ ਸਾਥੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ। ਅੱਜ ਮੋਰਚੇ ਦੇ 26ਵੇਂ ਦਿਨ ਸੈਂਕੜੇ ਕਿਸਾਨਾਂ ਮਜ਼ਦੂਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਹਰਪ੍ਰੀਤ ਸਿੰਘ ਪੰਡੋਰੀ ਸਿੱਧਵਾਂ, ਸਤਨਾਮ ਸਿੰਘ ਮਾਣੋਚਾਹਲ, ਦਿਆਲ ਸਿੰਘ ਮੀਆਂਵਿੰਡ, ਫਤਿਹ ਸਿੰਘ ਪਿੱਦੀ ਨੇ ਕਿਹਾ ਕਿ ਕਾਰਪੋਰੇਟ ਜਗਤ ਦੇ ਦਲਾਲ ਹਾਕਮ ਆਮ ਲੋਕਾਂ ਦੀ ਅਵਾਜ਼ ਦਬਾਉਣ ਲਈ ਛਲ, ਕਪਟ, ਜਬਰ ਅਤੇ ਜ਼ੁਲਮ ਹਰ ਹਰਬਾ ਵਰਤਦੇ ਹਨ । ਜਿਸ ਦੀ ਤਾਜ਼ਾ ਮਿਸਾਲ ਮਾਲਬਰੋਜ ਸ਼ਰਾਬ ਫੈਕਟਰੀ ਜ਼ੀਰਾ ਅੱਗੇ ਸ਼ਾਂਤਮਈ ਧਰਨਾਂ ਦੇ ਰਹੇ ਲੋਕਾਂ ਨੂੰ ਜਬਰੀ ਉਠਾ ਕੇ ਹਰ ਹਾਲਤ 'ਚ ਫੈਕਟਰੀ ਚਲਾਉਣ ਲਈ ਸਰਕਾਰ ਪੂਰਾ ਜ਼ੋਰ ਲਗਾ ਰਹੀ ਹੈ ਜਦਕਿ ਸਚਾਈ ਇਹ ਹੈ ਕਿ ਉਸ ਸ਼ਰਾਬ ਫੈਕਟਰੀ ਕਾਰਨ ਆਸ ਪਾਸ ਦੇ ਦਰਜਨਾਂ ਪਿੰਡਾਂ ਦਾ ਧਰਤੀ ਹੇਠਲਾ ਪਾਣੀ ਅਤਿ ਜ਼ਹਿਰੀਲਾ ਹੋ ਚੁੱਕਾ ਹੈ ,ਜਿਸ ਕਾਰਨ ਲੋਕ ਭਿਆਨਕ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ । ਕਿਸਾਨ ਆਗੂਆਂ ਨੇ ਅੱਗੇ ਕਿਹਾ ਕੇ ਆਪਣੇ ਗੀਤਾਂ ਰਾਹੀਂ ਲੋਕ ਮਸਲਿਆਂ ਦੀ ਗੱਲ ਕਰਨ ਵਾਲੇ ਗਾਇਕ ਰਣਜੀਤ ਬਾਵਾ ਅਤੇ ਕੰਵਰ ਗਰੇਵਾਲ ਖਿਲਾਫ ਕੀਤੀ ਕਾਰਵਾਈ ਵੀ ਲੋਕ ਹੱਕਾਂ ਦੀ ਅਵਾਜ਼ ਦਬਾਉਣ ਦਾ ਕੋਝਾ ਯਤਨ ਹੈ,ਜਿਸ ਦੀ ਜਥੇਬੰਦੀ ਨਿੰਦਾ ਕਰਦੀ ਹੈ। ਉਨਾਂ ਨੇ ਜ਼ੋਰਦਾਰ ਮੰਗ ਕੀਤੀ ਕਿ ਮਾਲਬਰੋਜ ਸ਼ਰਾਬ ਫੈਕਟਰੀ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ ਅਤੇ ਸ਼ਾਂਤਮਈ ਧਰਨਾ ਦੇ ਰਹੇ ਕਿਸਾਨਾਂ ਮਜ਼ਦੂਰਾਂ ਅਤੇ ਇਲਾਕੇ ਦੇ ਲੋਕਾਂ ਉੱਤੇ ਕੀਤੇ ਪਰਚੇ ਰੱਦ ਅਤੇ ਗ੍ਰਿਫਤਾਰ ਕਿਸਾਨ ਤੁਰੰਤ ਰਿਹਾਅ ਕੀਤੇ ਜਾਣ। ਡੀ ਸੀ ਦਫਤਰ ਧਰਨਿਆਂ ਦੀਆਂ ਮੰਗਾਂ ਤੁਰੰਤ ਹੱਲ ਕੀਤੀਆਂ ਜਾਣ, ਨਸ਼ੇ ਦੇ ਸੌਦਾਗਰਾਂ ਨੂੰ ਨੱਥ ਪਾਈ ਜਾਵੇ, ਸਰਕਾਰੀ ਅਦਾਰਿਆਂ 'ਚ ਫੈਲਿਆ ਭ੍ਰਿਸ਼ਟਾਚਾਰ ਬੰਦ ਕੀਤਾ ਜਾਵੇ, ਨੌਜਵਾਨਾਂ ਨੂੰ ਰੁਜ਼ਗਾਰ ਦਿੱਤਾ ਜਾਵੇ । ਇਸ ਮੌਕੇ ਹਰਬਿੰਦਰਜੀਤ ਸਿੰਘ ਕੰਗ, ਮੁਖਤਾਰ ਸਿੰਘ ਬਿਹਾਰੀਪੁਰ, ਕੁਲਵੰਤ ਸਿੰਘ ਭੈਲ, ਜਵਾਹਰ ਸਿੰਘ ਟਾਂਡਾ, ਪਾਖਰ ਸਿੰਘ ਲਾਲਪੁਰਾ,ਸਤਨਾਮ ਸਿੰਘ ਖੋਜਕੀਪੁਰ, ਇਕਬਾਲ ਸਿੰਘ ਵੜਿੰਗ, ਭਗਵਾਨ ਸਿੰਘ ਸੰਘਰ, ਸੁਖਚੈਨ ਸਿੰਘ ਅੱਲੋਵਾਲ, ਬਲਜਿੰਦਰ ਸਿੰਘ ਸ਼ੇਰੋਂ, ਤਜਿੰਦਰਪਾਲ ਸਿੰਘ ਰਸੂਲਪੁਰ ਫਤਿਹ ਸਿੰਘ ਵਲੰਟੀਅਰ, ਹਰਜਿੰਦਰ ਸਿੰਘ ਘੱਗੇ, ਪ੍ਰਿ. ਨਵਤੇਜ ਸਿੰਘ ਏਕਲ ਗੱਡਾ, ਕੁਲਦੀਪ ਸਿੰਘ ਵੇਈਂਪੁਈਂ , ਚਮਕੌਰ ਸਿੰਘ ਮੰਡਾਲਾ ਆਦਿ ਹਾਜ਼ਰ ਸਨ ।

# ਸਰਹਾਲੀ ਥਾਣੇ 'ਤੇ ਹੋਏ ਆਰ ਪੀ ਜੀ ਹਮਲੇ 'ਚ 7 ਬੱਚਿਆਂ ਨੂੰ ਦਿੱਤਾ ਮੁਆਫੀਨਾਮਾ

ਤਰਨ ਤਾਰਨ ( ਪ੍ਰਿਤਪਾਲ ਸਿੰਘ) : ਤਰਨ ਤਾਰਨ ਪੁਲਸ ਵੱਲੋਂ ਅੱਜ ਇੱਕ ਨਿਵੇਕਲੀ ਪਹਿਲ ਦਾ ਉਪਰਾਲਾ ਕੀਤਾ ਗਿਆ , ਜਿਸ 'ਚ ਮਾਣਯੋਗ ਗੁਰਮੀਤ ਸਿੰਘ ਚੌਹਾਨ (ਆਈ ਪੀ ਐਸ) ਐਸ ਐਸ ਪੀ ਤਰਨ ਤਾਰਨ ਵੱਲੋਂ ਦੱਸਿਆ ਗਿਆ ਹੈ ਕਿ ਪਿਛਲੇ ਦਿਨੀਂ ਸਰਹਾਲੀ ਥਾਣੇ ਉੱਪਰ ਹੋਏ ਆਰ ਪੀ ਜੀ ਅਟੈਕ 'ਚ ਜਿੱਥੇ 7 ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਇਸ ਅਟੈਕ ਦੇ ਦੋਸ਼ੀਆਂ ਨੂੰ ਟਰੇਸ ਕੀਤਾ ਗਿਆ ਸੀ,ਉਥੇ ਹੀ ਇਸ ਕੇਸ ਨਾਲ ਸੰਬੰਧਤ ਘੱਟ ਉਮਰ ਵਾਲੇ ਕੁੱਲ 7 ਬੱਚੇ ਵੀ ਇਸ ਕੇਸ 'ਚ ਕਾਬੂ ਕੀਤੇ ਗਏ ਸਨ, ਜਿੰਨਾ ਵਿੱਚੋਂ ਕੁੱਝ ਇਸ ਵਾਰਦਾਤ ਲਈ ਆਏ ਪੈਸਿਆਂ ਨੂੰ ਲੈਣ ਲਈ ਦੋਸ਼ੀਆਂ ਦੇ ਨਾਲ ਗਏ ਸਨ। ਕੁੱਝ ਵੱਲੋਂ ਆਪਣੇ ਮੋਟਰਸਾਈਕਲਾਂ ਦੀ ਵਰਤੋਂ ਕੀਤੀ ਗਈ ਸੀ ਅਤੇ ਕੁੱਝ ਨੇ ਇਸ ਵਾਰਦਾਤ ਲਈ ਵਰਤੇ ਸਮਾਨ ਨੂੰ ਇੱਕ ਜਗ੍ਹਾ ਤੋਂ ਦੂਜੀ ਜਗ੍ਹਾ 'ਤੇ ਪਹੁੰਚਾਇਆ ਸੀ। ਜਿਸ 'ਤੇ ਤਰਨ ਤਾਰਨ ਪੁਲਸ ਵੱਲੋਂ ਇੱਕ ਨਿਵੇਕਲੀ ਪਹਿਲ ਕਰਦਿਆਂ ਉਨ੍ਹਾਂ ਬੱਚਿਆਂ ਦੇ ਭਵਿੱਖ ਨੂੰ ਦੇਖਦਿਆਂ ਐਸ ਐਸ ਪੀ ਦਫਤਰ ਤਰਨ ਤਾਰਨ ਵਿਖੇ ਮੀਡੀਆ ਦੀ ਹਾਜ਼ਰੀ 'ਚ ਉਨ੍ਹਾਂ ਨੂੰ ਪਹਿਲਾ ਮੌਕਾ ਦੇ ਕੇ ਮੁਆਫੀਨਾਮਾ ਦਿੱਤਾ ਗਿਆ ਹੈ। ਉਨ੍ਹਾਂ ਦੀ ਪੜ੍ਹਨ ਲਿਖਣ ਦੀ ਉਮਰ ਨੂੰ ਦੇਖਦਿਆਂ ਐਸ ਐਸ ਪੀ ਤਰਨ ਤਾਰਨ ਵੱਲੋਂ ਇਨ੍ਹਾਂ ਸਾਰਿਆਂ ਬੱਚਿਆਂ ਨੂੰ ਮੁਆਫੀਨਾਮਾ ਦਿੱਤਾ ਗਿਆ। ਮੁਆਫੀਨਾਮੇ ਦੌਰਾਨ ਇਨ੍ਹਾਂ ਬੱਚਿਆਂ ਦੇ ਮਾਤਾ-ਪਿਤਾ ਅਤੇ ਉਨ੍ਹਾਂ ਦੇ ਪਿੰਡ ਦੇ ਮੁਹਤਬਰ ਵਿਅਕਤੀਆਂ ਨੂੰ ਸੱਦ ਕੇ ਦੱਸਿਆ ਗਿਆ ਕਿ ਇਹ ਬੱਚੇ ਇਸ ਜੁਰਮ 'ਚ ਸ਼ਾਮਲ ਸਨ, ਪਰ ਤੁਹਾਡੀ ਹਾਜ਼ਰੀ 'ਚ ਇਨ੍ਹਾਂ ਨੂੰ ਤਰਨ ਤਾਰਨ ਪੁਲਸ ਵੱਲੋਂ ਭਵਿੱਖ ਬਣਾਉਣ ਦਾ ਇੱਕ ਮੌਕਾ ਦਿੱਤਾ ਜਾ ਰਿਹਾ ਹੈ।

ਇਸ ਮੌਕੇ ਇਨ੍ਹਾਂ ਬੱਚਿਆਂ ਦੇ ਮਾਤਾ-ਪਿਤਾ ਨੇ ਤਰਨ ਤਾਰਨ ਪੁਲਸ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਤਰਨ ਤਾਰਨ ਪੁਲਸ ਦਾ ਇਹ ਬਹੁਤ ਵਧੀਆ ਉਪਰਾਲਾ ਹੈ। ਇਸ ਮੌਕੇ ਐਸ ਐਸ ਪੀ ਸਾਹਿਬ ਤਰਨ ਤਾਰਨ ਵੱਲੋਂ ਜ਼ਿਲ੍ਹਾ ਤਰਨ ਤਾਰਨ ਦੇ ਸਮੂਹ ਨਿਵਾਸੀਆ ਨੂੰ ਅਪੀਲ ਕੀਤੀ ਗਈ ਕਿ ਹਰ ਮਾਤਾ-ਪਿਤਾ ਆਪਣੇ ਬੱਚਿਆਂ ਦਾ ਧਿਆਨ ਰੱਖੇ ਅਤੇ ਜੇਕਰ ਕਿਸੇ ਵੀ ਬੱਚੇ ਨੂੰ ਕਿਸੇ ਅਜਿਹੀ ਘਟਨਾ ਵਿੱਚ ਸ਼ਾਮਲ ਹੋਣ ਲਈ ਕੋਈ ਫੋਨ ਕਾਲ ਜਾਂ ਕੋਈ ਵੀ ਵਿਅਕਤੀ ਉਸ ਨੂੰ ਕੋਈ ਅਜਿਹੀ ਘਟਨਾ 'ਚ ਸ਼ਾਮਲ ਹੋਣ ਲਈ ਕਹਿੰਦਾ ਹੈ ਤਾਂ ਉਹ ਤਰਨ ਤਾਰਨ ਪੁਲਸ ਨੂੰ ਤਰੁੰਤ ਇਤਲਾਹ ਕਰ ਦੇਣ।

# ਪੁਲਸ ਨੇ ਮ੍ਰਿਤਕ ਔਰਤ ਦੀ ਦਫਨ ਲਾਸ਼ ਨੂੰ ਬਾਹਰ ਕਢਵਾ ਕੇ ਪੋਸਟ-ਮਾਰਟਮ ਲਈ ਭੇਜਿਆ



**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)** : ਅਜਨਾਲਾ ਦੇ ਪਿੰਡ ਗੁਰਾਲਾ ਦੀ ਰਹਿਣ ਵਾਲੀ 3 ਬੱਚਿਆਂ ਦੀ ਮਾਂ ਕੋਮਲ ਪਤਨੀ ਸ਼ਮਸ਼ੇਰ ਦੀ ਜੋ ਤਿੰਨ ਦਿਨ ਪਹਿਲਾਂ ਮੌਤ ਹੋ ਗਈ ਸੀ, ਜਿਸ ਦਾ ਸਹੁਰੇ ਪਰਵਾਰ ਨੇ ਕਰੰਟ ਲੱਗਣ ਦਾ ਕਾਰਨ ਦੱਸ ਕੇ ਲਾਸ਼ ਨੂੰ ਦਫਨਾ ਦਿੱਤਾ ਸੀ ਅਤੇ ਅੱਜ ਲੜਕੀ ਦੀ ਮਾਤਾ ਵੱਲੋਂ ਥਾਣਾ ਅਜਨਾਲਾ ਵਿਖੇ ਦਿੱਤੀ ਦਰਖਾਸਤ 'ਚ ਮ੍ਰਿਤਕਾ ਦੇ ਸਹੁਰੇ ਵੱਲੋਂ ਗਲਾ ਘੁੱਟ ਕੇ ਮਾਰਨ ਦਾ ਸ਼ੱਕ ਪ੍ਰਗਟ ਕਰਦਿਆਂ ਮੁਕੱਦਮਾ ਦਰਜ ਕਰਵਾ ਦਿੱਤਾ । ਜਿਸ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਅਜਨਾਲਾ ਦੇ ਸਬ ਇੰਸਪੈਕਟਰ ਆਗਿਆਪਾਲ ਸਿੰਘ ਨੇ ਦੱਸਿਆ ਕਿ ਮ੍ਰਿਤਕ ਲੜਕੀ ਕੋਮਲ, ਜਿਸ ਦਾ ਵਿਆਹ 7-8 ਸਾਲ ਪਹਿਲਾਂ ਪਿੰਡ ਗੁਰਾਲਾ ਦੇ ਵਾਸੀ ਸ਼ਮਸ਼ੇਰ ਪੁੱਤਰ ਖਜਾਨ ਮਸੀਹ ਨਾਲ ਹੋਇਆ ਸੀ, ਜਿਸ ਦੀ 17 ਦਸੰਬਰ ਨੂੰ ਹੋਈ ਮੌਤ ਦਾ ਸਹੁਰੇ ਪਰਵਾਰ ਵੱਲੋਂ ਕਰੰਟ ਲੱਗਣ ਦਾ ਕਾਰਨ ਦੱਸ ਕੇ 18 ਦਸੰਬਰ ਨੂੰ ਲਾਸ਼ ਨੂੰ ਦਫਨਾ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਮ੍ਰਿਤਕਾ ਲੜਕੀ ਦੀ ਮਾਤਾ ਕਸ਼ਮੀਰੋ ਵਾਸੀ ਅਜਨਾਲਾ ਨੇ ਪੁਲਸ ਨੂੰ ਦਿੱਤੀ ਦਰਖਾਸਤ 'ਚ ਦੱਸਿਆ ਕਿ ਉਨ੍ਹਾਂ ਨੂੰ ਸ਼ੱਕ ਹੈ ਕਿ ਲੜਕੀ ਦੀ ਮੌਤ ਕਰੰਟ ਲੱਗਣ ਦੀ ਬਜਾਏ ਗਲਾ ਘੁੱਟ ਕੇ ਕੀਤੀ ਗਈ ਹੈ, ਕਿਉਂਕਿ ਲੜਕੀ ਦੇ ਸਹੁਰੇ ਵੱਲੋਂ ਅਕਸਰ ਹੀ ਉਸ ਨਾਲ ਲੜਾਈ ਝਗੜਾ ਕੀਤਾ ਜਾਂਦਾ ਸੀ, ਜਿਸ 'ਤੇ ਕਾਰਵਾਈ ਕਰਦਿਆਂ ਪੁਲਸ ਵੱਲੋਂ 174 ਅਧੀਨ ਮੁਕੱਦਮਾ ਦਰਜ ਕਰਕੇ ਡਿਊਟੀ ਮੈਜਿਸਟਰੇਟ ਅਤੇ ਡਾਕਟਰਾਂ ਦੀ ਹਾਜ਼ਰੀ 'ਚ ਉਕਤ ਲਾਸ਼ ਨੂੰ ਬਾਹਰ ਕੱਢਿਆ ।ਆਗਿਆਪਾਲ ਨੇ ਅੱਗੇ ਦੱਸਿਆ ਕਿ ਲਾਸ਼ ਦਾ ਪੋਸਟਮਾਰਟਮ ਕਰਵਾ ਕੇ ਮੌਤ ਦੇ ਅਸਲ ਕਾਰਨਾਂ ਦਾ ਪਤਾ ਕਰਕੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

### ਮਾਮਲਾ ਜ਼ਮੀਨ ਦੀ ਚਾਰਦੀਵਾਰੀ ਕਰਨ ਦਾ

# ਪਰਵਾਰ ਨੇ ਲਗਾਏ ਪੰਚਾਇਤ 'ਤੇ ਤੰਗ-ਪ੍ਰੇਸ਼ਾਨ ਕਰਨ ਦੇ ਦੋਸ਼



**ਤਰਨ ਤਾਰਨ (ਸਾਗਰਦੀਪ ਸਿੰਘ ਅਰੋੜਾ)**-ਚੌਧਰੀ ਵਾਲਾ (ਨੌਸ਼ਹਿਰਾ ਪੰਨੂੰਆਂ) ਦੇ ਵਸਨੀਕ ਸੁਰਿੰਦਰ ਸਿੰਘ ਬਿੱਟੂ ਪੁੱਤਰ ਰੂੜ ਸਿੰਘ ਨੇ ਪਿੰਡ ਦੀ ਹੀ ਪੰਚਾਇਤ ਤੇ ਕੁਝ ਮੋਹਤਬਰਾਂ 'ਤੇ ਕਥਿਤ ਤੌਰ 'ਤੇ ਨਜਾਇਜ਼ ਤੰਗ ਪ੍ਰੇਸ਼ਾਨ ਕਰਨ ਦੇ ਦੋਸ਼ ਲਗਾਏ ਜਾਣ ਸਬੰਧੀ ਮਾਮਲਾ ਸਾਹਮਣੇ ਆਇਆ ਜਦਕਿ ਪਿੰਡ ਦੀ ਪੰਚਾਇਤ ਵੱਲੋਂ ਸਾਰੇ ਹੀ ਦੋਸ਼ਾਂ ਨੂੰ ਨਕਾਰਦਿਆਂ ਉਲਟਾ ਸੁਰਿੰਦਰ ਸਿੰਘ 'ਤੇ ਹੀ ਪੰਚਾਇਤੀ ਜ਼ਮੀਨ 'ਤੇ ਕਬਜ਼ਾ ਕਰਨ ਦੇ ਦੋਸ਼ ਲਗਾਏ ਗਏ ਹਨ।

ਇਸ ਸਬੰਧ ਵਿੱਚ ਦੋਸ਼ ਲਗਾਉਂਦਿਆਂ ਸੁਰਿੰਦਰ ਸਿੰਘ ਪੁੱਤਰ ਰੂੜ ਸਿੰਘ ਨੇ ਦੱਸਿਆਂ ਕਿ ਤਕਰੀਬਨ 30 ਸਾਲ ਪਹਿਲਾਂ ਪਿੰਡ ਚੌਧਰੀ ਵਾਲਾ ਦੀ ਪੰਚਾਇਤ ਨੇ ਸਰਕਾਰੀ ਰਸਤਾ ਸਿੱਧਾ ਕਰਨ ਲਈ ਉਨ੍ਹਾਂ ਨਾਲ 1 ਕਨਾਲ 2 ਮਰਲੇ ਦਾ ਵਟਾਂਦਰਾ ਪੰਚਾਇਤੀ ਜ਼ਮੀਨ ਨਾਲ ਕਰ ਲਿਆ ਜਿਸ ਦਾ ਪੰਚਾਇਤੀ ਮਤਾ ਵੀ ਉਨ੍ਹਾਂ ਦੇ ਕੋਲ ਹੈ। ਉਨ੍ਹਾਂ ਦੋਸ਼ ਲਗਾਉਂਦਿਆਂ ਕਿਹਾ ਕਿ ਪਿੰਡ ਦੀ ਪੰਚਾਇਤ ਤੇ ਰਛਪਾਲ ਸਿੰਘ, ਸਰਬਰਿੰਦਰ ਸਿੰਘ ਅਤੇ ਕੰਵਲਜੀਤ ਕੌਰ ਉਨ੍ਹਾਂ ਨੂੰ ਤੰਗ-ਪ੍ਰੇਸ਼ਾਨ ਕਰ ਰਹੇ ਹਨ ਤੇ ਉਸਨੂੰ ਆਪਣੀ ਹੀ ਜ਼ਮੀਨ ਦੀ ਚਾਰਦੀਵਾਰੀ ਨਹੀਂ ਕਰਨ ਦਿੰਦੇ। ਕੁਝ ਸਮਾਜ ਸੇਵੀ ਸੰਸਥਾਵਾਂ ਨੂੰ ਗੁੰਮਰਾਹ ਕਰਕੇ ਸਰਕਾਰੀ ਦਫਤਰਾਂ ਦੇ ਬਾਹਰ ਧਰਨੇ ਲਗਾ ਕੇ ਨਜਾਇਜ਼ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।

ਜਦਕਿ ਦੂਜੀ ਧਿਰ ਕੰਵਲਜੀਤ ਕੌਰ ਤੇ ਪਿੰਡ ਦੇ ਸਰਪੰਚ ਨੇ ਸਾਰੇ ਹੀ ਦੋਸ਼ਾਂ ਨੂੰ ਨਕਾਰਿਆ ਤੇ ਦੋਸ਼ ਲਗਾਉਂਦਿਆਂ ਕਿਹਾ ਕਿ ਸੁਰਿੰਦਰ ਤੇ ਉਕਤ ਉਸਦੇ ਪਰਿਵਾਰ ਵੱਲੋਂ ਨਜਾਇਜ਼ ਤੌਰ 'ਤੇ ਪਿੰਡ ਦੀ ਪੰਚਾਇਤੀ ਜ਼ਮੀਨ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜੋ ਕਿ ਅਸੀਂ ਕਿਸੇ ਵੀ ਕੀਮਤ 'ਤੇ ਨਹੀਂ ਹੋਣ ਦੇਵਾਂਗੇ ਜਦਕਿ ਸਬੰਧਤ ਰਕਬੇ ਦੇ ਪਟਵਾਰੀ ਹਿੰਮਤ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਰਿਕਾਰਡ ਮੁਤਾਬਕ 1 ਕਨਾਲ 2 ਮਰਲੇ ਜਗ੍ਹਾ ਰੂੜ ਸਿੰਘ ਦੇ ਪਰਿਵਾਰਕ ਮੈਂਬਰਾਂ ਦੇ ਨਾਮ 'ਤੇ ਦਰਜ ਹੈ ਨਾ ਕਿ ਪਿੰਡ ਦੀ ਪੰਚਾਇਤ ਦੇ ਨਾਮ 'ਤੇ ਅਤੇ ਰਿਕਾਰਡ ਮੁਤਾਬਕ ਜ਼ਮੀਨ ਸੁਰਿੰਦਰ ਸਿੰਘ ਤੇ ਉਸਦੇ ਪਰਿਵਾਰ ਦੀ ਹੈ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਲੋਕਾਂ ਨੂੰ ਸੰਘਰਸ਼ਾਂ 'ਚ ਡਟਣ ਦਾ ਸੱਦਾ



**ਝਬਾਲ (ਹਰਜਿੰਦਰ ਸਿੰਘ ਸੋਨੀ,ਰੌਬਿਨ ਸਿੰਘ ਸੋਨੀ)** : ਅੱਜ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ( ਪੰਜਾਬ) ਵੱਲੋਂ ਡੀ ਸੀ ਦਫਤਰ ਤਰਨ ਤਾਰਨ ਅੱਗੇ ਲੱਗਾ ਮੋਰਚਾ ਅਤਿ ਦੀ ਠੰਢ 'ਚ 27ਵੇਂ ਦਿਨ ਵੀ ਲਗਾਤਾਰ ਜਾਰੀ ਹੈ। ਸ੍ਰੀ ਅੰਮ੍ਰਿਤਸਰ ਤੋਂ ਖੇਮਕਰਨ ਰੋਡ ਮੰਨਣ ਟੋਲ ਪਲਾਜ਼ਾ ਉਪਰ 15 ਦਸੰਬਰ ਤੋਂ ਲਗਾਤਾਰ ਬੈਠੇ ਕਿਰਤੀ ਕਿਸਾਨਾਂ ਤੇ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਹਰਪ੍ਰੀਤ ਸਿੰਘ ਪੰਡੋਰੀ ਸਿੱਧਵਾਂ,ਜ਼ਿਲਾ ਆਗੂ ਹਰਪਾਲ ਸਿੰਘ ਪੰਡੋਰੀ ਸਿੱਧਵਾਂ,ਜ਼ੋਨ ਪ੍ਰਧਾਨ ਮਨਜਿੰਦਰ ਸਿੰਘ ਗੋਹਲਵੜ, ਜ਼ੋਨ ਸਕੱਤਰ ਹਰਦੀਪ ਸਿੰਘ ਜੌਹਲ,ਜ਼ੋਨ ਮੀਤ ਪ੍ਰਧਾਨ ਅੰਗਰੇਜ਼ ਸਿੰਘ ਦਬੁਰਜੀ ਨੇ ਕਿਹਾ ਕਿ ਕਾਰਪੋਰੇਟ ਘਰਾਣੇ ਸਾਡੇ ਕੁਦਰਤੀ ਸੋਮੇ,ਧਰਤੀ ਹਵਾ,ਪਾਣੀ ਉੱਤੇ ਪੂਰੀ ਤਰ੍ਹਾਂ ਕਬਜ਼ਾ ਕਰਨਾ ਚਾਹੁੰਦੇ ਹਨ। ਸਰਕਾਰਾਂ ਉਨ੍ਹਾਂ ਦੀ ਪੁਸ਼ਤਪਨਾਹੀ ਕਰ ਰਹੀਆਂ ਹਨ। ਉਨ੍ਹਾ ਕਿਹਾ ਕਿ ਜ਼ੀਰਾ ਦੇ ਪਿੰਡ ਮਨਸੂਰਵਾਲਾ ਅਤੇ ਇਲਾਕੇ ਦੇ ਪਿੰਡਾਂ ਦਾ ਪਾਣੀ ਖਰਾਬ ਕਰਨ ਤੇ ਹਜ਼ਾਰਾਂ ਲੋਕਾਂ ਦਾ ਜੀਵਨ ਨਰਕ ਬਣਾਉਣ ਵਾਲੀ ਮਾਲਬਰੋਜ਼ ਸ਼ਰਾਬ ਫੈਕਟਰੀ ਅੱਗੇ ਪੰਜ ਮਹੀਨਿਆਂ ਤੋਂ ਲੱਗੇ ਪੱਕੇ ਮੋਰਚੇ ਨੂੰ ਖਦੇੜਨ ਤੇ ਧੱਕੇ ਨਾਲ ਸ਼ਰਾਬ ਫੈਕਟਰੀ ਚਲਾਉਣ ਲਈ ਭਗਵੰਤ ਮਾਨ ਸਰਕਾਰ ਨੇ ਦੋ ਹਜ਼ਾਰ ਪੁਲਸ ਕਰਮੀ ਲਗਾਏ ਹੋਏ ਹਨ,ਲੋਕਾਂ ਉੱਤੇ ਜਬਰ ਜ਼ੁਲਮ ਢਾਹਿਆ ਜਾ ਰਿਹਾ ਹੈ। ਇਸ ਲਈ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ (ਪੰਜਾਬ) ਵੱਲੋਂ ਵੱਡੇ ਜਥੇ ਮੋਰਚੇ 'ਚ ਭੇਜੇ ਜਾ ਰਹੇ ਹਨ। ਕਿਸਾਨ ਆਗੂਆਂ ਨੇ ਅੱਗੇ ਕਿਹਾ ਕਿ ਲੋਕਾਂ ਦੀਆਂ ਜ਼ਿੰਦਗੀਆਂ ਬਚਾਉਣ ਲਈ ਲੱਗੇ ਮੋਰਚੇ ਨੂੰ ਹਰ ਹਾਲਤ 'ਚ ਜਾਰੀ ਰੱਖਿਆ ਜਾਵੇਗਾ ਅਤੇ ਫੈਕਟਰੀ ਨਹੀਂ ਚੱਲਣ ਦਿੱਤੀ ਜਾਵੇਗੀ। ਕਿਸਾਨ ਆਗੂਆਂ ਨੇ ਕਿਹਾ ਕਿ ਇਹ ਸਿਰਫ ਜ਼ੀਰਾ ਸ਼ਰਾਬ ਫੈਕਟਰੀ ਦਾ ਸਵਾਲ ਨਹੀਂ ਹੈ,ਇਹ ਪੂਰੇ ਪੰਜਾਬ ਦੇ ਹਵਾ,ਪਾਣੀ ਧਰਤੀ ਨੂੰ ਕਾਰਪੋਰੇਟਾਂ ਤੋਂ ਬਚਾਉਣ ਦਾ ਸਵਾਲ ਹੈ। ਪੰਜਾਬ ਦੇ ਹਾਕਮ ਅੱਖਾਂ ਬੰਦ ਕਰਕੇ ਬੈਠੇ ਹਨ ਅਤੇ ਕਾਰਪੋਰੇਟ ਨਾਲ ਇਨ੍ਹਾਂ ਦਾ ਗੱਠਜੋੜ ਬਣਿਆ ਹੋਇਆ ਹੈ ਜੋ ਪੰਜਾਬ ਦੀ ਤਬਾਹੀ ਦਾ ਕਾਰਨ ਬਣ ਰਿਹਾ ਹੈ। ਇਸ ਮੌਕੇ ਪ੍ਰਧਾਨ ਅਮਰੀਕ ਸਿੰਘ ਬਾਲਾਚੱਕ,ਗੁਰਮੇਜ ਸਿੰਘ, ਮਨਜਿੰਦਰ ਸਿੰਘ,ਮਨਜੀਤ ਸਿੰਘ, ਸੁਖਵਿੰਦਰ ਸਿੰਘ,ਜਗਤਾਰ ਸਿੰਘ, ਬਲਦੇਵ ਸਿੰਘ ਦਬੁਰਜੀ,ਹਰਦੇਵ ਸਿੰਘ, ਸਕੱਤਰ ਸਿੰਘ,ਦਲਬੀਰ ਸਿੰਘ,ਗੁਰਮੀਤ ਸਿੰਘ,ਹਰਜਿੰਦਰ ਸਿੰਘ ਬਾਲਾਚੱਕ, ਪਰਮਜੀਤ ਸਿੰਘ ਮੰਨਣ,ਜਗਜੀਤ ਸਿੰਘ, ਬਲਜੀਤ ਸਿੰਘ,ਬਚਿੱਤਰ ਸਿੰਘ ਆਦਿ ਹਾਜ਼ਰ ਸਨ।

# ਲੈਕਚਰਾਰ ਜੁਨੇਸ਼ ਗੁਪਤਾ ਦੀ ਮੁਅੱਤਲੀ ਰੱਦ ਕਰਵਾਉਣ ਸੰਬੰਧੀ ਦਿੱਤਾ ਮੰਗ ਪੱਤਰ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਡੀਟੀਐੱਫ ਦੇ ਜ਼ਿਲਾ ਪ੍ਰਧਾਨ ਪਰਤਾਪ ਸਿੰਘ ਠੱਠਗੜ੍ਹ, ਸੀਨੀਅਰ ਮੀਤ ਪ੍ਰਧਾਨ ਕੰਵਰਦੀਪ ਸਿੰਘ ਢਿੱਲੋਂ ਅਤੇ ਜਨਰਲ ਸਕੱਤਰ ਕਸ਼ਮੀਰ ਸਿੰਘ ਚੋਹਲਾ ਦੀ ਅਗਵਾਈ ਹੇਠ ਕੈਬਿਨੇਟ ਮੰਤਰੀ ਲਾਲਜੀਤ ਸਿੰਘ ਭੁੱਲਰ ਅਤੇ ਜ਼ਿਲਾ ਸਿੱਖਿਆ ਅਫਸਰ (ਸੈ:ਸਿੱ:) ਸਤਨਾਮ ਸਿੰਘ ਬਾਠ ਨੂੰ ਪਿਛਲੇ ਦਿਨੀਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਵਿੱਚ ਤਾਇਨਾਤ ਲੈਕਚਰਾਰ ਜੁਨੇਸ਼ ਗੁਪਤਾ ਦੀ ਮੁਅੱਤਲੀ ਨੂੰ ਰੱਦ ਕਰਵਾਉਣ ਸੰਬੰਧੀ ਮੰਗ ਪੱਤਰ ਦਿੱਤਾ ਗਿਆ। ਪਿਛਲੇ ਦਿਨੀਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਦਿੱਲੀ ਦੇ ਸਿੱਖਿਆ ਮੰਤਰੀ ਮੁਨੀਸ਼ ਸਿਸੋਦੀਆ ਦੁਆਰਾ ਸਕੂਲ ਚੈਕਿੰਗ ਦੌਰਾਨ ਨਾਜਾਇਜ਼ ਰੂਪ ਵਿੱਚ ਉਕਤ ਅਧਿਆਪਕ ਦਾ ਪੱਖ ਸੁਣੇ ਬਿਨਾਂ ਮੁਅੱਤਲ ਕੀਤਾ ਗਿਆ। ਇਹ ਅਧਿਆਪਕ ਬਹੁਤ ਮਿਹਨਤੀ ਅਧਿਆਪਕ ਹੈ।

ਅਸੀਂ ਡੀ. ਟੀ. ਐੱਫ. ਅਧਿਆਪਕ ਜਥੇਬੰਦੀ ਵੱਲੋਂ ਪੁਰਜ਼ੋਰ ਮੰਗ ਕਰਦੇ ਹਾਂ ਕਿ ਇਸ ਅਧਿਆਪਕ ਦੀ ਮੁਅੱਤਲੀ ਨੂੰ ਤੁਰੰਤ ਪ੍ਰਭਾਵ ਨਾਲ ਰੱਦ ਕੀਤਾ ਜਾਵੇ ਤਾਂ ਜੋ ਇਹ ਅਧਿਆਪਕ ਮਾਨਸਿਕ ਪ੍ਰੇਸ਼ਾਨੀ ਦਾ ਸ਼ਿਕਾਰ ਨਾ ਹੋਵੇ। ਇਸ ਮੌਕੇ ਡੀ. ਟੀ. ਐੱਫ. ਦੇ ਵਿੱਤ ਸਕੱਤਰ ਅਮਰਦੀਪ ਸ਼ਰਮਾ, ਬਲਰਾਜ ਸਿੰਘ ਕੱਦ ਗਿੱਲ, ਜਸਵਿੰਦਰ ਸਿੰਘ, ਕੁਲਵਿੰਦਰ ਸਿੰਘ, ਭੁਪਿੰਦਰ ਸਿੰਘ ਨਾਗੀ, ਪ੍ਰਿੰਸਦੀਪ ਸਿੰਘ, ਜਸਕੀਰਤ ਸਿੰਘ, ਗੁਰਪ੍ਰੀਤ ਹੈੱਡ, ਕਰਨਦੀਪ ਸਿੰਘ, ਸਰਬਜੀਤ ਸਿੰਘ ਕਾਜ਼ੀਕੋਟ, ਗੁਰਪ੍ਰੀਤ ਸਿੰਘ ਖੁੱਡੀ ਕਲਾਂ ਅਤੇ ਜਰਮਨਜੀਤ ਸਿੰਘ ਸ਼ਫੀਪੁਰ ਆਦਿ ਹਾਜ਼ਰ ਹੋਏ।


# ਪ੍ਰਵਾਸੀ ਪੰਜਾਬੀ ਭਰਾਵਾਂ ਨੂੰ ਜੀ ਆਇਆਂ ਨੂੰ




## ਪੰਜਾਬੀ ਐਨ.ਆਰ.ਆਈਜ਼ ਨਾਲ ਮਿਲਣੀ

ਪ੍ਰਵਾਸੀ ਪੰਜਾਬੀਆਂ ਦੀਆਂ ਸ਼ਿਕਾਇਤਾਂ ਦੇ ਨਿਵਾਰਣ ਲਈ ਨਿਵੇਕਲੀ ਪਹਿਲਕਦਮੀ

**ਸ. ਕੁਲਦੀਪ ਸਿੰਘ ਧਾਲੀਵਾਲ**
ਪ੍ਰਵਾਸੀ ਭਾਰਤੀ ਮਾਮਲੇ ਮੰਤਰੀ, ਪੰਜਾਬ
**ਮੀਟਿੰਗਾਂ ਦੀ ਪ੍ਰਧਾਨਗੀ ਕਰਨਗੇ**

**ਲੁਧਿਆਣਾ**
ਲੁਧਿਆਣਾ, ਸੰਗਰੂਰ, ਬਰਨਾਲਾ ਅਤੇ ਮਾਲੇਰਕੋਟਲਾ ਜ਼ਿਲ੍ਹਿਆਂ ਨਾਲ ਸਬੰਧਤ ਸ਼ਿਕਾਇਤਾਂ ਲਈ
ਗੁਰੂ ਨਾਨਕ ਦੇਵ ਭਵਨ, ਫ਼ਿਰੋਜ਼ਪੁਰ ਰੋਡ, ਲੁਧਿਆਣਾ
23 ਦਸੰਬਰ, 2022 ਨੂੰ ਸਵੇਰੇ 10:00 ਵਜੇ

**ਮੋਗਾ**
ਮੋਗਾ, ਫ਼ਿਰੋਜ਼ਪੁਰ, ਫਰੀਦਕੋਟ, ਫ਼ਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ, ਬਠਿੰਡਾ ਅਤੇ ਮਾਨਸਾ ਜ਼ਿਲ੍ਹਿਆਂ ਨਾਲ ਸਬੰਧਤ ਸ਼ਿਕਾਇਤਾਂ ਲਈ
ਆਈ.ਐਸ.ਐਫ ਕਾਲਜ ਆਫ਼ ਫਾਰਮੇਸੀ, ਘੱਲ ਕਲਾਂ, ਮੋਗਾ
26 ਦਸੰਬਰ, 2022 ਨੂੰ ਸਵੇਰੇ 10:00 ਵਜੇ

**ਅੰਮ੍ਰਿਤਸਰ**
ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ ਅਤੇ ਤਰਨਤਾਰਨ ਜ਼ਿਲ੍ਹਿਆਂ ਨਾਲ ਸਬੰਧਤ ਸ਼ਿਕਾਇਤਾਂ ਨਾਲ
ਗੋਲਡਨ ਜੁਬਲੀ ਕਨਵੈਨਸ਼ਨ ਸੈਂਟਰ, ਜੀ.ਐਨ.ਡੀ.ਯੂ., ਅੰਮ੍ਰਿਤਸਰ
30 ਦਸੰਬਰ, 2022 ਨੂੰ ਸਵੇਰੇ 10:00 ਵਜੇ

ਨਿੱਜੀ ਤੌਰ 'ਤੇ ਸ਼ਾਮਿਲ ਹੋਣ ਲਈ ਕ੍ਰਿਪਾ ਕਰਕੇ ਰਜਿਸਟਰ ਕਰੋ https://eservices.punjab.gov.in

ਜਿਹੜੇ ਪ੍ਰਵਾਸੀ ਭਾਰਤੀ ਨਿੱਜੀ ਤੌਰ 'ਤੇ ਆ ਨਹੀਂ ਸਕਦੇ, ਉਹ ਆਪਣੀਆਂ ਸ਼ਿਕਾਇਤਾਂ ਨਿਰਧਾਰਤ ਮੀਟਿੰਗ ਤੋਂ ਦੋ ਦਿਨ ਪਹਿਲਾਂ ਇਹਨਾਂ **ਈ-ਮੇਲ** ਉੱਤੇ snri@punjab.gov.in ਅਤੇ psnri@punjab.gov.in ਭੇਜ ਸਕਦੇ ਹਨ।

ਆਓ, ਮਿਲ ਕੇ ਰੰਗਲੇ ਪੰਜਾਬ ਦਾ ਨਿਰਮਾਣ ਕਰੀਏ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ


# ਸੰਯੁਕਤ ਕਿਸਾਨ ਮੋਰਚੇ ਦੇ ਆਗੂ ਐੱਸ ਐੱਸ ਪੀ ਗੁਰਦਾਸਪੁਰ ਨੂੰ ਮਿਲੇ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਦਾ ਇੱਕ ਵਫਦ ਸੁਖਦੇਵ ਸਿੰਘ ਭਾਗੋਕਾਵਾਂ, ਮੱਖਣ ਸਿੰਘ ਕੁਹਾੜ, ਗੁਰਦੀਪ ਸਿੰਘ ਮੁਸਤਫਾਬਾਦ ਅਤੇ ਤਰਲੋਕ ਸਿੰਘ ਦੀ ਅਗਵਾਈ ਵਿੱਚ ਐੱਸਐੱਸਪੀ ਗੁਰਦਾਸਪੁਰ ਨੂੰ ਮਿਲਿਆ ਅਤੇ ਮੰਗ ਕੀਤੀ ਕਿ ਤਹਿਸੀਲ ਕਲਾਨੌਰ ਦੇ ਪਿੰਡ ਬੱਖਤਪੁਰ ਵਿੱਚ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਦੀ ਜ਼ਮੀਨ ਦੀ ਹੋਈ ਨਿਸ਼ਾਨਦੇਹੀ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਵਾਇਆ ਜਾਵੇ। ਆਗੂਆਂ ਨੇ ਦੱਸਿਆ ਕਿ ਇਹ ਨਿਸ਼ਾਨਦੇਹੀ ਇਕ ਨਵੰਬਰ ਨੂੰ ਕਾਰਵਾਈ ਗਈ ਸੀ, ਜਿਸ ਨੂੰ ਬੱਖਤਪੁਰ ਦੇ ਰਣਜੀਤ ਸਿੰਘ ਨੇ ਲਾਗੂ ਕਰਨ ਤੋਂ ਇਨਕਾਰ ਕਰ ਦਿੱਤਾ ਸੀ। ਉਸ ਸਮੇਂ ਤੋਂ ਹੀ ਗੁਰਮੀਤ ਸਿੰਘ ਬੱਖਤਪੁਰਾ ਘੁੰਮਣ ਕਲਾਂ ਥਾਣੇ ਅਤੇ ਡੀਐੱਸਪੀ ਕਲਾਨੌਰ ਗੁਰਵਿੰਦਰ ਸਿੰਘ ਦੇ ਦਫਤਰ ਚੱਕਰ ਲਗਾ ਰਿਹਾ ਹੈ ਪਰ ਥਾਣਾ ਮੁਖੀ ਅਤੇ ਡੀਐੱਸਪੀ ਝਗੜੇ ਨੂੰ ਰੋਕਣ ਹਿੱਤ ਨਿਸ਼ਾਨਦੇਹੀ ਦੀ ਵੱਟ ਪਾਉਣ ਦੀ ਬਜਾਏ ਕਥਿਤ ਤੌਰ 'ਤੇ ਕਿਸੇ ਲਾਲਚ ਵੱਸ ਅਤੇ ਸਿਆਸੀ ਦਬਾਅ ਹੇਠ ਮੁਦਈ ਨੂੰ ਹੀ ਪ੍ਰੇਸ਼ਾਨ ਕਰ ਰਹੇ ਹਨ। ਜਦੋਂਕਿ ਕਾਨੂੰਨ ਅਨੁਸਾਰ ਝਗੜੇ ਨੂੰ ਰੋਕਣ ਲਈ ਪੁਲਿਸ ਦੀ ਡਿਊਟੀ ਹੈ ਕਿ ਮਸਲੇ ਦਾ ਹੱਲ ਕਰਨ ਲਈ ਨਿਰਪੱਖਤਾ ਦਾ ਰੋਲ ਅਦਾ ਕਰੇ। ਮੋਰਚੇ ਦੇ ਆਗੂਆਂ ਨੇ ਦੱਸਿਆ ਕਿ ਐੱਸਐੱਸਪੀ ਗੁਰਦਾਸਪੁਰ ਨੇ ਸੰਯੁਕਤ ਕਿਸਾਨ ਮੋਰਚੇ ਦੇ ਵਫਦ ਨੂੰ ਇਨਸਾਫ ਕਰਨ ਦਾ ਭਰੋਸਾ ਦਿੱਤਾ ਹੈ। ਮੋਰਚੇ ਦੇ ਆਗੂਆਂ ਨੇ ਕਿਹਾ ਕਿ ਜੇਕਰ ਸਬੰਧਤ ਡੀਐੱਸਪੀ ਅਤੇ ਥਾਣਾ ਮੁਖੀ ਨੇ ਮਸਲੇ ਨੂੰ ਜਲਦੀ ਹੱਲ ਨਾ ਕੀਤਾ ਤਾਂ ਸੰਯੁਕਤ ਮੋਰਚੇ ਵੱਲੋਂ ਸੰਘਰਸ਼ ਵਿੱਢਿਆ ਜਾਵੇਗਾ। ਵਫਦ ਵਿੱਚ ਗੁਲਜ਼ਾਰ ਸਿੰਘ ਭੁੰਬਲੀ, ਜਗਜੀਤ ਸਿੰਘ ਅਲੂਣਾ, ਅਸ਼ਵਨੀ ਕੁਮਾਰ ਲੱਖਣਕਲਾਂ, ਲਖਵਿੰਦਰ ਸਿੰਘ ਬਿਸ਼ਨਕੋਟ ਅਤੇ ਬਲਬੀਰ ਸਿੰਘ ਉੱਚਾਧਕਾਲਾ ਸ਼ਾਮਲ ਸਨ।

# ਗੁਰਜੀਤ ਕੌਰ ਸਰਬਉੱਤਮ ਅਧਿਆਪਕ ਐਵਾਰਡ ਨਾਲ ਸਨਮਾਨਤ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਚੀਫ ਖਾਲਸਾ ਦੀਵਾਨ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੀ ਜ਼ਿਲ੍ਹੇ ਦੀ ਨਾਮਵਰ ਸੰਸਥਾ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਤਰਨਤਾਰਨ ਦੀ ਸਾਇੰਸ ਅਧਿਆਪਕਾ ਗੁਰਜੀਤ ਕੌਰ ਨੂੰ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਾਂ ਦੇ ਪ੍ਰਧਾਨ ਜਗਜੀਤ ਸਿੰਘ ਧੂਰੀ ਵੱਲੋਂ ਸਰਬਉੱਤਮ ਅਧਿਆਪਕ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਹ ਐਵਾਰਡ ਮੈਡਮ ਗੁਰਜੀਤ ਕੌਰ ਨੂੰ ਆਪਣਾ ਕੰਮ ਪੂਰੀ ਇਮਾਨਦਾਰੀ ਨਾਲ ਕਰਨ ਅਤੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਵੱਖ-ਵੱਖ ਗਤੀਵਿਧੀਆਂ ਲਈ ਤਿਆਰ ਕਰਨ ਲਈ ਦਿੱਤਾ ਗਿਆ। ਚੀਫ ਖਾਲਸਾ ਦੀਵਾਨ ਲੋਕਲ ਕਮੇਟੀ ਦੇ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਹਰਜੀਤ ਸਿੰਘ ਚੀਫ ਖਾਲਸਾ ਦੀਵਾਨ ਲੋਕਲ ਕਮੇਟੀ ਦੇ ਮੀਤ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਗੁਰਿੰਦਰ ਸਿੰਘ ਨੇ ਮੈਡਮ ਗੁਰਜੀਤ ਕੌਰ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਸਕੂਲ ਨੂੰ ਇਹੋ ਜਿਹੇ ਮਿਹਨਤੀ ਅਤੇ ਕੁਸ਼ਲ ਅਧਿਆਪਕਾਂ ਦੀ ਬਹੁਤ ਲੋੜ ਹੈ ਤਾਂ ਜੋ ਵਿਦਿਆਰਥੀ ਇਨ੍ਹਾਂ ਤੋਂ ਸੇਧ ਲੈ ਸਕਣ। ਸਕੂਲ ਦੇ ਪ੍ਰਿੰ. ਰਣਜੀਤ ਭਾਟੀਆ ਨੇ ਐਵਾਰਡ ਜੇਤੂ ਅਧਿਆਪਕਾ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਮਿਹਨਤੀ ਅਧਿਆਪਕ ਵਿਦਿਆਰਥੀਆਂ ਦੀ ਕਿਸਮਤ ਘੜਨ ਵਿੱਚ ਯੋਗਦਾਨ ਪਾ ਕੇ ਉਨ੍ਹਾਂ ਨੂੰ ਸਮਾਜ ਵਿੱਚ ਇੱਕ ਸਫਲ ਨਾਗਰਿਕ ਬਣਾ ਸਕਦੇ ਹਨ।

# ਭਲਕੇ ਬਿਜਲੀ ਬੰਦ ਰਹੇਗੀ

**ਫਿਲੌਰ (ਬੀ ਐੱਸ ਕੈਨੇਡੀ)**- ਸਹਾਇਕ ਇੰਜ. ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ. ਫਿਲੌਰ ਨੇ ਦੱਸਿਆ ਕਿ 24 ਦਸੰਬਰ ਦਿਨ ਸ਼ਨੀਵਾਰ ਨੂੰ 10 ਵਜੇ ਤੋਂ ਸ਼ਾਮ 4 ਵਜੇ ਤੱਕ ਗੜ੍ਹਾ ਰੋਡ ਚੇੜਾਂ ਖੂਹ ਸੇਖਾਂ ਮੁਹੱਲਾ ਉੱਚੀ ਘਾਟੀ ਚੌਧਰੀਆਂ ਮੁਹੱਲਾ ਕਿੱਲਾ ਕਾਜੀ ਮੁਹੱਲਾ ਦੀ ਬਿਜਲੀ ਬੰਦ ਰਹੇਗੀ।

# ਅਮਰਜੀਤ ਸ਼ਰਮਾ ਨੂੰ ਬਿਰਧ ਆਸ਼ਰਮ ਦਾ ਸਹਾਰਾ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਆਦਰਸ਼ ਬਿਰਧ ਆਸ਼ਰਮ ਝਾਖੋਲੜੀ ਵਿਖੇ ਬਜ਼ੁਰਗ ਅਮਰਜੀਤ ਸ਼ਰਮਾ ਪਿਤਾ ਗੁਰਦਿਆਲ ਸ਼ਰਮਾ ਹਾਊਸਿੰਗ ਬੋਰਡ ਕਲੋਨੀ ਢਾਂਗੂ ਰੋਡ ਪਠਾਨਕੋਟ ਨੂੰ ਆਸ਼ਰਮ ਵਿੱਚ ਸਹਾਰਾ ਦਿੱਤਾ ਗਿਆ ਹੈ। ਸ਼ਰਮਾ ਨੇ ਦੱਸਿਆ ਕਿ ਮੇਰੇ ਤਿੰਨ ਬੱਚੇ ਹਨ। ਇਨ੍ਹਾਂ ਵਿੱਚੋਂ 2 ਲੜਕੀਆਂ ਤੇ 1 ਲੜਕਾ ਹੈ। ਨੂੰਹ-ਪੁੱਤ ਇਸ ਨੂੰ ਵਾਰ-ਵਾਰ ਘਰ ਛੱਡਣ ਲਈ ਮਜਬੂਰ ਕਰਦੇ ਸੀ ਅਤੇ ਗਾਲੀ-ਗਲੋਚ ਵੀ ਕਰਦੇ ਸੀ। ਬਜ਼ੁਰਗ ਦਾ ਕਹਿਣਾ ਹੈ ਕਿ ਮੈਂ 20 ਦਸੰਬਰ ਨੂੰ ਆਪਣੇ ਘਰੋਂ ਨਿਕਲਿਆ ਸੀ ਤੇ ਮੈਂ ਸਾਰੀ ਠੰਡੀ ਰਾਤ ਪਠਾਨਕੋਟ ਸਟੇਸ਼ਨ 'ਤੇ ਹੀ ਗੁਜ਼ਾਰੀ। ਮੇਰੀ ਕਿਸੇ ਨੇ ਵੀ ਕੋਈ ਸਾਰ ਨਹੀਂ ਲਈ। 21 ਦਸੰਬਰ ਨੂੰ ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਵਿਚ ਸਵੇਰੇ 10:00 ਵਜੇ ਆਇਆ ਹਾਂ। ਉਨ੍ਹਾਂ ਕਿਹਾ ਕਿ ਮੈਨੂੰ ਇਥੇ ਆ ਕੇ ਘਰ ਵਾਲਾ ਮਾਹੌਲ ਮਿਲਿਆ ਹੈ। ਸਾਰੀ ਗੱਲਬਾਤ ਸੁਣਨ ਤੋਂ ਬਾਅਦ ਆਸ਼ਰਮ ਪ੍ਰਬੰਧਕਾਂ ਨੇ ਬਜ਼ੁਰਗ ਸ਼ਰਮਾ ਨੂੰ ਆਸ਼ਰਮ ਵਿੱਚ ਰਹਿਣ ਦੀ ਆਗਿਆ ਦੇ ਦਿੱਤੀ। ਪ੍ਰਬੰਧਕਾਂ ਨੇ ਕਿਹਾ ਕਿ ਇਸੇ ਤਰ੍ਹਾਂ ਆਦਰਸ਼ ਬਿਰਧ ਆਸ਼ਰਮ ਲੰਮੇ ਸਮੇਂ ਤੋਂ ਬਜ਼ੁਰਗਾਂ ਦੀ ਸੇਵਾ ਕਰਦਾ ਆ ਰਿਹਾ ਹੈ ਤੇ ਹਮੇਸ਼ਾ ਕਰਦਾ ਰਹੇਗਾ।

# ਚੀਫ ਮੈਨੇਜਰ ਜਸਵਿੰਦਰ ਸਿੰਘ ਭਾਟੀਆ ਨੇ ਅਹੁਦਾ ਸੰਭਾਲਿਆ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ )** : ਪੰਜਾਬ ਐਂਡ ਸਿੰਧ ਬੈਂਕ ਜੰਡਿਆਲਾ ਗੁਰੂ 'ਚ ਜਸਵਿੰਦਰ ਸਿੰਘ ਭਾਟੀਆ ਨੇ ਆਪਣਾ ਚੀਫ ਮੈਨੇਜਰ ਦਾ ਅਹੁਦਾ ਸੰਭਾਲ ਲਿਆ ਹੈ ਜਦਕਿ ਚੀਫ ਮੈਨੇਜਰ ਬਿਜੇਂਦਰ ਸਿੰਘ ਦਾ ਜੰਡਿਆਲਾ ਗੁਰੂ ਤੋਂ ਤਬਾਦਲਾ ਹੋ ਗਿਆ ਹੈ । ਚੀਫ ਮੈਨੇਜਰ ਭਾਟੀਆ ਇਸ ਤੋਂ ਪਹਿਲਾਂ ਜ਼ੋਨਲ ਆਫ਼ਿਸ ਅੰਮ੍ਰਿਤਸਰ ਤੋਂ ਬਦਲ ਕੇ ਜੰਡਿਆਲਾ ਗੁਰੂ ਆਏ ਹਨ । ਪੱਤਰਕਾਰ ਨਾਲ ਗੱਲਬਾਤ ਕਰਦਿਆਂ ਚੀਫ ਮੈਨੇਜਰ ਭਾਟੀਆ ਨੇ ਕਿਹਾ ਕਿ ਬ੍ਰਾਂਚ ਵਿੱਚ ਆਏ ਕਿਸੇ ਵੀ ਉਪਭੋਗਤਾ ਨੂੰ ਕੋਈ ਵੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ ,ਬੈਂਕ ਨਾਲ ਸੰਬੰਧਤ ਸਾਰੇ ਕੰਮ ਪਹਿਲ ਦੇ ਅਧਾਰ 'ਤੇ ਕੀਤੇ ਜਾਣਗੇ । ਇਸ ਮੌਕੇ ਚੀਫ ਭਾਟੀਆ ਨੇ ਕਿਹਾ ਕਿ ਸਾਡੀ ਬੈਂਕ 'ਚ ਐਫ ਡੀ ਆਰ ਦੀ ਵਿਆਜ ਦਰ ਕਾਫੀ ਵਧ ਗਈ ਹੈ ,601 ਦਿਨ ਦੀ ਐਫ ਡੀ ਉੱਪਰ ਆਮ ਨਾਗਰਿਕ ਲਈ 7% ਅਤੇ ਸੀਨੀਅਰ ਸਿਟੀਜ਼ਨ ਲਈ 7.5% ਅਤੇ ਸੁਪਰ ਸੀਨੀਅਰ ਸਿਟੀਜ਼ਨ ਲਈ 7.85% ਕੀਤੀ ਗਈ ਹੈ। ਦਫਤਰ ਆਉਣ 'ਤੇ ਕਰਨੇਸ਼ ਕੁਮਾਰ ਮੈਨੇਜਰ ,ਨਮਨ ਅਫਸਰ ਤੇ ਬਾਕੀ ਸਟਾਫ ਮੈਂਬਰਾਂ ਨੇ ਹਾਰਦਿਕ ਸਵਾਗਤ ਕੀਤਾ ।

# ਸ਼ੋਕ ਸਮਾਚਾਰ

**ਜਲੰਧਰ (ਨਜਸ)**-ਮਨੋਜ ਕੁਮਾਰ ਉਰਫ ਮੰਨੀ ਪੁੱਤਰ ਸ੍ਰੀ ਬਲਬੀਰ ਚੰਦ ਜੋ ਕਿ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਮਿਤੀ 15 ਦਸੰਬਰ 2022 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਗਏ ਹਨ, ਨਮਿਤ ਪਾਠ ਦਾ ਭੋਗ ਸਮਾਗਮ ਮਿਤੀ 23 ਦਸੰਬਰ 2022 ਨੂੰ ਦੁਪਹਿਰ 12 ਵਜੇ ਤੋਂ 2 ਵਜੇ ਤੱਕ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ (ਪੀਰ ਬਾਬਾ ਨਿੰਬੂ ਸ਼ਾਹ ਦਰਗਾਹ) ਮੁਹੱਲਾ ਸੰਤੋਖਪੁਰਾ, ਜਲੰਧਰ ਵਿਖੇ ਹੋਵੇਗਾ।

23-December-PAGE-4-2.qxd 12/22/2022 10:50 PM Page 1

ਨਵਾਂ ਜ਼ਮਾਨਾ
ਸ਼ੁੱਕਰਵਾਰ, 23 ਦਸੰਬਰ 2022

# ਕੋਰੋਨਾ ਦਾ ਮੁੜ ਖ਼ਤਰਾ

*ਕੋਰੋਨਾ ਮਹਾਂਮਾਰੀ ਬਾਰੇ ਫਿਰ ਤੋਂ ਚਿਤਾਵਨੀਆਂ ਸ਼ੁਰੂ ਹੋ ਗਈਆਂ ਹਨ। ਕੇਂਦਰੀ ਸਿਹਤ ਮੰਤਰੀ ਦੀ ਪ੍ਰਧਾਨਗੀ ਹੇਠ ਬੁੱਧਵਾਰ ਨੂੰ ਇੱਕ ਉੱਚ ਪੱਧਰੀ ਮੀਟਿੰਗ ਹੋਈ ਸੀ। ਇਸ ਮੀਟਿੰਗ ਤੋਂ ਬਾਅਦ ਸਿਹਤ ਮੰਤਰੀ ਨੇ ਕਿਹਾ ਕਿ ਕੋਰੋਨਾ ਹਾਲੇ ਖ਼ਤਮ ਨਹੀਂ ਹੋਇਆ। ਇਸ ਲਈ ਸਭ ਨੂੰ ਸਾਵਧਾਨ ਰਹਿਣ ਦੀ ਲੋੜ ਹੈ। ਇਸੇ ਦੌਰਾਨ ਨੀਤੀ ਆਯੋਗ ਦੇ ਮੈਂਬਰ ਡਾ. ਵੀ ਕੇ ਪਾਲ ਨੇ ਕਿਹਾ ਕਿ ਕੋਰੋਨਾ ਟੀਕੇ ਦੀ ਤੀਜੀ ਖੁਰਾਕ ਸਭ ਨੂੰ ਲੈਣੀ ਚਾਹੀਦੀ ਹੈ। ਇਸ ਦੇ ਨਾਲ ਹੀ ਭੀੜ-ਭਾੜ ਵਾਲੀਆਂ ਥਾਵਾਂ ਉੱਤੇ ਮਾਸਕ ਦੀ ਵਰਤੋਂ ਕਰਨੀ ਚਾਹੀਦੀ ਹੈ।*

*ਚੀਨ ਸਮੇਤ ਦੁਨੀਆ ਦੇ ਕੁਝ ਦੇਸ਼ਾਂ 'ਚ ਕੋਰੋਨਾ ਤੇਜ਼ੀ ਨਾਲ ਫੈਲ ਰਿਹਾ ਹੈ। ਚੀਨ ਦੀ ਹਾਲਤ ਬਹੁਤ ਹੀ ਚਿੰਤਾਜਨਕ ਹੈ। ਮਹਾਂਮਾਰੀ ਮਾਹਰ ਐਰਿਕ ਫੀਗਲ ਡਿੰਗ ਨੇ ਕਿਹਾ ਹੈ ਕਿ ਚੀਨ 'ਚ ਹਸਪਤਾਲ ਲਬਾਲਬ ਭਰ ਚੁੱਕੇ ਹਨ। ਅਗਲੇ ਤਿੰਨ ਮਹੀਨਿਆਂ ਵਿੱਚ ਚੀਨ ਦੀ 60 ਫ਼ੀਸਦੀ ਅਬਾਦੀ ਦੇ ਕੋਰੋਨਾ ਦੀ ਲਾਗ ਲਗਣ 'ਤੇ ਲੱਖਾਂ ਲੋਕਾਂ ਦੀ ਮੌਤ ਦਾ ਖ਼ਤਰਾ ਹੈ। ਇਸੇ ਦੌਰਾਨ ਗਲੋਬਲ ਹੈਲਥ ਇੰਟੈਲੀਜੈਂਸ ਤੇ ਐਨਾਲਿਟਿਕਸ ਫਰਮ ਨੇ ਕਿਹਾ ਹੈ ਕਿ ਅਗਰ ਚੀਨ ਕੋਰੋਨਾ ਪਾਬੰਦੀਆਂ ਹਟਾ ਲੈਂਦਾ ਹੈ ਤਾਂ ਉੱਥੇ 13 ਤੋਂ 21 ਲੱਖ ਲੋਕਾਂ ਦੀ ਜਾਨ ਜਾ ਸਕਦੀ ਹੈ। ਇਹ ਸਿਰਫ਼ ਚੀਨ ਹੀ ਨਹੀਂ, ਅਮਰੀਕਾ 'ਚ ਰੋਜ਼ 25 ਹਜ਼ਾਰ ਕੇਸ ਆ ਰਹੇ ਹਨ ਤੇ 300 ਮੌਤਾਂ ਹੋ ਰਹੀਆਂ ਹਨ। ਫਰਾਂਸ 'ਚ 37 ਹਜ਼ਾਰ, ਜਰਮਨੀ 'ਚ 52 ਹਜ਼ਾਰ, ਦੱਖਣੀ ਕੋਰੀਆ 'ਚ 52 ਹਜ਼ਾਰ ਤੇ ਜਪਾਨ ਵਿੱਚ 1 ਲੱਖ 85 ਹਜ਼ਾਰ ਕੇਸ ਆ ਰਹੇ ਹਨ। ਇਨ੍ਹਾਂ ਦੇਸ਼ਾਂ 'ਚ ਸੈਂਕੜੇ ਲੋਕ ਰੋਜ਼ਾਨਾ ਮਰ ਰਹੇ ਹਨ।*

*ਭਾਰਤ ਲਈ ਖ਼ਤਰਾ ਇਸ ਕਾਰਨ ਵਧ ਗਿਆ ਹੈ, ਕਿਉਂਕਿ ਕੋਰੋਨਾ ਦੇ ਐਮੀਕਰਾਨ ਵੈਰੀਐਂਟ ਦੇ ਸਬ ਵੈਰੀਐਂਟ ਬੀ ਐਫ਼-7 ਦੇ ਚਾਰ ਕੇਸ ਗੁਜਰਾਤ ਤੇ ਓਡੀਸ਼ਾ 'ਚ ਮਿਲੇ ਹਨ। ਇਹ ਉਹੀ ਵੈਰੀਐਂਟ ਹੈ, ਜਿਸ ਨੇ ਚੀਨ 'ਚ ਤਬਾਹੀ ਮਚਾਈ ਹੋਈ ਹੈ। ਇਸ ਵੈਰੀਐਂਟ ਦੇ ਮਾਮਲੇ ਅਮਰੀਕਾ, ਇੰਗਲੈਂਡ, ਬੈਲਜੀਅਮ, ਜਰਮਨੀ, ਫ਼ਰਾਂਸ ਤੇ ਡੈਨਮਾਰਕ ਸਣੇ ਯੂਰਪੀ ਦੇਸ਼ਾਂ 'ਚ ਵੀ ਮਿਲ ਚੁੱਕੇ ਹਨ।*

*ਕੋਰੋਨਾ ਦੇ ਨਵੇਂ ਹੱਲੇ ਦੇ ਖ਼ਤਰੇ ਨੂੰ ਜਾਣਨ ਲਈ ਸਾਨੂੰ ਇਸ ਵਾਇਰਸ ਨੂੰ ਸਮਝਣਾ ਪਵੇਗਾ। ਕੋਰੋਨਾ ਲਈ ਜ਼ਿੰਮੇਵਾਰ ਵਾਇਰਸ ਜਦੋਂ ਮਨੁੱਖ ਦੇ ਸੰਪਰਕ 'ਚ ਆਉਂਦਾ ਹੈ ਤਾਂ ਸਰਗਰਮ ਹੋ ਜਾਂਦਾ ਹੈ। ਇਸ ਦੌਰਾਨ ਇਹ ਵਾਇਰਸ ਨਵੇਂ ਵਾਇਰਸ ਵਿਕਸਤ ਕਰਦਾ ਰਹਿੰਦਾ ਹੈ, ਜਿਨ੍ਹਾਂ ਦੀਆਂ ਵਿਸ਼ੇਸ਼ਤਾਈਆਂ ਪਹਿਲੇ ਨਾਲੋਂ ਵੱਖ ਹੁੰਦੀਆਂ ਹਨ। ਬੀ ਐਫ਼-7 ਵੀ ਕੋਰੋਨਾ ਲਈ ਜ਼ਿੰਮੇਵਾਰ ਐਮੀਕਰਾਨ ਵਾਇਰਸ ਦੀ ਅਗਲੀ ਪੀੜ੍ਹੀ ਹੈ। ਇਹ ਨਵਾਂ ਵੈਰੀਐਂਟ ਪਹਿਲੇ ਵੈਰੀਐਂਟ ਨਾਲੋਂ 4 ਗੁਣਾ ਤੋਂ ਵੱਧ ਤਾਕਤਵਾਰ ਹੈ। ਇਹ ਟੀਕਾ ਲੱਗੇ ਹੋਏ ਵਿਅਕਤੀ ਨੂੰ ਵੀ ਪ੍ਰਭਾਵਤ ਕਰਨ ਦੀ ਸਮਰੱਥਾ ਰੱਖਦਾ ਹੈ। ਇਸ ਸਭ ਦੇ ਮੱਦੇਨਜ਼ਰ ਹਰ ਵਿਅਕਤੀ ਨੂੰ ਚੌਕਸ ਹੋਣ ਦੀ ਲੋੜ ਹੈ। ਅੱਜ ਬੇਸ਼ੱਕ ਭਾਰਤ 'ਚ ਕੋਰੋਨਾ ਕੇਸ ਸਿਰਫ਼ ਸੈਂਕੜਿਆਂ ਦੀ ਗਿਣਤੀ 'ਚ ਆ ਰਹੇ ਹਨ, ਪਰ ਇਸ ਕਾਰਣ ਬੇਫਿਕਰ ਰਹਿਣਾ ਘਾਤਕ ਹੋ ਸਕਦਾ ਹੈ। ਇਸ ਸਮੇਂ ਬਚਾਅ ਦਾ ਇੱਕੋ ਸਾਧਨ ਹੈ ਕਿ ਸਮਾਜਿਕ ਦੂਰੀ, ਮਾਸਕ ਪਹਿਨਣਾ ਤੇ ਬੂਸਟਰ ਡੋਜ਼ ਲੈਣੀ ਯਕੀਨੀ ਬਣਾਈ ਜਾਵੇ।*

# ਨਸ਼ਿਆਂ ਦੇ ਵਧਦੇ ਰੁਝਾਨ ਕਾਰਨ ਰੁਲੀ ਪੰਜਾਬ ਦੀ ਜਵਾਨੀ

**ਸੰਜੀਵ ਸਿੰਘ ਸੈਣੀ**

ਪੰਜਾਬ 'ਚ ਨਸ਼ਿਆਂ ਦਾ ਛੇਵਾਂ ਦਰਿਆ ਵਗ ਰਿਹਾ ਹੈ। ਕੋਈ ਸਮਾਂ ਹੁੰਦਾ ਸੀ ਜਦੋਂ ਪੰਜਾਬ ਦੀ ਨੌਜਵਾਨੀ ਖੇਤਾਂ 'ਚ ਆਪ ਹੀ ਕੰਮ ਕਰਦੀ ਸੀ । ਹੱਥੀਂ ਕੰਮ ਨੂੰ ਤਰਜੀਹ ਦਿੱਤੀ ਜਾਂਦੀ ਸੀ। ਘਰ ਦੇ ਬਣੇ ਦੁੱਧ, ਦਹੀਂ, ਪਨੀਰ, ਖੋਆ, ਲੱਸੀ ਹੀ ਸਿਹਤ ਲਈ ਗੁਣਕਾਰੀ ਹੁੰਦੇ ਸਨ। ਨੌਜਵਾਨਾਂ ਦੇ ਚਿਹਰੇ 'ਤੇ ਨੂਰ ਟਪਕਦਾ ਸੀ। ਛੇ ਫੁੱਟ ਦੇ ਚਿੱਟੇ ਚਾਦਰੇ ਵਾਲੇ ਨੌਜਵਾਨ ਖਿੱਚ ਦਾ ਕੇਂਦਰ ਬਣਦੇ ਸਨ। ਸਮਾਂ ਬਦਲਿਆ। ਪਤਾ ਨਹੀਂ ਇਹ ਚੰਦਰਾ ਨਸ਼ਾ 'ਚਿੱਟਾ' ਪੰਜਾਬ ਵਿੱਚ ਕਿੱਥੋਂ ਆ ਵੜਿਆ। ਗੁਆਂਢੀ ਸਰਹੱਦਾਂ ਤੋਂ ਆਇਆ ਇਹ 'ਚਿੱਟਾ' ਪੰਜਾਬ ਵਿੱਚ ਹੁਣ ਪੂਰੀ ਤਰ੍ਹਾਂ ਪੈਰ ਪਸਾਰ ਗਿਆ ਹੈ। ਪਤਾ ਨਹੀਂ ਕਿੰਨੇ ਹੀ ਘਰਾਂ ਦੇ ਚਿਰਾਗ ਬੁਝ ਚੁੱਕੇ ਹਨ। ਘਰਾਂ ਵਿੱਚ ਸੱਥਰ ਵਿਛ ਚੁੱਕੇ ਹਨ। ਆਏ ਦਿਨ ਓਵਰਡੋਜ਼ ਕਾਰਨ ਮੌਤਾਂ ਹੋ ਰਹੀਆਂ ਹਨ। ਹਰ ਰੋਜ਼ ਖਬਰਾਂ ਪੜ੍ਹਦੇ ਹਾਂ ਕਿ ਸਰਹੱਦੀ ਖੇਤਰਾਂ ਤੋਂ ਪਤਾ ਨਹੀਂ ਕਿੰਨੇ ਕਿੱਲੋ ਹੈਰੋਇਨ ਬਰਾਮਦ ਹੁੰਦੀ ਹੈ। ਹਾਲ ਹੀ 'ਚ ਬੀ ਐਸ ਐਫ ਨੇ ਸਰਹੱਦੀ ਖੇਤਰ 'ਚ ਗੋਲਾਬਾਰੀ ਕਰਕੇ ਪਾਕਿਸਤਾਨ ਤੋਂ ਆਇਆ ਡ੍ਰੋਨ ਸੁੱਟਿਆ, ਜਿਸ ਵਿੱਚੋਂ ਤਿੰਨ ਕਿਲੋ ਹੈਰੋਇਨ ਬਰਾਮਦ ਕੀਤੀ ਗਈ। ਐੱਸ ਟੀ ਐੱਫ ਵੱਲੋਂ ਵੀ ਲੁਧਿਆਣਾ ਵਿਖੇ 3 ਕਿਲੋਗ੍ਰਾਮ ਨਸ਼ਾ ਫੜਿਆ ਗਿਆ। ਸਰਕਾਰ ਦੀ ਇਹ ਸ਼ਲਾਘਾਯੋਗ ਪਹਿਲ ਹੈ। ਹਰ ਰੋਜ਼ ਪੰਜਾਬ ਪੁਲਸ ਦੇ ਅਧਿਕਾਰੀਆਂ ਵਲੋਂ ਨਸ਼ਾ ਤਸਕਰਾਂ ਨੂੰ ਕਾਬੂ ਕੀਤਾ ਜਾ ਰਿਹਾ ਹੈ। ਸੀ ਆਈ ਏ ਸਟਾਫ ਵੀ ਨਸ਼ਾ ਸਮੱਗਲਰਾਂ ਨੂੰ ਕਾਬੂ ਕਰ ਰਿਹਾ ਹੈ। ਔਰਤਾਂ ਵੀ ਹੁਣ ਤਾਂ ਚਿੱਟੇ ਦੀ ਆਦੀ ਹੋ ਚੁੱਕੀਆਂ ਹਨ।

ਹਾਲ ਹੀ 'ਚ ਇੱਕ ਵੀਡੀਓ ਵਾਇਰਲ ਹੋ ਰਹੀ ਸੀ, ਜਿਸ 'ਚ ਇੱਕ ਈ-ਰਿਕਸ਼ੇ ਵਾਲਾ ਨਸ਼ੇ ਵਿੱਚ ਧੁੱਤ ਮੂਧੇ ਮੂੰਹ ਰਿਕਸ਼ੇ ਵਿੱਚ ਪਿਆ ਸੀ। ਨਸ਼ਿਆਂ ਨੇ ਪੰਜਾਬ ਦੀ ਜਵਾਨੀ ਖਤਮ ਕਰ ਦਿੱਤੀ ਹੈ। ਜ਼ਿਆਦਾਤਰ ਨੌਜਵਾਨ ਜਿਨ੍ਹਾਂ ਦੀ ਉਮਰ 18 ਤੋਂ 25 ਸਾਲ ਵਿੱਚ ਹੈ, ਸਭ ਤੋਂ ਵੱਧ ਉਹ ਓਵਰਡੋਜ਼ ਕਾਰਨ ਮਰ ਰਹੇ ਹਨ। ਹਾਲ ਹੀ 'ਚ ਅੰਮ੍ਰਿਤਸਰ ਦੇ ਕੱਟੜਾ ਬੱਗੀਆਂ ਇਲਾਕੇ ਵਿੱਚ ਦੋ ਸਕੇ ਭਰਾਵਾਂ ਦੀ ਨਸ਼ੇ ਦੀ ਓਵਰਡੋਜ਼ ਕਾਰਨ ਮੌਤ ਹੋਈ ਹੈ। ਇੱਕ ਭਰਾ ਜੇਲ੍ਹ 'ਚ ਬੰਦ ਸੀ, ਜਿਸ ਦੀ ਇਲਾਜ ਦੌਰਾਨ ਹਸਪਤਾਲ 'ਚ ਮੌਤ ਹੋ ਚੁੱਕੀ ਹੈ। ਤੇ ਦੂਜੇ ਭਰਾ ਦੀ ਨਸ਼ੇ ਦੀ ਜ਼ਿਆਦਾ ਓਵਰਡੋਜ਼ ਕਾਰਨ। ਆਏ ਦਿਨ ਦੋ ਜਾਂ ਤਿੰਨ ਨੌਜਵਾਨਾਂ ਦੀ ਨਸ਼ੇ ਦੀ ਓਵਰਡੋਜ਼ ਕਾਰਨ ਮੌਤ ਹੋ ਰਹੀ। ਖਬਰ ਪੜ੍ਹਨ ਨੂੰ ਮਿਲੀ ਕਿ ਕਪੂਰਥਲਾ ਵਿਖੇ ਇੱਕ ਕੁੜੀ ਲੋਕਾਂ ਤੋਂ ਪੈਸੇ ਮੰਗ ਕੇ ਚਿੱਟਾ ਪੀਂਦੀ ਹੈ। ਜਿਸ ਤੋਂ ਬਾਅਦ ਉਸ ਨੂੰ ਸਿਵਲ ਹਸਪਤਾਲ 'ਚ ਭਰਤੀ ਕਰਾਇਆ ਗਿਆ। ਹੈਰਾਨੀ ਦੀ ਗੱਲ ਹੈ ਕਿ ਇਸ ਵਿਆਹੁਤਾ ਦਾ ਪਤੀ ਨਸ਼ੇ ਦੀ ਤਸਕਰੀ ਕਾਰਨ ਜੇਲ੍ਹ 'ਚ ਹੈ। ਹਾਲ ਹੀ 'ਚ ਚੋਹਲਾ ਸਾਹਿਬ ਵਿਖੇ ਇੱਕ ਕਿਸਾਨ ਪਰਿਵਾਰ ਦੇ ਦੋਵਾਂ ਪੁੱਤਰਾਂ ਦੀ ਨਸ਼ੇ ਦੀ ਓਵਰਡੋਜ਼ ਕਾਰਨ ਮੌਤ ਹੋ ਗਈ। ਵੱਡੇ ਪੁੱਤਰ ਦੀਆਂ ਅੰਤਮ ਰਸਮਾਂ ਵੀ ਅਜੇ ਪੂਰੀਆਂ ਨਹੀਂ ਸਨ ਹੋਈਆਂ ਕਿ ਛੋਟੇ ਪੁੱਤਰ ਦੀ ਵੀ ਮੌਤ ਹੋ ਗਈ। ਹਾਲ ਹੀ 'ਚ ਪੰਜਾਬ ਪੁਲਸ ਵੱਲੋਂ ਦਿੱਤੀ ਜਾਣਕਾਰੀ ਦੇ ਅਧਾਰ 'ਤੇ ਗੁਜਰਾਤ ਤੋਂ ਕਰੋੜਾਂ ਰੁਪਏ ਦੀ ਹੈਰੋਇਨ ਬਰਾਮਦ ਕੀਤੀ ਗਈ ਹੈ। ਸਰਹੱਦ ਪਾਕਿਸਤਾਨ ਵੱਲੋਂ ਡਰੋਨ ਰਾਹੀਂ ਨਸ਼ਿਆਂ ਦੀ ਤਸਕਰੀ ਲਗਾਤਾਰ ਜਾਰੀ ਹੈ। ਹਾਲ ਹੀ 'ਚ ਫਿਰੋਜ਼ਪੁਰ ਵਿਖੇ ਬੀ ਐਸ ਐਫ ਵੱਲੋਂ ਨਸ਼ਿਆਂ ਦੇ ਪੈਕਟ ਬਰਾਮਦ ਕੀਤੇ ਗਏ। ਅਫਗਨਿਸਤਾਨ 'ਚ ਅਫੀਮ ਦੀ ਖੇਤੀ ਕੀਤੀ ਜਾਂਦੀ ਹੈ। ਹੁਣ ਸਮੁੰਦਰੀ ਰਸਤਿਆਂ ਰਾਹੀਂ ਵੀ ਨਸ਼ਿਆਂ ਦੀ ਤਸਕਰੀ ਹੋ ਰਹੀ ਹੈ। ਨਸ਼ਾ ਕਰਨ ਵਾਲਿਆਂ ਦੇ ਘਰ ਵੀ ਤਬਾਹ ਹੋ ਰਹੇ ਹਨ। ਮਾਂ-ਪਿਉ ਮਰ ਮਰ ਕੇ ਜਿਊਂਦੇ ਹਨ। ਨਸ਼ੇ ਦੀ ਪੂਰਤੀ ਲਈ ਕਈ ਨਸ਼ੇੜੀ ਘਰ ਦਾ ਵੀ ਸਮਾਨ ਵੇਚ ਦਿੰਦੇ ਹਨ। ਮਾਪੇ ਆਪਣੇ ਬੱਚਿਆਂ ਨੂੰ ਵਿਦੇਸ਼ ਭੇਜ ਰਹੇ ਹਨ। ਮਾਂ-ਬਾਪ ਨੂੰ ਡਰ ਹੈ ਕਿ ਜੇ ਉਨ੍ਹਾਂ ਦਾ ਬੇਟਾ ਇਥੇ ਰਹਿ ਗਿਆ ਤਾਂ ਉਹ ਚਿੱਟੇ ਦਾ ਆਦੀ ਹੋ ਜਾਏਗਾ। ਵਿਚਾਰਨ ਵਾਲੀ ਗੱਲ ਹੈ ਕਿ ਚੋਰ ਮੋਰੀਆਂ ਰਾਹੀਂ ਵੱਡੇ-ਵੱਡੇ ਤਸਕਰ ਭਾਰਤ 'ਚ ਹੈਰੋਇਨ ਪਹੁੰਚਾਉਣ 'ਚ ਕਾਮਯਾਬ ਹੋ ਗਏ ਹਨ। ਦੋ ਕੁ ਮਹੀਨੇ ਪਹਿਲਾਂ ਵੀ ਗੁਜਰਾਤ ਦੀਆਂ ਮੁੰਦਰਾ ਤੇ ਕਾਂਡਲਾ ਬੰਦਰਗਾਹਾਂ ਚਰਚਾ 'ਚ ਸਨ। ਚੇਤੇ ਰਹੇ ਕਿ 2017 ਵਿੱਚ ਨਸ਼ਿਆਂ ਨੂੰ ਜੜ੍ਹੋਂ ਖਤਮ ਕਰਨ ਲਈ ਵੱਡੇ ਸਿਆਸਤਦਾਨਾਂ ਨੇ ਸਹੁੰ ਚੁੱਕੀ ਸੀ। ਪਿਛਲੇ ਹੀ ਮਹੀਨੇ ਪੰਜਾਬ ਵਿੱਚ ਆਪ ਸਰਕਾਰ ਵੱਲੋਂ ਨਸ਼ਿਆਂ 'ਤੇ ਨਕੇਲ ਕੱਸਣ ਲਈ ਸੂਬੇ 'ਚ ਤਲਾਸ਼ੀ ਮੁਹਿੰਮ ਚਲਾਈ ਗਈ। ਕੁਝ ਕੁ ਨਸ਼ਾ ਤਸਕਰਾਂ ਨੂੰ ਫੜਿਆ ਵੀ ਗਿਆ ਤੇ ਕੁਝ ਨਸ਼ੇ ਦੇ ਸੌਦਾਗਰ ਘਰ ਨੂੰ ਤਾਲਾ ਲਗਾ ਕੇ ਫਰਾਰ ਹੋ ਗਏ। ਅੱਜ ਕੱਲ੍ਹ ਨਸ਼ੀਲੇ ਪਦਾਰਥਾਂ ਦੀ ਖਰੀਦ ਵਿਕਰੀ ਲਈ ਸੋਸ਼ਲ ਨੈੱਟਵਰਕਿੰਗ ਸਾਈਟ ਦਾ ਧੜੱਲੇ ਨਾਲ ਪ੍ਰਯੋਗ ਹੋ ਰਿਹਾ ਹੈ। ਜੇ ਪੁਲਸ ਪ੍ਰਸ਼ਾਸਨ ਨਸ਼ਿਆਂ ਦੇ ਖਿਲਾਫ ਸਖਤ ਕਦਮ ਚੁੱਕੇ, ਤਾਂ ਆਪਣੇ ਆਪ ਹੀ ਨਸ਼ਿਆਂ ਦੀਆਂ ਜੜ੍ਹਾਂ ਪੁੱਟੀਆਂ ਜਾਣਗੀਆਂ। ਸਰਹੱਦੀ ਮੁਲਕਾਂ ਦੇ ਆਲ੍ਹਾ ਅਧਿਕਾਰੀਆਂ ਨੂੰ ਆਪਸੀ ਤਾਲਮੇਲ ਬਣਾ ਕੇ ਨਸ਼ਿਆਂ ਦੀ ਤਸਕਰੀ ਨੂੰ ਰੋਕਿਆ ਜਾ ਸਕਦਾ ਹੈ। ਸਾਡੀ ਸਾਰਿਆਂ ਦੀ ਇਹ ਨੈਤਿਕ ਜ਼ਿੰਮੇਵਾਰੀ ਵੀ ਬਣਦੀ ਹੈ। ਦੇਸ਼ ਦਾ ਭਵਿੱਖ ਬਚਾਉਣ ਲਈ ਸਰਕਾਰਾਂ, ਆਮ ਜਨਤਾ, ਸਿਆਸਤਦਾਨਾਂ ਨੂੰ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਉਣੀ ਚਾਹੀਦੀ ਹੈ।

*# ਸੰਪਰਕ : 78889-66168*

# ਮੋਦੀ ਸਰਕਾਰ ਕਾਰਪੋਰੇਟਾਂ ਦੇ ਹਿੱਤ ਪੂਰਨ ਲਈ ਲੋਕਾਂ ਦੀ ਰੋਜ਼ੀ-ਰੋਟੀ ਖੋਹ ਰਹੀ



ਪਵਨ ਕੁਮਾਰ ਕੌਸ਼ਲ

ਨਰਿੰਦਰ ਮੋਦੀ ਦੀ ਅਗਵਾਈ ਹੇਠ ਬੀ ਜੇ ਪੀ ਸਰਕਾਰ ਉਸ ਅੰਤਰ-ਰਾਸ਼ਟਰੀ ਸਾਜ਼ਿਸ਼ ਦਾ ਹਿਸਾ ਹੈ, ਜਿਸ ਰਾਹੀਂ ਖੇਤੀ ਨਾਲ ਸੰਬੰਧਤ ਬਣਾਏ ਤਿੰਨ ਕਾਲੇ ਕਾਨੂੰਨਾਂ ਰਾਹੀਂ ਕਿਸਾਨ ਤੋਂ ਉਸ ਦੀ ਜ਼ਮੀਨ ਹੜੱਪ ਕਰਨ, ਕਿਰਤ ਕਾਨੂੰਨਾਂ 'ਚ ਮਜ਼ਦੂਰ ਵਿਰੋਧੀ ਸੋਧਾਂ ਕਰਨ ਅਤੇ ਲੋਕਾਂ ਦੀ ਰੋਜ਼ੀ-ਰੋਟੀ ਖੋਹਣ ਲਈ ਪੱਬਾਂਭਾਰ ਹੋਈ ਹੈ।

ਅਸਲ ਵਿੱਚ ਕਿਸਾਨ ਵਿਰੋਧੀ ਕਾਲੇ ਕਾਨੂੰਨ ਵੱਡੀਆਂ ਕਾਰਪੋਰੇਸ਼ਨਾਂ ਲਈ ਜ਼ਮੀਨਾਂ ਖਰੀਦਣ ਅਤੇ ਜਿਣਸਾਂ ਦੇ ਭੰਡਾਰਨ ਵਿੱਚ ਲਗਾਈਆਂ ਪਾਬੰਦੀਆਂ ਨੂੰ ਹਟਾਉਣ ਲਈ ਬਣਾਏ ਗਏ ਸਨ। ਇਹ ਕਾਨੂੰਨ ਵਰਲਡ ਇਕਨਾਮਿਕ ਫੋਰਮ ਅਤੇ ਖੇਤੀਬਾੜੀ ਲਈ ਇਸ ਦੇ ਨਵੇਂ ਦ੍ਰਿਸ਼ਟੀਕੋਣ (ਐੱਨ ਵੀ ਏ) ਦੀ ਪਹਿਲਕਦਮੀ ਦੇ ਕਈ ਸਾਲਾਂ ਦੀ ਕੋਸ਼ਿਸ਼ ਦਾ ਸਿੱਧਾ ਨਤੀਜਾ ਹਨ। ਮੋਦੀ ਦੇ ਨਵੇਂ ਕਾਨੂੰਨੀ ਉਪਾਅ ਹਨ, ਜੋ ਆਈ.ਐਮ.ਐਫ. ਅਤੇ ਵਿਸ਼ਵ ਬੈਂਕ 1990 ਦੀ ਸ਼ੁਰੂਆਤ ਤੋਂ ਹੀ ਭਾਰਤੀ ਖੇਤੀਬਾੜੀ ਅਤੇ ਖੇਤੀਬਾੜੀ ਨੂੰ ਸੰਯੁਕਤ ਰਾਜ ਅਮਰੀਕਾ ਵਿੱਚ ਬਣੀ ਕਾਰਪੋਰੇਟ ਖੇਤੀਬਾੜੀ ਦੇ ਨਮੂਨੇ ਵਿੱਚ ਲਿਆਉਣ ਦੀ ਮੰਗ ਕਰ ਰਹੇ ਹਨ।

ਚੋਟੀ ਦੇ ਮੋਦੀ ਸਮਰਥਕ ਗੌਤਮ ਅਡਾਨੀ ਤੋਂ ਇਲਾਵਾ ਮੁਕੇਸ਼ ਅੰਬਾਨੀ ਵੀ ਵਿਸ਼ਵ ਆਰਥਿਕ ਫੋਰਮ ਦੇ ਨਿਰਦੇਸ਼ਕ ਮੰਡਲ ਵਿੱਚ ਬੈਠੇ ਹਨ। ਮੋਦੀ ਸਮਰਥਕ ਅੰਬਾਨੀ ਭਾਰਤ ਦੇ ਸਭ ਤੋਂ ਵੱਡੇ ਸਮੂਹ ਰਿਲਾਇੰਸ ਇੰਡਸਟਰੀਜ਼ ਦੇ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ ਹਨ ਅਤੇ ਏਸ਼ੀਆ ਦਾ ਦੂਜਾ $74 ਬਿਲੀਅਨ ਡਾਲਰ ਨਾਲ ਸਭ ਤੋਂ ਅਮੀਰ ਵਿਅਕਤੀ ਹੈ। ਅੰਬਾਨੀ ਫੌਰੀ 'ਤੇ ਮੂਲ ਖੇਤੀਬਾੜੀ ਸੁਧਾਰਾਂ ਦੀ ਜ਼ਬਰਦਸਤ ਵਕਾਲਤ ਕਰਦਾ ਹੈ, ਕਿਉਂਕਿ ਰਿਲਾਇੰਸ ਵੱਡੇ ਲਾਭ ਹਾਸਲ ਕਰਨ ਦੀ ਤਾਕ ਵਿੱਚ ਹੈ। ਇਹ ਸਪੱਸ਼ਟ ਹੈ ਕਿ ਹਾਕਮਾਂ ਲਈ ਭਾਰਤ ਦੇ ਅਨੁਮਾਨਤ 65 ਕਰੋੜ ਕਿਸਾਨਾਂ ਦੇ ਹਿੱਤ ਅਤੇ ਭਲਾਈ ਦਾ ਕੋਈ ਮਹੱਤਵ ਨਹੀਂ ਹੈ।

ਭਾਰਤ 1.4 ਅਰਬ ਲੋਕਾਂ ਦੇ ਨਾਲ ਤਕਰੀਬਨ ਅੱਧਾ ਖੇਤੀਬਾੜੀ 'ਤੇ ਨਿਰਭਰ ਹੈ ਅਤੇ ਵਿਸ਼ਵ-ਵਿਆਪੀ ਖੇਤੀਬਾੜੀ ਬਿਜ਼ਨਸ ਦਾ ਆਖਰੀ ਗੜ੍ਹ ਹੈ, ਜਿੱਥੇ ਵਿਸ਼ਵਵਿਆਪੀ ਕਾਰਪੋਰੇਸ਼ਨਾਂ ਖੇਤੀਬਾੜੀ, ਭੋਜਨ ਦੇ ਉਤਪਾਦਨ 'ਤੇ ਹਾਵੀ ਨਹੀਂ ਹੋ ਸਕੀਆਂ । ਇਸ ਦਾ ਉਦੇਸ਼ ਖੇਤੀਬਾੜੀ ਨੂੰ ਵੱਡੀਆਂ ਤੇ ਬਹੁ-ਕੌਮੀ ਕਾਰਪੋਰੇਸ਼ਨਾਂ ਦੀਆਂ ਇੱਛਾਵਾਂ ਅਨੁਸਾਰ ਪੁਨਰਗਠਨ ਕਰਨਾ ਹੈ। ਭਾਰਤ ਵਿੱਚ ਅਸੀਂ ਇਸ ਪ੍ਰਭਾਵ ਨੂੰ ਬਹੁਤ ਸਪੱਸ਼ਟ ਰੂਪ ਵਿੱਚ ਵੇਖ ਸਕਦੇ ਹਾਂ। ਲੋਕਤੰਤਰੀ ਵਿਕਾਸ ਦੇ ਰਸਤੇ 'ਤੇ ਚੱਲਣ ਦੀ ਬਜਾਏ ਭਾਰਤ ਨੇ ਵਿਦੇਸ਼ੀ ਵਿੱਤ ਦੇ ਸ਼ਾਸਨ ਨੂੰ ਸੌਂਪਣ ਲਈ ਇਹ ਰਾਹ ਚੁਣਿਆ ਹੈ।

1991 ਵਿਚ ਢਾਂਚਾਗਤ ਵਿਵਸਥਾ ਪ੍ਰੋਗਰਾਮ (ਸਟਰਕਚਰਲ ਐਡਜਸਟਮੈਂਟ ਪ੍ਰੋਗਰਾਮ) ਦੇ ਨਾਲ ਹੀ ਭਾਰਤ ਵਿਚ ਵਿਸ਼ਵੀਕਰਨ ਦੀ ਨੀਤੀ ਨੂੰ ਠੋਸ ਰੂਪ ਵਿਚ ਪੇਸ਼ ਕੀਤਾ ਗਿਆ ਸੀ। ਇਸ ਨੀਤੀ ਅਤੇ ਵਿਸ਼ਵ ਬੈਂਕ, ਅੰਤਰਰਾਸ਼ਟਰੀ ਮੁਦਰਾ ਕੋਸ਼ ਅਤੇ ਵਿਸ਼ਵ ਵਪਾਰ ਸੰਗਠਨ ਦੇ ਨਿਰਦੇਸ਼ਾਂ ਦੇ ਅਧਾਰ 'ਤੇ ਭਾਰਤੀ ਆਰਥਿਕਤਾ ਨੂੰ ਕਾਫ਼ੀ ਹੱਦ ਤੱਕ ਨਵਿਆਇਆ ਗਿਆ। ਐਕਸਪੋਰਟ-ਇੰਪੋਰਟ ਨੀਤੀ ਨੂੰ ਉਦਾਰ ਬਣਾਇਆ ਗਿਆ ਸੀ। ਸਰਕਾਰ ਨੇ ਖੇਤੀਬਾੜੀ ਅਤੇ ਉਦਯੋਗਿਕ ਖੇਤਰ ਵਿੱਚ ਆਪਣਾ ਨਿਵੇਸ਼ ਘਟਾਉਣਾ ਅਰੰਭ ਕਰ ਦਿੱਤਾ, ਜਿਸ ਨਾਲ ਪ੍ਰਾਈਵੇਟ ਸੈਕਟਰ ਨੂੰ ਹਾਵੀ ਬਣਾ ਦਿੱਤਾ। ਜਨਤਕ ਵੰਡ ਪ੍ਰਣਾਲੀ ਦੇ ਪੁਨਰਗਠਨ ਨੇ ਅਸਲ ਵਿੱਚ ਗਰੀਬਾਂ ਨੂੰ ਸਬਸਿਡੀ ਵਾਲੀਆਂ ਦਰਾਂ 'ਤੇ ਅਨਾਜ ਦੀ ਉਪਲੱਬਧਤਾ ਨੂੰ ਪ੍ਰਭਾਵਤ ਕੀਤਾ। ਅਜਿਹੇ ਸਾਰੇ ਉਪਾਅ ਖੇਤੀ ਸੈਕਟਰ ਲਈ ਪ੍ਰਭਾਵ ਪਾਉਂਦੇ ਸਨ ਅਤੇ ਕਿਵੇਂ ਵਿਸ਼ਵੀਕਰਨ ਦੀ ਨੀਤੀ ਨੇ ਭਾਰਤ ਵਿੱਚ ਖੇਤੀਬਾੜੀ ਨੂੰ ਪ੍ਰਭਾਵਤ ਕੀਤਾ ਹੈ।

ਅੰਤਰ-ਰਾਸ਼ਟਰੀ ਅਤੇ ਰਾਸ਼ਟਰੀ ਇਜਾਰੇਦਾਰ ਘਰਾਣਿਆਂ ਦੇ ਲਗਾਤਾਰ ਵਧਦੇ ਹੋਏ ਦਬਾਅ ਕਾਰਨ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਬੀ ਜੇ ਪੀ ਸਰਕਾਰ ਨੇ ਖੇਤੀਬਾੜੀ ਸੰਬੰਧੀ ਕਿਸਾਨ ਮਾਰੂ ਤਿੰਨ ਕਾਨੂੰਨ ਲਿਆਂਦੇ। ਇਹ ਕਾਨੂੰਨ ਵੱਡੇ ਬਹੁ-ਰਾਸ਼ਟਰੀ ਕਾਰੋਬਾਰੀ ਅਦਾਰਿਆਂ ਨੂੰ ਸਥਾਨਕ ਜਾਂ ਖੇਤਰੀ ਰਾਜ ਬਾਜ਼ਾਰਾਂ ਨੂੰ ਬਾਈਪਾਸ ਕਰਨ ਦੀ ਆਗਿਆ ਦਿੰਦੇ ਹਨ, ਜਿੱਥੇ ਆਮ ਤੌਰ 'ਤੇ ਕਿਸਾਨਾਂ ਦੇ ਉਤਪਾਦਾਂ ਨੂੰ ਗਾਰੰਟੀਸ਼ੁਦਾ ਕੀਮਤਾਂ 'ਤੇ ਵੇਚਿਆ ਜਾਂਦਾ ਹੈ ਅਤੇ ਵਪਾਰ ਨਾਲ ਕਿਸਾਨਾਂ ਨਾਲ ਸਿੱਧੇ ਸੌਦੇ ਕਰਨ ਦੀ ਆਗਿਆ ਮਿਲਦੀ ਹੈ । ਇਸ ਸਭ ਦੇ ਨਤੀਜੇ ਵਜੋਂ ਭਾਰਤ ਦੀ ਨਾਜ਼ੁਕ ਖੁਰਾਕ ਲੜੀ ਵਿੱਚ ਅੰਦਾਜ਼ਨ ਲੱਖਾਂ ਦਰਮਿਆਨੇ ਜਾਂ ਛੋਟੇ ਕਿਸਾਨ ਅਤੇ ਛੋਟੇ ਕਾਰੋਬਾਰੀ ਖਤਮ ਹੋ ਜਾਣਗੇ ।

ਕਿਸਾਨੀ ਦੇ ਨਾਲ-ਨਾਲ ਸਨਅਤੀ ਮਜ਼ਦੂਰਾਂ 'ਤੇ ਵੀ ਸਰਕਾਰ ਸਾਮਰਾਜੀ ਕਾਰਪੋਰੇਟ ਘਰਾਣਿਆਂ ਦੀ ਸ਼ਹਿ 'ਤੇ ਮਾਰੂ ਹਮਲੇ ਕਰ ਰਹੀ ਹੈ। 1947 ਤੋਂ ਪਹਿਲਾਂ ਮਜ਼ਦੂਰਾਂ ਲਈ ਬਣੇ 44 ਕਿਰਤ ਕਾਨੂੰਨਾਂ ਵਿੱਚ ਮਜ਼ਦੂਰ ਵਿਰੋਧੀ ਸੋਧਾਂ ਕਰਕੇ ਚਾਰ ਕਿਰਤ ਕੋਡ ਬਣਾਏ ਜਾ ਰਹੇ ਹਨ, ਜਿਨ੍ਹਾਂ ਰਾਹੀਂ ਮਜ਼ਦੂਰਾਂ ਦਾ ਮਾਲਕਾਂ ਨਾਲ ਝਗੜਾ ਹੋ ਜਾਣ 'ਤੇ ਅਦਾਲਤ ਜਾਣ ਦਾ ਹੱਕ ਖੋਹ ਲਿਆ ਗਿਆ, ਕੰਮ ਘੰਟੇ 8 ਘੰਟੇ ਤੋਂ ਵਧਾ ਕੇ 12 ਕਰ ਦਿੱਤੇ, ਫੈਕਟਰੀ ਮਾਲਕ ਹੁਣ 300 ਮਜ਼ਦੂਰਾਂ ਤੱਕ ਨਾ ਕਿਰਤ ਕਾਨੂੰਨ ਲਾਗੂ ਕਰਨ ਦਾ ਪਾਬੰਦ ਹੋਵੇਗਾ ਅਤੇ ਨਾ ਹੀ ਉਸ ਨੂੰ ਫੈਕਟਰੀ ਬੰਦ ਕਰਨ ਦੀ ਸਰਕਾਰ ਤੋਂ ਕੋਈ ਆਗਿਆ ਲੈਣੀ ਪਵੇਗੀ, ਮਾਲਕ ਜਦੋਂ ਜੀ ਕਰੇ ਮਜ਼ਦੂਰ ਨੂੰ ਰੱਖ ਸਕੇਗਾ ਅਤੇ ਜਦੋਂ ਮਰਜ਼ੀ ਕੰਮ ਤੋਂ ਹਟਾ ਸਕੇਗਾ, ਪੈਨਸ਼ਨਰੀ ਅਤੇ ਹੋਰ ਭੱਤਿਆ 'ਚ ਕਟੌਤੀ ਆਦਿ ਕਰਨ ਦਾ ਵੀ ਪਰਾਵਧਾਨ ਹੈ।

ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ ਦੀ ਅਗਵਾਈ ਵਿੱਚ ਬੀ ਜੇ ਪੀ ਦੀ ਐੱਨ ਡੀ ਏ ਸਰਕਾਰ ਨੇ ਅਪ੍ਰੈਲ 2004 ਤੋਂ ਭਰਤੀ ਕੀਤੇ ਜਾਣ ਵਾਲੇ ਸਰਕਾਰੀ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਅਧੀਨ ਮਿਲਦੀ ਪੈਨਸ਼ਨ ਬੰਦ ਕਰ ਦਿੱਤੀ। ਨੀਤੀ ਅਯੋਗ ਨੇ ਪੁਰਾਣੀ ਪੈਨਸ਼ਨ ਬਹਾਲ ਕਰਨ ਨੂੰ ਦੇਸ਼ ਦੀ ਆਰਥਿਕਤਾ ਲਈ ਨੁਕਸਾਨਦੇਹ ਦੱਸਿਆ ਹੈ। ਅੱਜ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਨੂੰ ਲੈ ਕੇ ਸਾਰੇ ਭਾਰਤ ਵਿੱਚ ਮੁਲਾਜ਼ਮ ਸੰਘਰਸ਼ਸ਼ੀਲ ਹਨ।

ਲੋਕਾਂ ਨੂੰ ਮਿਲਦੀਆਂ ਸਬਸਿਡੀਆਂ ਬੰਦ ਕੀਤੀਆਂ ਜਾ ਰਹੀਆਂ। 350-400 ਰੁਪਏ ਨੂੰ ਮਿਲਦਾ ਘਰੇਲੂ ਗੈਸ ਸਿਲੰਡਰ 1100 ਰੁਪਏ ਨੂੰ ਮਿਲਦਾ ਹੈ। ਦਵਾਈਆਂ ਉਤੇ ਹੋਰ ਜ਼ਰੂਰੀ ਵਸਤਾਂ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧਾ ਕੀਤਾ ਜਾ ਰਿਹਾ ਹੈ। ਅੱਜ ਅੰਤਰ-ਰਾਸ਼ਟਰੀ ਮਾਰਕਿਟ ਵਿੱਚ ਕੱਚੇ ਤੇਲ ਦੀ ਕੀਮਤ 40 ਫੀਸਦ ਘਟ ਕੇ 130 ਡਾਲਰ ਪ੍ਰਤੀ ਬੈਰਲ ਤੋਂ 73 ਡਾਲਰ ਪ੍ਰਤੀ ਬੈਰਲ ਹੋ ਜਾਣ ਦੇ ਬਾਵਜੂਦ ਪੈਟਰੋਲੀਅਮ ਵਸਤਾਂ ਪਹਿਲੀਆਂ ਦਰਾਂ ਉਪਰ ਹੀ ਦਿੱਤੀਆਂ ਜਾ ਰਹੀਆਂ ਹਨ।

ਆਪਣੀ ਹੋਂਦ ਬਰਕਰਾਰ ਰੱਖਣ ਅਤੇ ਰੋਟੀ-ਰੋਜ਼ੀ ਲਈ ਤਿੰਨ ਵਿਵਾਦਿਤ ਕਿਸਾਨ ਵਿਰੋਧੀ ਕਾਲੇ ਕਾਨੂੰਨਾਂ ਨੂੰ ਰੱਦ ਕਰਵਾਉਣ ਲਈ 'ਸੰਯੁਕਤ ਕਿਸਾਨ ਮੋਰਚਾ' ਦੀ ਅਗਵਾਈ ਹੇਠ ਦੇਸ਼ ਭਰ ਦੇ ਕਿਸਾਨਾਂ 26 ਨਵੰਬਰ 2020 ਤੋ ਦਿੱਲੀ ਦੇ ਵੱਖ-ਵੱਖ ਬਾਰਡਰਾਂ ਉੱਪਰ 378 ਦਿਨ ਮੋਰਚਾ ਲਾ ਕੇ ਖੇਤੀ ਸਬੰਧੀ ਤਿੰਨ ਕਾਲੇ ਕਾਨੂੰਨ ਵਾਪਸ ਕਰਵਾਏ। ਮਜ਼ਦੂਰ ਵੀ ਕਿਰਤ ਕਾਨੂੰਨਾਂ ਵਿੱਚ ਮਜ਼ਦੂਰ ਵਿਰੋਧੀ ਸੋਧਾਂ ਨੂੰ ਲੈ ਕੇ ਅਤੇ ਕਿਸਾਨੀ ਮੰਗਾਂ ਦੇ ਸਮਰਥਨ ਵਿੱਚ ਕਿਸਾਨੀ ਅੰਦੋਲਨ ਵਿੱਚ ਸ਼ਾਮਲ ਹੋਏ ਅਤੇ ਇਹ ਅੰਦੋਲਨ ਜਨ-ਅੰਦੋਲਨ ਦਾ ਰੂਪ ਧਾਰਨ ਕਰ ਗਿਆ। ਇਸ ਅੰਦੋਲਨ ਵਿੱਚ ਲੋਕਾਂ ਦੇ ਖੋਹੇ ਹੋਏ ਅਤੇ ਖੋਹੇ ਜਾ ਰਹੇ ਜਮਹੂਰੀ ਹਕਾਂ ਦੀ ਅਤੇ ਮਨੁੱਖੀ ਅਧਿਕਾਰਾਂ ਦੀ ਬਹਾਲੀ ਸ਼ਾਮਲ ਹੋਣ ਨਾਲ ਇਸ ਅੰਦੋਲਨ ਨੇ ਲੋਕ ਜਮਹੂਰੀ ਇਨਕਲਾਬ ਦੇ ਪਹਿਲੇ ਪੜਾਅ ਅੰਦਰ ਆਪਣੇ ਪੈਰ ਰੱਖ ਲਏ ਹਨ।

ਕਿਸਾਨ ਮੋਰਚੇ ਨੂੰ ਸਾਬੋਤਾਜ ਕਰਨ ਲਈ ਸਰਕਾਰ ਨੇ ਹਰ ਹੱਥ ਕੰਡਾਂ ਵਰਤਿਆ। ਕਦੀ ਖਾਲਿਸਤਾਨੀ, ਅੱਤਵਾਦੀ, ਮਾਓਵਾਦੀ, ਦੇਸ਼ ਧ੍ਰੋਹੀ ਅਤੇ ਖੱਬੇ ਪੱਖੀ ਆਦਿ ਦਾ ਨਾਂ ਦੇ ਕੇ ਕਿਸਾਨ ਸੰਘਰਸ਼ ਨੂੰ ਅਸਫਲ ਕਰਨ ਦੀਆਂ ਸਾਜ਼ਿਸ਼ਾਂ ਰਚੀਆਂ ਅਤੇ ਸਰਕਾਰ ਵਲੋਂ ਲਾਲ ਕਿਲੇ ਦੀ ਘੜੀ ਸਾਜ਼ਿਸ਼ ਦੀਆਂ ਹਿੰਸਕ ਘੱਟਨਾਵਾਂ ਇਸੇ ਕੜੀ ਦਾ ਹਿਸਾ ਸਨ ਪ੍ਰੰਤੂ ਕਿਸਾਨਾਂ ਦੇ ਵਿਸ਼ਾਲ ਏਕੇ ਅਤੇ ਭਾਈਚਾਰਕ ਸਾਂਝ ਮੂਹਰੇ ਸਰਕਾਰ ਦਾ ਫਰੇਬ ਤੇ ਝੂਠ ਚਲ ਨਹੀ ਸਕਿਆ। ਸਰਕਾਰ ਨੂੰ ਹਰ ਬਾਰ ਅਪਣੀ ਚੱਲੀ ਚਾਲ ਅਤੇ ਘੜੀ ਸਾਜ਼ਿਸ਼ ਤੋਂ ਮੂੰਹ ਦੀ ਖਾਣੀ ਪਈ ।

ਅੱਜ ਕਿਸਾਨੀ ਦੀ ਹੋਂਦ ਲਈ ਅਤੇ ਆਪਣੀ ਰੋਟੀ-ਰੋਜ਼ੀ ਲਈ ਲੜ ਰਹੇ ਲੋਕਾਂ ਦਾ ਸੰਘਰਸ਼ ਕੇਂਦਰ ਦੀ ਮੋਦੀ ਸਰਕਾਰ ਅਤੇ ਇਨ੍ਹਾਂ ਅੰਤਰ-ਰਾਸ਼ਟਰੀ ਬਹੁ-ਕੌਮੀ ਕਾਰਪੋਰੇਸ਼ਨਾ ਦੇ ਹਿੱਤਾਂ ਦੀ ਰਖਵਾਲੀ ਕਰਨ ਵਾਲੀਆਂ 'ਵਿਸ਼ਵ ਵਪਾਰ ਸੰਸਥਾ' ਅਤੇ 'ਕੌਮਾਂਤਰੀ ਮੁਦਰਾ ਕੋਸ਼' ਵਿਰੁੱਧ ਹੈ। ਇਸ ਲਈ ਸਾਨੂੰ ਇਸ ਗੱਲ ਤੋਂ ਸੁਚੇਤ ਰਹਿਣਾ ਪਵੇਗਾ ਕਿ ਮੌਜੂਦਾ ਝੂਠੀ, ਫਰੇਬੀ ਅਤੇ ਤਾਨਾਸ਼ਾਹੀ ਅਤੇ ਫਾਸ਼ੀਵਾਦੀ ਨੀਤੀਆਂ ਉਪਰ ਚੱਲਣ ਵਾਲੀ ਸਰਕਾਰ ਕਿਸਾਨੀ ਸੰਘਰਸ਼ ਨੂੰ ਅਤੇ ਦੇਸ਼ ਦੀ ਭਾਈਚਾਰਕ ਸਾਂਝ ਨੂੰ ਢਾਹ ਲਾਉਣ ਲਈ ਕਿਸੇ ਵੀ ਹੱਦ ਤੱਕ ਗਿਰ ਸਕਦੀ ਹੈ। ਇਹ ਆਪਣੀਆਂ ਏਜੰਸੀਆਂ ਰਾਹੀਂ ਅਤੇ ਭਾੜੇ ਦੇ ਟੱਟੂਆਂ ਰਾਹੀਂ ਕਨੂੰਨ ਰੱਦ ਕਰਵਾਉਣ ਦੇ ਨਾਹਰਿਆਂ ਰਾਹੀਂ ਲਾਲ ਕਿਲ੍ਹੇ ਵਰਗੇ ਹਾਲਤ ਪੈਦਾ ਕਰਕੇ ਕਿਸਾਨੀ ਏਕੇ ਨੂੰ ਖੇਰੂੰ-ਖੇਰੂੰ ਕਰਨ ਦੀ ਸਾਜ਼ਿਸ਼ ਰਚ ਸਕਦੀ ਹੈ। ਇਸ ਲਈ ਅਤਿ ਚੌਕਸੀ ਦੀ ਲੋੜ ਹੈ ਅਤੇ 'ਸਯੁੰਕਤ ਕਿਸਾਨ ਮੋਰਚੇ' ਦੇ ਸੱਦੇ ਤੋਂ ਬਿਨਾਂ ਹੋਰ ਕਿਸੇ ਦੂਸਰੇ ਦੇ ਝਾਂਸੇ ਵਿੱਚ ਨਾ ਆ ਕੇ ਸਰਕਾਰ ਦੀ ਇਸ ਕਿਸਾਨ ਸੰਘਰਸ਼ ਨੂੰ ਢਾਹ ਲਾਉਣ ਦੀ ਹਰ ਸਾਜ਼ਿਸ਼ ਦਾ ਟਾਕਰਾ ਕਰਦੇ ਹੋਏ ਇਸ ਸੰਘਰਸ਼ ਨੂੰ ਅਜੇ ਆਖਰੀ ਪੜਾਅ ਤੱਕ ਲਿਜਾਣਾ ਹੋਵੇਗਾ।

# ਸੰਪਰਕ : 98550-04500

**ਸ਼ਹਾਦਤ ਦਿਵਸ 'ਤੇ ਵਿਸ਼ੇਸ਼**

# ਵੱਡੇ ਸਾਹਿਬਜ਼ਾਦਿਆਂ ਦੀ ਬਹਾਦਰੀ ਦੀ ਗਾਥਾ ਦਾ ਗਵਾਹ ਚਮਕੌਰ ਸਾਹਿਬ ਦਾ ਯੁੱਧ



ਬਿੰਦਰ ਸਿੰਘ ਖੁੱਡੀ ਕਲਾਂ

ਸਿੱਖ ਕੌਮ ਦੇ ਕੁਰਬਾਨੀਆਂ ਭਰਪੂਰ ਗੌਰਵਮਈ ਇਤਿਹਾਸ 'ਚ ਚਮਕੌਰ ਸਾਹਿਬ ਦੇ ਯੁੱਧ ਦਾ ਵਿਸ਼ੇਸ਼ ਸਥਾਨ ਹੈ। ਫੌਜਾਂ ਦੀ ਗਿਣਤੀ ਪੱਖੋਂ ਇਹ ਇੱਕ ਅਸਾਵਾਂ ਯੁੱਧ ਸੀ। ਇਤਿਹਾਸਕਾਰਾਂ ਅਨੁਸਾਰ ਇਹ ਯੁੱਧ ਗੁਰੂ ਜੀ ਦੀ ਫੌਜ ਦੇ ਕੇਵਲ ਚਾਲੀ ਸਿੰਘਾਂ ਅਤੇ ਮੁਗਲਾਂ ਦੀਆਂ ਅਣਗਿਣਤ ਫੌਜਾਂ ਦਰਮਿਆਨ ਹੋਇਆ। ਫੌਜਾਂ ਦੀ ਗਿਣਤੀ ਦਾ ਏਨਾ ਜ਼ਿਆਦਾ ਅਸਾਵਾਂਪਣ ਹੋਣ ਦੇ ਬਾਵਜੂਦ ਖਾਲਸਾਈ ਫੌਜਾਂ ਨੇ ਦੁਸ਼ਮਣ ਦੀਆਂ ਫੌਜਾਂ ਨੂੰ ਵਖਤ ਪਾਈ ਰੱਖਿਆ। ਗਿਣਤੀ ਪੱਖੋਂ ਘੱਟ ਹੋਣ ਦਾ ਖਾਲਸਾਈ ਫੌਜਾਂ ਨੇ ਮਨ 'ਚ ਕਿਸੇ ਕਿਸਮ ਦਾ ਭੈਅ ਰੱਖਣ ਦੀ ਬਜਾਏ ਬੜੀ ਦਲੇਰੀ ਨਾਲ ਰਣਭੂਮੀ 'ਚ ਸ਼ਹਾਦਤ ਦਾ ਜਾਮ ਪੀਤਾ।

ਮੁਗਲਾਂ ਅਤੇ ਪਹਾੜੀ ਰਾਜਿਆਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਝੂਠੇ ਵਾਅਦੇ ਅਤੇ ਕਸਮਾਂ ਦੇ ਕੇ ਸ੍ਰੀ ਆਨੰਦਪੁਰ ਸਾਹਿਬ ਦਾ ਕਿਲ੍ਹਾ ਖਾਲੀ ਕਰਵਾ ਲਿਆ। ਇਤਿਹਾਸਕਾਰਾਂ ਅਨੁਸਾਰ ਕਿਲ੍ਹੇ 'ਚ ਗੁਰੂ ਸਾਹਿਬ ਕੋਲ ਪਰਿਵਾਰਕ ਮੈਂਬਰਾਂ ਤੋਂ ਬਿਨਾਂ ਤਕਰੀਬਨ ਚਾਰ ਸੌ ਖਾਲਸਾਈ ਫੌਜਾਂ ਸਨ। ਮੁਗਲਾਂ ਨੇ ਔਰੰਗਜ਼ੇਬ ਦੇ ਦਸਤਖਤਾਂ ਹੇਠ ਕੁਰਾਨ ਸ਼ਰੀਫ ਦੀਆਂ ਸਹੁੰਆਂ ਖਾ ਕੇ ਗੁਰੂ ਸਾਹਿਬ ਨੂੰ ਕਿਲ੍ਹਾ ਖਾਲੀ ਕਰਨ ਅਤੇ ਸੁਰੱਖਿਅਤ ਨਿਕਲ ਜਾਣ ਦੀ ਬੇਨਤੀ ਕੀਤੀ। ਹਿੰਦੂ ਰਾਜਿਆਂ ਵੱਲੋਂ ਵੀ ਸਹੁੰਆਂ ਖਾਣ ਦਾ ਜ਼ਿਕਰ ਇਤਿਹਾਸ 'ਚ ਮਿਲਦਾ ਹੈ। ਗੁਰੂ ਸਾਹਿਬ ਨੂੰ ਮੁਗਲਾਂ ਅਤੇ ਪਹਾੜੀ ਰਾਜਿਆਂ ਦੀਆਂ ਸਹੁੰਆਂ 'ਤੇ ਰੱਤੀ ਭਰ ਵੀ ਵਿਸ਼ਵਾਸ ਨਹੀਂ ਸੀ ਪਰ ਸਿੱਖ ਸ਼ਰਧਾਲੂਆਂ ਦੇ ਕਹੇ ਅਨੁਸਾਰ ਗੁਰੂ ਸਾਹਿਬ ਨੇ ਕਿਲ੍ਹਾ ਖਾਲੀ ਕਰਨ ਦੀ ਹਾਮੀ ਭਰ ਦਿੱਤੀ। ਪਰ ਹੋਇਆ ਓਹੀ ਜੋ ਦਸ਼ਮੇਸ਼ ਪਿਤਾ ਨੇ ਕਿਹਾ ਸੀ। ਮੁਗਲਾਂ ਅਤੇ ਪਹਾੜੀ ਰਾਜਿਆਂ ਨੇ ਚੰਦ ਸਮੇਂ ਬਾਅਦ ਹੀ ਆਪਣੀਆਂ ਸਹੁੰਆਂ ਅਤੇ ਵਾਅਦੇ ਤੋੜਦਿਆਂ ਗੁਰੂ ਸਾਹਿਬ ਉੱਪਰ ਹਮਲਾ ਕਰ ਦਿੱਤਾ। ਪੋਹ ਮਹੀਨੇ ਦੀ ਭਰ ਸਰਦੀ 'ਚ ਗੁਰੂ ਸਾਹਿਬ ਨੇ ਜਿਉਂ ਹੀ ਚਾਲੇ ਪਾਏ ਤਾਂ ਸ੍ਰੀ ਆਨੰਦਪੁਰ ਸਾਹਿਬ ਤੋਂ ਤਕਰੀਬਨ ਪੱਚੀ ਕਿਲੋਮੀਟਰ ਦੂਰੀ 'ਤੇ ਸਰਸਾ ਨਦੀ ਕਿਨਾਰੇ ਮੁਗਲਾਂ ਅਤੇ ਪਹਾੜੀ ਰਾਜਿਆਂ ਨੇ ਗੁਰੂ ਸਾਹਿਬ ਦੀਆਂ ਸਿੱਖ ਫੌਜਾਂ 'ਤੇ ਧਾਵਾ ਬੋਲਦਿਆਂ ਬਹੁਤ ਸਾਰੇ ਸਿੱਖਾਂ ਨੂੰ ਸ਼ਹੀਦ ਕਰ ਦਿੱਤਾ।

ਸਿੱਖਾਂ ਦੀ ਇੱਕ ਟੁਕੜੀ ਨੇ ਦੁਸ਼ਮਣ ਫੌਜਾਂ ਨਾਲ ਟਾਕਰਾ ਜਾਰੀ ਰੱਖਿਆ ਅਤੇ ਯੁੱਧ ਨੀਤੀ ਤਹਿਤ ਗੁਰੂ ਸਾਹਿਬ ਨੂੰ ਸਮੇਤ ਪਰਵਾਰ ਬਾਕੀ ਫੌਜਾਂ ਸਮੇਤ ਉੱਥੋਂ ਅੱਗੇ ਤੋਰ ਦਿੱਤਾ। ਗੁਰੂ ਸਾਹਿਬ ਪਰਵਾਰ ਅਤੇ ਫੌਜਾਂ ਸਮੇਤ ਸਰਸਾ ਨਦੀ ਦੇ ਬਰਫ ਵਾਂਗ ਜੰਮੇ ਪਾਣੀ ਰਾਹੀਂ ਦੂਸਰੇ ਪਾਸੇ ਲਈ ਚਾਲੇ ਪਾ ਦਿੱਤੇ। ਦੁਸ਼ਮਣ ਦੀਆਂ ਫੌਜਾਂ ਬਰਫ ਵਰਗੇ ਠੰਢੇ ਪਾਣੀ 'ਚ ਵੜਨ ਦਾ ਹੌਸਲਾ ਨਹੀਂ ਸਨ ਕਰ ਰਹੀਆਂ। ਲੋਹੜੇ ਦੀ ਸਰਦੀ ਅਤੇ ਕਾਲੀ ਬੋਲੀ ਸ਼ੂਕਦੀ ਰਾਤ ਦੌਰਾਨ ਨਦੀ ਦੇ ਪਾਣੀ 'ਚ ਅਚਾਨਕ ਆਏ ਉਛਾਲ ਨੇ ਗੁਰੂ ਸਾਹਿਬ ਦੇ ਪਰਵਾਰ ਅਤੇ ਫੌਜਾਂ ਦਾ ਵਿਛੋੜਾ ਪਾ ਦਿੱਤਾ। ਇਸ ਦੌਰਾਨ ਗੁਰੂ ਜੀ ਦੇ ਮਾਤਾ ਜੀ ਮਾਤਾ ਗੁਜਰੀ ਅਤੇ ਛੋਟੇ ਸਾਹਿਬਜ਼ਾਦੇ ਅਲੱਗ ਵਿੱਛੜ ਗਏ, ਗੁਰੂ ਜੀ ਦੇ ਮਹਿਲ ਅਲੱਗ ਵਿਛੜ ਗਏ ਅਤੇ ਗੁਰੂ ਸਾਹਿਬ ਵੱਡੇ ਸਾਹਿਬਜ਼ਾਦਿਆਂ ਸਮੇਤ ਅਲੱਗ ਰਹਿ ਗਏ। ਬਹੁਤ ਸਾਰੇ ਸਿੱਖ ਸਰਸਾ ਨਦੀ ਦੇ ਪਾਣੀ 'ਚ ਸ਼ਹਾਦਤ ਦਾ ਜਾਮ ਪੀ ਗਏ। ਇਤਿਹਾਸਕਾਰਾਂ ਅਨੁਸਾਰ ਇਸ ਸਮੇਂ ਗੁਰੂ ਸਾਹਿਬ ਕੋਲ ਕੇਵਲ ਚਾਲੀ ਸਿੰਘਾਂ ਦੀ ਫੌਜ ਬਾਕੀ ਬਚੀ ਸੀ। ਗੁਰੂ ਸਾਹਿਬ ਦੇ ਪਰਵਾਰਕ ਮੈਂਬਰਾਂ ਦੇ ਵਿਛੋੜੇ ਵਾਲੇ ਇਸ ਪਵਿੱਤਰ ਅਸਥਾਨ 'ਤੇ ਗੁਰਦੁਆਰਾ ਸ੍ਰੀ ਪਰਵਾਰ ਵਿਛੋੜਾ ਸਾਹਿਬ ਸੁਸ਼ੋਭਿਤ ਹੈ।

ਗੁਰੂ ਸਾਹਿਬ ਨੇ ਵੱਡੇ ਸਾਹਿਬਜ਼ਾਦਿਆਂ ਅਤੇ ਬਾਕੀ ਬਚੀਆਂ ਖਾਲਸਾਈ ਫੌਜਾਂ ਸਮੇਤ ਸ੍ਰੀ ਚਮਕੌਰ ਸਾਹਿਬ ਵਿਖੇ ਖੁੱਲ੍ਹੇ ਅਸਥਾਨ ਹੇਠ ਡੇਰੇ ਲਗਾ ਲਏ। ਸ਼ਾਮ ਤੱਕ ਖਾਲਸਾਈ ਫੌਜਾਂ ਨੇ ਯੁੱਧ ਪੱਖੋਂ ਅਤਿ ਮਹੱਤਵਪੂਰਨ ਅਸਥਾਨ ਕੱਚੀ ਗੜ੍ਹੀ ਵਿਖੇ ਜਾ ਡੇਰੇ ਲਗਾਏ। ਇਸ ਕੱਚੀ ਗੜ੍ਹੀ ਦੇ ਅੰਦਰ ਜਾਣ ਲਈ ਕੇਵਲ ਇੱਕੋ ਹੀ ਰਸਤਾ ਸੀ। ਓਧਰ ਦੁਸ਼ਮਣਾਂ ਦੀਆਂ ਫੌਜਾਂ ਗੁਰੂ ਸਾਹਿਬ ਦੀ ਤਲਾਸ਼ 'ਚ ਹਰਲ-ਹਰਲ ਕਰਦੀਆਂ ਫਿਰਦੀਆਂ ਸਨ। ਇਤਿਹਾਸਕਾਰਾਂ ਅਨੁਸਾਰ ਇਸ ਅਤਿ ਕਸ਼ਟਮਈ ਸਮੇਂ 'ਚ ਵੀ ਗੁਰੂ ਸਾਹਿਬ ਪੂਰੀ ਤਰ੍ਹਾਂ ਅਡੋਲ ਅਤੇ ਆਤਮ ਵਿਸ਼ਵਾਸ ਨਾਲ ਭਰਪੂਰ ਸਨ। ਗੁਰੂ ਸਾਹਿਬ ਨੇ ਅੰਮ੍ਰਿਤ ਵੇਲਾ ਹੋਣ 'ਤੇ ਭਾਈ ਸੰਗਤ ਸਿੰਘ ਜੀ ਨੂੰ ਉਠਾ ਕੇ ਆਸਾ ਦੀ ਵਾਰ ਦਾ ਕੀਰਤਨ ਕਰਨ ਲਈ ਕਿਹਾ। ਪਰਵਾਰ ਵਿਛੋੜੇ ਉਪਰੰਤ ਯੁੱਧ ਦੀਆਂ ਬਰੂਹਾਂ 'ਤੇ ਖੜ੍ਹ ਕੇ ਵੀ ਪ੍ਰਮਾਤਮਾ ਦਾ ਸਿਮਰਨ ਨਾ ਵਿਸਾਰਨਾ ਕੇਵਲ 'ਤੇ ਕੇਵਲ ਦਸਮ ਪਿਤਾ ਦੇ ਹਿੱਸੇ ਹੀ ਆਇਆ ਹੈ।

ਓਧਰ ਮੁਗਲ ਫੌਜਾਂ ਨੂੰ ਵੀ ਗੁਰੂ ਸਾਹਿਬ ਦੇ ਕੱਚੀ ਗੜ੍ਹੀ 'ਚ ਬਿਰਾਜਮਾਨ ਹੋਣ ਦੀ ਸੂਹ ਮਿਲ ਚੁੱਕੀ ਸੀ। ਮੁਗਲ ਫੌਜਾਂ ਨੇ ਵੱਡੇ ਲਾਮ ਲਸ਼ਕਰ ਨਾਲ ਕੱਚੀ ਗੜ੍ਹੀ ਨੂੰ ਘੇਰਾ ਪਾ ਲਿਆ। ਪਰ ਖਾਲਸਾਈ ਫੌਜਾਂ ਦੀ ਬਹਾਦਰੀ ਅੱਗੇ ਦੁਸ਼ਮਣ ਦੀਆਂ ਫੌਜਾਂ ਕੱਚੀ ਗੜ੍ਹੀ 'ਚ ਪ੍ਰਵੇਸ਼ ਕਰਨ ਦੀ ਹਿੰਮਤ ਨਹੀ ਸਨ ਜੁਟਾ ਰਹੀਆਂ। ਇੱਥੇ ਵੀ ਮੁਗਲ ਫੌਜਾਂ ਵੱਲੋਂ ਗੁਰੂ ਸਾਹਿਬ ਨੂੰ ਸਮਝੌਤੇ ਦੀ ਪੇਸ਼ਕਸ਼ ਕੀਤੇ ਜਾਣ ਦਾ ਵਰਨਣ ਮਿਲਦਾ ਹੈ। ਗੁਰੂ ਸਾਹਿਬ ਜਿੱਥੇ ਫੌਜਾਂ ਦੀ ਗਿਣਤੀ ਦੇ ਅਸਾਵੇਂਪਣ ਤੋਂ ਭਲੀਭਾਂਤ ਜਾਣੂ ਸਨ, ਉਥੇ ਖਾਲਸਾਈ ਫੌਜਾਂ ਦੇ ਬੁਲੰਦ ਹੌਸਲਿਆਂ ਤੋਂ ਵੀ ਬਾਖੂਬੀ ਵਾਕਫ ਸਨ। ਗੁਰੂ ਸਾਹਿਬ ਨੇ ਮੁਗਲਾਂ 'ਤੇ ਭਰੋਸਾ ਕਰਨ ਦੀ ਬਜਾਏ ਉਨ੍ਹਾਂ ਨੂੰ ਯੁੱਧ ਦੀ ਲਲਕਾਰ ਪਾਈ। ਗੁਰੂ ਸਾਹਿਬ ਨੇ ਖਾਸ ਯੁੱਧ ਨੀਤੀ ਤਹਿਤ ਖੁਦ ਕੱਚੀ ਗੜ੍ਹੀ ਦੇ ਉੱਪਰ ਡੇਰੇ ਲਗਾਉਂਦਿਆਂ ਗੜ੍ਹੀ ਦੇ ਅੰਦਰੋਂ ਪੰਜ-ਪੰਜ ਸਿੰਘਾਂ ਦਾ ਜਥਾ ਬਾਹਰ ਦੁਸ਼ਮਣ 'ਤੇ ਧਾਵਾ ਬੋਲਣ ਲਈ ਭੇਜਣਾ ਸ਼ੁਰੂ ਕੀਤਾ। ਖਾਲਸਾਈ ਫੌਜਾਂ ਦਾ ਜਥਾ ਜਿਉਂ ਹੀ ਗੜ੍ਹੀ ਤੋਂ ਬਾਹਰ ਆਉਂਦਾ ਤਾਂ ਦੁਸ਼ਮਣ ਦੀਆਂ ਫੌਜਾਂ 'ਤੇ ਟੁੱਟ ਕੇ ਪੈ ਜਾਂਦਾ। ਧਰਮ ਦੀ ਰਖਵਾਲੀ ਹਿੱਤ ਸ਼ਹਾਦਤ ਦਾ ਜਾਮ ਪੀਣ ਲਈ ਮੈਦਾਨੇ ਜੰਗ 'ਚ ਉਤਰੇ ਗੁਰੂ ਕੇ ਸਿੱਖਾਂ ਸਾਹਮਣੇ ਤਨਖਾਹੀਏ ਮੁਗਲ ਫੌਜੀਆਂ ਦੇ ਪੈਰ ਉੱਖੜ ਉੱਖੜ ਜਾ ਰਹੇ ਸਨ। ਮੁਗਲਾਂ ਨੂੰ ਭਲੀਭਾਂਤ ਪਤਾ ਸੀ ਕਿ ਗੁਰੂ ਸਾਹਿਬ ਵੱਲੋਂ ਵਰੋਸਾਈਆਂ ਇਹ ਖਾਲਸਾਈ ਫੌਜਾਂ ਤਾਂ ਇਕੱਲੀਆਂ ਇਕੱਲੀਆਂ ਸਵਾ-ਸਵਾ ਲੱਖ 'ਤੇ ਭਾਰੀ ਪੈ ਸਕਦੀਆਂ ਹਨ। ਸਿੱਖਾਂ ਦਾ ਜਥਾ ਮੈਦਾਨੇ ਜੰਗ 'ਚ ਆਉਂਦਾ ਅਤੇ ਸ਼ਹਾਦਤ ਦਾ ਜਾਮ ਪੀ ਜਾਂਦਾ। ਅਗਲਾ ਜਥਾ ਹੱਸ ਕੇ ਗੁਰੂ ਸਾਹਿਬ ਤੋਂ ਮੈਦਾਨੇ ਜੰਗ ਵਿੱਚ ਜਾ ਕੇ ਦੁਸ਼ਮਣ ਨੂੰ ਸਬਕ ਸਿਖਾਉਣ ਦੀ ਇਜਾਜ਼ਤ ਮੰਗਦਾ। ਦੁਸ਼ਮਣ ਫੌਜਾਂ ਦੀ ਲਾਚਾਰੀ ਵੇਖਣ ਵਾਲੀ ਸੀ। ਗੁਰੂ ਸਾਹਿਬ ਦੀਆਂ ਸੀਮਤ ਗਿਣਤੀ ਦੀਆਂ ਫੌਜਾਂ ਦੁਸ਼ਮਣਾਂ ਦੇ ਟਿੱਡੀ ਦਲ ਨੂੰ ਗੜ੍ਹੀ ਦੇ ਨੇੜੇ ਨਹੀਂ ਸਨ ਫਟਕਣ ਦੇ ਰਹੀਆਂ। ਪੌੜੀ ਰਾਹੀਂ ਗੜ੍ਹੀ ਦੇ ਉੱਪਰ ਚੜ੍ਹਨ ਦੀ ਕੋਸ਼ਿਸ਼ ਕਰਦੀਆਂ ਫੌਜਾਂ ਨੂੰ ਗੁਰੂ ਸਾਹਿਬ ਦੇ ਤੀਰਾਂ ਦਾ ਸ਼ਿਕਾਰ ਹੋਣਾ ਪਿਆ।

ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਵੀ ਗੁਰੂ ਸਾਹਿਬ ਦੇ ਨਾਲ ਹੀ ਦੁਸ਼ਮਣ 'ਤੇ ਤੀਰਾਂ ਦੀ ਬਰਸਾਤ ਕਰ ਰਹੇ ਸਨ। ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜਿੱਥੇ ਯੁੱਧ ਕਲਾ ਵਿੱਚ ਨਿਪੁੰਨ ਹੋ ਚੁੱਕੇ ਸਨ, ਉੱਥੇ ਹੀ ਉਨ੍ਹਾਂ ਨੂੰ ਅਮੀਰ ਵਿਰਸੇ ਦੀ ਵੀ ਭਲੀਭਾਂਤ ਸੋਝੀ ਸੀ। ਉਹ ਗੁਰੂ ਸਾਹਿਬ ਤੋਂ ਵਾਰ-ਵਾਰ ਯੁੱਧ 'ਚ ਜਾਣ ਦੀ ਇਜਾਜ਼ਤ ਮੰਗ ਕਰ ਰਹੇ ਸਨ। ਸਿੱਖ ਵਾਰ-ਵਾਰ ਗੁਰੂ ਸਾਹਿਬ ਨੂੰ ਸਾਹਬਜ਼ਾਦਿਆਂ ਸਮੇਤ ਉੱਥੋਂ ਨਿਕਲ ਜਾਣ ਦੀਆਂ ਬੇਨਤੀਆਂ ਕਰ ਰਹੇ ਸਨ। ਪਰ ਗੁਰੂ ਸਾਹਿਬ ਨੇ ਕਿਹਾ "ਮੇਰੇ ਲਈ ਤੁਸੀਂ ਸਾਰੇ ਹੀ ਮੇਰੇ ਸਾਹਿਬਜ਼ਾਦੇ ਹੋ। ਮੇਰਾ ਪਰਵਾਰ ਹੋ ਤੁਸੀਂ ਸਾਰੇ ਹੀ। ਮੈਂ ਤੁਹਾਨੂੰ ਛੱਡ ਕੇ ਨਹੀਂ ਜਾ ਸਕਦਾ।" ਗੁਰੂ ਸਾਹਿਬ ਨੇ ਬਾਬਾ ਅਜੀਤ ਸਿੰਘ ਨੂੰ ਸ਼ਸਤਰ ਧਾਰਨ ਕਰਵਾ ਕੇ ਜਥੇ ਦੇ ਨਾਲ ਯੁੱਧ ਭੂਮੀ ਲਈ ਵਿਦਾ ਕੀਤਾ ਤਾਂ ਸਾਹਿਬਜ਼ਾਦਾ ਅਜੀਤ ਸਿੰਘ ਦੁਸ਼ਮਣ ਦੀਆਂ ਫੌਜਾਂ 'ਤੇ ਬਿਜਲੀ ਵਾਂਗ ਟੁੱਟ ਕੇ ਪੈ ਗਏ। ਇਤਿਹਾਸਕਾਰਾਂ ਅਨੁਸਾਰ ਜਦੋਂ ਸਾਹਿਬਜ਼ਾਦਾ ਅਜੀਤ ਸਿੰਘ ਯੁੱਧ ਭੂਮੀ 'ਚ ਆਏ ਤਾਂ ਦੁਸ਼ਮਣ ਦੀਆਂ ਫੌਜਾਂ 'ਚ ਜਾਨ ਬਚਾਉਣ ਲਈ ਹਫੜਾ-ਦਫੜੀ ਮੱਚ ਗਈ। ਦੁਸ਼ਮਣ ਦੀਆਂ ਫੌਜਾਂ ਭਾਰੀ ਗਿਣਤੀ ਦੇ ਬਾਵਜੂਦ ਸਹਿਮ 'ਚ ਆ ਗਈਆਂ। ਅਖੀਰ ਸਾਹਿਬਜ਼ਾਦਾ ਅਜੀਤ ਸਿੰਘ ਦੁਸ਼ਮਣ ਦੀਆਂ ਫੌਜਾਂ ਦਾ ਭਾਰੀ ਨੁਕਸਾਨ ਕਰਦੇ ਹੋਏ ਖੁਦ ਵੀ ਧਰਮ ਦੀ ਰਖਵਾਲੀ ਲਈ ਸ਼ਹਾਦਤ ਦਾ ਜਾਮ ਪੀ ਗਏ।



ਧੰਨ ਮੇਰੇ ਦਸਮੇਸ਼ ਦਾ ਜਿਗਰਾ ਮਾਤਾ ਜੀ, ਮਹਿਲਾਂ ਅਤੇ ਛੋਟੇ ਸਾਹਿਬਜ਼ਾਦਿਆਂ ਦਾ ਪਤਾ ਨਹੀਂ ਕਿੱਥੇ ਹਨ ਕਿਵੇਂ ਹਨ ? ਵੱਡਾ ਸਾਹਿਬਜ਼ਾਦਾ ਦੁਸ਼ਮਣ ਨਾਲ ਲੋਹਾ ਲੈਂਦਿਆਂ ਸ਼ਹਾਦਤ ਦਾ ਜਾਮ ਪੀ ਚੁੱਕਿਆ ਹੈ। ਪਰ ਚਿਹਰੇ 'ਤੇ ਕੋਈ ਸ਼ਿਕਨ ਨਹੀਂ, ਭੈਅ ਨਹੀਂ, ਕੋਈ ਉਲਾਂਭਾ ਨਹੀਂ ਪ੍ਰਮਾਤਮਾ ਲਈ। ਸਗੋਂ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਨੂੰ ਵੀ ਯੁੱਧ ਭੂਮੀ 'ਚ ਜਾਣ ਦੀ ਇਜਾਜ਼ਤ ਦੇ ਦਿੱਤੀ। ਸਾਹਿਬਜ਼ਾਦਾ ਜੁਝਾਰ ਸਿੰਘ ਯੁੱਧ ਭੂਮੀ 'ਚ ਆਏ ਤਾਂ ਦੁਸ਼ਮਣ ਫੌਜਾਂ ਦੀਆਂ ਅੱਖਾਂ ਚਕਰਾ ਗਈਆਂ ਕਿ ਇਹ ਸਾਹਿਬਜ਼ਾਦਾ ਅਜੀਤ ਸਿੰਘ ਦੁਬਾਰਾ ਕਿਵੇਂ ਆ ਗਏ ? ਸ਼ਾਹਿਬਜ਼ਾਦਾ ਜੁਝਾਰ ਸਿੰਘ ਵੀ ਸਾਹਿਬਜ਼ਾਦਾ ਅਜੀਤ ਸਿੰਘ ਵਾਂਗ ਦੁਸ਼ਮਣ ਫੌਜਾਂ ਦੇ ਆਹੂ ਲਾਹੁੰਦੇ ਹੋਏ ਜੰਗ ਦੇ ਮੈਦਾਨ 'ਚ ਸ਼ਹਾਦਤ ਦਾ ਜਾਮ ਪੀ ਗਏ। ਧਰਮ ਦੀ ਰਖਵਾਲੀ ਲਈ ਪਿਤਾ ਵੱਲੋਂ ਪੁੱਤਰਾਂ ਨੂੰ ਹੱਥੀਂ ਕੁਰਬਾਨ ਹੋਣ ਲਈ ਭੇਜਣ ਦੀ ਅਜਿਹੀ ਮਿਸਾਲ ਸੰਸਾਰ ਦੇ ਕਿਸੇ ਵੀ ਇਤਿਹਾਸ 'ਚ ਨਹੀਂ ਮਿਲਦੀ। ਸਿੱਖੀ ਦੇ ਬੂਟੇ ਨੂੰ ਖੂਨ ਨਾਲ ਸਿੰਜਣ ਵਾਲੇ ਇਨ੍ਹਾਂ ਬਾਲ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਅਰਪਿਤ ਕਰਨ ਲਈ ਸਿੱਖ ਸੰਗਤਾਂ ਹਰ ਵਰ੍ਹੇ ਹੁੰਮ-ਹੁਮਾ ਕੇ ਸ੍ਰੀ ਚਮਕੌਰ ਸਾਹਿਬ ਪਹੁੰਚਦੀਆਂ ਹਨ।

**# ਸੰਪਰਕ : 98786-05965**

## ਪਾਠਕ-ਸੱਥ

### ਵਧ ਰਿਹਾ ਆਰਥਕ ਪਾੜਾ ਖ਼ਤਰੇ ਦੀ ਘੰਟੀ

ਸਮਾਜ ਵਿੱਚ ਵਿਚਰਦਿਆਂ ਆਮ ਹੀ ਵੇਖਿਆ ਜਾ ਸਕਦਾ ਹੈ ਕਿ ਅਮੀਰ-ਗਰੀਬ ਵਿੱਚ ਆਰਥਕ ਪਾੜਾ ਬਹੁਤ ਹੀ ਜ਼ਿਆਦਾ ਵਧ ਚੁੱਕਾ ਤੇ ਘਟਣ ਦੀ ਬਜਾਏ ਦਿਨੋਂ-ਦਿਨ ਹੋਰ ਜ਼ਿਆਦਾ ਗੰਭੀਰ ਹੋ ਰਿਹਾ ਹੈ। ਕੁਦਰਤ ਨੇ ਹਰ ਮਨੁੱਖ ਨੂੰ ਬਰਾਬਰ ਹੀ ਰੱਖਿਆ ਹੋਇਆ ਤੇ ਸਭ ਨੂੰ ਬਰਾਬਰ ਹੀ ਸੌਗਾਤ ਦੇ ਰੂਪ ਵਿੱਚ ਦਿੱਤਾ ਹੋਇਆ ਹੈ, ਪ੍ਰੰਤੂ ਸਮੇਂ-ਸਮੇਂ ਦੀਆਂ ਹਕੂਮਤਾਂ ਦੀ ਅਣਗਹਿਲੀ ਤੇ ਕਾਣੀ ਵੰਡ ਸਦਕਾ ਹੀ ਇਹ ਆਰਥਕ ਪਾੜਾ ਏਨਾ ਜਿਆਦਾ ਵਧ ਸਕਿਆ ਹੈ। ਇੱਕ ਪਾਸੇ ਗਰੀਬ ਲੋਕ ਮਸਾਂ ਮਿਹਨਤ ਮਜ਼ਦੂਰੀ ਕਰਕੇ ਬਿਨਾਂ ਘਰ ਤੋਂ ਪੁਲਾਂ ਹੇਠ ਰਹਿਕੇ ਦਿਨ ਕਟੀ ਕਰ ਰਹੇ ਹਨ ਤੇ ਦੂਜੇ ਪਾਸੇ ਅਮੀਰਾਂ ਦੇ ਕੁੱਤੇ ਵੀ ਕਾਜੂ/ਬਦਾਮ ਖਾ ਰਹੇ ਹਨ। ਇੱਕ ਪਾਸੇ ਅਮੀਰ ਲੋਕ ਸੈਂਕੜੇ ਏਕੜਾਂ ਦੇ ਮਾਲਕ ਹਨ ਤੇ ਦੂਜੇ ਪਾਸੇ ਅਣਗਿਣਤ ਗਰੀਬ ਲੋਕ ਘਰ ਬਣਾਉਣ ਲਈ ਵੀ ਤਰਸ ਰਹੇ ਹਨ। ਸਮੇਂ ਦੀ ਹਕੂਮਤ ਨੂੰ ਵਧ ਰਹੇ ਆਰਥਕ ਪਾੜੇ ਨੂੰ ਠੱਲ੍ਹ ਮਾਰਨੀ ਚਾਹੀਦੀ ਹੈ, ਇਸੇ ਵਿੱਚ ਹੀ ਸਮਾਜ/ਦੇਸ਼ ਦੀ ਬਹੁਤ ਵੱਡੀ ਭਲਾਈ ਹੈ ।

-ਅੰਗਰੇਜ਼ ਸਿੰਘ ਵਿੱਕੀ,98888-70822

### ਜੈਵਿਕ ਖੇਤੀ ਸਮੇਂ ਦੀ ਅਹਿਮ ਜ਼ਰੂਰਤ

ਅੱਜਕੱਲ੍ਹ ਜਿਸ ਪਾਸੇ ਵੀ ਵੇਖੋ, ਹਰ ਕੋਈ ਗੀਸੋ-ਗੀਸ ਅਤੇ ਵੱਧ ਝਾੜ ਲੈਣ ਦੇ ਲਾਲਚ ਵਿੱਚ ਫਸਲਾਂ ਵਿੱਚ ਅੰਨ੍ਹੇਵਾਹ ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਕਰ ਰਿਹਾ ਹੈ, ਜੋ ਮਨੁੱਖੀ ਸਿਹਤ ਸਮੇਤ ਸਮੁੱਚੇ ਵਾਤਾਵਰਣ ਲਈ ਬਹੁਤ ਹੀ ਨੁਕਸਾਨਦਾਇਕ ਹੈ, ਜਿਸ ਦੇ ਨਤੀਜੇ ਵਜੋਂ ਹਰ ਕਿਸੇ ਨੂੰ ਅਨੇਕਾਂ ਬਿਮਾਰੀਆਂ ਨੇ ਆਪਣੇ ਕਲਾਵੇ ਵਿੱਚ ਲੈ ਲਿਆ ਹੈ । ਜਿਸ ਕਰਕੇ ਇਨ੍ਹਾਂ ਬਿਮਾਰੀਆਂ ਉੱਪਰ ਮੋਟੀ ਪੂੰਜੀ ਖਰਚ ਹੋ ਜਾਂਦੀ ਹੈ । ਹਰ ਸਾਲ ਦਵਾਈਆਂ ਦੀਆਂ ਦੁਕਾਨਾਂ ਦਾ ਵੱਡੀ ਗਿਣਤੀ ਵਿੱਚ ਵਧਣਾ ਮਨੁੱਖ ਦੀ ਤੰਦਰੁਸਤੀ ਦੇ ਸਾਰੇ ਭੇਦ ਖੋਲ੍ਹ ਰਿਹਾ ਹੈ । ਅੱਜ ਸਮੇਂ ਦੀ ਅਹਿਮ ਜ਼ਰੂਰਤ ਹੈ ਕਿ ਹਰ ਕੋਈ ਵੱਧ ਤੋਂ ਵੱਧ ਜੈਵਿਕ ਖੇਤੀ ਨੂੰ ਹੀ ਤਵੱਜੋਂ ਦੇਵੇ, ਖ਼ਾਸ ਕਰ ਸਬਜ਼ੀਆਂ ਅਤੇ ਅਨਾਜ ਵਾਲੀਆਂ ਫਸਲਾਂ ਲਈ ਇਸ ਵਿੱਚ ਹੀ ਸਮਾਜ ਦੀ ਤੰਦਰੁਸਤੀ ਹੈ । ਜੈਵਿਕ ਖੇਤੀ ਕਰਕੇ ਵੱਡੇ ਖਰਚਿਆਂ ਤੋਂ ਵੀ ਬਚਿਆ ਜਾ ਸਕਦਾ ਤੇ ਕੁਦਰਤ ਦੇ ਨੇੜੇ ਵੀ ਹੋਇਆ ਜਾ ਸਕਦਾ ਹੈ । ਬੱਸ ਲੋੜ ਅੱਜ ਤੋਂ ਹੀ ਇਸ ਪਾਸੇ ਪਹਿਲਕਦਮੀ ਕਰਨ ਦੀ ਹੈ ।

-ਸਤਵੀਰ ਕੌਰ

### ਔਰਤਾਂ ਤੇਜ਼ਾਬ ਸੁੱਟਣ ਵਾਲਿਆਂ ਤੋਂ ਕਿਵੇਂ ਬਚਣ

ਔਰਤਾ ਉਪਰ ਹੁੰਦੇ ਹਮਲੇ ਸਮਾਜ 'ਤੇ ਕਲੰਕ ਹਨ। ਤੇਜ਼ਾਬ ਸੁੱਟਣ ਵਾਲੇ ਮਾਨਸਕ ਕੰਗਾਲੀ ਦੇ ਸ਼ਿਕਾਰ ਹਨ। ਅਕਸਰ ਅਜਿਹੇ ਲੋਕ ਨੈਤਿਕ ਕਦਰਾਂ-ਕੀਮਤਾਂ ਤੋਂ ਸੱਖਣੇ ਹੁੰਦੇ ਹਨ। ਮਾਤਾ-ਪਿਤਾ ਵੱਲੋਂ ਇਨ੍ਹਾਂ ਨੂੰ ਪਿਆਰ ਅਤੇ ਸਤਿਕਾਰ ਨਹੀਂ ਮਿਲਦਾ। ਅਧਿਆਪਕ ਇਨ੍ਹਾਂ ਦੀ ਹੁਨਰ ਅਤੇ ਕਲਾ ਨੂੰ ਪਹਿਚਾਣ ਨਹੀਂ ਸਕੇ, ਇਹ ਆਪਣੀ ਸ਼ਕਤੀ ਨੂੰ ਨਿਰਾਰਥਕ ਇਸਤੇਮਾਲ ਕਰਨ ਲੱਗ ਪਏ।

ਸਮਾਜ ਦੀਆਂ ਨਜ਼ਰਾਂ ਵਿੱਚ ਡਿੱਗਣ ਕਾਰਨ ਆਪਣੀਆਂ ਨਜ਼ਰਾਂ ਵਿੱਚ ਡਿੱਗਣ ਲੱਗੇ ਹਨ। ਔਰਤਾਂ ਇਨ੍ਹਾਂ ਦਾ ਮੁਕਾਬਲਾ ਸਵੈ-ਅਨੁਸ਼ਾਸਨ ਵਿਚ ਰਹਿ ਕੇ ਹੀ ਕਰ ਸਕਦੀਆਂ ਹਨ। ਸਾਦਗੀ ਅਤੇ ਸਰਲਤਾ ਵਾਲਾ ਜੀਵਨ ਇਸ ਸਮੱਸਿਆ ਤੋਂ ਛੁਟਕਾਰਾ ਪਾਉਣ ਵਿੱਚ ਸਹਾਇਕ ਹੋ ਸਕਦਾ ਹੈ। ਸਕੂਲਾ ਵਿੱਚ ਵਿਦਿਆਰਥਣਾਂ ਦੇ ਸੈਮੀਨਾਰ। ਉਨ੍ਹਾਂ ਤੋਂ ਹੀ ਇਸ ਸਮੱਸਿਆ ਦੇ ਹੱਲ ਜਾਣੇ ਚਾਹੀਦੇ ਹਨ। ਸਵੈ-ਪੜਚੋਲ ਕਰਨ ਲਈ ਪ੍ਰੇਰਿਆ ਜਾਵੇ ਤੇ ਔਰਤਾਂ ਸੰਗਠਨ ਵਿਚ ਤੁਰਨ ਫਿਰਨ।

-ਸੰਤ ਸਿੰਘ ਬੀਲ੍ਹਾ

### ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲੀਆਂ ਸ਼ਰਾਬ ਫੈਕਟਰੀਆਂ ਬੰਦ ਕੀਤੀਆਂ ਜਾਣ

ਪੰਜਾਬ ਵਿੱਚ ਇੱਕ ਤਾਂ ਨਸ਼ੇ ਉਂਝ ਵੀ ਬਹੁਤ ਵੱਡਾ ਮੁੱਦਾ ਹਨ। ਜਿਨ੍ਹਾਂ ਕਰਕੇ ਘਰਾਂ ਵਿੱਚ ਕਲੇਸ਼, ਆਰਥਿਕ ਨੁਕਸਾਨ ਅਤੇ ਮੌਤਾਂ ਆਮ ਬਣ ਗਿਆ ਹੈ। ਹੁਣ ਕੁਝ ਮਹੀਨਿਆਂ ਤੋਂ ਜ਼ੀਰਾ ਵਿਖੇ ਸ਼ਰਾਬ ਦੀ ਫੈਕਟਰੀ ਦਾ ਮੁੱਦਾ ਉੱਭਰ ਕੇ ਆਇਆ ਹੈ ਕਿ ਇਹ ਸ਼ਰਾਬ ਦੀ ਫੈਕਟਰੀ ਨੇੜੇ ਰਹਿੰਦੇ ਲੋਕਾਂ ਲਈ ਘਾਤਕ ਸਿੱਧ ਹੋ ਰਹੀ ਹੈ। ਉਥੇ ਰਹਿੰਦੇ ਲੋਕਾਂ ਨੂੰ ਪੀਣ ਵਾਲਾ ਪਾਣੀ ਸਹੀ ਨਹੀਂ ਮਿਲ ਰਿਹਾ। ਬੱਚੇ ਅਪਾਹਜ ਪੈਦਾ ਹੋ ਰਹੇ ਹਨ। ਉਸ ਫੈਕਟਰੀ ਦਾ ਪ੍ਰਦੂਸ਼ਣ ਲੋਕਾਂ ਦੀ ਸਿਹਤ ਲਈ ਕਾਫੀ ਖਤਰਨਾਕ ਸਾਬਤ ਹੋ ਰਿਹਾ ਹੈ। ਪਰ ਸਰਕਾਰ ਨੇ ਇਸ ਫੈਕਟਰੀ ਵਿਰੁੱਧ ਕਾਰਵਾਈ ਕਰਨ ਦੀ ਬਜਾਏ ਲੋਕਾਂ ਨੂੰ ਧਰਨਾ ਦੇਣ ਲਈ ਹੀ ਮਜਬੂਰ ਕਰ ਦਿੱਤਾ। ਫਿਰ ਵੀ ਸਹੀ ਰੂਪ ਵਿੱਚ ਹੱਲ ਹੁੰਦਾ ਨਹੀਂ ਜਾਪ ਰਿਹਾ। ਪੰਜਾਬ ਵਿੱਚ ਜਿੱਥੇ ਕਿਤੇ ਵੀ ਸ਼ਰਾਬ ਦੀਆਂ ਫੈਕਟਰੀਆਂ ਹਨ, ਜੋ ਕਿ ਲੋਕਾਂ ਦੀ ਸਿਹਤ ਲਈ ਹਾਨੀਕਾਰਕ ਹਨ, ਉਨ੍ਹਾਂ ਫੈਕਟਰੀਆਂ ਨੂੰ ਬੰਦ ਕਿਉਂ ਨਹੀਂ ਕੀਤਾ ਜਾ ਰਿਹਾ ? ਕੀ ਲੋਕਾਂ ਦੀ ਸਿਹਤ ਨਾਲੋਂ ਸ਼ਰਾਬ ਤੇ ਸ਼ਰਾਬ ਦੇ ਕਾਰੋਬਾਰੀ ਕਿਉਂ ਜ਼ਰੂਰੀ ਹੋ ਗਏ। ਸਿਰਫ ਇੱਕ ਫੈਕਟਰੀ ਦੇ ਘਾਟੇ ਕਰਕੇ ਹਜ਼ਾਰਾਂ ਲੋਕਾਂ ਨੂੰ ਕਿਵੇਂ ਉਜਾੜਿਆ ਜਾ ਸਕਦਾ ਹੈ। ਫੈਕਟਰੀ ਮਾਲਕਾਂ ਬੇਸ਼ੱਕ ਫੈਕਟਰੀ ਲਗਾਉਣ ਲਈ ਸਭ ਨਿਯਮ ਪੂਰੇ ਕੀਤੇ ਹੋਣ ਪਰ ਇਹ ਨਹੀਂ ਕਿ ਉਹ ਹੁਣ ਨਿਯਮਾਂ ਨੂੰ ਛਿੱਕੇ ਟੰਗ ਕੇ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ। ਸਰਕਾਰ ਸਥਾਨਕ ਲੋਕਾਂ ਨਾਲ ਸਖਤ ਹੋਣ ਦੀ ਬਜਾਏ ਸ਼ਰਾਬ ਫੈਕਟਰੀਆਂ ਖਿਲਾਫ ਸਖਤ ਹੋਵੇ, ਤਾਂ ਕਿ ਪੰਜਾਬ ਦੇ ਲੋਕਾਂ ਦੀ ਸਿਹਤ ਨੂੰ ਸ਼ਰਾਬ ਫੈਕਟਰੀਆਂ ਦੇ ਪ੍ਰਦੂਸ਼ਣ ਦੇ ਕਹਿਰ ਤੋਂ ਬਚਾਇਆ ਜਾ ਸਕੇ।

-ਗੁਰਦਿੱਤ ਸਿੰਘ ਸੇਖੋਂ, 97811-72781

# ਐੱਨ ਐੱਚ ਐੱਮ ਮੁਲਾਜ਼ਮਾਂ ਵੱਲੋਂ ਦੂਜੇ ਦਿਨ ਵੀ ਕਾਲੇ ਬਿੱਲੇ ਲਾ ਕੇ ਰੋਸ ਪ੍ਰਦਰਸ਼ਨ

## ਅੱਜ ਡੀ ਸੀ ਦਫਤਰਾਂ ਅੱਗੇ ਫੂਕੇ ਜਾਣਗੇ ਪੰਜਾਬ ਸਰਕਾਰ ਦੇ ਪੁਤਲੇ



ਐੱਨ ਐੱਚ ਐੱਮ ਮੁਲਾਜ਼ਮ ਕਾਲੇ ਬਿੱਲੇ ਲਗਾ ਕੇ ਰੋਸ ਪ੍ਰਦਰਸ਼ਨ ਕਰਦੇ ਹੋਏ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਨੈਸ਼ਨਲ ਹੈਲਥ ਮਿਸ਼ਨ ਅਧੀਨ ਸਿਹਤ ਵਿਭਾਗ ਵਿੱਚ ਕੰਮ ਕਰਦੇ ਸਿਹਤ ਮੁਲਾਜ਼ਮਾਂ ਵੱਲੋਂ ਦੂਜੇ ਦਿਨ ਵੀ ਕਾਲੇ ਬਿੱਲੇ ਲਗਾ ਕੇ ਪੰਜਾਬ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ ਗਿਆ।ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਨੇ ਪਿਛਲੇ ਸਮੇਂ ਦੌਰਾਨ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਸੀ, ਜਿਸ ਦੇ ਤਹਿਤ ਸਿੱਖਿਆ ਵਿਭਾਗ ਵਿੱਚ ਕੰਮ ਕਰਦੇ ਕੱਚੇ ਅਧਿਆਪਕਾਂ ਨੂੰ ਪੱਕੇ ਕਰਨ ਦਾ ਨੋਟੀਫਿਕੇਸ਼ਨ ਵੀ ਜਾਰੀ ਕਰ ਦਿੱਤਾ ਸੀ ਅਤੇ ਇਸ ਤੋਂ ਬਾਅਦ ਸਿਹਤ ਵਿਭਾਗ ਦੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦੀ ਪ੍ਰਕਿਰਿਆ ਸ਼ੁਰੂ ਕਰਨ ਦਾ ਬਿਆਨ ਵੀ ਜਾਰੀ ਕੀਤਾ ਸੀ, ਪਰ ਹੁਣ ਪੰਜਾਬ ਸਰਕਾਰ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਵੱਲ ਬਿਲਕੁਲ ਵੀ ਧਿਆਨ ਨਹੀਂ ਦੇ ਰਹੀ ਅਤੇ ਚੋਣਾਂ ਦੌਰਾਨ ਕੀਤੇ ਇਸ ਵਾਧੇ ਤੋਂ ਮੁੱਕਰਦੀ ਨਜ਼ਰ ਆ ਰਹੀ ਹੈ, ਜਿਸ ਦੇ ਰੋਸ ਵਜੋਂ ਨੈਸ਼ਨਲ ਹੈਲਥ ਮਿਸ਼ਨ ਅਧੀਨ ਸਿਹਤ ਵਿਭਾਗ ਵਿੱਚ ਕੰਮ ਕਰਦੇ ਮੁਲਾਜ਼ਮਾਂ ਵੱਲੋਂ ਅੱਜ ਤੋਂ ਕਾਲੇ ਬਿੱਲੇ ਲਗਾ ਕੇ ਕੰਮ ਕੀਤਾ ਜਾ ਰਿਹਾ ਹੈ ਤੇ ਦੋ ਘੰਟੇ ਕੰਮ ਬੰਦ ਕਰਕੇ ਆਪਣਾ ਰੋਸ ਵੀ ਪ੍ਰਗਟ ਕੀਤਾ ਜਾ ਰਿਹਾ ਹੈ।ਇਸ ਮੌਕੇ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪ੍ਰਧਾਨ ਜੋਗਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਕੰਨ ਦੇ ਅਜੇ ਤੱਕ ਜੂੰ ਨਹੀਂ ਸਰਕ ਰਹੀ ਹੈ।ਉਨ੍ਹਾਂ ਵੱਲੋਂ ਕਿਹਾ ਕਿ ਇਹ ਜ਼ਿਲ੍ਹਾ ਪੱਧਰੀ ਐਕਟੀਵਿਟੀ ਐੱਨ ਐੱਚ ਐੱਮ ਇੰਪਲਾਈਜ਼, ਯੂਨੀਅਨ, ਪੰਜਾਬ ਦੇ ਸੱਦੇ 'ਤੇ ਕੀਤੀ ਜਾ ਰਹੀ ਹੈ ਅਤੇ 23 ਦਸੰਬਰ 2022 ਨੂੰ ਅੱਧੇ ਦਿਨ ਲਈ ਕੰਮ ਬੰਦ ਕਰਕੇ ਪੂਰੇ ਪੰਜਾਬ ਵਿੱਚ ਡੀ ਸੀ ਦਫਤਰਾਂ ਦੇ ਅੱਗੇ ਪੰਜਾਬ ਸਰਕਾਰ ਦੇ ਪੁਤਲੇ ਫੂਕ ਕੇ ਪੰਜਾਬ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

ਜੇਕਰ ਪੰਜਾਬ ਸਰਕਾਰ ਇਨ੍ਹਾਂ ਨੈਸ਼ਨਲ ਹੈਲਥ ਮਿਸ਼ਨ ਦੇ ਮੁਲਾਜ਼ਮਾਂ ਨੂੰ ਪੱਕੇ ਕਰਨ ਦਾ ਐਲਾਨ ਨਹੀਂ ਕਰਦੀ ਤਾਂ ਜਲਦ ਹੀ ਸੂਬਾ ਪੱਧਰੀ ਰੋਸ ਰੈਲੀਆਂ ਉਲੀਕ ਕੇ ਇਸ ਨਿਕੰਮੀ ਸਰਕਾਰ ਦਾ ਪਿੱਟਾ ਸਿਆਪਾ ਕੀਤਾ ਜਾਵੇਗਾ।ਇਸ ਮੌਕੇ ਡਾ. ਯੁਵਰਾਜ ਨਾਰੰਗ, ਰਵੀ ਚੋਪੜਾ, ਬਗੀਚ ਨਾਗਪਾਲ, ਸੀਮਾ ਰਾਣੀ, ਆਕੰਸ਼ ਗਰੋਵਰ, ਵਿਕਾਸ ਕੁਮਾਰ ਤੇ ਹੋਰ ਸਟਾਫ ਹਾਜ਼ਰ ਸੀ।

# ਲਤੀਫਪੁਰਾ 'ਚ ਹੋਏ ਧੱਕੇ ਖਿਲਾਫ ਕੈਂਡਲ ਮਾਰਚ ਕੱਢਿਆ




**ਨਾਭਾ (ਵਰਿੰਦਰ ਵਰਮਾ)**-ਜਲੰਧਰ ਦੇ ਲਤੀਫਪੁਰਾ ਵਿੱਚ ਅਦਾਲਤੀ ਹੁਕਮਾਂ ਮਗਰੋਂ ਘਰ ਢਾਹੁਣ ਦਾ ਮਾਮਲਾ ਪੰਜਾਬ ਸਰਕਾਰ ਲਈ ਸਿਰਦਰਦੀ ਬਣ ਗਿਆ ਹੈ। ਇਕ ਪਾਸੇ ਸਿਆਸੀ ਪਾਰਟੀਆਂ ਨੇ ਪੰਜਾਬ ਸਰਕਾਰ ਖਿਲਾਫ ਹੱਲਾ ਤੇਜ਼ ਕਰ ਦਿੱਤਾ ਹੈ ਤੇ ਦੂਜੇ ਪਾਸੇ ਘਰੋਂ ਬੇਘਰ ਹੋਏ ਲੋਕਾਂ ਨੇ ਫਲੈਟ ਲੈਣ ਤੋਂ ਇਨਕਾਰ ਕਰ ਦਿੱਤਾ ਹੈ। ਲਤੀਫਪੁਰਾ 'ਚ ਹੋਈ ਧੱਕੇਸ਼ਾਹੀ ਨੂੰ ਲੈ ਕੇ ਅੱਜ ਰਿਆਸਤੀ ਸ਼ਹਿਰ ਨਾਭਾ ਦੇ ਅਲਹੋਰਾਂ ਗੇਟ ਵਿਖੇ ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੌਲੀ ਤੇ ਸਮੂਹ ਸਹਿਰ ਵਾਸੀਆਂ ਤੇ ਵਰਕਰਾਂ ਵੱਲੋਂ ਕੈਂਡਲ ਮਾਰਚ ਕੱਢਿਆ ਗਿਆ। ਉਪਰੰਤ ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੌਲੀ, ਆਗੂ ਜਗਜੀਤ ਸਿੰਘ ਤੇ ਪਰਮਜੀਤ ਸਿੰਘ ਕੱਲਰਮਾਜਰੀ ਨੇ ਕਿਹਾ ਕਿ ਇਹ ਪਹਿਲੀ ਸਰਕਾਰ ਹੈ, ਜਿਸ ਵੱਲੋਂ ਐਨੀ ਠੰਢ 'ਚ ਲੋਕਾਂ ਨੂੰ ਬੇਘਰ ਕਰ ਦਿੱਤਾ ਗਿਆ ਹੈ, ਜਿਸ ਦੇ ਰੋਸ ਵਜੋਂ ਅਸੀਂ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਏ ਹਾਂ। ਉਨ੍ਹਾ ਕਿਹਾ ਕਿ ਪੰਜਾਬ ਦੀ ਜਨਤਾ ਨੇ ਆਮ ਆਦਮੀ ਪਾਰਟੀ ਨੂੰ ਵੋਟਾਂ ਪਾ ਕੇ ਸੱਤਾ 'ਚ ਲਿਆਂਦਾ ਸੀ, ਪ੍ਰੰਤੂ ਹੁਣ ਪੰਜਾਬ ਵਾਸੀਆਂ ਦਾ ਮਾਨ ਸਰਕਾਰ ਪ੍ਰਤੀ 7 ਮਹੀਨਿਆਂ ਵਿੱਚ ਮੋਹ ਭੰਗ ਹੋ ਚੁੱਕਾ ਹੈ। ਪੰਜਾਬ ਦਾ ਹਰ ਵਰਗ ਸੂਬਾ ਸਰਕਾਰ ਤੋਂ ਦੁਖੀ ਹੈ। ਉਨ੍ਹਾਂ ਕਿਹਾ ਕਿ ਜੋ ਖਾਲਸਾ ਏਡ ਵੱਲੋਂ ਉਨ੍ਹਾਂ ਲੋਕਾਂ ਨੂੰ ਰਾਹਤ ਦੇਣ ਦਾ ਉਪਰਾਲਾ ਕੀਤਾ ਗਿਆ ਹੈ, ਉਹ ਬਹੁਤ ਸ਼ਲਾਘਾਯੋਗ ਕਦਮ ਹੈ। ਇਸ ਮੌਕੇ ਸਰਜੀਤ ਸਿੰਘ ਬਾਬਰਪੁਰ, ਪੂਰਨ ਸਿੰਘ ਅਲਹੋਰਾ, ਬਾਬਲੂ ਆਟੋ ਨਾਭਾ, ਬਾਬੂ ਸਿੰਘ, ਗੁਰਚਰਨ ਸਿੰਘ, ਭਗਵਾਨ ਸਿੰਘ, ਪਰਮਜੀਤ ਸਿੰਘ ਖੱਟੜਾ, ਸੁਰਿੰਦਰਜੀਤ ਸਿੰਘ, ਗੁਰਤੇਜ ਸਿੰਘ, ਨਿਰਮਲ ਸਿੰਘ, ਗਗਨਦੀਪ ਸਿੰਘ, ਸੰਦੀਪ ਸਿੰਘ ਰਾਏ, ਬਲਵਿੰਦਰ ਸਿੰਘ, ਸਵਰਨ ਸਿੰਘ ਚੌਹਾਨ, ਭੁਪਿੰਦਰ ਸਿੰਘ, ਰਿੰਕੂ ਨਾਭਾ, ਚਰਨਦੀਪ ਸਿੰਘ ਨਾਭਾ, ਪ੍ਰਨੀਤ ਸਿੰਘ ਨਾਭਾ ਆਦਿ ਹਾਜ਼ਰ ਸਨ।

# ਸਰਕਾਰ ਕਿਸਾਨਾਂ ਤੇ ਪ੍ਰੈੱਸ ਦੀ ਆਵਾਜ਼ ਨੂੰ ਦਬਾਉਣਾ ਬੰਦ ਕਰੇ : ਪ੍ਰਗਤੀਸ਼ੀਲ ਲੇਖਕ ਸੰਘ

**ਦੋਰਾਹਾ (ਹਰਮਿੰਦਰ ਸੇਠ)**

ਪੰਜਾਬ ਸਰਕਾਰ ਨੇ ਜ਼ੀਰਾ ਵਿਖੇ ਮਾਲਬਰੋਜ ਸ਼ਰਾਬ ਫੈਕਟਰੀ ਖਿਲਾਫ ਰੋਸ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਉੱਪਰ ਬੇਤਹਾਸ਼ਾ ਲਾਠੀਚਾਰਜ ਕਰਕੇ ਤੇ ਕਿਸਾਨਾਂ ਉੱਪਰ ਝੂਠੇ ਕੇਸ ਦਰਜ ਕਰਕੇ ਕਿਸਾਨਾਂ ਦੇ ਹੱਕੀ ਸੰਘਰਸ਼ ਨੂੰ ਦਬਾਉਣ ਦਾ ਕੋਝਾ ਯਤਨ ਕੀਤਾ ਹੈ। ਪੰਜਾਬ ਦੇ ਸੰਘਰਸ਼ੀ ਕਿਸਾਨ ਤੇ ਲੋਕਾਂ ਦੇ ਹਿੱਤਾਂ ਦੀ ਰਾਖੀ ਦਾ ਦਾਅਵਾ ਕਰਨ ਵਾਲੀ ਪੰਜਾਬ ਸਰਕਾਰ ਸ਼ਰਾਬ ਦੇ ਵੱਡੇ ਕਾਰੋਬਾਰੀਆਂ ਦੇ ਹੱਥਾਂ ਦੀ ਪੁਤਲੀ ਬਣੀ ਹੋਈ ਹੈ। ਪੰਜਾਬ ਦੇ ਵਾਤਾਵਰਨ ਨਾਲ ਖਿਲਵਾੜ ਕਰਨ ਵਾਲੀ ਸ਼ਰਾਬ ਫੈਕਟਰੀ ਦੇ ਮਾਲਕਾਂ ਖਿਲਾਫ ਰੋਸ ਪ੍ਰਗਟਾ ਰਹੇ ਕਿਸਾਨਾਂ ਉੱਪਰ ਪੁਲਸ ਵੱਲੋਂ ਸਰੀਰਕ ਜ਼ੁਲਮ ਹੀ ਨਹੀਂ ਕੀਤਾ ਗਿਆ, ਸਗੋਂ ਉਨ੍ਹਾਂ ਖਿਲਾਫ਼ ਮੁਜਰਮਾਨਾ ਕੇਸ ਦਰਜ ਕੀਤੇ ਗਏ ਹਨ। ਨਾਮੀ ਲੇਖਕ ਗੁਰਚਰਨ ਨੂਰਪੁਰ ਨੂੰ ਵੀ ਪੁਲਸ ਨੇ ਨਿਸ਼ਾਨਾ ਬਣਾਇਆ ਹੈ। ਪੰਜਾਬ ਸਰਕਾਰ ਨੇ ਪੰਜਾਬੀ ਦੇ ਦੋ ਵੱਡੇ ਅਖਬਾਰਾਂ ਦੇ ਇਸ਼ਤਿਹਾਰ ਬੰਦ ਕਰਕੇ ਪੱਤਰਕਾਰੀ ਦੀ ਨਿਰਪੱਖ ਆਵਾਜ਼ ਨੂੰ ਖਮੋਸ਼ ਕਰਵਾਉਣ ਦਾ ਯਤਨ ਕੀਤਾ ਹੈ। ਲੋਕਾਂ ਦੇ ਮਸਲਿਆਂ ਨੂੰ ਬੇਬਾਕੀ ਤੇ ਇਮਾਨਦਾਰੀ ਨਾਲ ਉਠਾਉਣ ਵਾਲੇ ਪੰਜਾਬੀ ਅਖਬਾਰ ਤੇ ਪੱਤਰਕਾਰਾਂ ਨੂੰ ਪੰਜਾਬ ਸਰਕਾਰ ਵੱਡੇ ਸਰਮਾਏਦਾਰ ਕਾਰੋਬਾਰਾਂ ਨੂੰ ਖੁਸ਼ ਕਰਨ ਲਈ ਸਬਕ ਸਿਖਾਉਣਾ ਚਾਹੁੰਦੀ ਹੈ। ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਕਿਸਾਨ ਸੰਘਰਸ਼ ਦੀ ਹਮਾਇਤ ਕਰਨ ਵਾਲੇ ਪੰਜਾਬ ਦੇ ਮਕਬੂਲ ਗਾਇਕ ਕੰਵਰ ਗਰੇਵਾਲ ਤੇ ਰਣਜੀਤ ਬਾਵਾ ਦੇ ਘਰਾਂ ਤੇ ਦਫਤਰਾਂ ਉੱਪਰ ਇਨਕਮ ਟੈਕਸ ਵਿਭਾਗ ਵੱਲੋਂ ਛਾਪੇਮਾਰੀ ਕਰਵਾਈ ਹੈ। ਕੇਂਦਰ ਸਰਕਾਰ ਲਗਾਤਾਰ ਲੋਕਾਂ ਲਈ ਸਮਾਜਿਕ ਨਿਆਂ ਦੀ ਮੰਗ ਕਰਨ ਵਾਲੇ ਲੇਖਕਾਂ, ਸਮਾਜਿਕ ਬੁੱਧੀਜੀਵੀਆਂ, ਗਾਇਕਾਂ ਤੇ ਕਲਾਕਾਰਾਂ ਨੂੰ ਸਲਾਖਾਂ ਪਿੱਛੇ ਬੰਦ ਕਰ ਰਹੀ ਹੈ। ਪ੍ਰਗਤੀਸ਼ੀਲ ਲੇਖਕ ਸੰਘ ਦੇ ਕੌਮੀ ਜਨਰਲ ਸਕੱਤਰ ਡਾ. ਸੁਖਦੇਵ ਸਿੰਘ, ਪ੍ਰਧਾਨ ਤੇਜਵੰਤ ਸਿੰਘ ਗਿੱਲ, ਜਨਰਲ ਸਕੱਤਰ ਪੰਜਾਬ ਸੁਰਜੀਤ ਜੱਜ, ਸਹਾਇਕ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ, ਜਸਵੀਰ ਝੱਜ, ਜਸਪਾਲ ਮਾਨਖੇੜਾ, ਲਾਭ ਸਿੰਘ ਖੀਵਾ, ਡਾ. ਕੁਲਦੀਪ ਦੀਪ, ਮਦਨਵੀਰਾ, ਮੱਖਣ ਮਾਨ, ਸਤਨਾਮ ਚਾਨਾ, ਗੁਰਦਿਆਲ ਦਲਾਲ, ਸੁਰਿੰਦਰ ਗਿੱਲ, ਸੁਰਿੰਦਰ ਰਾਮਪੁਰੀ, ਗੁਰਨਾਮ ਕੰਵਰ, ਡਾ. ਸਰਬਜੀਤ ਸਿੰਘ, ਭੁਪਿੰਦਰ ਸੰਧੂ, ਭੋਲਾ ਸਿੰਘ ਸੰਘੇੜਾ, ਹਰਜੀਤ ਸਰਕਾਰੀਆ, ਡਾ. ਬਲਵਿੰਦਰ ਸਿੰਘ ਚਹਿਲ, ਬਲਦੇਵ ਸਿੰਘ ਝੱਜ, ਜਰਨੈਲ ਰਾਮਪੁਰੀ, ਰਣਵੀਰ ਰਾਣਾ, ਤਰਸੇਮ, ਮੇਜਰ ਸਿੰਘ, ਡਾ. ਗੁਰਮੀਤ ਸਿੰਘ ਕਲਰਮਾਜਰੀ, ਡਾ. ਸੁਖਵੰਤ ਸਿੰਘ ਸੁੱਖੀ, ਤਰਲੋਚਨ ਝਾਂਡੇ, ਸ਼ਬਦੀਸ, ਸਾਹਿਬ ਸਿੰਘ, ਹਰਮੀਤ ਵਿਦਿਆਰਥੀ, ਅਤਰਜੀਤ, ਲਛਮਣ ਸਿੰਘ ਮਲੂਕਾ, ਹਰਭਜਨ ਬਾਜਵਾ, ਡਾ. ਅਨੂਪ ਸਿੰਘ, ਰਮੇਸ਼ ਯਾਦਵ, ਧਰਵਿੰਦਰ ਔਲਖ, ਜੈਪਾਲ, ਬੀਬਾ ਬਲਵੰਤ, ਭਜਨਵੀਰ ਸਿੰਘ, ਸੁਰਿੰਦਰ ਕੈਲੇ, ਹਰਬੰਸ ਹੀਓ, ਕਰਮ ਸਿੰਘ ਜ਼ਖ਼ਮੀ, ਭਗਵੰਤ ਰਸੂਲਪੁਰੀ, ਡਾ. ਸੁਰਜੀਤ ਬਰਾੜ, ਮਹਾਂਵੀਰ ਸਿੰਘ ਗਿੱਲ, ਦੀਪ ਦਿਲਬਰ, ਬਲਵੰਤ ਮਾਂਗਟ, ਅਨਿਲ ਫਤਿਹਗੜ੍ਹ ਜੱਟਾਂ ਤੇ ਸਮੁੱਚੀ ਕਾਰਜਕਾਰਨੀ ਨੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਨੂੰ ਚਿਤਾਵਨੀ ਦਿੱਤੀ ਹੈ ਕਿ ਉਹ ਕਿਸਾਨਾਂ, ਪ੍ਰੈੱਸ ਦੀ ਆਜ਼ਾਦੀ, ਲੇਖਕਾਂ ਤੇ ਕਲਾਕਾਰਾਂ ਉੱਪਰ ਤਸ਼ਦਦ ਕਰਨਾ ਬੰਦ ਕਰਨ। ਲਤੀਫਪੁਰ ਦੇ ਰੰਗੀਂ ਵੱਸਦੇ ਲੋਕ ਉਨ੍ਹਾਂ ਦੇ ਘਰ ਢਾਹ ਕੇ ਬੇਘਰ ਕੀਤੇ, ਜੋ ਅਜੇ 1947 ਦੇ ਉਜਾੜੇ ਨੂੰ ਨਹੀਂ ਭੁੱਲੇ ਸਨ।



ਪੰਜਾਬ ਸਰਕਾਰ ਵੱਲੋਂ ਸਰਮਾਏਦੇਰਾਂ ਨੂੰ ਕਲੋਨੀਆਂ ਕੱਟਣ ਲਈ ਘਰ ਢਾਹੁਣ ਦਾ ਸਖਤ ਨੋਟਿਸ ਲੈਂਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਸੰਘਰਸ਼ ਕਰ ਰਹੇ ਕਿਸਾਨਾਂ ਤੇ ਗੁਰਚਰਨ ਨੂਰਪੁਰ ਖਿਲਾਫ਼ ਦਰਜ ਕੇਸ ਵਾਪਸ ਨਾ ਲਏ ਤੇ ਪੰਜਾਬੀ ਅਖ਼ਬਾਰਾਂ ਨੂੰ ਦਬਾਉਣਾ ਬੰਦ ਨਾ ਕੀਤਾ ਤਾਂ ਲੇਖਕ ਪੰਜਾਬ ਸਰਕਾਰ ਖ਼ਿਲਾਫ਼ ਸੜਕਾਂ ਉੱਤੇ ਉੱਤਰਨ ਲਈ ਮਜਬੂਰ ਹੋਣਗੇ।

## ਕਾਤਰਾਂ

### ਚੂਰਾ ਪੋਸਤ ਸਮੇਤ ਔਰਤ ਕਾਬੂ

**ਮਲੋਟ (ਗੁਰਮੀਤ ਸਿੰਘ ਮੱਕੜ)**-ਥਾਣਾ ਕਬਰਵਾਲਾ ਪੁਲਸ ਨੇ ਚੂਰਾ ਪੋਸਤ ਸਮੇਤ ਇੱਕ ਔਰਤ ਨੂੰ ਕਾਬੂ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਪਾਰਟੀ ਗਸ਼ਤ ਦੌਰਾਨ ਨਾਕਾਬੰਦੀ ਪਿੰਡ ਪੱਕੀ ਟਿੱਬੀ ਮੌਜੂਦ ਸੀ ਤਾਂ ਇੱਕ ਸਕੂਟਰੀ 'ਤੇ ਇੱਕ ਔਰਤ ਰਵਿੰਦਰ ਕੌਰ ਵਾਸੀ ਕੋਲਿਆਂਵਾਲੀ ਆਉਂਦੀ ਦਿਖਾਈ ਦਿੱਤੀ, ਜੋ ਪੁਲਸ ਪਾਰਟੀ ਦਾ ਨਾਕਾ ਦੇਖ ਕੇ ਘਬਰਾ ਕੇ ਸਕੂਟਰੀ ਪਿੱਛੇ ਵੱਲ ਮੋੜਨ ਲੱਗੀ ਤਾਂ ਪੁਲਸ ਪਾਰਟੀ ਨੇ ਮਹਿਲਾ ਸਿਪਾਹੀ ਦੀ ਮੱਦਦ ਨਾਲ ਉਕਤ ਔਰਤ ਨੂੰ ਕਾਬੂ ਕਰਕੇ ਸਕੂਟਰੀ ਦੇ ਵਿਚਕਾਰ ਪਏ ਝੋਲੇ ਦੀ ਤਲਾਸ਼ੀ ਲਈ ਤਾਂ ਉਸ ਵਿੱਚੋਂ 5 ਕਿਲੋਗ੍ਰਾਮ ਚੂਰਾ ਪੋਸਤ ਬਰਾਮਦ ਕੀਤਾ। ਪੁਲਸ ਨੇ ਉਕਤ ਔਰਤ 'ਤੇ ਮੁੱਕਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਸਰਕਾਰੀ ਤੇ ਗ਼ੈਰ-ਸਰਕਾਰੀ ਸੰਸਥਾਵਾਂ 'ਚ ਪੰਜਾਬੀ ਭਾਸ਼ਾ ਲਾਗੂ ਕੀਤੀ ਜਾਵੇ : ਡੀ ਸੀ

**ਸੰਗਰੂਰ (ਪ੍ਰਵੀਨ ਸਿੰਘ)**-ਰਾਜ ਵਿੱਚ ਪੰਜਾਬੀ ਭਾਸ਼ਾ ਨੂੰ ਬਣਦਾ ਸਥਾਨ ਦੇਣ ਲਈ ਡਿਪਟੀ ਕਮਿਸ਼ਨਰ ਸੰਗਰੂਰ ਸ਼੍ਰੀ ਜਤਿੰਦਰ ਜੋਰਵਾਲ ਨੇ ਹਦਾਇਤ ਕੀਤੀ ਹੈ ਕਿ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਜ਼ਿਲ੍ਹੇ ਵਿੱਚ ਸਥਿਤ ਪੰਜਾਬ ਰਾਜ ਦੇ ਸਮੂਹ ਸਰਕਾਰੀ ਦਫ਼ਤਰਾਂ, ਵਿਭਾਗਾਂ, ਅਦਾਰਿਆਂ, ਸੰਸਥਾਵਾਂ, ਵਿੱਦਿਅਕ ਅਦਾਰਿਆਂ, ਬੋਰਡਾਂ, ਨਿਗਮਾਂ, ਗ਼ੈਰ-ਸਰਕਾਰੀ ਸੰਸਥਾਵਾਂ, ਪਬਲਿਕ ਤੇ ਪ੍ਰਾਈਵੇਟ ਦੁਕਾਨਾਂ ਤੇ ਵਪਾਰਕ ਅਦਾਰਿਆਂ ਆਦਿ ਦੇ ਨਾਮ ਤੇ ਸੜਕਾਂ ਦੇ ਨਾਮ, ਨਾਮ ਪੱਟੀਆਂ, ਮੀਲ ਪੱਥਰ, ਸਾਇਨ ਬੋਰਡਾਂ ਉੱਪਰ ਸਭ ਤੋਂ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਵਿੱਚ 21 ਫਰਵਰੀ 2023 ਤੋਂ ਪਹਿਲਾਂ ਲਿਖਣੇ ਯਕੀਨੀ ਬਣਾਏ ਜਾਣ। ਉਨ੍ਹਾ ਕਿਹਾ ਕਿ ਸ਼ਬਦ-ਜੋੜਾਂ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜੇਕਰ ਨਿਰਧਾਰਤ ਮਿਤੀ ਤੱਕ ਇਨ੍ਹਾਂ ਹੁਕਮਾਂ ਨੂੰ ਅਮਲ ਵਿੱਚ ਨਹੀਂ ਲਿਆਂਦਾ ਜਾਂਦਾ ਤਾਂ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ-2008 ਤੇ 2021 'ਚ ਕੀਤੇ ਉਪਬੰਧਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।

### ਸਰਵਹਿੱਤਕਾਰੀ ਵਿੱਦਿਆ ਮੰਦਰ 'ਚ ਵੱਖ-ਵੱਖ ਮੁਕਾਬਲੇ ਕਰਵਾਏ

**ਜਗਰਾਉਂ (ਅਮਿਤ ਖੰਨਾ)**-ਸ੍ਰੀਮਤੀ ਸਤੀਸ਼ ਗੁਪਤਾ ਸਰਵਹਿੱਤਕਾਰੀ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਰਾਸ਼ਟਰੀ ਗਣਿਤ ਦਿਵਸ ਸਬੰਧੀ ਪ੍ਰਿੰਸੀਪਲ ਸ੍ਰੀਮਤੀ ਨੀਲੂ ਨਰੂਲਾ ਦੀ ਅਗਵਾਈ ਅਧੀਨ ਪੋਸਟਰ, ਚਾਰਟ, ਕਵਿਤਾ, ਸਲੋਗਨ, ਮਾਡਲ ਤੇ ਬਲੈਕ ਬੋਰਡ ਲਿਖਾਈ ਦੇ ਗਣਿਤ ਮੁਕਾਬਲੇ ਕਰਵਾਏ ਗਏ। ਪ੍ਰਤੀਯੋਗਤਾ ਦੀ ਸ਼ੁਰੂਆਤ ਵੰਦਨਾ ਦੁਆਰਾ ਕੀਤੀ ਗਈ। ਉਪਰੰਤ ਰਾਸ਼ਟਰੀ ਗਣਿਤ ਦਿਵਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀਨਿਵਾਸ ਰਾਮਾਨੁਜਨ ਜੀ ਦੀ ਜੈਅੰਤੀ ਤੇ ਗਣਿਤ ਦੇ ਖੇਤਰ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਣ ਲਈ ਹਰ ਸਾਲ 22 ਦਸੰਬਰ ਨੂੰ ਰਾਸ਼ਟਰੀ ਗਣਿਤ ਦਿਵਸ ਮਨਾਇਆ ਜਾਂਦਾ ਹੈ। ਇਸ ਅਨੁਸਾਰ ਭਾਰਤ ਵਿੱਚ ਵੱਖ ਵੱਖ ਸਕੂਲਾਂ, ਕਾਲਜਾਂ ਤੇ ਯੂਨੀਵਰਸਿਟੀ ਪੱਧਰ 'ਤੇ ਰਾਸ਼ਟਰੀ ਗਣਿਤ ਦਿਵਸ ਮਨਾਇਆ ਜਾਂਦਾ ਹੈ। ਫਿਰ ਬੱਚਿਆਂ ਦੁਆਰਾ ਕਵਿਤਾ, ਚਾਰਟ, ਮਾਡਲ, ਸਲੋਗਨ ਮੁਕਾਬਲੇ ਤੇ ਬਲੈਕ ਬੋਰਡ ਲਿਖਾਈ ਦੇ ਮੁਕਾਬਲੇ ਕਰਵਾਏ ਗਏ। ਅਧਿਆਪਕਾ ਮਨਪ੍ਰੀਤ ਕੌਰ ਦੁਆਰਾ ਲਿਖੀ ਕਵਿਤਾ "ਗਣਿਤ ਨੇ ਆਪਣਾ ਕਮਾਲ ਦਿਖਾਇਆ, ਬੱਚਿਆਂ ਨੂੰ ਬੜਾ ਮਜ਼ਾ ਆਇਆ" ਖਿੱਚ ਦਾ ਕੇਂਦਰ ਬਣੀ। ਪ੍ਰਤੀਯੋਗਤਾ ਵਿੱਚ ਜੇਤੂ ਬੱਚਿਆਂ ਨੂੰ ਪ੍ਰਮਾਣ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਸ੍ਰੀਮਤੀ ਨੀਲੂ ਨਰੂਲਾ ਨੇ ਇਸ ਮੌਕੇ ਬੱਚਿਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਗਣਿਤ ਇੱਕ ਅਜਿਹਾ ਵਿਸ਼ਾ ਹੈ, ਜੋ ਵਿਦਿਆਰਥੀਆਂ ਵਿੱਚ ਰਚਨਾਤਮਕ ਤੇ ਸਿਰਜਣਾਤਮਕਤਾ ਦਾ ਵਿਕਾਸ ਕਰਦਾ ਹੈ। ਗਣਿਤ ਦੇ ਅਧਿਐਨ ਨਾਲ ਵਿਦਿਆਰਥੀਆਂ ਵਿੱਚ ਤਰਕ ਸ਼ਕਤੀ, ਯਾਦ ਸ਼ਕਤੀ, ਇਕਾਗਰਤਾ, ਵਿਚਾਰ ਤੇ ਚਿੰਤਨ ਸ਼ਕਤੀ ਆਦਿ ਸਾਰੀਆਂ ਮਾਨਸਿਕ ਕਿਰਿਆਵਾਂ ਦਾ ਵਿਕਾਸ ਹੁੰਦਾ ਹੈ।

### ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜੇਲ੍ਹ ਦਾ ਦੌਰਾ

**ਮਾਨਸਾ (ਰੀਤਵਾਲ)**-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੈਡਮ ਸ਼ਿਲਪਾ ਵੱਲੋਂ ਜ਼ਿਲ੍ਹਾ ਜੇਲ੍ਹ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਵੱਖ ਵੱਖ ਕੈਦੀਆਂ ਤੇ ਹਵਾਲਾਤੀਆਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਤੇ ਉਨ੍ਹਾਂ ਦੀਆਂ ਕਾਫੀ ਮੁਸ਼ਕਲਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ। ਉਨ੍ਹਾਂ ਔਰਤ ਕੈਦੀਆਂ ਦੇ ਬੈਰਕ ਵਿੱਚ ਪਹੁੰਚ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਵੀ ਸੁਣਿਆ ਤੇ ਜ਼ਿਲ੍ਹਾ ਜੇਲ੍ਹ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਤੁਰੰਤ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ। ਉਨ੍ਹਾਂ ਜੇਲ੍ਹ ਅਧਿਕਾਰੀਆਂ ਨੂੰ ਜੇਲ੍ਹ ਵਿੱਚ ਸਫਾਈ ਦਾ ਵੀ ਖਾਸ ਧਿਆਨ ਰੱਖਣ ਲਈ ਕਿਹਾ। ਇਸ ਮੌਕੇ ਉਨ੍ਹਾਂ ਜੇਲ੍ਹ ਦੇ ਹਵਾਲਾਤੀਆਂ ਤੇ ਕੈਦੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਆਪਣੀ ਸਿਹਤ ਸਬੰਧੀ ਪੂਰੀ ਤਰ੍ਹਾਂ ਸੁਚੇਤ ਰਹਿਣ। ਇਸ ਮੌਕੇ ਜੇਲ੍ਹ ਸੁਪਰਡੈਂਟ ਅਰਵਿੰਦਰਪਾਲ ਸਿੰਘ ਭੱਟੀ, ਨਰਪਿੰਦਰ ਸਿੰਘ ਡਿਪਟੀ ਸੁਪਰਡੈਂਟ, ਕਰਨਵੀਰ ਸਿੰਘ ਸਹਾਇਕ ਸੁਪਰਡੈਂਟ ਜ਼ਿਲ੍ਹਾ ਜੇਲ੍ਹ ਮਾਨਸਾ ਤੇ ਹੋਰ ਜੇਲ੍ਹ ਸਟਾਫ ਮੈਂਬਰ ਮੌਜੂਦ ਸਨ।

# ਕਾਂਗਰਸ ਛੱਡ ਭਾਜਪਾ 'ਚ ਗਏ ਕਾਂਗਰਸੀ ਲੀਡਰਾਂ 'ਤੇ ਰਾਜਾ ਵੜਿੰਗ ਨੇ ਚੁੱਕੇ ਸਵਾਲ

**■ ਕਮਰਸ਼ੀਅਲ ਲੀਡਰਾਂ ਆਪਣੇ ਫਾਇਦੇ ਲਈ ਹੀ ਕਾਂਗਰਸ ਪਾਰਟੀ ਨੂੰ ਬਰਬਾਦ ਕੀਤਾ**

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਭਾਰਤ ਜੋੜੋ ਯਾਤਰਾ ਦੇ ਸਬੰਧ 'ਚ ਜ਼ਿਲ੍ਹਾ ਕਾਂਗਰਸ ਇਕਾਈ ਵੱਲੋਂ ਪੀਪੀਸੀ ਪ੍ਰਧਾਨ ਰਾਜਾ ਵੜਿੰਗ ਦੀ ਅਗਵਾਈ 'ਚ ਰੈਲੀ ਕੀਤੀ ਗਈ। ਸ੍ਰੀ ਮੁਕਤਸਰ ਸਾਹਿਬ ਵਿਖੇ ਕਾਂਗਰਸ ਵੱਲੋਂ ਅਮਰਿੰਦਰ ਸਿੰਘ ਰਾਜਾ ਵੜਿੰਗ ਪੀਪੀਸੀ ਪ੍ਰਧਾਨ ਦੀ ਅਗਵਾਈ ਹੇਠ ਭਾਰਤ ਜੋੜੋ ਯਾਤਰਾ ਦੇ ਸਬੰਧ 'ਚ ਜ਼ਿਲ੍ਹਾ ਕਾਂਗਰਸ ਇਕਾਈ ਨਾਲ ਵਿਸ਼ਾਲ ਰੈਲੀ ਕੀਤੀ ਗਈ। ਇਸ ਵਿੱਚ ਆਉਣ ਵਾਲੇ ਦਿਨਾਂ ਵਿੱਚ ਭਾਰਤ ਜੋੜੋ ਯਾਤਰਾ ਲੈ ਕੇ ਚੱਲ ਰਹੇ ਕਾਂਗਰਸ ਪਾਰਟੀ ਦੇ ਵੱਡੇ ਨੇਤਾ ਰਾਹੁਲ ਗਾਂਧੀ, ਜੋ ਪੰਜਾਬ ਪਹੁੰਚ ਰਹੇ ਹਨ, ਉਨ੍ਹਾਂ ਦੇ ਸਵਾਗਤ ਲਈ ਵੱਡਾ ਇਕੱਠ ਕਰਨ ਲਈ ਕਾਂਗਰਸ ਦੇ ਇੱਕ ਇੱਕ ਵਰਕਰਾਂ ਨੂੰ ਲਾਮਬੰਦ ਕੀਤਾ ਅਤੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਤੇ ਮੀਤ ਪ੍ਰਧਾਨ ਦੀ ਤਾਜਪੋਸ਼ੀ ਵੀ ਕੀਤੀ ਇਸ ਮੌਕੇ ਸਾਬਕਾ ਵਧਾਇਕ ਕੁਲਬੀਰ ਸਿੰਘ ਜ਼ੀਰਾ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ ਤੇ ਕਾਂਗਰਸ ਪਾਰਟੀ ਨੂੰ ਫਿਰ ਤੋਂ ਮਜ਼ਬੂਤ ਕਰਨ ਲਈ ਵੱਧ ਤੋਂ ਵੱਧ ਲੋਕਾਂ ਨੂੰ ਵਰਕਰਾਂ ਨੇ ਪ੍ਰੇਰਿਤ ਕੀਤਾ ਤੇ ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਨੂੰ ਸਫਲ ਬਣਾਉਣ ਲਈ ਰਾਹੁਲ ਗਾਂਧੀ ਦਾ ਸਾਥ ਦੇਣ ਦੀ ਗੱਲ ਆਖੀ।

ਇਸ ਮੌਕੇ ਰਾਜਾ ਵੜਿੰਗ ਵੱਲੋਂ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ 'ਤੇ ਤੰਜ ਕੱਸਦਿਆਂ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਕਮਰਸ਼ੀਅਲ ਮੁੱਖ ਮੰਤਰੀ ਸੀ, ਜੋ ਆਪਣੇ ਸੁਆਰਥ ਲਈ ਸਾਢੇ ਚਾਰ ਸਾਲ ਕੰਮ ਕਰਦਾ। ਉਨ੍ਹਾ ਕਿਹਾ ਕਿ ਕਾਂਗਰਸ ਇਸ ਕਰਕੇ ਕਮਜ਼ੋਰ ਰਹੀ, ਜਿਸ ਵਿੱਚ ਪਹਿਲਾਂ ਰਹੇ ਪ੍ਰਧਾਨ ਆਪਣੇ ਸੁਆਰਥ ਲਈ ਕੰਮ ਕਰਦੇ ਰਹੇ ਤੇ ਆਪਣੇ ਪਰਿਵਾਰਵਾਦ ਨੂੰ ਹੀ ਬੜਾਵਾ ਦਿੰਦੇ ਰਹੇ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਜਾ ਵੜਿੰਗ ਨੇ ਕਿਹਾ ਕਿ ਪੰਜਾਬ ਦੀ ਕਾਨੂੰਨ ਦੀ ਵਿਵਸਥਾ ਬਹੁਤ ਖਰਾਬ ਹੋ ਚੁੱਕੀ ਹੈ। ਜ਼ਿਲ੍ਹਾ ਮੁਕਤਸਰ ਸਾਹਿਬ ਵਿੱਚ ਦੋ ਵਿਅਕਤੀਆਂ ਨੂੰ ਪੈਸੇ ਖਾਤਰ ਮੌਤ ਘਾਟ ਉਤਾਰ ਦਿੱਤਾ ਗਿਆ ਹੈ, ਜਿਨ੍ਹਾਂ ਵਿੱਚੋਂ 9 ਮਹੀਨੇ ਅਗਵਾ ਕੀਤੇ ਵਿਅਕਤੀ ਦੇ ਕੇਸ ਵਿੱਚ ਮੁੱਖ ਮੁਲਜ਼ਮ ਨੂੰ ਪੁਲਸ ਵੱਲੋਂ ਪੁੱਛਗਿੱਛ ਕਰਨ ਤੋਂ ਬਆਦ ਬੇਗੁਨਾਹ ਸਾਬਿਤ ਕਰਕੇ ਛੱਡ ਦਿੱਤਾ ਸੀ, ਉਸ ਵਿਅਕਤੀ ਦੁਆਰਾ ਕੁੱਝ ਦਿਨ ਪਹਿਲਾ ਹੀ ਪਿੰਡ ਕੋਟਭਾਈ ਦੇ 20 ਸਾਲਾ ਨੌਜਵਾਨ ਨੂੰ 30 ਲੱਖ ਦੀ ਫਿਰੌਤੀ ਕਾਰਨ ਆਪਣੇ ਸਾਥੀਆਂ ਨਾਲ ਮਿਲ ਕੇ ਮੌਤ ਦੇ ਘਾਟ ਉਤਾਰ ਦਿੱਤਾ। ਦੋ ਦਿਨ ਪਹਿਲਾਂ ਸ੍ਰੀ ਮੁਕਤਸਰ ਸਾਹਿਬ ਸਰਕਾਰੀ ਕਾਲਜ ਦੀਆਂ ਕੰਧਾਂ ਉਪਰ ਲਿਖੇ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਤੇ ਵਿਦੇਸ਼ ਬੈਠੇ ਸਿੱਖ ਫਾਰ ਜਸਟਿਸ ਦੇ ਪ੍ਰਧਾਨ ਗੁਰਪਤਵੰਤ ਸਿੰਘ ਪਨੂੰ ਬਾਰੇ ਪੁੱਛਿਆ ਤਾਂ ਉਸ ਨੇ ਕਿਹਾ ਕਿ ਉਹ ਕੌਣ ਹੈ ਤੇ ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਨੂੰ ਉਹ ਕਿਸ ਤਰ੍ਹਾਂ ਰੋਕ ਸਕਦਾ ਹੈ।

# ਕੋਵਿਡ ਦੀ ਲਾਗ ਨੂੰ ਰੋਕਣ ਲਈ ਸਾਵਧਾਨੀਆਂ ਦੀ ਪਾਲਣਾ ਕਰੋ : ਡਾ. ਅਰੁਣ ਮਿੱਤਰਾ

**ਲੁਧਿਆਣਾ (ਐੱਮ ਐੱਸ ਭਾਟੀਆ/ਕਥੂਰੀਆ)**-ਡਾ: ਅਰੁਣ ਮਿੱਤਰਾ ਈ ਐੱਨ ਟੀ ਸਰਜਨ ਤੇ ਸੀਨੀਅਰ ਵਾਈਸ ਪ੍ਰੈਜ਼ੀਡੈਂਟ ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈ ਡੀ ਪੀ ਡੀ) ਨੇ ਲੋਕਾਂ ਨੂੰ ਨੋਵਲ ਕਰੋਨਾ ਵਾਇਰਸ ਦੀ ਲਾਗ ਤੋਂ ਬਚਣ ਲਈ ਘੱਟੋ-ਘੱਟ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਹੈ। ਇੱਕ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਭਾਰਤ ਵਿੱਚ ਵੀ ਓਮੀਕਰੋਨ ਵੇਰੀਐਂਟ ਦੇ ਨਵੇਂ ਕੇਸਾਂ ਦੀਆਂ ਰਿਪੋਰਟਾਂ ਹਨ। ਰਿਪੋਰਟਾਂ ਮੁਤਾਬਕ ਇਹ ਥੋੜ੍ਹੇ ਸਮੇਂ ਵਿੱਚ ਵੱਧ ਫੁੱਲ ਕੇ ਅਧਿਕ ਤੇਜ਼ੀ ਨਾਲ ਫੈਲਦਾ ਹੈ। ਅਸੀਂ ਜਲਦੀ ਹੀ ਇਸ ਬਾਰੇ ਹੋਰ ਜਾਣਕਾਰੀ ਪ੍ਰਾਪਤ ਕਰਾਂਗੇ, ਪਰ ਪਿਛਲੇ ਅਨੁਭਵ ਤੋਂ ਸਿੱਖਣਾ ਹਮੇਸ਼ਾ ਬਿਹਤਰ ਹੁੰਦਾ ਹੈ। ਇਸ ਲਈ ਭੀੜ ਵਾਲੀਆਂ ਥਾਵਾਂ, ਲਿਫਟਾਂ, ਰੇਲ ਗੱਡੀਆਂ, ਬੱਸਾਂ, ਉਡਾਨਾਂ ਤੇ ਜ਼ਿਆਦਾ ਲੋਕਾਂ ਦੇ ਨਾਲ ਕਿਸੇ ਵੀ ਬੰਦ ਥਾਂ 'ਤੇ ਮਾਸਕ ਪਹਿਨਣ ਦੀ ਸਲਾਹ ਦਿੱਤੀ ਜਾਂਦੀ ਹੈ। ਛੇ ਫੁੱਟ ਦੀ ਦੂਰੀ ਬਣਾਈ ਰੱਖਣਾ ਬਿਹਤਰ ਹੈ, ਹੱਥ ਮਿਲਾਉਣ ਤੋਂ ਬਚੋ ਤੇ ਸਾਬਣ ਅਤੇ ਪਾਣੀ ਨਾਲ ਹੱਥ ਧੋਵੋ ਜਾਂ ਜਿੱਥੇ ਲੋੜ ਹੋਵੇ ਸੈਨੀਟਾਈਜ਼ ਕਰੋ। ਉਨ੍ਹਾ ਕਿਹਾ ਕਿ ਭਾਵੇਂ ਭਾਰਤ ਸਰਕਾਰ ਨੇ ਪਿਛਲੇ ਸਾਲਾਂ ਵਿੱਚ ਕੋਵਿਡ ਕਾਰਨ ਲਗਭਗ 5 ਲੱਖ ਮੌਤਾਂ ਦੀ ਰਿਪੋਰਟ ਕੀਤੀ ਹੈ, ਪਰ ਸੁਤੰਤਰ ਏਜੰਸੀਆਂ ਸਾਡੇ ਦੇਸ਼ ਵਿੱਚ 25-40 ਲੱਖ ਮੌਤਾਂ ਦੱਸਦੀਆਂ ਹਨ। ਇਹ ਇੱਕ ਬਹੁਤ ਉੱਚਾ ਅੰਕੜਾ ਹੈ, ਜਿਸ ਤੋਂ ਸਾਨੂੰ ਆਪਣੇ ਯਤਨਾਂ ਨਾਲ ਬਚਣਾ ਚਾਹੀਦਾ ਹੈ। ਉਨ੍ਹਾਂ ਉਮੀਦ ਜਤਾਈ ਕਿ ਸਰਕਾਰ ਅਜਿਹੀ ਕਿਸੇ ਵੀ ਸਥਿਤੀ ਵਿੱਚ ਆਫਤ ਐਕਟ ਲਾਗੂ ਨਹੀਂ ਕੀਤਾ ਜਾਵੇਗਾ ਤੇ ਅਚਾਨਕ ਤਾਲਾਬੰਦੀ ਵਰਗੇ ਕਦਮ ਚੁੱਕ ਕੇ ਬੇਕਸੂਰ ਲੋਕਾਂ ਨੂੰ ਪ੍ਰੇਸ਼ਾਨ ਕੀਤਾ ਜਾਵੇਗਾ, ਬਲਕਿ ਇਸ ਨੂੰ ਸਿਹਤ ਐਮਰਜੈਂਸੀ ਤੌਰ 'ਤੇ ਲਿਆ ਜਾਏਗਾ।

# ਪੈਸਿਆਂ ਦੇ ਦੇਣ-ਲੈਣ ਨੂੰ ਲੈ ਕੇ ਚੱਲੀ ਗੋਲੀ 'ਚ ਇੱਕ ਦੀ ਮੌਤ, ਇੱਕ ਜ਼ਖਮੀਂ


ਡੀ ਐੱਸ ਪੀ ਰਵਿੰਦਰ ਸਿੰਘ ਘਟਨਾ ਦੀ ਜਾਣਕਾਰੀ ਦਿੰਦੇ ਹੋਏ।

**ਮੋਗਾ (ਅਮਰਜੀਤ ਬੱਬਰੀ)**-ਬੀਤੀ ਰਾਤ ਮੋਗਾ ਦੇ ਕਸਬਾ ਧਰਮਕੋਟ ਵਿਖੇ ਸਲੂਨ ਦੀ ਦੁਕਾਨ ਕੋਲ ਦੋ ਗੁੱਟਾਂ ਦੀ ਪੈਸਿਆਂ ਦੇ ਲੈਣ ਦੇਣ ਨੂੰ ਲੈ ਕੇ ਤੂੰ ਤੂੰ ਮੈਂ ਮੈਂ ਹੋ ਗਈ। ਝਗੜਾ ਐਨਾ ਵੱਧ ਗਿਆ ਕਿ ਇਕ ਧਿਰ ਨੇ ਫਾਇਰਿੰਗ ਸ਼ੁਰੂ ਕਰ ਦਿੱਤੀ, ਜਿਸ ਵਿੱਚ ਇਕ ਜਣੇ ਦੀ ਮੌਤ ਹੋ ਗਈ ਤੇ ਇੱਕ ਜ਼ਖਮੀ ਹੋ ਗਿਆ। ਘਟਨਾ ਬਾਰੇ ਜ਼ਖਮੀ ਅਰਸ਼ਦੀਪ ਨੇ ਦੱਸਿਆ ਕਿ ਮ੍ਰਿਤਕ ਨਾਲ ਹਮਲਾਵਾਰਾਂ ਦਾ ਸੱਟੇ ਦੇ ਪੈਸਿਆਂ ਦਾ ਲੈਣ ਦੇਣ ਸੀ। ਉਸ ਨੇ ਦੱਸਿਆ ਕਿ ਸਵਿੰਦਰ ਸਿੰਘ ਪੁੱਤਰ ਬਲਵੰਤ ਸਿੰਘ ਵਾਸੀ ਧਰਮਕੋਟ ਸਮੇਤ 4/5 ਵਿਅਕਤੀਆਂ ਨਾਲ ਮਿਲ ਕੇ ਹਰਪ੍ਰੀਤ ਸਿੰਘ, ਜਿਸ ਦੀ ਕਬੂਤਰਾਂ ਦੀ ਦੁਕਾਨ ਹੈ, 'ਤੇ ਆਇਆ, ਜਿੱਥੇ ਹਰਪ੍ਰੀਤ ਸਿੰਘ ਨੇ ਜਦੋਂ ਸਵਿੰਦਰ ਸਿੰਘ ਤੋਂ ਸੱਟੇ ਵਿੱਚ ਜਿੱਤੇ ਪੈਸੇ ਮੰਗੇ ਤਾਂ ਸਵਿੰਦਰ ਨੇ ਹਰਪ੍ਰੀਤ ਸਿੰਘ 28 ਸਾਲ ਪੁੱਤਰ ਸੁਬੇਗ ਸਿੰਘ ਦੀ ਕੁੱਟਮਾਰ ਕੀਤੀ ਤੇ ਉਸ 'ਤੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ, ਜਿਸ ਨਾਲ ਹਰਪ੍ਰੀਤ ਸਿੰਘ ਵਾਸੀ ਧਰਮਕੋਟ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਮੈਨੂੰ ਜ਼ਖਮੀ ਕਰ ਦਿੱਤਾ।

ਘਟਨਾ ਸਥਾਨ ਦਾ ਜਾਇਜ਼ਾ ਲੈਣ ਪੁੱਜੇ ਰਵਿੰਦਰ ਸਿੰਘ ਡੀ ਐੱਸ ਪੀ ਧਰਮਕੋਟ ਨੇ ਦੱਸਿਆ ਕਿ ਦੋਵੇਂ ਧਿਰਾਂ ਦੇ ਲੋਕ ਕਬੂਤਰ ਪਾਲ ਕੇ ਉਡਾਉਣ ਦਾ ਕੰਮ ਕਰਦੇ ਸਨ, ਜਦ ਸਵਿੰਦਰ ਸਿੰਘ ਤੇ ਹਰਪ੍ਰੀਤ ਸਿੰਘ ਇਕੱਠੇ ਹੋਏ ਤਾਂ ਪੈਸਿਆਂ ਦੇ ਲੈਣ ਦੇਣ ਨੂੰ ਲੈ ਝਗੜਾ ਹੋ ਗਿਆ, ਜਿਸ ਦਰਮਿਆ ਸਵਿੰਦਰ ਸਿੰਘ ਨੇ ਆਪਣੇ ਸਾਥੀਆਂ ਨਾਲ ਮਿਲ ਕੇ ਫਾਇਰਿੰਗ ਕਰ ਦਿੱਤੀ ਤੇ ਹਰਪ੍ਰੀਤ ਸਿੰਘ ਦੀ ਗੋਲੀਆਂ ਲੱਗਣ ਨਾਲ ਮੌਕੇ 'ਤੇ ਮੌਤ ਹੋ ਗਈ, ਜਦੋਂਕਿ ਇੱਕ ਸਾਥੀ ਗੰਭੀਰ ਜ਼ਖਮੀ ਹੋ ਗਿਆ, ਜੋ ਸਿਵਲ ਹਸਪਤਾਲ 'ਚ ਜ਼ੇਰੇ ਇਲਾਜ ਹੈ। ਉਨ੍ਹਾ ਕਿਹਾ ਕਿ ਦੋਸ਼ੀਆਂ ਖਿਲਾਫ ਕਤਲ ਦੀਆਂ ਵੱਖ ਵੱਖ ਧਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ। ਉਨ੍ਹਾ ਕਿਹਾ ਕਿ ਅਰੋਪੀ ਦੀ ਪਹਿਚਾਣ ਹੋ ਚੁੱਕੀ ਹੈ, ਜਿਸ ਨੂੰ ਜਲਦੀ ਗ੍ਰਿਫਤਾਰ ਕਰ ਲਿਆ ਜਾਵੇਗਾ।

# ਏ ਆਈ ਐੱਸ ਐੱਫ ਜ਼ਿਲ੍ਹਾ ਮੁਕਤਸਰ ਸਾਹਿਬ ਦੀ ਚੋਣ

## ਗੁਰਬਿੰਦਰ ਸਿੰਘ ਪ੍ਰਧਾਨ ਤੇ ਸੁਖਵਿੰਦਰ ਕੁਮਾਰ ਸਕੱਤਰ ਚੁਣੇ




**ਗਿੱਦੜਬਹਾ (ਜਸਵੰਤ ਗਿੱਲ ਛੱਤਿਆਣਾ)**-ਬੀਤੇ ਦਿਨ ਆਲ ਇੰਡੀਆ ਸਟੂਡੈਂਟਸ ਫਡਰੇਸ਼ਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਚੋਣ ਕੀਤੀ ਗਈ। ਇਹ ਚੋਣ ਕਰਵਾਉਣ ਲਈ ਅਬਜ਼ਰਵਰ ਦੇ ਤੌਰ 'ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਲੜਕੀਆਂ ਦੇ ਸਾਬਕਾ ਕੌਮੀ ਕਨਵੀਨਰ ਕਰਨਵੀਰ ਕੌਰ ਬੱਧਨੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਚੋਣ ਵਿੱਚ 25 ਮੈਂਬਰੀ ਕਮੇਟੀ ਤੇ 9 ਮੈਂਬਰੀ ਅਹੁਦੇਦਾਰਾਂ ਦੀ ਕਮੇਟੀ ਦੀ ਚੋਣ ਕੀਤੀ ਗਈ, ਜਿਸ 'ਚ ਗੁਰਬਿੰਦਰ ਸਿੰਘ ਪ੍ਰਧਾਨ, ਸੁਖਵਿੰਦਰ ਕੁਮਾਰ ਸਕੱਤਰ, ਪੂਜਾ, ਗੁਰਲਾਲ ਸਿੰਘ ਤੇ ਰੋਹਿਤ ਮੀਤ ਪ੍ਰਧਾਨ, ਰਮਨਪ੍ਰੀਤ ਕੌਰ ਤੇ ਸਨੀ ਕੁਮਾਰ ਮੀਤ ਸਕੱਤਰ, ਦੀਪਕ ਮਲੋਟ ਮੀਡੀਆ ਸਕੱਤਰ ਤੇ ਹੁਸਨ ਕੌਰ ਖਜ਼ਾਨਚੀ ਵਜੋਂ ਚੁਣੇ ਗਏ। ਕਨਵੀਨਰ ਕਰਮਵੀਰ ਨੇ ਸੰਬੋਧਨ ਕਰਦਿਆਂ ਨਵੀਂ ਕੀਤੀ ਚੋਣ ਦੇ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਵਿੱਦਿਆ, ਰੁਜ਼ਗਾਰ ਹਰ ਇੱਕ ਲਈ ਜ਼ਰੂਰੀ ਹੈ, ਇਸ ਬਿਨਾਂ ਕੋਈ ਗੁਜ਼ਾਰਾ ਕਰਨ ਦਾ ਵਸੀਲਾ ਨਹੀਂ ਹੈ। ਰੁਜ਼ਗਾਰ ਪ੍ਰਾਪਤੀ ਲਈ ਵਿਦਿਆਰਥੀਆਂ, ਨੌਜਵਾਨਾਂ ਵੱਲੋਂ ਪੱਕੇ ਰੁਜ਼ਗਾਰ ਦਾ ਕਾਨੂੰਨ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ (ਬਨੇਗਾ) ਦੇਸ਼ ਦੀ ਪਾਰਲੀਮੈਂਟ ਵੱਲੋਂ ਪਾਸ ਹੋਵੇ ਤਾਂ ਜੋ ਵਿਦਿਆਰਥੀਆਂ, ਨੌਜਵਾਨਾਂ ਤੇ ਹਰ ਵਰਗ ਦੀ ਜ਼ਿੰਦਗੀ ਨੂੰ ਖੁਸ਼ਹਾਲ ਤੇ ਸੌਖਾ ਬਣਾਇਆ ਜਾ ਸਕੇ।

# ਸ਼ਰਾਬ ਫੈਕਟਰੀ ਦੇ ਪੱਖ 'ਚ ਤਾਕਤ ਦੀ ਵਰਤੋਂ ਮਾਨ ਸਰਕਾਰ ਦੇ ਸਿਆਸੀ ਪਤਨ ਦਾ ਮੁੱਢ ਬੰਨ੍ਹੇਗੀ : ਗੋਇਲ



**ਮਾਨਸਾ (ਆਤਮਾ ਸਿੰਘ ਪਮਾਰ)**-ਜ਼ੀਰਾ ਨੇੜੇ ਸ਼ਰਾਬ ਫੈਕਟਰੀ ਬੰਦ ਕਰਵਾਉਣ ਲਈ ਪੱਕਾ ਮੋਰਚਾ ਚਲਾ ਰਹੇ ਕਿਸਾਨਾਂ ਮਜ਼ਦੂਰਾਂ ਉਤੇ ਲਾਠੀਚਾਰਜ ਕਰਨ, ਸੈਂਕੜੇ ਸਰਗਰਮ ਆਗੂਆਂ ਉਤੇ ਕੇਸ ਦਰਜ ਕਰਨ ਤੇ ਮੋਰਚੇ ਉਤੇ ਵੱਡੇ ਹਮਲੇ ਦੀ ਤਿਆਰੀ ਵਿੱਚ ਲੱਗੀ ਭਗਵੰਤ ਮਾਨ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨਜ਼ ਪੰਜਾਬ ਨੇ ਕਿਹਾ ਕਿ ਸਰਕਾਰ ਅਜਿਹੀਆਂ ਜਾਬਰ ਹਰਕਤਾਂ ਤੋਂ ਬਾਜ਼ ਆਵੇ, ਵਰਨਾ ਜੁਝਾਰੂ ਜਨਤਾ ਦੀ ਸਾਂਝੀ ਮੋੜਵੀਂ ਕਾਰਵਾਈ ਦੇ ਸਾਹਮਣੇ ਉਸ ਨੂੰ ਮੋਦੀ ਸਰਕਾਰ ਵਾਂਗ ਜਲਦੀ ਹੀ ਝੁਕ ਕੇ ਚੱਟਣਾ ਪੈ ਸਕਦਾ ਹੈ। ਜਥੇਬੰਦੀ ਨੇ 'ਆਪ' ਦੇ ਰਾਜ ਸਭਾ ਮੈਂਬਰ ਸੰਤ ਸੀਚੇਵਾਲ ਨੂੰ ਵੀ ਨਿਹੋਰਾ ਦਿੱਤਾ ਕਿ ਉਹ ਹੁਣ ਸੂਬੇ ਦੇ ਪਾਣੀ ਨੂੰ ਪ੍ਰਦੂਸ਼ਣ ਤੋਂ ਬਚਾਉਣ ਲਈ ਆਵਾਜ਼ ਉਠਾਉਣ ਦੀ ਬਜਾਏ, ਕਾਰਪੋਰੇਟਾਂ ਦੇ ਹਿੱਤ ਵਿੱਚ ਮੋਨ ਧਾਰ ਚੁੱਕੇ ਹਨ। ਜਥੇਬੰਦੀ ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ, ਸੂਬਾ ਸਕੱਤਰ ਗੁਰਮੇਲ ਮਾਛੀਕੇ, ਕੈਸ਼ੀਅਰ ਐੱਚ.ਐੱਸ. ਰਾਣੂ, ਸੂਬਾ ਸਰਪ੍ਰਸਤ ਸੁਰਜੀਤ ਸਿੰਘ ਲੁਧਿਆਣਾ ਵੱਲੋਂ ਇਥੋਂ ਜਾਰੀ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਦੀਪ ਮਲਹੋਤਰਾ ਦੀ ਮਾਲਕੀ ਵਾਲੀ ਮਾਲਬਰੋਜ ਨਾਮਕ ਇਹ ਸਰਾਬ ਫੈਕਟਰੀ ਅਪਣੇ ਵਰਤੇ ਹੋਏ ਪ੍ਰਦੂਸ਼ਤ ਪਾਣੀ ਨੂੰ ਸਾਫ ਕਰਨ ਲਈ ਟਰੀਟਮੈਂਟ ਪਲਾਂਟ ਲਾਉਣ ਦੀ ਬਜਾਏ ਵੱਡੇ ਬੋਰਾਂ ਰਾਹੀਂ ਸਾਲਾਂ ਤੋਂ ਅਣਸੋਧਿਆ ਪਾਣੀ ਸਿੱਧਾ ਜ਼ਮੀਨ ਵਿੱਚ ਸੁੱਟ ਕੇ ਆਸ-ਪਾਸ ਦੇ ਕਿੰਨੇ ਪਿੰਡਾਂ ਦਾ ਜ਼ਮੀਨੀ ਪਾਣੀ ਪ੍ਰਦੂਸ਼ਤ ਕਰ ਚੁੱਕੀ ਹੈ। ਨਤੀਜਨ ਨੇੜਲੇ ਪਿੰਡਾਂ ਦੇ ਅਨੇਕਾਂ ਲੋਕ, ਪਸ਼ੂ ਤੇ ਫਸਲਾਂ ਮਾਰੂ ਬਿਮਾਰੀਆਂ ਦੀ ਜਕੜ ਵਿੱਚ ਆ ਹਨ। ਇਸੇ ਲਈ ਇਲਾਕੇ ਦੇ ਲੋਕ ਤੇ ਜਥੇਬੰਦੀਆਂ ਇਸ ਫੈਕਟਰੀ ਨੂੰ ਬੰਦ ਕਰਨ ਦੀ ਮੰਗ ਕਰਦੇ ਆ ਰਹੇ ਹਨ, ਪਰ ਬੀਤੇ ਪੰਜ ਮਹੀਨਿਆਂ ਤੋਂ ਮੁੱਖ ਮੰਤਰੀ ਭਗਵੰਤ ਮਾਨ ਨੇ ਉਨ੍ਹਾਂ ਦੀ ਇਸ ਜਾਇਜ਼ ਮੰਗ ਨੂੰ ਗੰਭੀਰਤਾ ਨਾਲ ਲੈ ਕੇ ਮਸਲੇ ਨੂੰ ਆਮ ਸਹਿਮਤੀ ਨਾਲ ਹੱਲ ਕਰਨ ਲਈ ਕੁਝ ਵੀ ਨਹੀਂ ਕੀਤਾ। ਹੁਣ ਹਾਈਕੋਰਟ ਦੇ ਹੁਕਮਾਂ ਦੀ ਆੜ ਵਿੱਚ ਮਾਨ ਸਰਕਾਰ ਅੰਦੋਲਨਕਾਰੀਆਂ ਉਤੇ ਜਬਰ ਢਾਹੁਣ ਦਾ ਰਾਹ ਫੜ ਰਹੀ ਹੈ, ਪਰ ਸਰਕਾਰ ਯਾਦ ਰੱਖੇ ਕਿ ਹੁਣ ਇਹ ਸੰਘਰਸ਼ ਸਮੁੱਚੇ ਪੰਜਾਬ ਦੀ ਜੁਝਾਰੂ ਜਨਤਾ ਦਾ ਸਾਂਝਾ ਸੰਘਰਸ਼ ਬਣ ਗਿਆ ਹੈ ਤੇ ਮਾਨ ਸਰਕਾਰ ਛੇਤੀ ਹੀ ਅਪਣੀ ਹਾਰ ਤੇ ਸਿਆਸੀ ਨਖੇੜੇ ਦਾ ਸਾਹਮਣਾ ਕਰਨ ਲਈ ਤਿਆਰ ਰਹੇ। ਉਨ੍ਹਾਂ ਮਾਨਯੋਗ ਹਾਈ ਕੋਰਟ ਨੂੰ ਵੀ ਅਪੀਲ ਕੀਤੀ ਕਿ ਕੋਈ ਵੀ ਫੈਸਲਾ ਸੁਣਾਉਣ ਸਮੇਂ ਜਨਤਾ ਦੇ ਜਿਉਣ ਦੇ ਅਧਿਕਾਰ ਤੇ ਵਾਤਾਵਰਨ ਦੀ ਰਾਖੀ ਵਰਗੇ ਬੁਨਿਆਦੀ ਪੱਖਾਂ ਨੂੰ ਜ਼ਰੂਰ ਸਾਹਮਣੇ ਰੱਖਿਆ ਜਾਵੇ। ਆਗੂਆਂ ਨੇ ਕਿਹਾ ਕਿ ਪੰਜਾਬ ਨੂੰ ਅਪਣੀ ਹਵਾ, ਜ਼ਮੀਨ ਤੇ ਪਾਣੀ ਦੀ ਬਰਬਾਦੀ ਦੀ ਕੀਮਤ 'ਤੇ ਕਿਸੇ ਸਨਅਤੀਕਰਨ ਦੀ ਜ਼ਰੂਰਤ ਨਹੀਂ ਹੈ। ਬਿਆਨ ਵਿੱਚ ਕਿਹਾ ਗਿਆ ਹੈ ਕਿ ਸੂਬੇ ਦੀਆਂ ਕਿਸਾਨ ਜਥੇਬੰਦੀਆਂ ਸਮੇਤ ਪੰਜਾਬ ਦੇ ਉਨ੍ਹਾਂ ਸਾਰੇ ਵੋਟਰਾਂ ਨੂੰ ਵੀ ਅਪਣੀ ਪੀੜ੍ਹੀ ਹੇਠ ਸੋਟਾ ਫੇਰਨਾ ਚਾਹੀਦਾ ਹੈ, ਜਿਨ੍ਹਾਂ ਨੇ ਸਿੱਧੇ ਅਸਿੱਧੇ ਢੰਗ ਨਾਲ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਜਿਤਾਉਣ ਲਈ ਅਪਣੀ ਪੂਰੀ ਤਾਕਤ ਝੋਕ ਦਿੱਤੀ ਸੀ, ਪਰ ਅੱਜ ਉਹੀ ਪਾਰਟੀ, ਕਾਰਪੋਰੇਟਰਾਂ ਦੀ ਧਿਰ ਬਣ ਕੇ ਸੂਬੇ ਦੇ ਆਮ ਲੋਕਾਂ ਦੇ ਖਿਲਾਫ ਖੜੀ ਹੈ। ਇਸ ਲਈ ਉਨ੍ਹਾਂ ਨੂੰ ਅਪਣੀ ਰਾਜਨੀਤਕ ਧਿਰ ਤਹਿ ਕਰਨ ਲਈ ਡੂੰਘਾਈ ਨਾਲ ਮੁੜ ਘੋਖ ਕਰਨੀ ਚਾਹੀਦੀ ਹੈ।

# ਸਲਾਈਟ ਦਾ 25ਵਾਂ ਸਾਲਾਨਾ ਕਨਵੋਕੇਸ਼ਨ ਸਮਾਰੋਹ




**ਲੌਂਗੋਵਾਲ ਪ੍ਰਦੀਪ ਸੱਪਲ, ਕੁਲਦੀਪ ਅੱਤਰੀ)**-ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਤੇ ਟੈਕਨਾਲੋਜੀ, ਡੀਮਡ-ਟੂ-ਬੀ-ਯੂਨੀਵਰਸਿਟੀ ਲੌਂਗੋਵਾਲ ਦੀ 25ਵੀਂ ਸਾਲਾਨਾ ਕਨਵੋਕੇਸ਼ਨ ਸਮਾਰੋਹ ਸਥਾਨਕ ਮੇਨ ਆਡੀਟੋਰੀਅਮ ਹਾਲ ਵਿੱਚ ਮਨਾਇਆ ਗਿਆ। ਪ੍ਰੋ. ਡੀ. ਐੱਸ. ਚੌਹਾਨ, ਸਾਬਕਾ ਵਾਈਸ ਚਾਂਸਲਰ, ਡਾ. ਏ.ਪੀ.ਜੇ. ਅਬਦੁਲ ਕਲਾਮ ਟੈਕਨੀਕਲ ਯੂਨੀਵਰਸਿਟੀ, ਲਖਨਊ ਨੇ ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਪ੍ਰੋ. ਰਾਜੀਵ ਆਹੂਜਾ ਡਾਇਰੈਕਟਰ, ਆਈ.ਆਈ.ਟੀ. ਰੋਪੜ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ। ਇਸ ਮੌਕੇ 16 ਪੀ.ਐੱਚ.ਡੀ., 83 ਪੋਸਟ-ਗ੍ਰੈਜੂਏਟ ਤੇ 552 ਬੀ.ਈ. ਡਿਗਰੀਆਂ, ਇਸ ਤੋਂ ਇਲਾਵਾ 14 ਗੋਲਡ ਮੈਡਲ, 12 ਸਿਲਵਰ ਮੈਡਲ ਤੇ 12 ਮੈਰਿਟ ਸਰਟੀਫਿਕੇਟ ਵਿਦਿਆਰਥੀਆਂ ਨੂੰ ਪ੍ਰਦਾਨ ਕੀਤੇ ਗਏ। ਸ਼ੁਰੂਆਤ ਵਿੱਚ ਡੀਨ ਅਕਾਦਮਿਕ ਪ੍ਰੋ. ਜੇ. ਐੱਸ. ਢਿੱਲੋਂ ਨੇ ਇਸ ਅਵਸਰ 'ਤੇ ਹਾਜ਼ਰ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ। ਪ੍ਰੋ. ਸ਼ੈਲੇਂਦਰ ਜੈਨ, ਡਾਇਰੈਕਟਰ, ਸਲਾਈਟ ਨੇ 2022 ਦੇ ਗ੍ਰੈਜੂਏਟ ਵਿਦਿਆਰਥੀਆਂ ਨੂੰ ਕੋਵਿਡ-19 ਦੇ ਕਾਰਨ ਬੇਮਿਸਾਲ ਹਾਲਤਾਂ ਵਿੱਚ ਆਪਣੀਆਂ ਡਿਗਰੀਆਂ ਪ੍ਰਾਪਤ ਕਰਨ 'ਤੇ ਵਧਾਈ ਦਿੱਤੀ। ਇਸ ਤੋਂ ਇਲਾਵਾ ਡਾਇਰੈਕਟਰ ਨੇ ਅਕਾਦਮਿਕ ਯੋਗਤਾਵਾਂ ਪ੍ਰਾਪਤ ਕਰਨ ਲਈ ਵਿਦਿਆਰਥੀਆਂ ਦੀ ਅਗਵਾਈ ਤੇ ਸਹਾਇਤਾ ਕਰਨ ਲਈ ਮਾਪਿਆਂ, ਸਰਪ੍ਰਸਤਾਂ ਨੂੰ ਵਧਾਈ ਦਿੱਤੀ। ਆਪਣੇ ਕਨਵੋਕੇਸ਼ਨ ਸੰਬੋਧਨ ਵਿੱਚ ਪ੍ਰੋ. ਡੀ. ਐੱਸ. ਚੌਹਾਨ ਨੇ ਡਿਗਰੀਆਂ ਤੇ ਮੈਡਲ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਉਨ੍ਹਾ ਨੇ ਡਿਗਰੀਆਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਤੁਹਾਡੇ ਕੋਲ ਲੋੜੀਂਦੀ ਯੋਗਤਾ ਹੈ, ਆਪਣੀ ਯੋਗਤਾ ਨੂੰ ਸਾਬਿਤ ਕਰਨ ਲਈ ਸਿਖਲਾਈ ਦਾ ਪ੍ਰਗਟਾਵਾ ਕਰੋ। ਤੁਹਾਡੇ ਕੋਲ ਮੌਕੇ ਬਹੁਤ ਹਨ ਤੇ ਤੁਹਾਡੇ ਲਈ ਖੋਜ ਕਰਨ ਦੇ ਰਸਤੇ ਖੁੱਲ੍ਹੇ ਹਨ। ਤੁਹਾਨੂੰ ਸਿਰਫ ਅਤੀਤ ਦੇ ਚੰਗੇ ਨੂੰ ਲੈਣ ਤੇ ਇਸ ਨੂੰ ਵਰਤਮਾਨ ਦੇ ਨਾਲ ਜੋੜਨ ਅਤੇ ਭਵਿੱਖ ਨੂੰ ਮਹਾਨ ਬਣਾਉਣ ਦੀ ਲੋੜ ਹੈ। ਪ੍ਰੋਗਰਾਮ ਦੀ ਸਮਾਪਤੀ ਰਜਿਸਟਰਾਰ ਦੇ ਧੰਨਵਾਦ ਨਾਲ ਹੋਈ।

# ਠੇਕਾ ਮੁਲਾਜ਼ਮਾਂ ਰੋਸ ਮਾਰਚ ਕਰਕੇ ਵਿਧਾਇਕ ਰਾਹੀਂ ਸਰਕਾਰ ਨੂੰ ਭੇਜਿਆ ਮੰਗ ਪੱਤਰ



**ਸੰਗਰੂਰ (ਪ੍ਰਵੀਨ ਸਿੰਘ)**-ਦਿ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਦੇ ਸੱਦੇ 'ਤੇ ਚੌਥਾ ਦਰਜਾ ਮੁਲਾਜ਼ਮਾਂ ਦੀਆਂ ਲੰਮੇ ਸਮੇਂ ਤੋਂ ਲਮਕਾ ਅਵਸਥਾ ਵਿੱਚ ਚੱਲ ਰਹੀਆਂ ਮੰਗਾਂ ਜਿਵੇਂ ਕਿ ਕੰਟਰੈਕਟ, ਡੇਲੀਵੇਜਿਜ਼, ਆਊਟ ਸੋਰਸ ਸਮੇਤ ਪਾਰਟ ਟਾਇਮ ਕਰਮੀਆਂ ਦੀਆਂ ਸੇਵਾਵਾਂ ਦੀਆਂ ਨਿਯਮਤ ਨਿਯੁਕਤੀਆਂ ਕਰਨ ਤੇ 2004 ਤੋਂ ਪੁਰਾਣੀ ਪੈਨਸ਼ਨ ਦੀ ਬਹਾਲੀ, 200 ਰੁਪਏ ਜੱਜੀਆ ਟੈਕਸ ਕੱਟਣਾ ਬੰਦ ਕਰਨ ਤੇ 2011 ਵਿੱਚ ਮਿਲੀ ਗਰੁੱਪ-ਡੀ ਨੂੰ ਵਿਸ਼ੇਸ਼ ਇੰਕਰੀਮੈਂਟ ਲਾਗੂ ਕਰਨ, ਵਿਭਾਗਾਂ ਦੇ ਪੁਨਰਗਠਨ ਦੌਰਾਨ ਖਤਮ ਕੀਤੀਆਂ ਅਸਾਮੀਆਂ ਬਹਾਲ ਕਰਨ ਤੇ ਚੌਥਾ ਦਰਜਾ ਮੁਲਾਜ਼ਮਾਂ ਦੀ ਅਸਾਮੀ 'ਤੇ ਨਵੀਂ ਭਰਤੀ ਕਰਨ ਲਈ (ਕਲਾਸ ਫੋਰਥ ਸੇਵਾ ਨਿਯਮਤ 1963) ਵਿੱਚ ਸੋਧ ਕਰਕੇ ਵਿੱਦਿਅਕ ਯੋਗਤਾ ਵਧਾਉਣ ਤੇ ਭਰਤੀ ਤੋਂ ਪਹਿਲਾਂ ਲਿਖਤੀ ਟੈਸਟ ਲੈਣ ਵਰਗੇ ਸਰਕਾਰ ਦੇ 04 ਨਵੰਬਰ ਦੇ ਪੱਤਰ ਨੂੰ ਵਾਪਸ ਕਰਵਾਉਣਾ ਹੈ। ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਮਹਾਂ ਪ੍ਰੀਨਿਰਵਾਣ ਦਿਵਸ ਨੂੰ ਸਮਰਪਤ ਪੰਜਾਬ ਸਰਕਾਰ ਵਿਰੁੱਧ ਬਜ਼ਾਰਾਂ ਵਿੱਚ ਰੋਸ ਮਾਰਚ ਕੀਤਾ ਤੇ ਮੰਗਾਂ ਦਾ ਮੈਮੋਰੰਡਮ ਸੰਗਰੂਰ ਤੋਂ ਵਿਧਾਇਕ ਨਰਿੰਦਰ ਕੌਰ ਭਰਾਜ ਦੇ ਪੀ ਏ ਰਾਹੀਂ ਮੁੱਖ ਮੰਤਰੀ, ਮੁੱਖ ਸਕੱਤਰ ਨੂੰ ਭੇਜੇ ਗਏ। ਰੋਸ ਮਾਰਚ ਦੌਰਾਨ ਰੋਸ ਰੈਲੀ ਕਰਦਿਆਂ "ਆਪ ਸਰਕਾਰ" ਦਾ ਪਿੱਟ ਸਿਆਪਾ ਵੀ ਕੀਤਾ ਗਿਆ ਤੇ ਮੰਗਾਂ 'ਤੇ ਗੱਲਬਾਤ ਨਾ ਕਰਨ 'ਤੇ 26 ਜਨਵਰੀ ਨੂੰ ਝੰਡਾ ਲਹਿਰਾਉਣ ਵਾਲੇ ਮੰਤਰੀਆਂ ਵੱਲ "ਕਾਲੇ ਝੰਡਿਆਂ" ਨਾਲ ਰੋਸ ਮਾਰਚ ਕਰਨ ਦਾ ਐਲਾਨ ਵੀ ਕੀਤਾ ਗਿਆ।

ਰੋਸ ਮਾਰਚ ਦੀ ਅਗਵਾਈ ਜ਼ਿਲ੍ਹਾ ਪ੍ਰਧਾਨ ਮੇਲਾ ਸਿੰਘ ਪੁੰਨਾਂਵਾਲ, ਜਨਰਲ ਸਕੱਤਰ ਰਮੇਸ਼ ਕੁਮਾਰ, ਸੀਨੀ: ਵਾਈਸ ਪ੍ਰਧਾਨ ਗੁਰਮੀਤ ਸਿੰਘ ਮਿੱਡਾ, ਅਮਰਜੀਤ ਸਿੰਘ ਹੈਲਥ, ਐਡੀ: ਜਨਰਲ ਸਕੱਤਰ ਹੰਸ ਰਾਜ ਦੀਦਾਰਗੜ੍ਹ, ਤੋਤਾ ਖਾਂ (ਵਿਅਰ ਹਾਊਸ), ਨਾਜਰ ਸਿੰਘ (ਪਨਸਪ), ਰਾਜੂ (ਮੰਡੀ ਬੋਰਡ), ਸੱਤਪਾਲ ਮੌੜ (ਸਿਵਲ ਹਸਪਤਾਲ), ਨਾਜਰ ਸਿੰਘ (ਪਨਸਪ), ਨਾਜਰ ਸਿੰਘ ਈਸੜਾ (ਜੰਗਲਾਤ), ਬਲਦੇਵ ਸਿੰਘ ਹਥਨ, ਹਾਕਮ ਸਿੰਘ ਮਾਲੇਰਕੋਟਲਾ, ਸਮੇਤ ਆਗੂਆਂ ਵੱਲੋਂ ਕੀਤੀ ਗਈ। ਇਸ ਉਪਰੰਤ ਠੇਕਾ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਕਾਰਜਕਾਰੀ ਇੰਜਨੀਅਰ (ਸ) ਪੰਜਾਬ ਮੰਡੀ ਬੋਰਡ ਸੰਗਰੂਰ ਨਾਲ ਵੀ ਮੀਟਿੰਗ ਹੋਈ।

# ਇਨਕਲਾਬੀ ਕੇਂਦਰ ਵੱਲੋਂ ਸ਼ਰਾਬ ਫੈਕਟਰੀ ਖਿਲਾਫ ਚੱਲ ਰਹੇ ਘੋਲ ਦੌਰਾਨ ਸੰਘਰਸ਼ੀ ਲੋਕਾਂ 'ਤੇ ਜਬਰ ਦੀ ਨਿੰਦਾ

## ਪਾਣੀ ਤੇ ਹਵਾ ਨੂੰ ਪ੍ਰਦੂਸ਼ਤ ਕਰਨ ਵਾਲੀਆਂ ਫੈਕਟਰੀਆਂ ਨੂੰ ਬੰਦ ਕਰਨ ਦੀ ਮੰਗ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਇਨਕਲਾਬੀ ਕੇਂਦਰ ਪੰਜਾਬ ਨੇ ਜ਼ੀਰਾ ਵਿਖੇ ਸ਼ਰਾਬ ਫੈਕਟਰੀ ਖਿਲਾਫ ਚੱਲ ਰਹੇ ਘੋਲ ਦੌਰਾਨ ਸੰਘਰਸ਼ੀ ਲੋਕਾਂ 'ਤੇ ਜਬਰ ਢਾਹੁਣ, ਆਗੂਆਂ 'ਤੇ ਪਰਚੇ ਦਰਜ ਕਰਕੇ ਗ੍ਰਿਫਤਾਰ ਕਰਨ ਤੇ ਘਰਾਂ ਵਿੱਚ ਛਾਪੇਮਾਰੀ ਕਰਨ ਦੀ ਸਖਤ ਨਿਖੇਧੀ ਕੀਤੀ ਹੈ। ਜਥੇਬੰਦੀ ਦੇ ਸੂਬਾ ਕਮੇਟੀ ਮੈਂਬਰ ਮੁਖਤਿਆਰ ਸਿੰਘ ਪੂਹਲਾ ਤੇ ਜਗਜੀਤ ਸਿੰਘ ਲਹਿਰਾ ਮੁਹੱਬਤ ਨੇ ਜਾਰੀ ਕੀਤੇ ਪ੍ਰੈੱਸ ਬਿਆਨ 'ਚ ਕਿਹਾ ਕਿ ਪਿਛਲੇ ਦਿਨਾਂ ਤੋਂ ਮਨਸੂਰਵਾਲ (ਜ਼ੀਰਾ) ਵਿਖੇ ਦੀਪ ਮਲਹੋਤਰਾ ਦੀ ਮਾਲਕੀ ਵਾਲੀ ਸ਼ਰਾਬ ਫੈਕਟਰੀ ਤੇ ਕੈਮੀਕਲ ਬਣਾਉਣ ਵਾਲੀ ਮਲਬਰੋਸ ਇੰਟਰਨੈਸ਼ਨਲ ਨੂੰ ਬੰਦ ਕਰਵਾਉਦ ਲਈ ਸੰਘਰਸ਼ ਕਰ ਰਹੀਆਂ ਲੋਕ-ਪੱਖੀ ਜਥੇਬੰਦੀਆਂ ਤੇ ਲੋਕਾਂ ਉੱਪਰ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਹਾਈਕੋਰਟ ਦੇ ਹੁਕਮਾਂ ਦੀ ਆੜ ਹੇਠ ਜਬਰ ਢਾਹਿਆ ਜਾ ਰਿਹਾ ਹੈ। ਇਨਕਲਾਬੀ ਕੇਂਦਰ ਵੱਲੋਂ ਸੰਘਰਸ਼ ਕਰ ਰਹੇ ਲੋਕਾਂ ਨਾਲ ਇਕਮੁੱਠਤਾ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਕਾਰਪੋਰੇਟ ਘਰਾਣਿਆਂ ਦਾ ਪੱਖ ਪੂਰਦੀ ਹੋਈ ਸੰਘਰਸ਼ਸ਼ੀਲ ਲੋਕਾਂ ਉੱਪਰ ਜ਼ੁਲਮ ਢਾਹ ਕੇ ਪਹਿਲਾਂ ਵਾਲੀਆਂ ਸਰਕਾਰਾਂ ਵਾਂਗ ਜਬਰ ਦੇ ਰਾਹ 'ਤੇ ਚੱਲ ਰਹੀ ਹੈ ਅਤੇ ਲੋਕਾਂ ਨੂੰ ਪ੍ਰਦੂਸ਼ਿਤ ਪਾਣੀ ਪੀਣ ਲਈ ਮਜਬੂਰ ਕਰ ਰਹੀ ਹੈ। ਆਗੂਆਂ ਨੇ ਮੰਗ ਕੀਤੀ ਕਿ ਜਬਰ ਦਾ ਰਸਤਾ ਬੰਦ ਕੀਤਾ ਜਾਵੇ ਤੇ ਪੰਜਾਬ ਅੰਦਰ ਪਾਣੀ ਤੇ ਹਵਾ ਨੂੰ ਪ੍ਰਦੂਸ਼ਤ ਕਰਨ ਵਾਲੀਆਂ ਫੈਕਟਰੀਆਂ ਨੂੰ ਤੁਰੰਤ ਬੰਦ ਕੀਤਾ ਜਾਵੇ।

# ਪੰਜਾਬ ਸਰਕਾਰ ਵੱਲੋਂ ਮਾਲਵਾ ਖੇਤਰ ਦੇ ਪ੍ਰਵਾਸੀ ਭਾਰਤੀਆਂ ਨਾਲ ਮਿਲਣੀ 26 ਨੂੰ

## ਵਿਸ਼ੇਸ਼ ਸਕੱਤਰ ਐੱਨ ਆਰ ਆਈ ਵਿਭਾਗ ਵੱਲੋਂ ਤਿਆਰੀਆਂ ਦਾ ਜਾਇਜ਼ਾ


ਐੱਨ ਆਰ ਆਈ ਵਿਭਾਗ ਦੇ ਵਿਸ਼ੇਸ਼ ਸਕੱਤਰ ਸ਼੍ਰੀਮਤੀ ਕੰਵਲਪ੍ਰੀਤ ਕੌਰ ਬਰਾੜ ਤਿਆਰੀਆਂ ਦਾ ਜਾਇਜ਼ਾ ਲੈਂਦੇ ਹੋਏ।

**ਮੋਗਾ (ਅਮਰਜੀਤ ਬੱਬਰੀ)**-ਪੰਜਾਬ ਸਰਕਾਰ ਵੱਲੋਂ ਮਾਲਵਾ ਖੇਤਰ ਦੇ ਪ੍ਰਵਾਸੀ ਭਾਰਤੀਆਂ ਨਾਲ ਬਿਹਤਰੀਨ ਤਾਲਮੇਲ ਸਥਾਪਤ ਕਰਕੇ ਉਨ੍ਹਾਂ ਨੂੰ ਸੂਬੇ ਦੀ ਤਰੱਕੀ ਵਿੱਚ ਭਾਈਵਾਲ ਬਣਾਉਣ ਤੇ ਜੜ੍ਹਾਂ ਨਾਲ ਜੋੜਨ ਦੇ ਮੰਤਵ ਨਾਲ 'ਐੱਨ ਆਰ ਆਈ ਪੰਜਾਬੀਆਂ ਨਾਲ ਮਿਲਣੀ' 26 ਦਸੰਬਰ ਨੂੰ ਸਥਾਨਕ ਆਈ ਐੱਸ ਐੱਫ ਕਾਲਜ ਮੋਗਾ-ਫਿਰੋਜ਼ਪੁਰ ਰੋਡ ਘੱਲ ਕਲਾਂ ਵਿਖੇ ਹੋਵੇਗੀ। ਇਸ ਸਬੰਧੀ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਐੱਨ ਆਰ ਆਈ ਵਿਭਾਗ ਦੇ ਵਿਸ਼ੇਸ਼ ਸਕੱਤਰ ਸ਼੍ਰੀਮਤੀ ਕੰਵਲਪ੍ਰੀਤ ਕੌਰ ਬਰਾੜ ਨੇ ਮੋਗਾ ਦਾ ਦੌਰਾ ਕੀਤਾ ਤੇ ਪ੍ਰਬੰਧਾਂ ਸੰਬੰਧੀ ਦਿਸ਼ਾ ਨਿਰਦੇਸ਼ ਜਾਰੀ ਕੀਤੇ।

ਉਨ੍ਹਾ ਦੱਸਿਆ ਕਿ ਮੋਗਾ ਦੇ ਨਾਲ-ਨਾਲ ਫਿਰੋਜ਼ਪੁਰ, ਫਰੀਦਕੋਟ, ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ, ਬਠਿੰਡਾ ਤੇ ਮਾਨਸਾ ਜ਼ਿਲ੍ਹਿਆਂ ਨਾਲ ਸਬੰਧਤ ਪ੍ਰਵਾਸੀ ਭਾਰਤੀ ਵੀ ਇਸੇ ਦਿਨ ਮਿਲਣੀ ਵਿੱਚ ਸ਼ਾਮਲ ਹੋ ਸਕਣਗੇ, ਜਿਸ ਦੌਰਾਨ ਉੱਚ ਅਧਿਕਾਰੀਆਂ ਵੱਲੋਂ ਉਨ੍ਹਾਂ ਦੀਆਂ ਮੁਸ਼ਕਲਾਂ ਦੀ ਸੁਣਵਾਈ ਕਰਕੇ ਮੌਕੇ 'ਤੇ ਹੱਲ ਕੀਤਾ ਜਾਵੇਗਾ। ਉਨ੍ਹਾ ਦੱਸਿਆ ਕਿ 26 ਦਸੰਬਰ ਨੂੰ ਸਵੇਰੇ 10:00 ਵਜੇ ਰਜਿਸਟ੍ਰੇਸ਼ਨ ਸ਼ੁਰੂ ਹੋਵੇਗੀ, ਜਿਸ ਉਪਰੰਤ ਪ੍ਰਵਾਸੀ ਭਾਰਤੀਆਂ ਦੇ ਮਾਮਲਿਆਂ ਬਾਰੇ ਮੰਤਰੀ ਸ੍ਰੀ ਕੁਲਦੀਪ ਸਿੰਘ ਧਾਲੀਵਾਲ ਐੱਨ. ਆਰ. ਆਈਜ਼ ਨਾਲ ਵਿਚਾਰ ਵਟਾਂਦਰਾ ਕਰਨਗੇ। ਇਸ ਤੋਂ ਇਲਾਵਾ ਐੱਨ. ਆਰ. ਆਈਜ਼ ਪੰਜਾਬ ਸਰਕਾਰ ਦੇ ਪੋਰਟਲ https://eservices.punjab.gov.in ਰਾਹੀਂ ਵੀ ਆਨਲਾਇਨ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।

ਜ਼ਿਲ੍ਹਾ ਪੁਲਸ ਮੁਖੀ ਸ੍ਰ. ਗੁਲਨੀਤ ਸਿੰਘ ਖੁਰਾਣਾ ਤੇ ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਸੁਭਾਸ਼ ਚੰਦਰ ਨੇ ਜ਼ਿਲ੍ਹਾ ਮੋਗਾ ਨਾਲ ਸਬੰਧਤ ਪ੍ਰਵਾਸੀ ਭਾਰਤੀਆਂ ਨੂੰ ਐੱਨ. ਆਰ. ਆਈਜ਼ ਮਿਲਣੀ ਵਿੱਚ ਵੱਧ ਤੋਂ ਵੱਧ ਸ਼ਿਰਕਤ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਉਹ ਮਿਲਣੀ ਮੌਕੇ ਆਪਣੇ ਮਸਲੇ ਤੇ ਸੁਝਾਅ ਰੱਖਣ ਤਾਂ ਜੋ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੀ ਸਹੂਲਤ ਮੁਤਾਬਿਕ ਨੀਤੀ ਨਿਰਮਾਣ ਕੀਤਾ ਜਾ ਸਕੇ। ਇਸ ਮੌਕੇ ਐੱਸ ਡੀ ਐੱਮ ਸ੍ਰ. ਰਾਮ ਸਿੰਘ ਤੇ ਹੋਰ ਅਧਿਕਾਰੀ ਹਾਜ਼ਰ ਸਨ।

23-DEC-PAGE-7.qxd 12/22/2022 10:54 PM Page 1



# ਸ਼ਾਂਤਮਈ ਪ੍ਰਦਰਸ਼ਨਕਾਰੀਆਂ 'ਤੇ ਲਾਠੀਚਾਰਜ ਤੇ ਝੂਠੇ ਪਰਚੇ ਦਰਜ ਕਰਨਾ ਗੈਰ-ਜਮਹੂਰੀ : ਭਜਨ ਸਿੰਘ ਗਿੱਲ


ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਜ਼ਿਲ੍ਹਾ ਕਮੇਟੀ ਮੋਗਾ ਦੇ ਮੈਂਬਰ ਪ੍ਰੈਸ ਨੋਟ ਜਾਰੀ ਕਰਦੇ ਹੋਏ।

**ਮੋਗਾ (ਅਮਰਜੀਤ ਬੱਬਰੀ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਜ਼ਿਲ੍ਹਾ ਕਮੇਟੀ ਮੋਗਾ ਨੇ ਇੱਕ ਪ੍ਰੈਸ ਨੋਟ ਜਾਰੀ ਕਰਦੇ ਹੋਏ ਇਨਸਾਫ ਪਸੰਦ ਲੋਕਾਂ ਵੱਲੋਂ ਜ਼ੀਰਾ ਵਿਖੇ ਚਲਾਈ ਜਾ ਰਹੀ ਸ਼ਰਾਬ ਫੈਕਟਰੀ ਖਿਲਾਫ ਦਿੱਤੇ ਜਾ ਰਹੇ ਧਰਨੇ 'ਤੇ ਬੈਠੇ ਕਿਸਾਨਾਂ, ਮਜ਼ਦੂਰਾਂ ਅਤੇ ਆਮ ਲੋਕਾਂ 'ਤੇ ਪੰਜਾਬ ਪੁਲਸ ਵੱਲੋਂ ਕੀਤੇ ਅੰਨ੍ਹੇਵਾਹ ਲਾਠੀਚਾਰਜ ਅਤੇ ਬੇਗੁਨਾਹਾਂ 'ਤੇ ਝੂਠੇ ਪਰਚੇ ਦਰਜ ਕਰਨ ਦੀ ਸਖਤ ਨਿੰਦਿਆ ਕੀਤੀ ਜਾਂਦੀ ਹੈ। ਜ਼ਿਲ੍ਹਾ ਪ੍ਰਧਾਨ ਭਜਨ ਸਿੰਘ ਗਿੱਲ, ਪ੍ਰੇਮ ਕੁਮਾਰ ਮੋਗਾ, ਲੈਕਚਰਾਰ ਸੁਖਮੰਦਰ ਸਿੰਘ, ਬਿੱਕਰ ਸਿੰਘ ਮਾਛੀਕੇ ਅਤੇ ਟਹਿਲ ਸਿੰਘ ਕਿਸ਼ਨਪੁਰਾ, ਚਮਕੌਰ ਸਿੰਘ, ਬਲਵਿੰਦਰ ਸਿੰਘ, ਨਾਇਬ ਸਿੰਘ ਸੁਰਿੰਦਰ ਰਾਮ ਕੁੱਸਾ ਨੇ ਪੰਜਾਬ ਸਰਕਾਰ ਦੁਆਰਾ ਸ਼ਰਾਬ ਕਾਰੋਬਾਰੀ ਦੀਪ ਮਲਹੋਤਰਾ ਦੀ ਸ਼ਰਾਬ ਫੈਕਟਰੀ ਨੂੰ ਚਾਲੂ ਕਰਨ ਲਈ ਲੋਕਾਂ ਦੀਆਂ ਜਾਨਾਂ ਨਾਲ ਖੇਡਣ ਅਤੇ ਆਸਪਾਸ ਦੇ ਲੋਕਾਂ ਤੋਂ ਜਿਊਣ ਦਾ ਹੱਕ ਖੋਹਣ ਦਾ ਇੱਕ ਘਿਨਾਉਣਾ ਵਰਤਾਰਾ ਦੱਸਿਆ। ਪ੍ਰਦੂਸ਼ਤ ਹੋਏ ਸ਼ਰਾਬ ਦੀ ਫੈਕਟਰੀ ਦੇ ਪਾਣੀ ਨਾਲ ਜਿੱਥੇ ਲੋਕਾਂ ਦੀਆਂ ਜਾਨਾਂ ਨੂੰ ਖਤਰਾ ਹੈ, ਉੱਥੇ ਵੱਡੀ ਗਿਣਤੀ 'ਚ ਪਾਲਤੂ ਪਸ਼ੂ ਅਤੇ ਪੰਛੀਆਂ 'ਚ ਬਿਮਾਰੀਆਂ ਫੈਲ ਰਹੀਆਂ ਹਨ ਅਤੇ ਕਈ ਪਰਵਾਰਾਂ ਦੇ ਕੀਮਤੀ ਪਸ਼ੂਆਂ ਦੀਆਂ ਜਾਨਾਂ ਜਾ ਚੁੱਕੀਆਂ ਹਨ। ਜਥੇਬੰਦੀ ਦੇ ਇੰਦਰਜੀਤ ਸਿੰਘ ਮੋਗਾ, ਸਰਬਜੀਤ ਦੌਧਰ, ਜ਼ੋਰਾਵਰ ਸਿੰਘ, ਗੁਰਦੇਵ ਸਿੰਘ, ਗੁਰਦੇਵ ਸਿੰਘ ਕਿਰਤੀ ਆਦਿ ਆਗੂਆਂ ਨੇ ਮੰਗ ਕੀਤੀ ਕਿ ਇਸ ਮੌਕੇ ਦਰਜ ਕੀਤੇ ਝੂਠੇ ਕੇਸ ਰੱਦ ਕੀਤੇ ਜਾਣ, ਹਿਰਾਸਤ 'ਚ ਲਏ ਵਾਤਾਵਰਣ ਪ੍ਰੇਮੀ ਅਤੇ ਲੇਖਕ ਗੁਰਚਰਨ ਸਿੰਘ ਨੂਰਪੁਰ ਸਮੇਤ ਸਭ ਪ੍ਰਦਰਸ਼ਨਕਾਰੀ ਬਿਨਾਂ ਸ਼ਰਤ ਰਿਹਾਅ ਕੀਤੇ ਜਾਣ ਅਤੇ ਸ਼ਰਾਬ ਫੈਕਟਰੀ ਲਗਾਉਣ ਦਾ ਫੈਸਲਾ ਰੱਦ ਕੀਤਾ ਜਾਵੇ।

# ਜ਼ਿਲ੍ਹਾ ਲਾਇਬ੍ਰੇਰੀ ਦੇ ਨਵੀਨੀਕ੍ਰਿਤ ਰੂਪ ਦਾ ਲੋਕ ਅਰਪਣ


ਜ਼ਿਲ੍ਹਾ ਲਾਇਬ੍ਰੇਰੀ ਫਿਰੋਜ਼ਪੁਰ ਦੇ ਨਵੀਨੀਕ੍ਰਿਤ ਰੂਪ ਦਾ ਉਦਘਾਟਨ ਕਰਦੇ ਹੋਏ ਵਿਧਾਇਕ ਭੁੱਲਰ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਨਗਰ ਕੌਂਸਲ ਪਾਰਕ ਫਿਰੋਜ਼ਪੁਰ ਵਿਖੇ ਸਥਿਤ ਜ਼ਿਲ੍ਹਾ ਲਾਇਬ੍ਰੇਰੀ ਦੇ ਨਵੀਨੀਕ੍ਰਿਤ ਰੂਪ ਦਾ ਵਿਧਾਇਕ ਹਲਕਾ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਤੇ ਡਿਪਟੀ ਕਮਿਸ਼ਨਰ ਅਮ੍ਰਿਤ ਸਿੰਘ ਵੱਲੋਂ ਲੋਕ ਅਰਪਣ ਕੀਤਾ ਗਿਆ।ਇਸ ਮੌਕੇ ਉਨ੍ਹਾਂ ਰੀਬਨ ਕੱਟਣ ਉਪਰੰਤ ਸ਼ਮ੍ਹਾ ਰੋਸ਼ਨ ਕਰਕੇ ਜ਼ਿਲ੍ਹਾ ਲਾਇਬ੍ਰੇਰੀ ਲੋਕ ਅਰਪਣ ਕੀਤੀ।ਉਦਘਾਟਨ ਉਪਰੰਤ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਅਮ੍ਰਿਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਸਿਹਤ ਤੇ ਸਿੱਖਿਆ ਦੇ ਖੇਤਰ ਵਿੱਚ ਗੁਣਾਤਮਿਕ ਸੁਧਾਰਾਂ ਪ੍ਰਤੀ ਵਚਨਬੱਧ ਤੇ ਸੰਜੀਦਾ ਹੈ।ਇਸੇ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਫਿਰੋਜ਼ਪੁਰ ਵੱਲੋਂ ਲੋਕਾਂ ਨੂੰ ਕਿਤਾਬਾਂ ਨਾਲ ਜੋੜਨ ਤੇ ਪਾਠਕਾਂ ਲਈ ਇੱਕ ਵਧੀਆ ਵਾਤਾਵਰਨ ਮੁਹੱਈਆ ਕਰਵਾਉਣ ਹਿੱਤ ਜ਼ਿਲ੍ਹਾ ਲਾਇਬ੍ਰੇਰੀ ਫਿਰੋਜ਼ਪੁਰ ਨੂੰ ਵਰਤਮਾਨ ਸਮੇਂ ਦੀਆਂ ਲੋੜਾਂ ਅਨੁਸਾਰ ਆਧੁਨਿਕ ਰੂਪ ਦੇ ਕੇ ਇੱਕ ਬਹੁਤ ਹੀ ਖ਼ੂਬਸੂਰਤ ਨਵੀਨੀਕ੍ਰਿਤ ਰੂਪ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਜਿਵੇਂ ਹੀ ਉਨ੍ਹਾਂ ਨੂੰ ਲਾਇਬ੍ਰੇਰੀ ਦੀ ਖਸਤਾ ਹਾਲਤ ਬਾਰੇ ਪਤਾ ਲੱਗਿਆ ਤਾਂ ਉਨ੍ਹਾਂ ਨੇ ਇਸ ਦੀ ਦਸ਼ਾ ਸੁਧਾਰਨ ਦਾ ਸੁਪਨਾ ਲਿਆ ਸੀ, ਅੱਜ ਉਹ ਸ਼ਹਿਰ ਨਿਵਾਸੀਆਂ ਨੂੰ ਇਹ ਖੂਬਸੂਰਤ ਲਾਇਬ੍ਰੇਰੀ ਲੋਕ ਅਰਪਿਤ ਕਰਕੇ ਖੁਸ਼ੀ ਮਹਿਸੂਸ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਇਹ ਕਾਰਜ ਇਸ ਲਈ ਬੇਹੱਦ ਜ਼ਰੂਰੀ ਸੀ, ਕਿਉਂਕਿ ਨੌਜਵਾਨਾਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਕਿਤਾਬਾਂ ਤੇ ਯੋਗ ਵਾਤਾਵਰਨ ਮੁਹੱਈਆ ਹੋਣਾ ਚਾਹੀਦਾ ਹੈ ਤਾਂ ਜੋ ਉਹ ਆਪਣੇ ਸੁਪਨੇ ਪੂਰੇ ਕਰ ਸਕਣ।ਉਨ੍ਹਾਂ ਦੱਸਿਆ ਕਿ ਇਹ ਕਾਰਜ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡੀ ਐਮ ਐਫ ਫੰਡ ਦੀ ਸਕੀਮ ਅਧੀਨ ਕਰਵਾਇਆ ਗਿਆ ਹੈ, ਜਿਸ ਅਧੀਨ ਸਿੱਖਿਆ ਤੇ ਸਿਹਤ ਦੇ ਖੇਤਰ ਵਿੱਚ ਹੋਰ ਵੀ ਸਕੀਮਾਂ ਅਧੀਨ ਸੁਧਾਰ ਕਾਰਜ ਕਰਵਾਏ ਜਾ ਰਹੇ ਹਨ।ਇਸ ਮੌਕੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਸਿੱਖਿਆ ਤੇ ਸਿਹਤ ਦੀਆਂ ਸਹੂਲਤਾਂ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਕਿਤਾਬਾਂ ਕਿਸੇ ਵੀ ਸਭਿਅਤਾ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ ਤੇ ਸਾਨੂੰ ਅਧਿਐਨ ਨਾਲ ਜੁੜ ਕੇ ਸੰਜੀਦਾ ਤੇ ਜ਼ਿੰਮੇਵਾਰ ਨਾਗਰਿਕ ਬਣਨਾ ਚਾਹੀਦਾ ਹੈ।ਲਾਇਬ੍ਰੇਰੀ ਦੇ ਨਵੀਨੀਕ੍ਰਿਤ ਰੂਪ ਨੂੰ ਦੇਖ ਕੇ ਖੁਸ਼ੀ ਪ੍ਰਗਟ ਕਰਦਿਆਂ ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ, ਅਧਿਕਾਰੀਆਂ ਤੇ ਕਰਮਚਾਰੀਆਂ ਦੀ ਕੀਤੀ ਮਿਹਨਤ ਦਾ ਧੰਨਵਾਦ ਕਰਦਿਆਂ ਮੁਬਾਰਕਬਾਦ ਦਿੱਤੀ। ਉਨ੍ਹਾਂ ਸ਼ਹਿਰ ਵਾਸੀਆਂ, ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਗਿਆਨ ਦੇ ਵਾਧੇ, ਵੱਖ-ਵੱਖ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਇਸ ਜ਼ਿਲ੍ਹਾ ਪੱਧਰੀ ਲਾਇਬ੍ਰੇਰੀ ਦਾ ਲਾਹਾ ਲੈਣ। ਉਨ੍ਹਾਂ ਕਿਹਾ ਕਿ ਜਲਦੀ ਹੀ ਲਾਇਬ੍ਰੇਰੀ ਵਿੱਚ ਹੋਰ ਨਵੀਆਂ ਕਿਤਾਬਾਂ ਸ਼ਾਮਲ ਕੀਤੀਆਂ ਜਾਣਗੀਆਂ।ਇਸ ਕਾਰਜ ਵਿੱਚ ਐਡੀਸ਼ਨਲ ਡਿਪਟੀ ਕਮਿਸ਼ਨਰ (ਜ) ਸਾਗਰ ਸੇਤੀਆ, ਪੰਚਾਇਤੀ ਰਾਜ, ਐਕਸੀਅਨ ਪੀ ਡਬਲਯੂ ਡੀ (ਬੀ ਐਂਡ ਆਰ) ਤੇ ਪਲਾਨਿੰਗ ਵਿਭਾਗ ਦਾ ਵਿਸ਼ੇਸ਼ ਯੋਗਦਾਨ ਰਿਹਾ।ਇਸ ਮੌਕੇ ਭਾਸ਼ਾ ਅਫ਼ਸਰ ਵੱਲੋਂ ਲਾਇਬ੍ਰੇਰੀ ਦੇ ਸੰਚਾਲਨ ਲਈ ਤਕਨੀਕੀ ਸਟਾਫ਼ ਦੀ ਅਣਹੋਂਦ ਦੀ ਸਮੱਸਿਆ ਰੱਖੀ ਗਈ, ਜਿਸ ਦਾ ਮੌਕੇ 'ਤੇ ਹੀ ਡਿਪਟੀ ਕਮਿਸ਼ਨਰ ਵੱਲੋਂ ਭਰੋਸਾ ਦਿਵਾਇਆ ਗਿਆ ਕਿ ਜਲਦ ਹੀ ਪ੍ਰਸ਼ਾਸਨ ਵੱਲੋਂ ਆਰਜ਼ੀ ਤੌਰ 'ਤੇ ਸਟਾਫ਼ ਮੁਹੱਈਆ ਕਰਵਾ ਦਿੱਤਾ ਜਾਵੇਗਾ।

ਇਸ ਮੌਕੇ ਕਾਰਜ ਸਾਧਕ ਅਫ਼ਸਰ ਸੰਜੇ ਬਾਂਸਲ, ਐੱਸ ਡੀ ਓ ਮਨਪ੍ਰੀਤਮ ਸਿੰਘ ਕੰਬੋਜ ਤੇ ਅਰੁਣ ਸ਼ਰਮਾ, ਜੇ ਈ ਅਨਿਲ ਮੋਂਗਾ, ਸੰਜੀਵ ਮੈਨੀ ਤੇ ਉੱਘੇ ਕਵੀ ਸੁਖਜਿੰਦਰ ਤੋਂ ਇਲਾਵਾ ਗੁਰਜੀਤ ਚੀਮਾ, ਮਨਮੀਤ ਸਿੰਘ ਮਿੱਠੂ, ਕਿੱਕਰ ਸਿੰਘ, ਬਲਰਾਜ ਸਿੰਘ ਕਟੋਰਾ ਤੇ ਲਖਵਿੰਦਰ ਸਿੰਘ ਹਾਜ਼ਰ ਸਨ।

# ਵਰਲਡ 'ਵਰਸਿਟੀ ਵੱਲੋਂ ਕੈਰੀਅਰ ਸੰਬੰਧੀ ਪ੍ਰਦਰਸ਼ਨੀ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਦੇ ਸਿੱਖਿਆ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਗਤਪੁਰ ਸੋਢੀਆਂ ਵਿਖੇ ਕਰੀਅਰ ਕਾਊਂਸਲਿੰਗ ਸੈੱਲ ਦੇ ਸਹਿਯੋਗ ਨਾਲ ਕੈਰੀਅਰ ਸਬੰਧੀ ਪ੍ਰਦਰਸ਼ਨੀ ਲਗਾਈ ਗਈ। ਕੈਰੀਅਰ ਪ੍ਰਦਰਸ਼ਨੀ ਦੇ ਆਯੋਜਨ ਦੇ ਉਦੇਸ਼ਾਂ ਨੂੰ ਸਾਂਝਾ ਕਰਦੇ ਹੋਏ ਵਿਭਾਗ ਦੇ ਇੰਚਾਰਜ ਡਾ: ਹਰਨੀਤ ਬਿਲਿੰਗ ਨੇ ਕਿਹਾ ਕਿ ਅਜੋਕੇ ਦੌਰ ਨੇ ਵਿਦਿਆਰਥੀਆਂ ਲਈ ਅਕਾਦਮਿਕ ਤੇ ਕੈਰੀਅਰ ਦੇ ਬਹੁਤ ਮੌਕੇ ਪ੍ਰਦਾਨ ਕੀਤੇ ਹਨ। ਹਾਲਾਂਕਿ, ਇਸ ਦੇ ਨਾਲ ਹੀ ਵਿਦਿਆਰਥੀਆਂ ਲਈ ਸਹੀ ਚੋਣ ਕਰਨ ਵਿੱਚ ਉਲਝਣ ਤੇ ਦੁਚਿੱਤੀ ਵਿੱਚ ਵਾਧਾ ਵੀ ਹੋਇਆ ਹੈ। ਪ੍ਰਦਰਸ਼ਨੀ ਦਾ ਆਯੋਜਨ ਵਿਭਾਗ ਦੇ ਅਧਿਆਪਕ ਸਿੱਖਿਆਰਥੀਆਂ ਦੁਆਰਾ ਕਮਿਊਨਿਟੀ ਰੁਝੇਵੇਂ ਪ੍ਰੋਗਰਾਮ ਦੇ ਤਹਿਤ ਕੀਤਾ ਗਿਆ ਸੀ ਤਾਂ ਜੋ ਸਕੂਲੀ ਵਿਦਿਆਰਥੀਆਂ ਨੂੰ ਵਿਗਿਆਨ, ਮਨੁੱਖਤਾ ਤੇ ਕਾਮਰਸ ਅਤੇ ਮੈਨੇਜਮੈਂਟ ਖੇਤਰ ਵਿੱਚ ਭਵਿੱਖ ਦੇ ਅਕਾਦਮਿਕ ਮੌਕਿਆਂ ਤੋਂ ਜਾਣੂ ਕਰਵਾਇਆ ਜਾ ਸਕੇ। ਪ੍ਰਦਰਸ਼ਨੀ ਦੀ ਕੋਆਰਡੀਨੇਟਰ ਡਾ: ਗਗਨਦੀਪ ਕੌਰ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਨੇ ਉਚੇਚੇ ਤੌਰ 'ਤੇ ਇਸ ਪ੍ਰਦਰਸ਼ਨੀ ਵਿੱਚ ਭਾਗ ਲਿਆ ਤੇ ਆਪਣੇ ਸ਼ੰਕਿਆਂ ਨੂੰ ਦੂਰ ਕੀਤਾ। ਇਹ ਅਧਿਆਪਕ ਸਿੱਖਿਆਰਥੀਆਂ ਤੇ ਸਕੂਲੀ ਵਿਦਿਆਰਥੀਆਂ ਦੋਵਾਂ ਲਈ ਸਿੱਖਣਯੋਗ ਤਜਰਬਾ ਸੀ। ਡਾ: ਹਰਨੀਤ ਨੇ ਦੱਸਿਆ ਕਿ ਖੇਤਰ ਦੇ ਹੋਰ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਵੀ ਪ੍ਰਦਰਸ਼ਨੀਆਂ ਲਗਾਈਆਂ ਜਾਣਗੀਆਂ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ: ਪ੍ਰਿਤ ਪਾਲ ਸਿੰਘ ਨੇ ਕਿਹਾ ਕਿ ਕੈਰੀਅਰ ਕੌਂਸਲਿੰਗ ਸਮੇਂ ਦੀ ਲੋੜ ਹੈ। ਉਨ੍ਹਾ ਇਸ ਦਿਸ਼ਾ ਵਿੱਚ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

## ਕਾਤਰਾਂ

### ਨਗਰ ਕੌਂਸਲ ਆਵਾਰਾ ਪਸ਼ੂਆਂ ਨੂੰ ਕਾਬੂ ਕਰਕੇ ਗਊਸ਼ਾਲਾ ਭੇਜਣ ਲੱਗੀ

**ਸ੍ਰੀ ਫ਼ਤਹਿਗੜ੍ਹ ਸਾਹਿਬ(ਪ੍ਰਮੋਦ ਭਾਰਦਵਾਜ)**-ਹੁਣ ਤੱਕ ਆਵਾਰਾ/ਬੇਸਹਾਰਾ ਪਸ਼ੂ ਇਲਾਕੇ 'ਚ ਕਈ ਸੜਕ ਹਾਦਿਸਆਂ ਦਾ ਕਾਰਨ ਬਣ ਚੁੱਕੇ ਹਨ ਤੇ ਭੂਤਰੇ ਹੋਏ ਪਸ਼ੂਆਂ ਦੀ ਆਪਸੀ ਲੜਾਈ 'ਚ ਕਈ ਵਾਰ ਦੋ ਪਹੀਆ ਵਾਹਨ ਸਵਾਰ ਤੇ ਰਾਹਗੀਰ ਇਨ੍ਹਾਂ ਦਾ ਨਿਸ਼ਾਨਾ ਬਣਦੇ ਰਹੇ ਹਨ। ਬੇਸ਼ੱਕ ਵੱਖ-ਵੱਖ ਸਮੇਂ ਇਲਾਕਾ ਵਾਸੀ ਆਪਣੇ ਨੁਮਾਇੰਦਿਆਂ ਰਾਹੀਂ ਪ੍ਰਸ਼ਾਸਨਕ ਅਧਿਕਾਰੀਆਂ ਤੋਂ ਸੜਕਾਂ 'ਤੇ ਝੁੰਡਾਂ ਦੇ ਰੂਪ 'ਚ ਦਨਦਨਾਉਂਦੇ ਫਿਰਦੇ ਇਨ੍ਹਾਂ ਪਸ਼ੂਆਂ ਤੋਂ ਨਿਜਾਤ ਦਿਵਾਉਣ ਦੀ ਮੰਗ ਕਰਦੇ ਰਹੇ ਹਨ, ਪਰ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਬਣਨ ਦੇ ਦੋ ਦਹਾਕਿਆਂ ਬਾਅਦ ਵੀ ਸਬੰਧਤ ਅਧਿਕਾਰੀ ਨਗਰ ਕੌਂਸਲ ਸਰਹਿੰਦ-ਫ਼ਤਹਿਗੜ੍ਹ ਸਾਹਿਬ ਨੂੰ ਪਸ਼ੂਆਂ ਨੂੰ ਕਾਬੂ ਕਰਨ ਵਾਲਾ ਦਸਤਾ ਤੇ ਲੋੜੀਂਦਾ ਸਾਜ਼ੋ-ਸਾਮਾਨ ਮੁਹੱਈਆ ਨਹੀਂ ਕਰਵਾ ਸਕੇ ਤੇ ਹਾਲਾਤ ਇਹ ਬਣ ਗਏ ਕਿ ਡਿਪਟੀ ਕਮਿਸ਼ਨਰ, ਜ਼ਿਲ੍ਹਾ ਪੁਲਸ ਮੁਖੀ ਤੇ ਹੋਰ ਸੀਨੀਅਰ ਅਧਿਕਾਰੀਆਂ ਦੀ ਸਰਕਾਰੀ ਰਿਹਾਇਸ਼ ਨੇੜੇ ਵੀ ਇਨ੍ਹਾਂ ਪਸ਼ੂਆਂ ਦੇ ਝੁੰਡ ਘੁੰਮਦੇ ਆਮ ਦਿਖਾਈ ਦਿੰਦੇ ਹਨ। ਸ਼ਹੀਦੀ ਸਭਾ ਦੇ ਮੱਦੇਨਜ਼ਰ ਅੱਜ ਨਗਰ ਕੌਂਸਲ ਵੱਲੋਂ ਹੋਰ ਸ਼ਹਿਰਾਂ ਤੋਂ ਪਸ਼ੂਆਂ ਨੂੰ ਕਾਬੂ ਕਰਨ ਵਾਲੀਆਂ ਟੀਮਾਂ ਮੰਗਵਾ ਕੇ ਸੜਕਾਂ 'ਤੇ ਘੁੰਮ ਰਹੇ ਕੁਝ ਆਵਾਰਾ/ਬੇਸਹਾਰਾ ਪਸ਼ੂਆਂ ਨੂੰ ਕਾਬੂ ਕਰਕੇ ਗਊਸ਼ਾਲਾ 'ਚ ਭੇਜਣ ਦਾ ਉਪਰਾਲਾ ਕੀਤਾ ਗਿਆ ਹੈ, ਪਰ ਇਹ ਮੁਹਿੰਮ ਸ਼ਹੀਦੀ ਸਭਾ ਤੋਂ ਬਾਅਦ ਵੀ ਜਾਰੀ ਰਹਿੰਦੀ ਹੈ ਜਾਂ ਨਹੀਂ ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ।

### ਬਿਜਲੀ ਦਾ ਸਾਮਾਨ ਚੋਰੀ

**ਜਲਾਲਾਬਾਦ (ਦਹੂਜਾ)**-ਥਾਣਾ ਸਦਰ ਪੁਲਸ ਨੇ ਬਿਜਲੀ ਦਾ ਸਾਮਾਨ ਚੋਰੀ ਕਰਨ ਵਾਲੇ ਅਣਪਛਾਤੇ ਵਿਅਕਤੀਆਂ ਖਿਲਾਫ ਪਰਚਾ ਦਰਜ ਕੀਤਾ ਹੈ। ਜਾਂਚ ਅਧਿਕਾਰੀ ਬਲਕਾਰ ਸਿੰਘ ਨੇ ਦੱਸਿਆ ਕਿ ਇੰਜੀਨੀਅਰ ਪੀ.ਐਸ.ਪੀ.ਸੀ.ਐੱਲ. ਸਬ-ਡਵੀਜ਼ਨ ਘੁਬਾਇਆ ਨੇ ਸ਼ਿਕਾਇਤ ਦਰਜ ਕਰਵਾਈ ਸੀ ਕਿ ਦਫ਼ਤਰ ਅਧੀਨ ਤਾਇਨਾਤ ਕਰਮਚਾਰੀਆਂ ਕ੍ਰਿਸ਼ਨ ਸਿੰਘ ਜੇ.ਈ., ਕਾਲਾ ਸਿੰਘ ਜੇ.ਈ., ਮਨਜੀਤ ਸਿੰਘ ਜੇ.ਈ. ਨੂੰ ਵਿਭਾਗ ਵੱਲੋਂ ਜਾਰੀ ਕੀਤਾ ਗਿਆ ਸਾਮਾਨ, ਜੋ ਦਫ਼ਤਰ ਵਿੱਚ ਬਣੇ ਸਟੋਰ ਵਿੱਚ ਰੱਖਿਆ ਸੀ, ਜਿੱਥੋਂ 11-12 ਦਸੰਬਰ ਦੀ ਰਾਤ ਨੂੰ ਅਣਪਛਾਤੇ ਵਿਅਕਤੀਆਂ ਵੱਲੋਂ ਇਸ ਨੂੰ ਚੋਰੀ ਕਰ ਲਿਆ ਗਿਆ ਸੀ। ਪੁਲਸ ਨੇ ਅਣਪਛਾਤੇ ਵਿਅਕਤੀਆਂ 'ਤੇ ਕੇਸ ਦਰਜ ਕਰ ਲਿਆ ਹੈ।

### ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਸ਼ਹੀਦੀ ਕਾਨਫਰੰਸ 27 ਨੂੰ

**ਲੌਂਗੋਵਾਲ (ਪ੍ਰਦੀਪ ਸੱਪਲ, ਕੁਲਦੀਪ ਅੱਤਰੀ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਮਹਾਨ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਹਿੱਤ 27 ਦਸੰਬਰ ਨੂੰ ਫਤਹਿਗੜ੍ਹ ਸਾਹਿਬ ਵਿਖੇ ਸ਼ਹੀਦੀ ਕਾਨਫਰੰਸ ਕੀਤੀ ਜਾ ਰਹੀ ਹੈ, ਜਿਸ ਵਿੱਚ ਪਾਰਟੀ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਤੇ ਕੌਮੀ ਵਿਦਵਾਨ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ। ਸਮੁੱਚੀ ਸਿੱਖ ਕੌਮ ਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਜਥੇਬੰਦੀ ਨੂੰ ਸ਼ਹੀਦੀ ਕਾਨਫਰੰਸ ਵਿੱਚ ਆਪਣੀਆਂ ਕੌਮੀ ਜ਼ਿੰਮੇਵਾਰੀਆਂ ਨੂੰ ਪੂਰਨ ਕਰਦੇ ਹੋਏ ਸ਼ਰਧਾ ਤੇ ਸਤਿਕਾਰ ਸਹਿਤ ਪਹੁੰਚਣ ਦੀ ਅਪੀਲ ਕੀਤੀ ਹੈ। ਇਹ ਜਾਣਕਾਰੀ ਇਥੇ ਪਾਰਟੀ ਦੇ ਸ. ਜਸਕਰਨ ਸਿੰਘ ਕਾਹਨ ਸਿੰਘ ਵਾਲਾ ਕੌਮੀ ਜਰਨਲ ਸਕੱਤਰ, ਕੌਮੀ ਪ੍ਰਧਾਨ ਕਿਸਾਨ ਯੂਨੀਅਨ ਅੰਮ੍ਰਿਤਸਰ, ਸੁਖਚੈਨ ਸਿੰਘ ਅਤਲਾ ਜ਼ਿਲ੍ਹਾ ਜਰਨਲ ਸਕੱਤਰ ਮਾਨਸਾ, ਕੌਮੀ ਜਰਨਲ ਸਕੱਤਰ ਕਿਸਾਨ ਯੂਨੀਅਨ ਅੰਮ੍ਰਿਤਸਰ ਤੇ ਅੰਮ੍ਰਿਤਪਾਲ ਸਿੰਘ ਸਿੱਧੂ ਲੌਂਗੋਵਾਲ ਹਲਕਾ ਇੰਚਾਰਜ ਸੁਨਾਮ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ), ਕੌਮੀ ਸੀਨੀਅਰ ਮੀਤ ਪ੍ਰਧਾਨ ਕਿਸਾਨ ਯੂਨੀਅਨ ਅੰਮ੍ਰਿਤਸਰ ਨੇ ਸਾਂਝੇ ਤੌਰ 'ਤੇ ਦਿੱਤੀ।

### ਜਾਲ੍ਹੀ ਨੰਬਰ ਪਲੇਟ ਵਾਲੇ ਮੋਟਰਸਾਈਕਲ ਸਮੇਤ ਕਾਬੂ

**ਜਲਾਲਾਬਾਦ (ਦਹੂਜਾ)**-ਥਾਣਾ ਸਿਟੀ ਪੁਲਸ ਨੇ ਇੱਕ ਵਿਅਕਤੀ ਨੂੰ ਜਾਲ੍ਹੀ ਨੰਬਰ ਪਲੇਟ ਵਾਲੇ ਮੋਟਰਸਾਈਕਲ ਸਮੇਤ ਗ੍ਰਿਫਤਾਰ ਕੀਤਾ ਹੈ। ਤਫ਼ਤੀਸ਼ੀ ਅਫ਼ਸਰ ਐੱਚ ਸੀ ਅਮਨਦੀਪ ਨੇ ਦੱਸਿਆ ਕਿ ਉਨ੍ਹਾਂ ਨੂੰ ਮੁਖ਼ਬਰ ਖਾਸ ਨੇ ਇਤਲਾਹ ਦਿੱਤੀ ਸੀ ਕਿ ਅਮਰਜੀਤ ਸਿੰਘ ਉਰਫ਼ ਸੰਦੀਪ ਸ਼ਿਪੂ ਪੁੱਤਰ ਦੇਸਾ ਸਿੰਘ ਵਾਸੀ ਪਿੰਡ ਅਰਾਈਆਂਵਾਲਾ ਵਾਸੀ ਸੁਖੇਰਾ ਬੋਦਲਾ ਇੱਕ ਚੋਰੀ ਦਾ ਮੋਟਰਸਾਈਕਲ ਲੈ ਕੇ ਆ ਰਿਹਾ ਹੈ, ਜਿਸ ਦੀ ਨੰਬਰ ਪਲੇਟ ਜਾਲ੍ਹੀ ਸੀ, ਜਿਸ ਦਾ ਨੰਬਰ ਪੀ ਬੀ -61 ਸੀ-5287 ਹੈ। ਜੇਕਰ ਹੁਣ ਲਾਈਟਾਂ ਵਾਲੇ ਚੌਕ ਦੇ ਨੇੜੇ ਨਾਕਾਬੰਦੀ ਕੀਤੀ ਜਾਵੇ ਤਾਂ ਇਸ ਨੂੰ ਰੰਗੇ ਹੱਥੀਂ ਕਾਬੂ ਕੀਤਾ ਜਾ ਸਕਦਾ ਹੈ। ਪੁਲਸ ਨੇ ਛਾਪਾ ਮਾਰ ਕੇ ਉਸ ਨੂੰ ਮੋਟਰਸਾਈਕਲ ਹੀਰੋ ਹੌਂਡਾ ਸਪਲੈਂਡਰ ਸਮੇਤ ਕਾਬੂ ਕਰ ਲਿਆ, ਜਿਸ 'ਤੇ ਪਰਚਾ ਦਰਜ ਕੀਤਾ ਹੈ।

# ਮਾਤਾ ਗੁਜਰੀ ਕਾਲਜ ਦੀ ਭਾਰਤ ਸਰਕਾਰ ਵੱਲੋਂ ਇੱਕ ਕਰੋੜ ਦੀ ਗ੍ਰਾਂਟ ਲਈ ਚੋਣ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਵਿੱਚ ਚੱਲ ਰਹੇ ਉੱਤਰੀ ਭਾਰਤ ਦੇ ਪਹਿਲੇ ਖ਼ੁਦ-ਮੁਖਤਿਆਰ ਕਾਲਜ ਮਾਤਾ ਗੁਜਰੀ ਕਾਲਜ ਨੇ ਇੱਕ ਹੋਰ ਮੀਲ ਪੱਥਰ ਹਾਸਲ ਕੀਤਾ ਹੈ, ਜਿਸ ਸਦਕਾ ਕਾਲਜ ਨੂੰ ਭਾਰਤ ਸਰਕਾਰ ਦੀ ਡੀ.ਐੱਸ.ਟੀ.- ਐੱਫ.ਆਈ.ਐੱਸ.ਟੀ. ਗ੍ਰਾਂਟ ਲਈ ਚੁਣਿਆ ਗਿਆ ਹੈ, ਜਿਸ ਅਧੀਨ ਕਾਲਜ ਨੂੰ ਲਗਭਗ ਇੱਕ ਕਰੋੜ ਰੁਪਏ ਦੀ ਗ੍ਰਾਂਟ ਮਿਲੇਗੀ, ਜੋ ਕਾਲਜ ਦੇ ਸਮੂਹ ਸਾਇੰਸ ਕੋਰਸਾਂ ਲਈ ਲਾਹੇਵੰਦ ਸਾਬਿਤ ਹੋਵੇਗੀ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤੇ ਕਾਲਜ ਦੀ ਗਵਰਨਿੰਗ ਬਾਡੀ ਦੇ ਪ੍ਰਧਾਨ ਐਡਵੋਕੇਟ ਸ੍. ਹਰਜਿੰਦਰ ਸਿੰਘ ਧਾਮੀ ਨੇ ਸਮੂਹ ਕਾਲਜ ਸਟਾਫ਼ ਨੂੰ ਵਧਾਈ ਦਿੰਦਿਆਂ ਕਿਹਾ ਕਿ ਮਾਤਾ ਗੁਜਰੀ ਕਾਲਜ ਮੌਜੂਦਾ ਸਮੇਂ ਦੀਆਂ ਵਿੱਦਿਅਕ ਲੋੜਾਂ ਦੀ ਪੂਰਤੀ ਕਰਦੇ ਹੋਏ ਵਿਦਿਆਰਥੀਆਂ ਦਾ ਹਰ ਪੱਖੋਂ ਵਿਕਾਸ ਕਰਨ ਲਈ ਵਚਨਬੱਧ ਹੈ। ਐਡਵੋਕੇਟ ਧਾਮੀ ਨੇ ਕਾਲਜ ਦੇ ਸਰਵਪੱਖੀ ਵਿਕਾਸ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਕਾਲਜ ਗਵਰਨਿੰਗ ਬਾਡੀ ਦੇ ਆਨਰੇਰੀ ਸਕੱਤਰ ਜਗਦੀਪ ਸਿੰਘ ਚੀਮਾ ਨੇ ਮਾਤਾ ਗੁਜਰੀ ਕਾਲਜ ਦੀ ਇਸ ਸ਼ਲਾਘਾਯੋਗ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਾਲਜ ਦੇ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ। ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਤੇ ਕਾਲਜ ਦੀ ਗਵਰਨਿੰਗ ਬਾਡੀ ਦੇ ਮੈਂਬਰ ਸ੍. ਅਵਤਾਰ ਸਿੰਘ ਰਿਆ ਤੇ ਸਕੱਤਰ ਵਿੱਦਿਆ ਸ੍. ਸੁਖਮਿੰਦਰ ਸਿੰਘ ਨੇ ਵੀ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ। ਇਸ ਤੋਂ ਪਹਿਲਾਂ ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਉਪਰੋਕਤ ਪ੍ਰਾਪਤੀ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਦੀ ਡੀ.ਐੱਸ.ਟੀ.- ਐੱਫ.ਆਈ.ਐੱਸ.ਟੀ. ਗ੍ਰਾਂਟ ਲਈ ਕਾਲਜ ਦੀ ਚੋਣ ਹੋਣਾ ਬਹੁਤ ਮਾਣ ਵਾਲੀ ਗੱਲ ਹੈ, ਜੋ ਕਾਲਜ ਦੇ ਸਾਇੰਸ ਵਿਭਾਗਾਂ ਦੇ ਫੈਕਲਟੀ ਮੈਂਬਰਾਂ, ਲੈਬ ਸਟਾਫ, ਮੈਨੇਜਮੈਂਟ ਦੇ ਸਹਿਯੋਗ ਤੇ ਸਖਤ ਮਿਹਨਤ ਨਾਲ ਸੰਭਵ ਹੋਇਆ ਹੈ।

ਇਸ ਮੌਕੇ ਕਾਲਜ ਦੇ ਡੀਨ ਰਿਸਰਚ ਡਾ. ਸੌਰਭ ਗੁਪਤਾ ਨੇ ਦੱਸਿਆ ਕਿ ਇਹ ਗ੍ਰਾਂਟ ਕਾਲਜ ਦੇ ਪੋਸਟ ਗਰੈਜੂਏਟ ਸਾਇੰਸ ਕੋਰਸਾਂ ਲਈ ਲਾਹੇਵੰਦ ਸਾਬਿਤ ਹੋਵੇਗੀ। ਡਾ. ਸੌਰਭ ਨੇ ਦੱਸਿਆ ਕਿ ਬੋਟਨੀ ਵਿਭਾਗ ਦੇ ਡਾ. ਵਿਜੇ ਸਿੰਘ ਨੇ ਪ੍ਰੋਜੈਕਟ ਤਿਆਰ ਕਰਨ 'ਚ ਵਿਸ਼ੇਸ਼ ਸਹਿਯੋਗ ਦਿੱਤਾ। ਇਸ ਮੌਕੇ ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ, ਕੰਟਰੋਲਰ ਪ੍ਰੀਖਿਆਵਾਂ ਡਾ. ਹਰਜੀਤ ਸਿੰਘ, ਡੀਨ ਅਕਾਦਮਿਕ ਮਾਮਲਿਆਂ ਡਾ. ਕਮਲਪ੍ਰੀਤ ਕੌਰ, ਜਥੇਦਾਰ ਸਵਰਨ ਸਿੰਘ ਗੋਪਾਲੋਂ, ਗੁਰਦੀਪ ਸਿੰਘ ਨੌਲੱਖਾ, ਡਾ. ਦਲੀਪ ਸਿੰਘ ਕਛਵਾਇਆ, ਪ੍ਰੋ. ਹਰਗੁਣਪ੍ਰੀਤ ਸਿੰਘ ਤੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

# ਆਦਿੱਤਿਆ ਵਾਹਿਨੀ ਸੰਸਥਾ ਮਾਨਸਾ ਦੀ ਚੋਣ



**ਮਾਨਸਾ (ਆਤਮਾ ਸਿੰਘ ਪਮਾਰ)**

ਆਦਿੱਤਿਆ ਵੈਹਨੀ ਸੰਸਥਾ ਮਾਨਸਾ ਬ੍ਰਾਂਚ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਸ਼੍ਰੀ ਦਰਸ਼ਨ ਪਾਲ ਗਰਗ ਦੀ ਅਗਵਾਈ ਵਿੱਚ ਸ਼੍ਰੀ ਲਕਸ਼ਮੀ ਨਰਾਇਣ ਮੰਦਿਰ ਵਿਖੇ ਹਈ, ਜਿਸ ਵਿੱਚ ਸ਼੍ਰੀ ਅਜੈ ਸ਼ਰਮਾ ਪ੍ਰਧਾਨ ਆਦਿੱਤਿਆ ਵੈਹਨੀ ਪੰਜਾਬ, ਉਨ੍ਹਾਂ ਦੀ ਧਰਮ ਪਤਨੀ ਸ਼੍ਰੀ ਮਤੀ ਸੁਧਾ ਸ਼ਰਮਾ, ਰਾਸ਼ਟਰੀ ਉੱਪ ਪ੍ਰਧਾਨ ਆਨੰਦ ਵੈਹਨੀ ਤੇ ਸ਼੍ਰੀਮਤੀ ਅਨਮੋਲ ਸ਼ਰਮਾ ਪ੍ਰਧਾਨ ਦੱਖਣੀ ਪੰਜਾਬ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ ਵਿੱਚ ਮਾਨਸਾ ਬ੍ਰਾਂਚ ਦਾ ਨਵੇਂ ਅਹੁਦੇਦਾਰ/ਮੈਂਬਰ ਸ਼ਾਮਲ ਕਰਕੇ ਵਿਸਥਾਰ ਕੀਤਾ ਗਿਆ। ਇਸ ਵਿੱਚ ਰੁਲਦੂ ਰਾਮ ਨੰਦਗੜ੍ਹ ਤੇ ਬਬਲੂ ਜਿੰਦਲ ਨੂੰ ਮਾਰਗ ਦਰਸ਼ਕ, ਰਾਜੀਵ ਅਕਲੀਆ ਨੂੰ ਸੈਕਟਰੀ, ਪ੍ਰਦੀਪ ਜਿੰਦਲ ਨੂੰ ਕੈਸ਼ੀਅਰ ਤੇ ਪ੍ਰੈੱਸ ਸਕੱਤਰ, ਰਕੇਸ਼ ਕੁਮਾਰ ਨੀਟਾ ਨੂੰ ਉੱਪ ਪ੍ਰਧਾਨ, ਨਰੇਸ਼ ਬਿਰਲਾ ਤੇ ਰਕੇਸ਼ ਕੁਮਾਰ ਬਿੱਟੂ ਨੂੰ ਜੁਆਇੰਟ ਸੈਕਟਰੀ, ਮਹੇਸ਼ ਸ਼ਰਮਾ ਨੂੰ ਆਤਮ ਰਕਸ਼ਾ ਪ੍ਰਭਾਰੀ, ਦੀਪਕ ਗਰਗ ਨੂੰ ਪ੍ਰਧਾਨ ਆਦਿੱਤਿਆ ਵੈਹਨੀ ਯੂਥ, ਗੋਪਾਲ ਸਿੰਗਲਾ ਨੂੰ ਪ੍ਰਧਾਨ ਤੇ ਲੋਕ ਨਾਥ ਸ਼ਰਮਾ ਨੂੰ ਜਨਰਲ ਸੈਕਟਰੀ ਬਾਲ ਆਦਿੱਤਿਆ ਵੈਹਨੀ ਮਾਨਸਾ ਲਗਾਇਆ ਗਿਆ। ਇਸ ਮੌਕੇ ਆਦਿੱਤਿਆ ਵੈਹਨੀ ਮਾਨਸਾ ਦੇ ਚੇਅਰਮੈਨ ਸਮੀਰ ਛਾਬੜਾ, ਸੁਧਾ ਸ਼ਰਮਾ ਤੇ ਅਨਮੋਲ ਸ਼ਰਮਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਸਟੇਜ ਸੈਕਟਰੀ ਦੀ ਭੂਮਿਕਾ ਆਦਿੱਤਿਆ ਵੈਹਨੀ ਮਾਨਸਾ ਦੇ ਸੈਕਟਰੀ ਬਿੰਦਰ ਪਾਲ ਗਰਗ ਨੇ ਬਾਖੂਬੀ ਨਿਭਾਈ। ਅੰਤ ਵਿੱਚ ਬਾਹਰੋਂ ਆਏ ਅਜੈ ਸ਼ਰਮਾ ਦਾ ਉਨ੍ਹਾਂ ਦੀ ਟੀਮ ਸਮੇਤ ਮਾਨਸਾ ਬ੍ਰਾਂਚ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨ ਕੀਤਾ ਗਿਆ ਤੇ ਜ਼ਿਲ੍ਹਾ ਪ੍ਰਧਾਨ ਵੱਲੋਂ ਆਈ ਹੋਈ ਟੀਮ ਤੇ ਪਤਵੰਤਿਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸਮੀਰ ਛਾਬੜਾ ਸਾਬਕਾ ਪ੍ਰਧਾਨ ਸਨਾਤਨ ਧਰਮ ਸਭਾ, ਰੁਲਦੂ ਰਾਮ ਨੰਦਗੜ੍ਹ ਪ੍ਰਧਾਨ ਸਨਾਤਨ ਧਰਮ ਸਭਾ, ਉਮੇਸ ਸ਼ਰਮਾ ਸ਼ਹਿਰੀ ਪ੍ਰਧਾਨ ਆਦਿੱਤਿਆ ਵੈਹਿਨੀ, ਰਾਜ ਕੁਮਾਰ ਮਿੱਤਲ ਪ੍ਰਧਾਨ ਜੈ ਮਾਂ ਮੰਦਰ, ਪ੍ਰਦੀਪ ਜਿੰਦਲ ਪ੍ਰਧਾਨ ਸ਼੍ਰੀ ਸ਼ਿਵ ਪਰਿਵਾਰ ਸੰਘ, ਹਰੀ ਰਾਮ ਡਿੰਪਾ, ਰਕੇਸ਼ ਜਿੰਦਲ ਸਰਪ੍ਰਸਤ ਸ਼੍ਰੀ ਸ਼ਿਵ ਪਰਿਵਾਰ ਸੰਘ, ਦੀਪਕ ਕੁਮਾਰ ਨੀਟਾ ਪ੍ਰਧਾਨ, ਬਬਲੂ ਜਿੰਦਲ ਉਪ ਪ੍ਰਧਾਨ, ਤਰਸੇਮ ਚੰਦ ਸੈਕਟਰੀ ਤੇ ਦੀਪਕ ਕੁਮਾਰ ਗਰਗ ਸ਼੍ਰੀ ਅਮਰ ਨਾਥ ਯਾਤਰਾ ਲੰਗਰ ਸੇਵਾ ਸੰਮਤੀ ਅਤੇ ਮਹੇਸ਼ ਸ਼ਰਮਾ ਹਾਜ਼ਰ ਸਨ।

# ਪੰਜਾਬ ਖੇਤ ਮਜ਼ਦੂਰ ਸਭਾ ਬ੍ਰਾਂਚ ਫਲੀਆਂਵਾਲਾ ਦੀ ਚੋਣ


ਮੀਟਿੰਗ ਦੌਰਾਨ ਇਕੱਠੇ ਹੋਏ ਸਭਾ ਦੇ ਬਲਾਕ ਆਗੂ ਤੇ ਮਜ਼ਦੂਰ।

**ਜਲਾਲਾਬਾਦ (ਜੀਤ ਕੁਮਾਰ)**-ਪਿੰਡ ਚੱਕ ਅਰਾਈਆਂਵਾਲਾ ਉਰਫ ਫਲੀਆਂਵਾਲਾ ਵਿਖੇ ਪੰਜਾਬ ਖੇਤ ਮਜ਼ਦੂਰ ਸਭਾ ਦੀ ਮੀਟਿੰਗ ਬੂੜ ਸਿੰਘ ਦੀ ਅਗਵਾਈ ਹੇਠ ਕੀਤੀ ਗਈ, ਜਿਸ ਵਿੱਚ ਬਲਾਕ ਪ੍ਰਧਾਨ ਕਾਮਰੇਡ ਮੁਖਤਿਆਰ ਸਿੰਘ ਕਮਰੇਵਾਲਾ ਤੇ ਬਲਾਕ ਸਕੱਤਰ ਕਾਮਰੇਡ ਬਲਵੀਰ ਸਿੰਘ ਕਾਠਗੜ੍ਹ ਵਿਸ਼ੇਸ਼ ਤੌਰ 'ਤੇ ਪੁੱਜੇ, ਜਦਕਿ ਵੱਡੀ ਗਿਣਤੀ 'ਚ ਮਜ਼ਦੂਰਾਂ ਨੇ ਭਾਗ ਲਿਆ। ਮੀਟਿੰਗ 'ਚ ਮਜ਼ਦੂਰ ਵਰਗ ਦੀਆਂ ਮੰਗਾਂ ਮਸਲਿਆਂ 'ਤੇ ਵਿਚਾਰ ਚਰਚਾ ਕਰਨ ਉਪਰੰਤ ਪੰਜਾਬ ਖੇਤ ਮਜ਼ਦੂਰ ਸਭਾ ਦੀ ਬ੍ਰਾਂਚ ਫਲੀਆਂਵਾਲਾ ਦੀ ਚੋਣ ਕੀਤੀ ਗਈ, ਜਿਸ ਵਿੱਚ ਬ੍ਰਾਂਚ ਪ੍ਰਧਾਨ ਮੰਗਲ ਸਿੰਘ, ਸੈਕਟਰੀ ਸਵਰਨ ਸਿੰਘ, ਮੀਤ ਪ੍ਰਧਾਨ ਬਲਜੀਤ ਸਿੰਘ, ਮੀਤ ਸੈਕਟਰੀ ਗੱਜਣ ਸਿੰਘ ਤੇ ਬੂੜ ਸਿੰਘ, ਖਜ਼ਾਨਚੀ ਹੀਰਾ ਸਿੰਘ, ਮੁੱਖ ਸਲਾਹਕਾਰ ਸ਼ੇਰ ਸਿੰਘ ਤੇ ਕਮੇਟੀ ਮੈਂਬਰ ਜੁਗਿੰਦਰ ਸਿੰਘ, ਸੁਲੱਖਣ ਸਿੰਘ, ਕਰਨੈਲ ਸਿੰਘ, ਗੁਰਮੀਤ ਸਿੰਘ, ਸੁਰਜੀਤ ਕੌਰ, ਕੈਲਾਸ਼ ਰਾਣੀ, ਸੁਰਜੀਤ ਕੌਰ ਪਤਨੀ ਹੀਰਾ ਸਿੰਘ ਚੁਣੇ ਗਏ। ਇਸ ਮੌਕੇ ਬਲਾਕ ਪ੍ਰਧਾਨ ਕਾਮਰੇਡ ਮੁਖਤਿਆਰ ਸਿੰਘ ਕਮਰੇਵਾਲਾ ਤੇ ਸੈਕਟਰੀ ਕਾਮਰੇਡ ਬਲਵੀਰ ਸਿੰਘ ਕਾਠਗੜ੍ਹ ਨੇ ਕਿਹਾ ਕਿ ਮਜ਼ਦੂਰ ਵਰਗ ਨੂੰ ਆਪਣੀਆਂ ਮੰਗਾਂ ਨੂੰ ਲੈ ਕੇ ਜਥੇਬੰਦ ਹੋਣ ਦੀ ਲੋੜ ਹੈ ਤਾਂ ਹੀ ਆਪਣੀਆਂ ਮੰਗਾਂ ਦਾ ਹੱਲ ਕਰਵਾਇਆ ਜਾ ਸਕਦਾ ਹੈ। ਇਸੇ ਉਦੇਸ਼ ਨਾਲ ਪੰਜਾਬ ਖੇਤ ਮਜ਼ਦੂਰ ਸਭਾ ਦਾ ਪਿੰਡ ਪੱਧਰ 'ਤੇ ਕਮੇਟੀਆਂ ਦਾ ਗਠਨ ਕੀਤਾ ਜਾ ਰਿਹਾ ਹੈ ਤੇ ਮਜ਼ਦੂਰ ਵਰਗ ਨੂੰ ਆਪਣੇ ਹੱਕਾਂ ਪ੍ਰਤੀ ਲਾਮਬੰਦ ਕੀਤਾ ਜਾ ਰਿਹਾ ਹੈ।

# ਪੰਜਾਬ ਕੋ-ਐਜੂਕੇਸ਼ਨ ਸਕੂਲ 'ਚ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਇਲਾਕੇ ਦੀ ਨਾਮਵਰ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀ. ਸੈ. ਸਕੂਲ ਬਾਘਾ ਪੁਰਾਣਾ ਵਿੱਚ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਆਧੁਨਿਕ ਸਮੇਂ ਦੇ ਬੱਚੇ ਮੋਬਾਇਲ, ਟੀ.ਵੀ. ਮਨੋਰੰਜਨ ਦੇ ਅਜਿਹੇ ਅਨੇਕਾਂ ਸਾਧਨਾਂ ਵਿੱਚ ਵਿਅਸਤ ਰਹਿੰਦੇ ਹਨ। ਚਾਹੇ ਉਹ ਲੱਖ ਆਪਣੇ ਆਪ ਨੂੰ ਕਹਿਣ ਕਿ ਉਨ੍ਹਾਂ ਨੂੰ ਧਰਮ ਬਾਰੇ ਜਾਣਕਾਰੀ ਰੱਖਦੇ ਹਨ, ਪਰ ਉਹ ਪੂਰੀ ਤਰ੍ਹਾਂ ਸਿੱਖ ਧਰਮ ਵਿੱਚ ਹੋਈਆਂ ਸ਼ਹਾਦਤਾਂ ਬਾਰੇ ਜਾਣਕਾਰ ਨਹੀਂ ਹਨ। ਉਨ੍ਹਾਂ ਨੂੰ ਨਹੀਂ ਪਤਾ ਕਿ ਇਹ ਪੋਹ ਦਾ ਮਹੀਨਾ ਸਿੱਖ ਧਰਮ ਵਿੱਚ ਵੈਰਾਗਮਈ ਮਹੀਨਾ ਹੈ। ਇਸ ਦੀ ਖਾਸੀਅਤ ਤੇ ਇਸ 'ਚ ਹੋਈਆਂ ਸ਼ਹਾਦਤਾਂ ਬਾਰੇ ਜਾਣਕਾਰੀ ਦੇਣ ਲਈ ਪੰਜਾਬ ਕੋਐਜੂਕੇਸ਼ਨ ਸਕੂਲ ਵਿੱਚ ਇਸ ਮਹੀਨੇ 'ਚ ਸਭ ਤੋਂ ਛੋਟੀ ਉਮਰ ਵਿੱਚ ਸ਼ਹੀਦ ਹੋਣ ਵਾਲੇ ਦਸਮਪਿਤਾ ਦੇ ਪੁੱਤਰਾਂ ਦੀ ਸ਼ਹੀਦੀ ਦੀ ਯਾਦ ਵਿੱਚ ਸਮਾਗਮ ਕਰਵਾਇਆ ਗਿਆ। ਇਸ ਵਿੱਚ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਦਰਸਾਉਂਦਾ ਇੱਕ ਨਾਟਕ ਖੇਡਿਆ ਗਿਆ। ਵਿਦਿਆਰਥੀਆਂ ਨੇ ਸਾਹਿਬਜ਼ਾਦਿਆਂ ਸਬੰਧੀ ਕਵਿਤਾਵਾਂ, ਕੋਰੀਓਗ੍ਰਾਫੀ, ਕੀਰਤਨ ਆਦਿ ਸਟੇਜ 'ਤੇ ਪਰਫੋਰਮ ਕੀਤੇ। ਸਤਿਕਾਰਯੋਗ ਪ੍ਰਿੰਸੀਪਲ ਸ੍. ਗੁਰਦੇਵ ਸਿੰਘ ਨੇ ਇਸ ਸਮੇਂ ਆਪਣੇ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕਰਦੇ ਹੋਏ ਕਿਹਾ ਕਿ ਸਾਨੂੰ ਸਾਹਿਬਜ਼ਾਦਿਆਂ ਦੀ ਸ਼ਹੀਦੀ ਕਦੇ ਵੀ ਨਹੀਂ ਭੁਲਾਉਣੀ ਚਾਹੀਦੀ, ਉਨ੍ਹਾ ਨੇ ਬੱਚਿਆਂ ਨੂੰ ਕਦੇ ਝੂਠ ਨਾ ਬੋਲਣ ਬਾਰੇ ਕਿਹਾ ਤੇ ਸਮਝਾਇਆ ਕਿ ਸਾਨੂੰ ਹਮੇਸ਼ਾ ਸੱਚ ਦੇ ਮਾਰਗ 'ਤੇ ਹੀ ਚਲਣਾ ਚਾਹੀਦਾ ਹੈ। ਸੰਸਥਾ ਦੇ ਡਾਇਰੈਕਟਰ ਸੰਦੀਪ ਮਹਿਤਾ ਨੇ ਬੱਚਿਆਂ ਨੂੰ ਸਮਝਾਇਆ ਕਿ ਜਿਸ ਤਰ੍ਹਾਂ ਸਾਹਿਬਜ਼ਾਦਿਆਂ ਦਾ ਆਪਣੇ ਮਾਤਾ-ਪਿਤਾ ਤੇ ਦਾਦਾ-ਦਾਦੀ ਨਾਲ ਪ੍ਰੇਮ ਸੀ ਤੁਸੀਂ ਵੀ ਉਨ੍ਹਾਂ ਤਰ੍ਹਾਂ ਆਪਣੇ ਦਾਦਾ-ਦਾਦੀ ਤੇ ਮਾਪਿਆਂ ਦਾ ਸਤਿਕਾਰ ਕਰਨਾ ਹੈ ਤੇ ਉਨ੍ਹਾਂ ਦੀ ਹਰ ਗੱਲ ਮੰਨਣੀ ਹੈ। ਇਸ ਸਮੇਂ ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ, ਕੋਆਰਡੀਨੇਟਰ ਮੁਕੇਸ਼ ਅਰੋੜਾ ਤੇ ਕੋਆਰਡੀਨੇਟਰ ਮਨਜੀਤ ਕੌਰ ਭੁੱਲਰ ਹਾਜ਼ਰ ਸਨ। ਉਨ੍ਹਾ ਸਮੁੱਚੇ ਅਧਿਆਪਕ ਸਾਹਿਬਾਨਾਂ ਤੇ ਪ੍ਰਾਇਮਰੀ ਵਿੰਗ ਦੇ ਕੋਆਰਡੀਨੇਟਰ ਮੈਡਮ ਰਿਚਾ ਦੀ ਪ੍ਰਸ਼ੰਸਾ ਕੀਤੀ।

# ਟ੍ਰੈਫਿਕ ਦੀ ਸਮੱਸਿਆ ਨੂੰ ਲੈ ਕੇ ਵਫ਼ਦ ਡੀ ਸੀ ਤੇ ਐੱਸ ਐੱਸ ਪੀ ਨੂੰ ਮਿਲਿਆ


ਡਿਪਟੀ ਕਮਿਸ਼ਨਰ ਨੂੰ ਮਿਲਦਾ ਹੋਇਆ ਸ਼ਹਿਰ ਵਾਸੀਆਂ ਦਾ ਵਫਦ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਟ੍ਰੈਫਿਕ ਦੀ ਸਮੱਸਿਆ ਨੂੰ ਲੈ ਕੇ ਸ਼ਹਿਰ ਵਾਸੀਆਂ ਦਾ ਇੱਕ ਵਫ਼ਦ ਬੁੱਧਵਾਰ ਨੂੰ ਬੀਜੇਪੀ ਮੰਡਲ ਪ੍ਰਧਾਨ ਬ੍ਰਿਜੇਸ਼ ਗੁਪਤਾ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਤੇ ਐੱਸ.ਐੱਸ.ਪੀ. ਉਪਿੰਦਰਜੀਤ ਸਿੰਘ ਘੁੰਮਣ ਨੂੰ ਮਿਲਿਆ ਤੇ ਸਮੱਸਿਆਵਾਂ ਦੇ ਹੱਲ ਲਈ ਮੰਗ ਪੱਤਰ ਸੌਂਪਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਬ੍ਰਿਜੇਸ਼ ਗੁਪਤਾ ਬੀਜੇਪੀ ਮੰਡਲ ਪ੍ਰਧਾਨ ਨੇ ਦੱਸਿਆ ਕਿ ਉਨ੍ਹਾਂ ਡਿਪਟੀ ਕਮਿਸ਼ਨਰ ਤੇ ਐੱਸ.ਐੱਸ.ਪੀ. ਨੂੰ ਮਿਲ ਕੇ ਸ਼ਹਿਰ ਦੀ ਟ੍ਰੈਫਿਕ ਸਮੱਸਿਆ ਸੰਬੰਧੀ ਜਾਣੂੰ ਕਰਵਾਇਆ ਹੈ। ਉਨ੍ਹਾਂ ਕਿਹਾ ਕਿ ਬੂੜਾ ਗੁੱਜਰ ਰੋਡ 'ਤੇ ਕਰੀਬ 5 ਸਕੂਲ ਹਨ, ਜਿੱਥੇ ਸਵੇਰ ਦੇ ਸਮੇਂ (ਸਕੂਲ ਜਾਣ ਸਮੇਂ) ਉਸ ਰੋਡ 'ਤੇ ਬਹੁਤ ਸਾਰੇ ਵਿਦਿਆਰਥੀ ਹੁੰਦੇ ਹਨ, ਰੇਲਵੇ ਦੀ ਸਪੈਸ਼ਲ ਲੱਗੀ ਹੋਣ ਕਰਕੇ ਵੱਡੇ ਵਹੀਕਲ ਟਰੱਕਾਂ ਦਾ ਬਹੁਤ ਆਉਣਾ ਜਾਣਾ ਹੁੰਦਾ ਹੈ, ਇਸ ਲਈ ਸਕੂਲ ਦੇ ਸਮੇਂ 'ਤੇ ਇਨ੍ਹਾਂ ਵਹੀਕਲਾਂ ਦੇ ਆਉਣ-ਜਾਣ 'ਤੇ ਰੋਕ ਲਗਾਈ ਜਾਵੇ। ਉਨ੍ਹਾਂ ਕਿਹਾ ਕਿ ਇਸਤੋਂ ਪਹਿਲਾਂ ਇੱਥੇ ਕਈ ਬੱਚਿਆਂ ਦੀ ਟਰੱਕ ਹੇਠਾਂ ਆ ਕੇ ਮੌਤ ਹੋ ਚੁੱਕੀ ਹੈ। ਬ੍ਰਿਜੇਸ਼ ਗੁਪਤਾ ਨੇ ਕਿਹਾ ਕਿ ਸ਼ਹਿਰ ਦੇ ਅੰਦਰ ਕੁਝ ਸਮਾਂ ਪਹਿਲਾਂ ਮੈਂ ਖੁਦ ਡੀਜੀਪੀ ਸਾਹਿਬ ਨੂੰ ਲਿਖ ਕੇ ਇਕ ਰਿਕਵਰੀ ਵੈਨ ਮੰਗਵਾਈ ਸੀ, ਜੋ ਕਿ ਕੁਝ ਸਮੇਂ ਤੋਂ ਕੰਮ ਨਹੀਂ ਕਰ ਰਹੀ ਹੈ, ਉਸ ਨੂੰ ਚਾਲੂ ਕਰਵਾਇਆ ਜਾਵੇ ਤੇ ਸ਼ਹਿਰ ਅੰਦਰ ਗਲਤ ਪਾਰਕਿੰਗ ਕੀਤੇ ਹੋਏ ਵਾਹਨਾਂ ਨੂੰ ਚੁੱਕਿਆ ਜਾਵੇ। ਉਨ੍ਹਾ ਐੱਸ.ਐੱਸ.ਪੀ. ਤੋਂ ਮੰਗ ਕੀਤੀ ਕਿ ਉਹ ਆਪਣੇ ਵੱਲੋਂ ਡੀ.ਆਰ.ਐੱਮ. ਸਾਹਿਬ ਨੂੰ ਪੱਤਰ ਲਿਖ ਕੇ ਜੋ ਸਪੈਸ਼ਲ ਲੋਡਿੰਗ ਲੱਗਦੀ ਹੈ, ਉਸ ਨੂੰ ਬੱਲਮਗੜ੍ਹ ਸ਼ਿਫ਼ਟ ਕੀਤਾ ਜਾਵੇ। ਉਨ੍ਹਾ ਮੰਗ ਕੀਤੀ ਕਿ ਟ੍ਰੈਫਿਕ ਸਮੱਸਿਆ ਦਾ ਪੱਕਾ ਹੱਲ ਕੀਤਾ ਜਾਵੇ ਤਾਂ ਜੋ ਕਿਸੇ ਨੂੰ ਵੀ ਕੋਈ ਪ੍ਰੇਸ਼ਾਨੀ ਪੇਸ਼ ਨਾ ਆਵੇ। ਇਸ ਮੌਕੇ ਡਿਪਟੀ ਕਮਿਸ਼ਨਰ ਤੇ ਐੱਸ.ਐੱਸ.ਪੀ. ਨੇ ਵਫ਼ਦ ਨੂੰ ਵਿਸ਼ਵਾਸ ਦਿਵਾਇਆ ਕਿ ਜਲਦ ਹੀ ਸਮੱਸਿਆਵਾਂ ਦਾ ਹੱਲ ਕਰ ਦਿੱਤਾ ਜਾਵੇਗਾ ਤੇ ਛੁੱਟੀ ਸਮੇਂ ਕੋਈ ਵੀ ਹੈਵੀ ਵਹੀਕਲ ਉਕਤ ਜਗ੍ਹਾ ਤੋਂ ਨਹੀਂ ਲੰਘੇਗਾ। ਇਸ ਮੌਕੇ ਉਨ੍ਹਾ ਨਾਲ ਪ੍ਰਿੰਸ, ਨਰੇਸ਼ ਕੋਚਾ, ਅਰੁਣ ਗੁਪਤਾ, ਅਭੀ ਆਦਿ ਮੌਜੂਦ ਸਨ।

# ਲੋੜਵੰਦ ਪਰਵਾਰਾਂ ਦੇ ਬੱਚਿਆਂ ਨੂੰ ਗਰਮ ਕੱਪੜੇ ਵੰਡੇ

**ਜਲਾਲਾਬਾਦ (ਦਹੂਜਾ)**-ਕ੍ਰਾਈਮ ਐਂਡ ਕੁਰੱਪਸ਼ਨ ਰਿਫੋਰਮਜ਼ ਆਰਗੇਨਾਈਜ਼ੇਸ਼ਨ (ਰਜਿ.) ਦੇ ਨੈਸ਼ਨਲ ਪ੍ਰਧਾਨ ਰਾਮ ਸਰੂਪ ਗਰਗ, ਸੂਬਾ ਪ੍ਰਧਾਨ ਵਿਪਨ ਕੱਕੜ (ਸ਼ੇਰੂ), ਐਡਵਾਇਜ਼ਰ ਸੰਦੀਪ ਡੋਡਾ ਦੇ ਦਿਸ਼ਾ-ਨਿਰਦੇਸ਼ਾ ਅਨੁਸਾਰ ਸਮਾਜ ਭਲਾਈ ਦੇ ਕੰਮਾਂ ਦੀ ਲੜੀ ਨੂੰ ਜਾਰੀ ਰੱਖਦਿਆਂ ਤੇ ਸਰਦੀ ਦੇ ਮੌਸਮ ਨੂੰ ਵੇਖਦਿਆਂ ਅੱਜ ਲੋੜਵੰਦ ਤੇ ਗਰੀਬ ਪਰਿਵਾਰਾਂ ਦੇ ਬੱਚਿਆਂ ਨੂੰ ਗਰਮ ਕੱਪੜੇ ਵੰਡੇ ਗਏ। ਇਸ ਮੌਕੇ ਕੱਕੜ ਤੇ ਡੋਡਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਰਿਫੋਰਮਜ਼ ਵੱਲੋਂ 13 ਗਰੀਬ ਲੜਕੀਆਂ ਦੇ ਵਿਆਹ, 490 ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਸਮੱਗਰੀ ਤੇ 2200 ਬੱਚਿਆਂ ਨੂੰ ਪੜ੍ਹਾਈ ਲਈ ਸਟੇਸ਼ਨਰੀ ਸਹਾਇਤਾ ਦਿੱਤੀ ਜਾ ਚੁੱਕੀ ਹੈ ਤੇ ਭਵਿੱਖ 'ਚ ਵੀ ਸਮਾਜ ਭਲਾਈ ਦੇ ਕੰਮ ਜਾਰੀ ਰਹਿਣਗੇ ਅਤੇ ਉਸੇ ਲੜੀ ਦੇ ਤਹਿਤ ਅੱਜ ਜਲਾਲਾਬਾਦ 'ਚ ਝੁੱਗੀਆਂ-ਝੌਂਪੜੀਆਂ 'ਚ ਰਹਿਣ ਵਾਲੇ ਗਰੀਬ ਤੇ ਲੋੜਵੰਦ ਬੱਚਿਆਂ ਨੂੰ ਕੱਪੜੇ ਦਿੱਤੇ ਗਏ। ਇਸ ਮੌਕੇ ਪੰਜਾਬ ਪ੍ਰਧਾਨ ਵਿਪਨ ਕੱਕੜ ਸ਼ੇਰੂ, ਸੰਦੀਪ ਡੋਡਾ, ਐਡਵੋਕੇਟ ਦੀਪਕ ਮੈਣੀ, ਸੰਨੀ ਧਵਨ ਤੇ ਸੂਬਾ ਕਾਨੂੰਨੀ ਸਲਾਹਕਾਰ ਸਤਪਾਲ ਸਿੰਘ ਕੰਬੋਜ ਤੋਂ ਇਲਾਵਾ ਹੋਰ ਅਹੁਦੇਦਾਰ ਮੌਜੂਦ ਸਨ।

# ਮਹਿੰਦਰ ਪਾਲ ਨੂੰ ਬੈੱਸਟ ਇੰਪਲਾਈ ਐਵਾਰਡ ਨਾਲ ਸਨਮਾਨਤ ਕੀਤਾ ਜਾਵੇਗਾ : ਢੋਸੀਵਾਲ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਪਿਛਲੇ ਕਈ ਦਹਾਕਿਆਂ ਤੋਂ ਆਪਣੇ ਸੰਸਥਾਪਕ ਚੇਅਰਮੈਨ ਜਗਦੀਸ਼ ਰਾਏ ਢੋਸੀਵਾਲ ਦੀ ਯੋਗ ਅਗਵਾਈ ਤੇ ਦਿਸ਼ਾ ਨਿਰਦੇਸ਼ਾਂ ਅਧੀਨ ਪ੍ਰਮੁੱਖ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਲਾਰਡ ਬੁੱਧਾ ਚੈਰੀਟੇਬਲ ਟਰੱਸਟ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿੱਚ ਸਮਾਜ ਸੇਵਾ ਦੇ ਕਾਰਜ ਕਰਦੀ ਆ ਰਹੀ ਹੈ। ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੀਆਂ ਸ਼ਾਦੀਆਂ ਕਰਵਾਉਣਾ, ਮੈਡੀਕਲ ਚੈੱਕਅਪ ਕੈਂਪ ਲਗਾਉਣੇ ਤੇ ਮੁਫ਼ਤ ਕਟਾਈ ਸਿਲਾਈ ਸੈਂਟਰ ਖੋਲ੍ਹ ਕੇ ਲੜਕੀਆਂ ਨੂੰ ਰੁਜ਼ਗਾਰ ਦੇ ਕਾਬਲ ਬਣਾਉਣਾ ਸੰਸਥਾ ਦੇ ਮੁਢਲੇ ਕਾਰਜ ਹਨ। ਮਿਹਨਤੀ ਵਿਦਿਆਰਥੀਆਂ ਤੇ ਅਧਿਆਪਕਾਂ ਦੀ ਹੌਸਲਾ ਅਫਜ਼ਾਈ ਵੀ ਕੀਤੀ ਜਾਂਦੀ ਹੈ। ਸਮਾਜ ਦੇ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਨ ਵਾਲੇ ਪ੍ਰਤਿਭਾਸ਼ਾਲੀ ਵਿਅਕਤੀਆਂ ਨੂੰ ਵੀ ਸਨਮਾਨਤ ਕੀਤਾ ਜਾਂਦਾ ਹੈ। ਇਸੇ ਤਰ੍ਹਾਂ ਟਰੱਸਟ ਵੱਲੋਂ ਸਥਾਨਕ ਡਿਪਟੀ ਕਮਿਸ਼ਨਰ ਦਫਤਰ ਵਿਖੇ ਲੰਮੇ ਸਮੇਂ ਤੋਂ ਤਾਇਨਾਤ ਮਹਿੰਦਰ ਪਾਲ ਪੀ. ਏ. ਨੂੰ ਸਾਲ ਦੇ ਸਰਬੋਤਮ ਕਰਮਚਾਰੀ ਵਜੋਂ ਚੁਣਿਆ ਗਿਆ ਹੈ। ਸੰਸਥਾ ਵੱਲੋਂ ਆਉਂਦੀ 26 ਦਸੰਬਰ ਨੂੰ "ਬੈਸਟ ਇੰਪਲਾਈ ਆਫ਼ 2022" ਨਾਲ ਸਨਮਾਨਤ ਕੀਤਾ ਜਾਵੇਗਾ। ਇਹ ਸਮਾਰੋਹ ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਜਗਦੀਸ਼ ਰਾਜ ਭਾਰਤੀ ਦੀ ਪ੍ਰਧਾਨਗੀ ਹੇਠ ਸ਼ਾਮ ਦੇ 5:00 ਵਜੇ ਕੀਤਾ ਜਾਵੇਗਾ। ਬਾਬਾ ਫਰੀਦ ਯੂਨੀਵਰਸਿਟੀ ਦੇ ਸਾਬਕਾ ਐੱਸ.ਵੀ.ਸੀ. ਓ. ਪੀ. ਚੌਧਰੀ ਸਮਾਰੋਹ ਦੇ ਮੁੱਖ ਮਹਿਮਾਨ ਹੋਣਗੇ। ਜਾਣਕਾਰੀ ਦਿੰਦੇ ਹੋਏ ਚੇਅਰਮੈਨ ਜਗਦੀਸ਼ ਰਾਏ ਢੋਸੀਵਾਲ ਨੇ ਦੱਸਿਆ ਕਿ ਸਮਾਰੋਹ ਦੌਰਾਨ ਅੰਤਰਰਾਸ਼ਟਰੀ ਪੱਧਰ ਦੀ ਸ਼ੂਟਿੰਗ ਖਿਡਾਰਨ ਸਿਫ਼ਤ ਕੌਰ ਸਮਰਾ, ਰੰਗ ਮੰਚ ਕਲਾਕਾਰ ਤੇ ਸਟੇਜ ਸਕੱਤਰ ਦੀ ਡਿਊਟੀ ਨਿਭਾਅ ਕੇ ਸਮਾਰੋਹ ਵਿੱਚ ਵਿਲੱਖਣ ਰੰਗ ਪੇਸ਼ ਕਰਨ ਵਾਲੇ ਜਸਬੀਰ ਜੱਸੀ ਤੇ ਨੀਟ ਦੀ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੀ ਹਰਜੋਤ ਸਮੇਤ ਦਵਿੰਦਰ ਸਿੰਘ ਪੰਜਾਬ ਮੋਟਰਜ਼, ਅੰਤਰਰਾਸ਼ਟਰੀ ਭੰਗੜਾ ਕੋਚ ਗੁਰਚਰਨ ਸਿੰਘ ਤੇ ਮਹਾਨ ਖੂਨਦਾਨੀ ਜਗਜੀਤ ਸਿੰਘ ਚਹਿਲ ਤੇ ਅੰਬੇਡਕਰ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਾਪਤੀ ਕਰਨ ਵਾਲੀ ਵਿਦਿਆਰਥਣ ਸ਼ੀਤਲ ਕੌਰ ਸਮੇਤ ਸੱਤ ਪ੍ਰਤਿਭਾਸ਼ਾਲੀ ਵਿਅਕਤੀਆਂ ਨੂੰ ਸਨਮਾਨਤ ਕੀਤਾ ਜਾਵੇਗਾ।

# ਸਿੱਖਿਆ ਦੇ ਖੇਤਰ 'ਚ ਵਧੀਆ ਭੂਮਿਕਾ ਨਿਭਾਉਣ ਵਾਲੇ 7 ਅਧਿਆਪਕ 26 ਨੂੰ ਕੀਤੇ ਜਾਣਗੇ ਸਨਮਾਨਤ



**ਕੋਟਕਪੂਰਾ (ਰਛਪਾਲ ਭੁੱਲਰ)**

ਰਾਮ ਮੁਹੰਮਦ ਸਿੰਘ ਆਜ਼ਾਦ ਵੈੱਲਫੇਅਰ ਸੋਸਾਇਟੀ (ਰਜਿ.) ਕੋਟਕਪੂਰਾ ਵੱਲੋਂ ਸ਼ਹੀਦ ਊਧਮ ਸਿੰਘ ਦੇ ਜਨਮ ਦਿਹਾੜੇ ਮੌਕੇ 26 ਦਸੰਬਰ ਨੂੰ ਸਵੇਰੇ 11 ਵਜੇ ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਪੁਰਾਣਾ ਸ਼ਹਿਰ ਵਿੱਚ ਸਥਿਤ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਦਫਤਰ ਵਿੱਚ ਵਿਚਾਰ ਚਰਚਾ ਕਰਨ ਦੇ ਨਾਲ-ਨਾਲ ਸਿੱਖਿਆ ਦੇ ਖੇਤਰ ਵਿੱਚ ਵਧੀਆ ਭੂਮਿਕਾ ਨਿਭਾਉਣ ਵਾਲੇ ਜ਼ਿਲ੍ਹਾ ਫਰੀਦਕੋਟ ਦੇ 7 ਅਧਿਆਪਕਾਂ ਪ੍ਰਿੰਸੀਪਲ ਨਵਦੀਪ ਸ਼ਰਮਾ ਸਰਕਾਰੀ ਸੀਨੀ. ਸੈਕੰ. ਸਕੂਲ ਹਰੀਨੌਂ, ਧਰਮਿੰਦਰ ਸਿੰਘ ਲੈਕਚਰਾਰ ਪੰਜਾਬੀ ਸਰਕਾਰੀ ਸੀਨੀ. ਸੈਕੰ. ਸਕੂਲ ਰੱਤੀ ਰੋੜੀ ਡੱਗੋ ਰੋਮਾਣਾ, ਇੰਦਰਪਾਲ ਕੌਰ ਲੈਕਚਰਾਰ ਸਰੀਰਕ ਸਿੱਖਿਆ ਸਰਕਾਰੀ ਸੀਨੀ. ਸੈਕੰ. ਸਕੂਲ ਖਾਰਾ, ਸੋਹਨ ਸਿੰਘ ਪੱਖੀ ਪੰਜਾਬੀ ਮਾਸਟਰ ਸਰਕਾਰੀ ਸੀਨੀ. ਸੈਕੰ. ਸਕੂਲ ਕਿਲ੍ਹਾ ਨੌਂ, ਰਾਜਿੰਦਰ ਸਿੰਘ ਡੋਡ ਮੈਥ ਮਾਸਟਰ ਡਾ. ਚੰਦਾ ਸਿੰਘ ਮਰਵਾਹ ਸਰਕਾਰੀ ਕੰਨਿਆ ਸੀਨੀ. ਸੈਕੰ. ਸਕੂਲ ਕੋਟਕਪੂਰਾ, ਰੇਣੂ ਗੋਇਲ ਈ.ਟੀ.ਟੀ. ਟੀਚਰ ਸਰਕਾਰੀ ਪ੍ਰਾਇਮਰੀ ਸਕੂਲ ਸੇਵਾ ਸਿੰਘ ਵਾਲਾ ਬਲਾਕ ਜੈਤੋ, ਕਰਮਜੀਤ ਕੌਰ ਈ.ਟੀ.ਟੀ. ਟੀਚਰ ਸਰਕਾਰੀ ਪ੍ਰਾਇਮਰੀ ਸਕੂਲ ਪੰਜਗਰਾਈਂ ਕਲਾਂ ਮੇਨ ਬਲਾਕ ਕੋਟਕਪੂਰਾ ਨੂੰ ਸਨਮਾਨਤ ਕੀਤਾ ਜਾਵੇਗਾ ਤੇ ਸਾਲ 2023 ਦਾ ਕੈਲੰਡਰ ਜਾਰੀ ਕੀਤਾ ਜਾਵੇਗਾ। ਇਹ ਜਾਣਕਾਰੀ ਦਿੰਦਿਆਂ ਸੁਸਾਇਟੀ ਦੇ ਪ੍ਰਧਾਨ ਮਾਸਟਰ ਅਸ਼ੋਕ ਕੌਸ਼ਲ, ਮੀਤ ਪ੍ਰਧਾਨ ਪ੍ਰੇਮ ਚਾਵਲਾ, ਜਨਰਲ ਸਕੱਤਰ ਕੁਲਵੰਤ ਸਿੰਘ ਚਾਨੀ, ਵਿੱਤ ਸਕੱਤਰ ਸੋਮ ਨਾਥ ਅਰੋੜਾ, ਸਲਾਹਕਾਰ ਗੁਰਿੰਦਰ ਸਿੰਘ ਮਹਿੰਦੀਰੱਤਾ, ਰਾਜਿੰਦਰ ਸਿੰਘ ਸਰਾਂ, ਪ੍ਰੋ. ਹਰਬੰਸ ਸਿੰਘ ਪਦਮ, ਇਕਬਾਲ ਸਿੰਘ ਮੰਘੇੜਾ, ਤਰਸੇਮ ਨਰੂਲਾ, ਗੁਰਚਰਨ ਸਿੰਘ ਮਾਨ, ਸੁਖਚੈਨ ਸਿੰਘ ਥਾਂਦੇਵਾਲਾ, ਮੁਖਤਿਆਰ ਸਿੰਘ ਮੱਤਾ ਤੇ ਮਨਦੀਪ ਸਿੰਘ ਮਿੰਟੂ ਗਿੱਲ ਸਮੂਹ ਕਾਰਜਕਾਰਨੀ ਕਮੇਟੀ ਮੈਂਬਰਾਂ ਨੇ ਇਲਾਕੇ ਭਰ ਦੇ ਲੋਕਾਂ, ਪੈਨਸ਼ਨਰਾਂ, ਵੱਖ ਵੱਖ ਕਲੱਬਾਂ ਤੇ ਸਮਾਜ ਸੇਵੀ ਸੰਸਥਾਵਾਂ ਦੇ ਮੈਂਬਰਾਂ ਨੂੰ ਇਸ ਸਮਾਗਮ ਵਿੱਚ ਸ਼ਾਮਲ ਹੋਣ ਲਈ ਹਾਰਦਿਕ ਸੱਦਾ ਦਿੱਤਾ।

# ਪੂਨਮਦੀਪ ਕੌਰ ਨੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ


ਪੂਨਮਦੀਪ ਕੌਰ ਮੋਗਾ ਦੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਣ ਮੌਕੇ।

**ਮੋਗਾ (ਅਮਰਜੀਤ ਬੱਬਰੀ)**-ਸ੍. ਕੁਲਵੰਤ ਸਿੰਘ ਦੇ ਸਿਖਲਾਈ ਉੱਤੇ ਚੱਲਦਿਆਂ ਅੱਜ ਪੰਜਾਬ ਸਰਕਾਰ ਵੱਲੋਂ ਸ਼੍ਰੀਮਤੀ ਪੂਨਮਦੀਪ ਕੌਰ ਨੂੰ ਜ਼ਿਲ੍ਹਾ ਮੋਗਾ ਦਾ ਡਿਪਟੀ ਕਮਿਸ਼ਨਰ ਦਾ ਵਾਧੂ ਚਾਰਜ ਦਿੱਤਾ ਗਿਆ ਹੈ। ਉਨ੍ਹਾ ਨੇ ਅੱਜ ਆਪਣਾ ਅਹੁਦਾ ਸੰਭਾਲ ਲਿਆ। ਉਨ੍ਹਾ ਦੀ ਆਮਦ ਉੱਤੇ ਨਿੱਘਾ ਸਵਾਗਤ ਕੀਤਾ ਗਿਆ ਤੇ ਗਾਰਡ ਆਫ ਆਨਰ ਦਿੱਤਾ ਗਿਆ। ਦੱਸਣਯੋਗ ਹੈ ਕਿ ਸ਼੍ਰੀਮਤੀ ਪੂਨਮਦੀਪ ਕੌਰ 2013 ਬੈਚ ਦੇ ਆਈ ਏ ਐਸ ਅਧਿਕਾਰੀ ਹਨ। ਇਸ ਸਮੇਂ ਉਹ ਜ਼ਿਲ੍ਹਾ ਬਰਨਾਲਾ ਦੇ ਡਿਪਟੀ ਕਮਿਸ਼ਨਰ ਵਜੋਂ ਸੇਵਾਵਾਂ ਨਿਭਾਅ ਰਹੇ ਹਨ। ਇਸ ਤੋਂ ਪਹਿਲਾਂ ਉਹ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਡਿਪਟੀ ਕਮਿਸ਼ਨਰ ਵਜੋਂ ਵੀ ਸੇਵਾਵਾਂ ਨਿਭਾਅ ਚੁੱਕੇ ਹਨ। ਅੱਜ ਉਨ੍ਹਾ ਅਹੁਦਾ ਸੰਭਾਲਣ ਮੌਕੇ ਚੁਣਵੇਂ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਤੇ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ ਦੀ ਹਦਾਇਤ ਕੀਤੀ। ਉਨ੍ਹਾ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਜ਼ਿਲ੍ਹਾ ਮੋਗਾ ਦੇ ਵਿਕਾਸ ਤੇ ਹੋਰ ਕਾਰਜਾਂ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦਾ ਸਹਿਯੋਗ ਕਰਨ।

ਇਸ ਮੌਕੇ ਸ੍ਰੀ ਸੁਭਾਸ਼ ਚੰਦਰ ਵਧੀਕ ਡਿਪਟੀ ਕਮਿਸ਼ਨਰ, ਸ੍ ਰਾਮ ਸਿੰਘ ਐੱਸ ਡੀ ਐੱਮ ਮੋਗਾ, ਸ਼੍ਰੀਮਤੀ ਚਾਰੂਮਿਤਾ ਐੱਸ ਡੀ ਐੱਮ ਧਰਮਕੋਟ ਤੇ ਹੋਰ ਹਾਜ਼ਰ ਸਨ।

# ਮਗਨਰੇਗਾ ਸਕੀਮ ਦੀ ਚੰਗੀ ਕਾਰਗੁਜ਼ਾਰੀ 'ਚ ਜ਼ਿਲ੍ਹਾ ਮਾਨਸਾ ਨੂੰ ਮਿਲਿਆ ਸੂਬਾ ਪੱਧਰੀ ਬੈੱਸਟ ਐਵਾਰਡ



**ਮਾਨਸਾ (ਰੀਤਵਾਲ)**-ਮਗਨਰੇਗਾ ਸਕੀਮ ਦੀ ਚੰਗੀ ਕਾਰਗੁਜ਼ਾਰੀ ਲਈ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਜ਼ਿਲ੍ਹਾ ਮਾਨਸਾ ਨੂੰ ਸੂਬਾ ਪੱਧਰੀ ਬੈਸਟ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਬਲਦੀਪ ਕੌਰ ਨੇ ਇਹ ਐਵਾਰਡ ਮਿਲਣ 'ਤੇ ਖੁਸ਼ੀ ਜ਼ਾਹਰ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ਼੍ਰੀ ਟੀ. ਬੈਨਿਥ, ਉਨ੍ਹਾਂ ਦੀ ਟੀਮ, ਸਮੂਹ ਸਰਪੰਚ ਤੇ ਮਗਨਰੇਗਾ ਜੌਬ ਕਾਰਡ ਧਾਰਕਾਂ ਨੂੰ ਵਧਾਈ ਦਿੱਤੀ। ਉਨ੍ਹਾ ਕਿਹਾ ਕਿ ਭਵਿੱਖ ਅੰਦਰ ਵੀ ਜ਼ਿਲ੍ਹੇ ਦੇ ਮੋਹਰੀ ਹੋਣ ਦੇ ਰਿਕਾਰਡ ਨੂੰ ਕਾਇਮ ਰੱਖਣ ਲਈ ਮਗਨਰੇਗਾ ਸਕੀਮ ਤਹਿਤ ਵੱਧ ਤੋਂ ਵੱਧ ਲੋਕਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਇਆ ਜਾਵੇ। ਉਨ੍ਹਾ ਕਿਹਾ ਕਿ ਵੱਧ ਤੋਂ ਵੱਧ ਪਰਿਵਾਰਾਂ ਨੂੰ 100 ਦਿਨ ਦਾ ਰੋਜ਼ਗਾਰ ਵਿੱਤੀ ਸਾਲ 2022-23 'ਚ ਦੇਣਾ ਯਕੀਨੀ ਬਣਾਇਆ ਜਾਵੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ਼੍ਰੀ ਟੀ. ਬੈਨਿਥ ਨੇ ਦੱਸਿਆ ਕਿ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵੱਲੋਂ ਔਰਤ ਮੇਟਾਂ ਦੀ ਸਿਖਲਾਈ ਸਬੰਧੀ 20 ਦਸਬੰਰ 2022 ਨੂੰ ਚੰਡੀਗੜ੍ਹ ਵਿਖੇ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਹਰੇਕ ਜ਼ਿਲ੍ਹੇ ਦੇ 10 ਔਰਤ ਮੇਟ ਵੱਲੋਂ ਹਿੱਸਾ ਲਿਆ ਗਿਆ। ਉਨ੍ਹਾ ਦੱਸਿਆ ਕਿ ਮਗਨਰੇਗਾ ਸਕੀਮ ਦੀ ਗਤੀਵਿਧੀਆਂ ਨੂੰ ਜ਼ਿਲ੍ਹੇ ਅੰਦਰ ਸੁਚਾਰੂ ਢੰਗ ਨਾਲ ਲਾਗੂ ਕਰਨ ਤੇ ਸਭ ਤੋਂ ਵੱਧ ਜੌਬ ਕਾਰਡ ਧਾਰਕਾਂ ਦੇ ਆਧਾਰ ਕਾਰਡ ਅੱਪਡੇਟ ਕਰਨ ਵਜੋਂ 23 ਜ਼ਿਲ੍ਹਿਆਂ ਵਿੱਚੋਂ ਪਹਿਲੇ ਸਥਾਨ 'ਤੇ ਆਉਣ ਕਰਕੇ ਬੈਸਟ ਜ਼ਿਲ੍ਹਾ ਐਲਾਨਿਆ ਗਿਆ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਵਰਕਸ਼ਾਪ ਵਿੱਚ ਮੇਟਾਂ ਨੂੰ ਮਗਨਰੇਗਾ ਸਕੀਮ ਨੂੰ ਲਾਗੂ ਕਰਨ ਤੇ ਮਗਨਰੇਗਾ ਸਕੀਮ ਦੀਆਂ ਹਦਾਇਤਾਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਜ਼ਿਲ੍ਹਾ ਮਾਨਸਾ ਨੂੰ ਮਗਨਰੇਗਾ ਸਕੀਮ ਅਧੀਨ ਵੱਖ-ਵੱਖ ਪੈਰਾਮੀਟਰ ਜਿਵੇਂ ਕਿ ਸਮੇਂ ਸਿਰ ਭੁਗਤਾਨ, ਐੱਨ.ਆਰ.ਐੱਮ. ਸਬੰਧੀ ਕੰਮ, ਏਰੀਆ ਅਫਸਰ ਐਪ 'ਤੇ ਚੈਕਿੰਗ, ਪੈਦਾ ਕੀਤੇ ਮਨੁੱਖੀ ਦਿਨ, ਸਾਂਝਾ ਜਲ ਤਲਾਬ ਤੇ ਖੇਡ ਮੈਦਾਨਾਂ ਦੀ ਪ੍ਰਗਤੀ, ਅਦਾਇਗੀਆਂ ਸਬੰਧੀ ਰੀਜੈਕਸ਼ਨਾਂ ਨੂੰ ਮੁੜ ਜਨਰੇਟ ਕਰਨਾ, ਐੱਨ.ਐੱਮ.ਐੱਮ.ਐੱਸ. ਉੱਪਰ ਹਾਜ਼ਰੀ, ਸੋਸ਼ਲ ਆਡਿਟ ਏ.ਟੀ.ਆਰ. ਵਿੱਚ ਵਧੀਆ ਕਾਰਗੁਜ਼ਾਰੀ ਲਈ ਮੁਬਾਰਬਾਦ ਦਿੱਤੀ ਗਈ।

# ਡੱਲਾ ਸੜਕ 'ਤੇ ਖੜ੍ਹੇ ਟਰੱਕਾਂ ਦੀ ਸਥਿਤੀ ਜਿਉਂ ਦੀ ਤਿਉਂ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਡੱਲਾ-ਸੁਲਤਾਨਪੁਰ ਲੋਧੀ ਸੜਕ ਸਥਿਤ ਇੱਕ ਗੋਦਾਮ ਦੇ ਬਾਹਰ ਖੜ੍ਹੇ ਟਰੱਕ ਜਿਉਂ ਦੇ ਤਿਉਂ ਬਰਕਰਾਰ ਹਨ ਅਤੇ ਸੰਘਣੀ ਧੁੰਦ ਕਾਰਨ ਪੁਲਸ ਪ੍ਰਸ਼ਾਸਨ ਕਿਸੇ ਵੱਡੇ ਹਾਦਸੇ ਦੀ ਉਡੀਕ ਵਿੱਚ ਨਜ਼ਰ ਆ ਰਿਹਾ ਹੈ। ਜ਼ਿਕਰਯੋਗ ਹੈ ਕਿ ਇਸ ਸਮੱਸਿਆ ਸਬੰਧੀ ਪੱਤਰਕਾਰਾਂ ਵੱਲੋਂ ਸਬੰਧਤ ਥਾਣਾ ਸੁਲਤਾਨਪੁਰ ਲੋਧੀ ਨੂੰ ਬੇਨਤੀ ਕੀਤੀ ਸੀ ਕਿ ਡੱਲਾ ਸੜਕ ਤੇ ਖੜ੍ਹੇ ਟਰੱਕ ਧੁੰਦ ਕਾਰਨ ਹਾਦਸਿਆਂ ਨੂੰ ਸੱਦਾ ਦੇ ਰਹੇ ਉਨ੍ਹਾਂ ਨੂੰ ਹਟਾਇਆ ਜਾਵੇ। ਪਰ ਟਰੱਕ ਹਾਲੇ ਵੀ ਸੰਘਣੀ ਧੁੰਦ ਵਿੱਚ ਉਸੇ ਤਰ੍ਹਾਂ ਸੜਕ 'ਤੇ ਪਾਰਕਿੰਗ ਕੀਤੇ ਹੋਏ ਹਨ। ਪੰਜਾਬ ਸਰਕਾਰ ਨੇ ਭਾਵੇਂ ਪੰਜਾਬ ਵਿੱਚ ਧੁੰਦ ਪੈਣ ਕਾਰਨ ਸਕੂਲ ਦਾ ਟਾਈਮ ਬਦਲ ਦਿੱਤਾ ਹੈ ਤਾਂ ਜੋ ਕੋਈ ਹਾਦਸਾ ਨਾ ਵਾਪਰੇ ਪਰ ਇਸ ਦੇ ਬਾਵਜੂਦ ਵੀ ਪਿਛਲੇ ਦਿਨਾਂ ਤੋਂ ਡੱਲਾ ਸੜਕ 'ਤੇ ਨਜਾਇਜ ਪਾਰਕ ਕੀਤੇ ਟਰੱਕ ਹਾਲੇ ਵੀ ਸੰਘਣੀ ਧੁੰਦ ਪੈਣ ਦੇ ਬਾਵਜੂਦ ਖੜ੍ਹੇ ਰਹਿੰਦੇ ਹਨ ਅਤੇ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ। ਸਵੇਰੇ ਸਵੇਰੇ ਆਮ ਲੋਕਾਂ ਨੇ ਕੰਮਾਂ ਕਾਰਾਂ ਤੇ ਜਾਣਾ ਹੁੰਦਾ ਅਤੇ ਸਕੂਲ ਜਾਣ ਵਾਲੇ ਬੱਚਿਆਂ ਦੀਆਂ ਵੀ ਬੱਸਾਂ ਗੱਡੀਆਂ ਇੱਥੋ ਦੀ ਹੀ ਜਾਂਦੀਆਂ ਹਨ। ਜਿਸ ਕਰਕੇ ਇਲਾਕੇ ਭਰ ਦੇ ਲੋਕਾਂ ਲਈ ਵੱਡੀ ਸਮੱਸਿਆ ਪੈਦਾ ਕਰ ਦਿੱਤੀ ਹੈ। ਇਹ ਗੁਦਾਮ ਵਿੱਚ ਪਹੁੰਚਦੇ ਟਰੱਕਾਂ ਅਤੇ ਹੋਰ ਵਾਹਨਾਂ ਦੀਆਂ ਲਾਈਨਾਂ ਦੂਰ ਦੂਰ ਤੱਕ ਲੱਗ ਜਾਂਦੀਆਂ ਹਨ ਅਤੇ ਧੁੰਦ ਜ਼ਿਆਦਾ ਹੋਣ ਕਾਰਨ ਕੁੱਝ ਵੀ ਦਿਖਾਈ ਨਹੀਂ ਦਿੰਦਾ।

# ਸੱਤਾ ਦੇ ਕੇਂਦਰੀਕਰਨ ਵਿਰੁੱਧ ਕਨਵੈਨਸ਼ਨ 29 ਨੂੰ

## ਸੀ.ਪੀ.ਆਈ. (ਐੱਮ-ਐੱਲ) ਵੱਲੋਂ ਭਰਵੀਂ ਸ਼ਮੂਲੀਅਤ ਦਾ ਐਲਾਨ

**ਜਲੰਧਰ, (ਕੇਸਰ)**-ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਨੇ ਸੰਵਿਧਾਨ ਵਿੱਚ ਦਰਜ ਸੂਬਿਆਂ ਦੇ ਅਧਿਕਾਰਾਂ ਨੂੰ ਖੋਹਣ, ਜੇਲ੍ਹਾਂ ਵਿੱਚ ਬਿਨਾਂ ਮੁਕੱਦਮਾ ਚਲਾਇਆਂ ਡੱਕੇ ਬੁੱਧੀਜੀਵੀਆਂ, ਪੱਤਰਕਾਰਾਂ, ਲੇਖਕਾਂ, ਰਾਜਸੀ ਕਾਰਕੁੰਨਾਂ, ਆਦਿਵਾਸੀਆਂ ਅਤੇ ਸਜ਼ਾ ਭੁਗਤ ਚੁੱਕੇ ਸਿੱਖਾਂ ਸਮੇਤ ਰਾਜਸੀ ਕੈਦੀਆਂ ਦੀ ਰਿਹਾਈ ਲਈ ਫਾਸ਼ੀ ਹਮਲਿਆਂ ਵਿਰੋਧੀ ਫਰੰਟ ਵੱਲੋਂ 29 ਦਸੰਬਰ ਨੂੰ ਜਲੰਧਰ ਦੇ ਦੇਸ਼ਭਗਤ ਯਾਦਗਾਰ ਹਾਲ ਵਿੱਚ ਕੀਤੀ ਜਾ ਰਹੀ ਕਨਵੈਨਸ਼ਨ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਹੈ।

ਪਾਰਟੀ ਵੱਲੋਂ ਜਾਰੀ ਬਿਆਨ ਵਿੱਚ ਪਾਰਟੀ ਦੇ ਸੂਬਾਈ ਆਗੂ ਕਾਮਰੇਡ ਅਜਮੇਰ ਸਿੰਘ ਨੇ ਕਿਹਾ ਕਿ ਭਾਜਪਾ-ਆਰ.ਐਸ.ਐਸ. ਦੀ ਅਗਵਾਈ ਵਾਲੀ ਮੋਦੀ ਸਰਕਾਰ ਹਿੰਦੂਤਵੀ ਵਿਚਾਰਧਾਰਾ ਲਾਗੂ ਕਰਨ ਲਈ ਦੇਸ਼ ਦੇ ਫੈਡਰਲ ਢਾਂਚੇ ਉੱਪਰ ਲਗਾਤਾਰ ਹਮਲੇ ਕਰ ਰਹੀ ਹੈ ਅਤੇ ਸੂਬਿਆਂ ਦੇ ਅਧਿਕਾਰ ਖੋਹ ਕੇ ਸੱਤਾ ਦਾ ਕੇਂਦਰੀਕਰਨ ਕਰ ਰਹੀ ਹੈ। ਸੂਬਿਆਂ ਦੀਆਂ ਵਿਧਾਨ ਸਭਾਵਾਂ ਵੱਲੋਂ ਪਾਸ ਕੀਤੇ ਬਿੱਲਾਂ ਨੂੰ ਰਾਜਪਾਲ ਦੁਆਰਾ ਇਤਰਾਜ਼ ਉਠਾ ਕੇ ਵਿਧਾਨ ਸਭਾਵਾਂ ਨੂੰ ਨਗਰਪਾਲਿਕਾਵਾਂ ਵਿੱਚ ਬਦਲਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਸਾਂਝਾ ਸਿਵਲ ਕੋਡ ਲਾਗੂ ਕਰਕੇ ਘੱਟ ਗਿਣਤੀਆਂ ਦੀ ਜੀਵਨ-ਜਾਚ ਖੋਹ ਰਹੀ ਹੈ ਅਤੇ ਦੇਸ਼ ਦੀ ਵੰਨ-ਸੁਵੰਨਤਾ ਨੂੰ ਖਤਮ ਕਰ ਰਹੀ ਹੈ। ਸੂਬਿਆਂ ਦੀਆਂ ਰਾਜਧਾਨੀਆਂ ਵਿੱਚ ਕੇਂਦਰੀ ਜਾਂਚ ਏਜੰਸੀ ਦੇ ਦਫ਼ਤਰ ਖੋਹਲਣਾ ਸੂਬਿਆਂ ਦੇ ਅਧਿਕਾਰਾਂ ਉੱਪਰ ਇੱਕ ਹੋਰ ਹਮਲਾ ਹੈ। ਬੀ.ਐਸ.ਐਫ. ਦਾ ਸਰਹੱਦ ਦੇ ਅੰਦਰ ਘੇਰਾ ਵਧਾਉਣਾ ਵੀ ਸੂਬੇ ਦੇ ਅਧਿਕਾਰ ਨੂੰ ਖੋਰਾ ਲਾ ਕੇ ਕੇਂਦਰੀਕਰਨ ਕਰਨ ਵੱਲ ਕਦਮ ਹੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਖੇਤੀ ਕਾਨੂੰਨਾਂ ਦੇ ਵਿਰੋਧ ਕਾਰਨ ਜੰਮੂ ਕਸ਼ਮੀਰ ਤੋਂ ਬਾਅਦ ਪੰਜਾਬ ਨੂੰ ਹਮਲਿਆਂ ਦਾ ਨਿਸ਼ਾਨਾ ਬਣਾਇਆ ਹੋਇਆ ਹੈ। ਪਾਰਟੀ ਆਗੂ ਨੇ ਕਿਹਾ ਕਿ ਇਸ ਕਨਵੈਨਸ਼ਨ ਵਿੱਚ ਪੰਜਾਬ ਨਾਲ ਹੋ ਰਹੇ ਧੱਕਿਆਂ, ਪੰਜਾਬ ਦੇ ਪਾਣੀਆਂ ਦੀ ਰਾਖੀ, ਪ੍ਰਦੂਸ਼ਤ ਹੋ ਰਹੇ ਪਾਣੀ ਨੂੰ ਬਚਾਉਣ, ਨਹਿਰਾਂ ਦੇ ਤਲ ਪੱਕੇ ਕਰਨ, ਪੰਜਾਬ ਯੂਨੀਵਰਸਿਟੀ ਨੂੰ ਕੇਂਦਰੀ ਹੱਥਾਂ ਵਿੱਚ ਜਾਣ ਤੋਂ ਰੋਕਣ ਅਤੇ ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਜ਼ੋਰਦਾਰ ਆਵਾਜ਼ ਬੁਲੰਦ ਕੀਤੀ ਜਾਵੇਗੀ। ਉਹਨਾਂ ਨੇ ਪਾਰਟੀ ਸਫ਼ਾਂ, ਇਕਾਈਆਂ ਦੇ ਨਾਲ-ਨਾਲ ਇਨਕਲਾਬੀ, ਜਮਹੂਰੀ, ਇਨਸਾਫਪਸੰਦ ਅਤੇ ਦੇਸ਼ਭਗਤ ਸ਼ਕਤੀਆਂ ਨੂੰ ਇਸ ਕਨਵੈਨਸ਼ਨ ਨੂੰ ਸਫ਼ਲ ਬਣਾਉਣ ਲਈ 29 ਦਸੰਬਰ ਨੂੰ ਭਰਵੀਂ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ ਹੈ।

# ਭਾਈ ਜੈਤਾ ਦੀ ਯਾਦਗਾਰ ਦਾ ਕੰਮ ਜਲਦ ਹੋਵੇਗਾ ਮੁਕੰਮਲ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ )**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੌਜਵਾਨਾਂ ਨੂੰ ਅਮੀਰ ਵਿਰਸੇ, ਇਤਿਹਾਸ ਅਤੇ ਕੁਰਬਾਨੀਆਂ ਬਾਰੇ ਜਾਣਕਾਰੀ ਦੇਣ ਲਈ ਉਸਾਰੀਆਂ ਜਾ ਰਹੀਆਂ ਯਾਦਗਾਰਾਂ ਦਾ ਕੰਮ ਜਲਦੀ ਮੁਕੰਮਲ ਕਰਕੇ ਲੋਕ ਅਰਪਣ ਕਰ ਰਹੀ ਹੈ। ਮੁੱਖ ਮੰਤਰੀ ਵੱਲੋਂ ਇਸ ਬਾਰੇ ਪਹਿਲਾਂ ਹੀ ਨਿਰਦੇਸ਼ ਦਿੱਤੇ ਗਏ ਹਨ। ਮਹਾਨ ਸਿੱਖ ਜਰਨੈਲ ਭਾਈ ਜੈਤਾ ਜੀ ਦੇ ਸਮੁੱਚੇ ਜੀਵਨ ਅਤੇ ਗੁਰੂ ਸਾਹਿਬ ਨਾਲ ਬਿਤਾਏ ਸਮੇਂ ਨੂੰ ਦਰਸਾਉਣ ਦਾ ਉਪਰਾਲਾ ਉਨ੍ਹਾਂ ਦੀ ਸ੍ਰੀ ਅਨੰਦਪੁਰ ਸਾਹਿਬ ਵਿੱਚ ਉਸਾਰੀ ਜਾ ਰਹੀ ਯਾਦਗਾਰ ਵਿੱਚ ਕੀਤਾ ਗਿਆ ਹੈ। 12.50 ਕਰੋੜ ਰੁਪਏ ਦੀ ਲਾਗਤ ਨਾਲ ਉਸਾਰੀ ਜਾ ਰਹੀ ਭਾਈ ਜੈਤਾ ਜੀ ਦੀ ਯਾਦਗਾਰ ਨੂੰ ਅੰਤਿਮ ਛੋਹਾਂ ਦਿੱਤੀਆਂ ਜਾ ਰਹੀਆਂ ਹਨ। ਸ਼੍ਰੋਮਣੀ ਸ਼ਹੀਦ ਭਾਈ ਜੈਤਾ ਜੀ ਦੀ ਯਾਦਗਾਰ ਦੀ ਉਸਾਰੀ ਦਾ ਕੰਮ ਲਗਭਗ ਮੁਕੰਮਲ ਹੋ ਰਿਹਾ ਹੈ। ਇਸ ਯਾਦਗਾਰ ਤੇ ਕਰੀਬ 12.50 ਕਰੋੜ ਦੀ ਲਾਗਤ ਆਵੇਗੀ। ਹੋਰ ਵਧੇਰੇ ਜਾਣਕਾਰੀ ਦਿੰਦੇ ਹੋਏ ਇਕ ਬੁਲਾਰੇ ਨੇ ਦੱਸਿਆ ਕਿ ਵਿਰਾਸਤ ਏ ਖਾਲਸਾ ਦੇ ਕੰਪਲੈਕਸ ਵਿੱਚ 5 ਏਕੜ ਥਾਂ ਵਿੱਚ ਇਹ ਵਿਲੱਖਣ ਯਾਦਗਾਰ ਦੀ ਉਸਾਰੀ ਦਾ ਕੰਮ ਲਗਭਗ ਮੁਕੰਮਲ ਹੋ ਗਿਆ ਹੈ। ਇਹ ਯਾਦਗਾਰ ਦੋ ਭਾਗਾ ਵਿੱਚ ਤਿਆਰ ਕੀਤੀ ਗਈ ਹੈ, ਜਿਸ ਵਿੱਚ 32 ਮੀਟਰਕ ਟਨ ਦਾ ਸਟੇਨਲੈਸ ਸਟੀਲ ਦਾ ਖੰਡਾ ਸਥਾਪਿਤ ਕੀਤਾ ਗਿਆ ਹੈ। ਭਾਈ ਜੈਤਾ ਜੀ ਦੇ ਸਮੁੱਚੇ ਜੀਵਨ ਅਤੇ ਗੁਰੂ ਸਾਹਿਬ ਨਾਲ ਬਿਤਾਏ ਪਲਾਂ ਨੂੰ 05 ਗੈਲਰੀਆਂ ਵਿੱਚ ਦਰਸਾਇਆ ਜਾ ਰਿਹਾ ਹੈ। ਇਸ ਯਾਦਗਾਰ ਵਿੱਚ 02 ਟੈਰਿਸ ਗਾਰਡਨ ਬਣਾਏ ਗਏ ਹਨ। ਇਸ ਯਾਦਗਰ ਵਿੱਚ ਧੋਲਪੁਰ ਦਾ ਪੱਥਰ ਲਗਾ ਕੇ ਕਲੈਡਿੰਗ ਕੀਤੀ ਗਈ ਹੈ। ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਮਾਹਰਾਂ ਵਲੋਂ ਡੀਜਾਈਨ ਤਿਆਰ ਕੀਤੇ ਗਏ ਹਨ, ਜਿਸ ਦੀ ਮਹੀਨ ਕਾਰੀਗਰੀ ਅਤੇ ਸੁੰਦਰਤਾ ਸੰਗਤਾਂ ਦੀ ਖਿੱਚ ਦਾ ਕੇਂਦਰ ਬਣੇਗੀ। ਇਸ ਯਾਦਗਾਰ ਵਿੱਚ ਆਧੁਨਿਕ ਤਕਨਾਲੋਜੀ ਨਾਲ ਗੈਲਰੀਆਂ ਦਾ ਨਿਰਮਾਣ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਵਿਰਾਸਤ-ਏ-ਖਾਲਸਾ ਦੇਖਣ ਲਈ ਰੋਜ਼ਾਨਾਂ ਹਜ਼ਾਰਾ ਸ਼ਰਧਾਲੂ/ਸੈਲਾਨੀ ਸ੍ਰੀ ਅਨੰਦਪੁਰ ਸਾਹਿਬ ਆਉਂਦੇ ਹਨ। ਸ੍ਰੀ ਅਨੰਦਪੁਰ ਸਾਹਿਬ ਵਿੱਚ ਪਹਿਲੀ ਵਾਰ ਭਾਈ ਜੈਤਾ ਜੀ ਦੀ ਯਾਦਗਾਰ ਉਸਾਰੀ ਜਾ ਰਹੀ ਹੈ, ਜੋ ਸੰਗਤਾਂ ਦੀ ਖਿੱਚ ਦਾ ਕੇਂਦਰ ਬਣੇਗੀ ਅਤੇ ਇੱਥੇ ਵੱਡੀ ਗਿਣਤੀ ਸੰਗਤਾਂ ਪਹੁੰਚਣਗੀਆਂ। ਇਸ ਨਾਲ ਵਪਾਰ ਤੇ ਕਾਰੋਬਾਰ ਦੀਆਂ ਹੋਰ ਸੰਭਾਵਨਾਵਾਂ ਵੀ ਵੱਧਣਗੀਆਂ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਨੌਜਵਾਨ ਪੀੜ੍ਹੀ ਨੂੰ ਸਾਡੇ ਇਤਿਹਾਸ ਬਾਰੇ ਜਾਣਕਾਰੀ ਦੇਣ ਲਈ ਉਸਾਰੀਆਂ ਜਾ ਰਹੀਆਂ ਯਾਦਗਾਰਾਂ ਦੀ ਕੰਮ ਵਿੱਚ ਤੇਜੀ ਲਿਆ ਕੇ ਇਨ੍ਹਾਂ ਨੂੰ ਜਲਦੀ ਸੰਗਤਾ ਲਈ ਖੋਲਣ ਦਾ ਐਲਾਨ ਕੀਤਾ ਹੈ। ਕੈਬਨਿਟ ਮੰਤਰੀ ਹਰਜੋਤ ਬੈਂਸ ਵੱਲੋਂ ਆਪਣੇ ਵਿਧਾਨ ਸਭਾ ਹਲਕੇ ਸ੍ਰੀ ਅਨੰਦਪੁਰ ਸਾਹਿਬ ਵਿੱਚ ਸੈਰ ਸਪਾਟਾ ਵਿਭਾਗ ਵੱਲੋਂ ਅਜਿਹੀਆਂ ਯਾਦਗਾਰਾਂ, ਪਾਰਕ ਅਤੇ ਹੋਰ ਵਿਰਾਸਤਾਂ ਨੂੰ ਮੁਕੰਮਲ ਕਰਨ, ਨਵੀਨੀਕਰਨ ਅਤੇ ਸੁੰਦਰਤਾ ਲਈ ਨਿਰੰਤਰ ਨਿਗਰਾਨੀ ਕੀਤੀ ਜਾ ਰਹੀ ਹੈ। ਅਗਲੇ ਕੁਝ ਦਿਨਾਂ ਵਿੱਚ ਭਾਈ ਜੈਤਾ ਜੀ ਦੀ ਯਾਦਗਾਰ ਮੁਕੰਮਲ ਕਰਕੇ ਸੰਗਤਾਂ ਅਤੇ ਸੈਲਾਨੀਆਂ ਲਈ ਲੋਕ ਅਰਪਣ ਕੀਤੀ ਜਾਵੇਗੀ।



# ਸੇਂਟ ਸੋਲਜਰ ਸਕੂਲ 'ਚ ਦੂਸਰਾ ਦੋ ਦਿਨਾ ਵਾਲੀਬਾਲ ਟੂਰਨਾਮੈਂਟ ਕਰਵਾਇਆ



**ਜਲੰਧਰ, (ਨਵਾਂ ਜ਼ਮਾਨਾ ਸਰਵਿਸ)**- ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ 'ਚ ਚਾਰ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਦੂਸਰਾ ਦੋ ਦਿਨਾ ਪਿੰਡ ਪੱਧਰੀ ਵਾਲੀਬਾਲ ਟੂਰਨਾਮੈਂਟ ਕਰਵਾਇਆ ਗਿਆ। ਪ੍ਰਿੰਸੀਪਲ ਰੁਪਿੰਦਰਜੀਤ ਸਿੰਘ ਦੀ ਅਗਵਾਈ 'ਚ ਕਰਵਾਏ ਗਏ ਇਸ ਟੂਰਨਾਮੈਂਟ ਦੌਰਾਨ ਇਲਾਕੇ ਦੀਆਂ 40 ਟੀਮਾਂ ਨੇ ਹਿੱਸਾ ਲੈਂਦਿਆਂ ਆਪਣੇ ਖੇਡ ਕੌਸ਼ਲ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਇਕ ਸ਼ੋਅ ਮੈਚ ਵੀ ਕਰਵਾਇਆ ਗਿਆ, ਜਿਸ 'ਚ ਪ੍ਰਿੰ. ਰੁਪਿੰਦਰਜੀਤ ਸਿੰਘ ਦੀ ਟੀਮ ਜੇਤੂ ਰਹੀ। ਇਹ ਵੀ ਦੱਸਣਯੋਗ ਹੈ ਕਿ ਇਹ ਟੀਮ ਪੰਜਾਬ ਸਰਕਾਰ ਵੱਲੋਂ ਕਰਵਾਏ ਗਏ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਸਟੇਟ ਲੈਵਲ ਵਾਲੀਬਾਲ ਮੁਕਾਬਲਾ ਵੀ ਖੇਡ ਚੁੱਕੀ ਹੈ। ਇਸ ਦੋ ਦਿਨਾ ਟੂਰਨਾਮੈਂਟ ਦਾ ਉਦਘਾਟਨ ਸੰਤ ਬਾਬਾ ਸੇਵਾ ਸਿੰਘ ਖੇੜਾ ਸਾਹਿਬ ਵਾਲੇ ਤੇ ਸੰਤ ਬਾਬਾ ਗੁਰਪ੍ਰੀਤ ਸਿੰਘ ਮਿਰਜਾਪੁਰ ਵਾਲਿਆਂ ਵੱਲੋਂ ਕੀਤਾ ਗਿਆ।

ਡੀਪੀ ਚੈਂਚਲ ਸਿੰਘ ਤੇ ਸਾਇੰਸ ਅਧਿਆਪਕ ਗੁਰਪ੍ਰੀਤ ਸਿੰਘ ਦੀ ਦੇਖ-ਰੇਖ 'ਚ ਸਮਾਪਤ ਹੋਏ ਟੂਰਨਾਮੈਂਟ ਦੇ ਫਾਈਨਲ ਮੁਕਾਬਲੇ 'ਚ ਬੇਗੋਵਾਲ ਦੀ ਟੀਮ ਨੇ ਪਿੰਡ ਢੱਟਾਂ ਦੀ ਟੀਮ ਨੂੰ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕਰਦਿਆਂ ਨਕਦ ਇਨਾਮ 21000 ਰੁਪਏ ਤੇ ਕੱਪ 'ਤੇ ਕਬਜ਼ਾ ਕੀਤਾ। 15,000 ਰੁਪਏ ਤੇ ਟ੍ਰਾਫੀ ਦਾ ਦੂਸਰਾ ਇਨਾਮ ਪਿੰਡ ਢੱਟਾਂ ਦੀ ਟੀਮ ਨੇ ਜਿੱਤਿਆ। ਇਸ ਤੋਂ ਇਲਾਵਾ 9100 ਰੁਪਏ ਦਾ ਤੀਸਰਾ ਇਨਾਮ ਪਿੰਡ ਮਹਿਮੂਦ ਪੁਰ ਤੇ ਵਿਰਕਾਂ ਦੀ ਟੀਮ ਨੇ ਸਾਂਝੇ ਤੌਰ 'ਤੇ ਜਿੱਤਿਆ। ਇਨਾਮ ਤਕਸੀਮ ਕਰਦਿਆਂ ਬਾਬਾ ਸੇਵਾ ਸਿੰਘ ਤੇ ਬਾਬਾ ਗੁਰਪ੍ਰੀਤ ਸਿੰਘ ਨੇ ਆਖਿਆ ਕਿ ਅੱਜ ਪੰਜਾਬ 'ਚ ਵਹਿੰਦੇ ਨਸ਼ਿਆਂ ਦੇ ਛੇਵੇਂ ਦਰਿਆ ਨੂੰ ਠੱਲ੍ਹ ਪਾਉਣ ਲਈ ਅਜਿਹੇ ਟੂਰਨਾਮੈਂਟ ਕਰਵਾਉਣੇ ਸਮੇਂ ਦੀ ਲੋੜ ਹਨ। ਉਨ੍ਹਾਂ ਸੇਂਟ ਸੋਲਜਰ ਮੈਨੇਜਮੈਂਨ ਦਾ ਇਸ ਉਪਰਾਲੇ ਲਈ ਧੰਨਵਾਦ ਕੀਤਾ। ਸੇਂਟ ਸੋਲਜਰ ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ ਤੇ ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਆਪਣੇ ਸੰਦੇਸ਼ 'ਚ ਸਮੂਹ ਵਿਦਿਆਰਥੀਆਂ ਨੂੰ ਖੇਡਾਂ 'ਚ ਵਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

# ਸੰਗੀਤਮਈ ਸ਼ਾਮ ਨੇ ਸਰੋਤਿਆਂ ਨੂੰ ਝੂਮਣ ਲਾਇਆ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)** ਰੋਟਰੀ ਕਲੱਬ ਅਤੇ ਇਨਰਵਹੀਲ ਕਲੱਬ ਸੁਲਤਾਨਪੁਰ ਲੋਧੀ ਵੱਲੋਂ ਡਾ. ਹਰਜੀਤ ਸਿੰਘ, ਡਾਕਟਰ ਸੋਮੀ ਸੇਠੀ ਦੇ ਸਹਿਯੋਗ ਨਾਲ ਅਜੇ ਧੀਰ ਪ੍ਰਧਾਨ ਰੋਟਰੀ ਕਲੱਬ ਅਤੇ ਮੈਡਮ ਸਤਵੰਤ ਕੌਰ ਪ੍ਰਧਾਨ ਇਨਰਵਹੀਲ ਕਲੱਬ ਵੱਲੋਂ ਸਾਂਝੇ ਤੌਰ 'ਤੇ ਇੱਕ ਸੰਗੀਤਮਈ ਸ਼ਾਮ ਮੁਗਲ ਰਾਜ ਦੇ ਸਮੇਂ ਮੁਗਲ ਨਾਦਰ ਸ਼ਾਹ ਵੱਲੋਂ ਬਣਾਏ ਹੋਏ ਹਦੀਰਾ ਨੇੜੇ ਕਾਲੀ ਦੇਵੀ ਦੇ ਖੂਬਸੂਰਤ ਵਿਹੜੇ ਵਿੱਚ ਕਾਰਵਾਈ ਗਈ। ਜਿਸ ਵਿਚ ਅਨਵਾਈਡ ਸੰਗੀਤ ਗਰੁੱਪ ਵੱਲੋਂ ਆਪਣੇ ਗੀਤਾਂ ਨਾਲ ਸਰੋਤਿਆਂ ਨੂੰ ਝੂਮਣ ਲਾ ਦਿੱਤਾ। ਇਸ ਮੌਕੇ ਡਾਕਟਰ ਹਰਜੀਤ ਸਿੰਘ ਨੇ ਉਸ ਸਮੇਂ ਗ੍ਰੇਟ ਫਿਲਮ ਮੁਗਲੇ ਆਜਮ ਦੀ ਹੋਂਦ ਅਤੇ ਬਣਤਰ ਬਾਰੇ ਜਾਣੂ ਕਰਵਾਇਆ। ਉਹਨਾਂ ਨੇ ਉਸ ਸਮੇਂ ਦੀ ਫਿਲਮ ਜਿਸ ਨੂੰ ਬਣਾਉਣ ਲਈ ਕਰੀਬ 14 ਸਾਲ ਲੱਗੇ ਸਨ ਉਸ ਦੇ ਅਣਸੁਣੇ ਕਿਸੇ ਵੀ ਸਾਂਝੇ ਕੀਤੇ। ਇਸ ਮੌਕੇ ਸਾਰੇ ਹੀ ਸੰਗੀਤ ਪ੍ਰੇਮੀਆਂ ਨੇ ਖੂਬ ਅਨੰਦ ਮਾਣਿਆ । ਇਸ ਪ੍ਰੋਗਰਾਮ ਨੂੰ ਪੇਸ਼ ਕਰਨ ਵਾਲੇ ਸਾਰੇ ਗਾਇਕਾਂ ਨੇ ਵਧੀਆ ਪੇਸ਼ਕਾਰੀ ਕੀਤੀ। ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਗੁਲਾਬ ਦੇ ਫੁੱਲ ਦੇ ਕੇ ਸਵਾਗਤ ਕੀਤਾ। ਇਸ ਮੌਕੇ ਸਤਵੰਤ ਕੌਰ ਪ੍ਰਧਾਨ, ਚਾਰਟਰ ਪ੍ਰਧਾਨ ਰਵਿੰਦਰ ਕੌਰ, ਪਰਮਿੰਦਰ ਸੋਢੀ, ਅਜੇ ਧੀਰ ਪ੍ਰਧਾਨ ਰੋਟਰੀ ਕਲੱਬ, ਲਾਭ ਸਿੰਘ, ਸੁਖਰਾਜ ਸਿੰਘ, ਜਗਦੇਵ ਸਿੰਘ, ਸਵਰਨ ਸਿੰਘ ਆਦਿ ਵੱਡੀ ਗਿਣਤੀ ਵਿਚ ਇਨਰਵਹੀਲ ਕਲੱਬ ਅਤੇ ਰੋਟਰੀ ਕਲੱਬ ਦੇ ਮੈਂਬਰ ਹਾਜਰ ਸਨ।

# ਡੀ ਟੀ ਐੱਫ ਨੇ ਸਿੱਖਿਆ ਮੰਤਰੀ ਵੱਲ ਭੇਜਿਆ ਮੰਗ ਪੱਤਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ (ਡੀ.ਟੀ.ਐੱਫ.) ਦੀ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਇੰਦਰ ਸੁਖਦੀਪ ਸਿੰਘ ਓਢਰਾ, ਮਨਜੀਤ ਸਿੰਘ ਦਸੂਹਾ, ਰੇਸ਼ਮ ਸਿੰਘ ਧੁੱਗਾ ਅਤੇ ਅਸ਼ਨੀ ਕੁਮਾਰ ਦੀ ਅਗਵਾਈ ਵਿੱਚ ਅਧਿਆਪਕਾਂ ਦੀਆਂ ਮੰਗਾਂ ਸਬੰਧੀ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲ੍ਹ ਡੀ.ਈ.ਓ.(ਸ) ਹਰਭਗਵੰਤ ਸਿੰਘ, ਡਿਪਟੀ ਡੀ.ਈ.ਓ.(ਸ) ਧੀਰਜ ਵਸ਼ਿਸ਼ਟ ਅਤੇ ਸਿੱਖਿਆ ਸੁਧਾਰ ਟੀਮ ਦੇ ਮੁਖੀ ਸ੍ਰੀ ਸ਼ਲਿੰਦਰ ਠਾਕੁਰ ਰਾਹੀਂ ਮੰਗ ਪੱਤਰ ਭੇਜਿਆ ਗਿਆ। ਇਸ ਉਪਰੰਤ ਹੋਈ ਜਿਲ੍ਹਾ ਕਮੇਟੀ ਦੀ ਮੀਟਿੰਗ ਦੌਰਾਨ 1 ਜਨਵਰੀ ਤੋਂ ਵੱਡੇ ਪੱਧਰ 'ਤੇ ਮੈਂਬਰਸ਼ਿਪ ਮੁਹਿੰਮ ਭਖਾਉਣ ਅਤੇ ਸਿੱਖਿਆ ਮੰਤਰੀ ਵੱਲੋਂ ਪੈਨਲ ਮੀਟਿੰਗ ਵਿੱਚ ਪ੍ਰਮੁੱਖ ਮੰਗਾਂ ਦਾ ਕੋਈ ਠੋਸ ਹੱਲ ਨਾ ਕੱਢਣ 'ਤੇ 15 ਜਨਵਰੀ 2023 ਨੂੰ ਅਨੰਦਪੁਰ ਸਾਹਿਬ ਵਿਖੇ ਸੂਬਾਈ ਰੋਸ ਮੁਜ਼ਾਹਰੇ ਦਾ ਭਰਵਾਂ ਹਿੱਸਾ ਬਣਨ ਦਾ ਫੈਸਲਾ ਵੀ ਕੀਤਾ ਗਿਆ। ਇਸ ਮੌਕੇ ਆਗੂਆਂ ਨੇ ਕਿਹਾ ਕਿ ਓਪਨ ਡਿਸਟੈਂਸ ਲਰਨਿੰਗ ਅਧਿਆਪਕਾਂ (3442, 7654, 5178 ਵਿਭਾਗੀ ਭਰਤੀਆਂ) ਦੇ ਪੈਡਿੰਗ 125 ਰੈਗੂਲਰ ਆਰਡਰ ਜਾਰੀ ਕਰਨ, 180 ਈ.ਟੀ.ਟੀ. ਅਧਿਆਪਕਾਂ 'ਤੇ ਮੁੱਢਲੀ ਭਰਤੀ (4500 ਈ.ਟੀ.ਟੀ.) ਦੇ ਸਾਰੇ ਲਾਭ ਬਹਾਲ ਕਰਨ, ਸਾਲ 2018 ਦੇ ਮਾਰੂ ਸੇਵਾ ਨਿਯਮਾਂ ਤਹਿਤ ਲਾਗੂ ਵਿਭਾਗੀ ਪ੍ਰੀਖਿਆ ਦੀ ਸ਼ਰਤ ਰੱਦ ਕਰਨ, ਈ.ਟੀ.ਟੀ. ਤੋਂ ਮਾਸਟਰ ਕਾਡਰ ਸਮੇਤ ਟੀਚਿੰਗ ਤੇ ਨਾਨ ਟੀਚਿੰਗ ਦੀਆਂ ਸਾਰੀਆਂ ਤਰੱਕੀਆਂ ਮੁਕੰਮਲ ਕਰਨ, ਮਾਸਟਰ ਤੇ ਲੈਕਚਰਾਰ ਕਾਡਰ ਦੀਆਂ ਸੀਨੀਆਰਤਾ ਸੂਚੀਆਂ 'ਚ ਰਹਿੰਦੇ ਨਾਮ ਸ਼ਾਮਿਲ ਕਰਨ, ਵਿਕਟੇਮਾਈਜੇਸ਼ਨਾਂ ਰੱਦ ਕਰਨ, 5178 ਅਧਿਆਪਕਾਂ ਨਾਲ ਹੋਇਆ ਪੱਖਪਾਤ ਦੂਰ ਕਰਨ ਲਈ ਨਵੰਬਰ 2017 ਤੋਂ ਪੂਰੇ ਸਕੇਲ ਅਨੁਸਾਰ ਬਕਾਇਆ ਦੇਣ, 8886 ਅਧਿਆਪਕਾਂ ਨੂੰ ਮਿਤੀ 1 ਅਪ੍ਰੈਲ 2018 ਤੋਂ ਪੂਰਾ ਬਕਾਇਆ ਤੇ ਸੀਨੀਆਰਤਾ ਤਹਿ ਕਰਨ, ਨਿੱਜੀਕਰਨ ਤੇ ਕੇਂਦਰੀਕਰਨ ਪੱਖੀ ਨਵੀਂ ਸਿੱਖਿਆ ਨੀਤੀ ਲਾਗੂ ਕਰਨ ਦੀ ਥਾਂ ਪੰਜਾਬ ਦੀ ਆਪਣੀ ਸਿੱਖਿਆ ਨੀਤੀ ਘੜਣ, ਦੂਰ ਦੁਰਾਡੇ ਕੰਮ ਕਰਦੇ ਅਧਿਆਪਕਾਂ ਨੂੰ ਬਿਨਾਂ ਸ਼ਰਤ ਬਦਲੀ ਦਾ ਮੌਕਾ ਦੇਣ, ਵੱਖ-ਵੱਖ ਸ਼ਰਤਾਂ ਕਾਰਨ ਪੁਰਾਣੇ ਸਟੇਸ਼ਨਾਂ 'ਤੇ ਹੀ ਡੈਪੂਟੇਸ਼ਨ ਅਧੀਨ ਅਧਿਆਪਕਾਂ ਦੀ ਬਦਲੀ ਹਕੀਕੀ ਰੂਪ ਵਿੱਚ ਲਾਗੂ ਕਰਨ, ਸਾਰੀਆਂ ਪੈਂਡਿੰਗ ਭਰਤੀਆਂ ਦੀ ਪ੍ਰਕ੍ਰਿਆ ਪੂਰੀ ਕਰਨ, ਕੰਪਿਊਟਰ ਅਧਿਆਪਕਾਂ 'ਤੇ ਛੇਵਾਂ ਪੰਜਾਬ ਤਨਖਾਹ ਕਮਿਸ਼ਨ ਤੇ ਸੇਵਾ ਨਿਯਮ ਲਾਗੂ ਕਰਦਿਆਂ ਵਿਭਾਗੀ ਮਰਜ਼ਿੰਗ ਕਰਨ, ਕੱਚੇ ਅਧਿਆਪਕਾਂ ਦੀ ਰੈਗੂਲਰਾਇਜੇਸ਼ਨ ਪ੍ਰਕ੍ਰਿਆ ਤੇਜ਼ ਕਰਨ ਤੇ ਰਹਿੰਦੇ ਅਧਿਆਪਕਾਂ ਨੂੰ ਵੀ ਰੈਗੂਲਰ ਕਰਨ, ਇੱਕ ਕਲਰਕ ਨੂੰ ਇੱਕ ਸਕੂਲ ਦਾ ਹੀ ਚਾਰਜ ਦੇਣ, ਬੀ.ਪੀ.ਈ.ਓ. ਦਫਤਰਾਂ ਵਿੱਚ ਸ਼ਿਫਟ ਕੀਤੇ 228 ਪੀ.ਟੀ.ਆਈ. ਨੂੰ ਵਾਪਸ ਪਿੱਤਰੀ ਸਕੂਲਾਂ ਵਿੱਚ ਭੇਜਣ, ਬੀ.ਐੱਲ.ਓ. ਡਿਊਟੀਆਂ ਅਤੇ ਪੜ੍ਹੋ ਪੰਜਾਬ ਪ੍ਰੋਜੈਕਟ ਤਹਿਤ ਕੰਮ ਕਰਦੇ ਅਧਿਆਪਕਾਂ ਨੂੰ ਫਾਰਗ ਕਰਕੇ ਕੇਵਲ ਪੜਾਉਣ ਦਾ ਕਾਰਜ ਦੇਣ, ਬੰਦ ਕੀਤਾ ਪੇਂਡੂ ਇਲਾਕਾ ਭੱਤਾ, ਬਾਰਡਰ ਭੱਤਾ, ਏ.ਸੀ.ਪੀ. ਦਾ ਲਾਭ, ਪੁਰਾਣੀ ਪੈਨਸ਼ਨ ਪ੍ਰਨਾਲੀ ਅਤੇ 17 ਜੁਲਾਈ 2020 ਤੋਂ ਬਾਅਦ ਲਾਗੂ ਨਵੇਂ ਤਾਨਖਾਹ ਸਕੇਲਾਂ ਦੀ ਥਾਂ ਪੰਜਾਬ ਤਨਖਾਹ ਸਕੇਲ ਬਹਾਲ ਕੀਤੇ ਜਾਣ। ਯੂਨੀਅਨ ਆਗੂਆਂ ਨੇ ਵਿਦਿਆਰਥੀਆਂ ਨੂੰ ਠੰਢ ਤੋਂ ਬਚਾਉਣ ਲਈ ਸਕੂਲਾਂ ਵਿੱਚ ਧੁੱਪੇ ਬੈਠਣ ਤੋਂ ਰੋਕਣ ਦਾ ਗ਼ੈਰ-ਕੁਦਰਤੀ ਪੱਤਰ ਰੱਦ ਕਰਨ ਦੀ ਮੰਗ ਵੀ ਕੀਤੀ ਕਿਉਂਕਿ ਸੂਰਜ ਦੀ ਧੁੱਪ ਦਾ ਨਿੱਘ ਸਦੀਆਂ ਤੋਂ ਠੰਢ ਤੋਂ ਬਚਣ ਦਾ ਸਭ ਤੋਂ ਵੱਡਾ ਸਾਧਨ ਹੈ ਅਤੇ ਬੱਚਿਆਂ ਲਈ ਊਰਜਾ ਦਾ ਵੱਡਾ ਸੋਮਾਂ ਹੈ ਅਤੇ ਉਨ੍ਹਾਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਵੀ ਸੂਰਜ ਦੀ ਰੌਸ਼ਨੀ ਅਤੇ ਧੁੱਪ ਬਹੁਤ ਹੀ ਜ਼ਰੂਰੀ ਹੈ। ਇਸ ਵਫ਼ਦ ਵਿੱਚ ਵਰਿੰਦਰ ਸੈਣੀ, ਰਾਕੇਸ਼ ਕੁਮਾਰ, ਨੰਦ ਰਾਮ, ਮਨਜੀਤ ਸਿੰਘ ਬਾਬਾ, ਸੋਹਣ ਸਿੰਘ, ਜਤਿੰਦਰ ਸੈਣੀ, ਰਾਜੇਸ਼ ਬੱਗਾ ਅਤੇ ਹਰਿੰਦਰ ਸਿੰਘ ਆਦਿ ਵੀ ਸ਼ਾਮਿਲ ਸਨ।

# ਅਲਾਇੰਸ ਕਲੱਬ ਨੇ ਅੰਤਰਰਾਸ਼ਟਰੀ ਮਾਨਵ ਏਕਤਾ ਦਿਵਸ ਮਨਾਇਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਅੰਤਰਰਾਸ਼ਟਰੀ ਮਾਨਵ ਏਕਤਾ ਦਿਵਸ ਦੇ ਮੌਕੇ 'ਤੇ ਅਲਾਇੰਸ ਕਲੱਬ ਹੁਸ਼ਿਆਰਪੁਰ ਪ੍ਰਿੰਸ ਵਲੋਂ ਦੁਸ਼ਹਿਰਾ ਗਰਾਊਂਡ ਦੀਆਂ ਝੁੱਗੀਆਂ ਵਿੱਚ ਰਹਿਣ ਵਾਲੇ ਬੱਚਿਆਂ ਨੂੰ ਪੜ੍ਹਨ ਵਾਲੀਆਂ ਕਿਤਾਬਾਂ ਐਲੀ ਸੁਮੇਸ਼ ਕੁਮਾਰ ਪੀ.ਡੀ.ਜੀ. ਦੇ ਜਨਮ ਦਿਨ ਦੇ ਮੌਕੇ 'ਤੇ ਵੰਡੀਆਂ ਗਈਆਂ। ਇਸ ਮੌਕੇ ਤੇ ਐਲੀ ਅਸ਼ੋਕ ਪੁਰੀ, ਐਲੀ ਰਮੇਸ਼ ਕੁਮਾਰ ਵੀ.ਡੀ.ਜੀ-1,ਐਲੀ ਮਨੋਜ ਕੁਮਾਰੀ ਅਤੇ ਕਸ਼ਮੀਰੀ ਲਾਲ ਮੈਂਬਰ ਗ੍ਰਾਮ ਪੰਚਾਇਤ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਪ੍ਰੋਗਰਾਮ ਦੇ ਪ੍ਰੋਜੈਕਟ ਚੇਅਰਮੈਨ ਐਲੀ ਰਿਤਿਕਾ ਵਰਮਾ ਸਨ।

ਇਸ ਮੌਕੇ 'ਤੇ ਟੀਮ ਨੇ ਪਹਿਲਾਂ ਤੋਂ ਲਗਾਏ ਗਏ ਪੌਦਿਆਂ ਦਾ ਨਿਰੀਖਣ ਕੀਤਾ ਅਤੇ ਪਾਇਆ ਕਿ ਜਿਹੜੇ ਪੌਦੇ ਪਹਿਲਾਂ ਵੰਡੇ ਗਏ ਸਨ ਉਨ੍ਹਾਂ ਨੂੰ ਸਾਰੇ ਲੋਕਾਂ ਨੇ ਆਪਣੇ ਘਰਾਂ ਵਿੱਚ ਲਗਾਇਆ ਹੋਇਆ ਹੈ ਅਤੇ ਚੰਗੀ ਹਾਲਤ ਵਿੱਚ ਹਨ। ਇਸ ਮੌਕੇ ਤੇ ਐਲੀ ਅਸ਼ੋਕ ਪੁਰੀ ਨੇ ਦੱਸਿਆ ਕਿ ਅਲਾਇੰਸ ਕਲੱਬ ਦੇ ਸਾਰੇ ਅਹੁੱਦੇਦਾਰ ਆਪਣੇ ਜਨਮ ਦਿਨ ਸਮਾਜ ਸੇਵਾ ਦੇ ਕੰਮ ਕਰਕੇ ਮਨਾਉਂਦੇ ਹਨ। ਇਸ ਮੌਕੇ ਤੇ ਟੀਮ ਨੇ ਬੱਚਿਆਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਨੂੰ ਭਵਿੱਖ ਜਿਹੜੀ ਵੀ ਪਾਠ ਵਾਲੀ ਸਮੱਗਰੀ ਦੀ ਜ਼ਰੂਰਤ ਹੋਵੇਗੀ ਉਹ ਉਨ੍ਹਾਂ ਨੂੰ ਉਪਲਬਧ ਕਰਵਾਈ ਜਾਵੇਗੀ ਤਾਂ ਕਿ ਉਨ੍ਹਾਂ ਦੀ ਪੜ੍ਹਾਈ ਵਿੱਚ ਕੋਈ ਰੁਕਾਵਟ ਨਾ ਆਵੇ ਅਤੇ ਉਹ ਪੜ੍ਹ ਲਿਖ ਕੇ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਿਲ ਹੋ ਸਕਣ। ਇਸ ਮੌਕੇ 'ਤੇ ਐਲੀ ਅਸ਼ੋਕ ਪੁਰੀ ਨੇ ਸਾਰੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਨ੍ਹਾਂ ਨੂੰ ਸਮਾਜ ਦੇ ਵੰਚਿਤ ਲੋਕਾਂ ਦੀ ਸਹਾਇਤਾ ਦੇ ਲਈ ਅੱਗੇ ਆਉਣਾ ਚਾਹੀਦਾ ਹੈ ਅਤੇ ਆਪਣੀਆਂ ਖੁਸ਼ੀਆਂ ਉਨ੍ਹਾਂ ਨਾਲ ਵੰਡਣੀਆਂ ਚਾਹੀਦੀਆਂ ਹਨ।

# ਕੂੜੇ ਦੀ ਸਮੱਸਿਆ ਤੇ ਪ੍ਰਦੂਸ਼ਣ ਤੋਂ ਨਜਾਤ ਲਈ ਅਪਣਾਈਆਂ ਜਾਣਗੀਆਂ ਆਧੁਨਿਕ ਤਕਨੀਕਾਂ : ਸੰਧਵਾਂ

**ਚੰਡੀਗੜ੍ਹ, ( ਗੁਰਜੀਤ ਬਿੱਲਾ )**— ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਬਵਾਨਾ ਉਦਯੋਗਿਕ ਖੇਤਰ ਵਿਖੇ ਕੂੜੇ ਤੋਂ ਆਧੁਨਿਕ ਤਕਨੀਕਾਂ ਜਰੀਏ ਬਿਜਲੀ ਪੈਦਾਵਾਰ ਤੇ ਖਾਦ ਤਿਆਰ ਕਰਨ ਵਾਲੇ ਪ੍ਰਜੈਕਟ ਦਿੱਲੀ ਐਮ.ਐਸ.ਡਬਲਿਊ ਸਲਿਊਸ਼ਨਸ ਲਿਮਟਿਡ ਦਾ ਦੌਰਾ ਕੀਤਾ ਗਿਆ। ਸੰਧਵਾਂ ਵੱਲੋਂ ਇਥੇ ਗਿੱਲੇ ਤੇ ਸੁੱਕੇ ਕੂੜੇ ਨੂੰ ਅਲੱਗ ਕਰਨ ਤੋਂ ਲੈ ਕੇ ਇਸ ਤੋਂ ਬਿਜਲੀ ਪੈਦਾਵਾਰ, ਖਾਦ ਤਿਆਰ ਕਰਨ ਅਤੇ ਵੇਸਟ ਨੂੰ ਵਿਗਿਆਨਕ ਤਰੀਕਿਆ ਨਾਲ ਉਸਾਰੀ ਲਈ ਵਰਤੀ ਜਾਣ ਵਾਲੀ ਸਮੱਗਰੀ ਵਿਚ ਤਬਦੀਲ ਕੀਤੇ ਜਾਣ ਦੀਆਂ ਵੱਖ-ਵੱਖ ਪ੍ਰਕਿਰਿਆਵਾਂ ਬਾਰੇ ਬਾਰੀਕੀ ਵਿਚ ਜਾਣਕਾਰੀ ਲਈ ਗਈ। ਇਸ ਤੋਂ ਪਹਿਲਾਂ ਸ੍ਰੀ ਸੰਧਵਾਂ ਅਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਦਿੱਲੀ ਦੇ ਓਲਡ ਰਾਜਿੰਦਰ ਨਗਰ ਸਥਿਤ ਦਿੱਲੀ ਨਗਰ ਨਿਗਮ ਦੇ ਕੂੜੇ ਤੋਂ ਖਾਦ ਤਿਆਰ ਕਰਨ ਵਾਲੇ ਕੂੜਾ ਪ੍ਰਬੰਧਨ ਪ੍ਰਜੈਕਟ ਦਾ ਵੀ ਦੌਰਾ ਕੀਤਾ ਗਿਆ।

ਸੰਧਵਾਂ ਨੇ ਕਿਹਾ ਕਿ ਕੂੜੇ ਅਤੇ ਇਸ ਨਾਲ ਪੈਦਾ ਹੋ ਰਹੇ ਪ੍ਰਦੂਸ਼ਣ ਦੀ ਸਮੱਸਿਆ ਨਾਲ ਮੁਲਕ ਦੇ ਹਰ ਸ਼ਹਿਰ ਨੂੰ ਜੂਝਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਅਧਿਕਾਰੀਆਂ ਸਮੇਤ ਇਸ ਪ੍ਰਾਜੈਕਟ ਨੂੰ ਵੇਖਣ ਦਾ ਮੰਤਵ ਅਜਿਹੇ ਪ੍ਰਜੈਕਟ ਜਰੀਏ ਕੂੜੇ ਤੋਂ ਬਿਜਲੀ ਪੈਦਾ ਕਰਨ, ਖਾਦ ਪੈਦਾਵਾਰ ਤੇ ਵੇਸਟ ਤੋਂ ਉਸਾਰੀ ਸਮੱਗਰੀ ਤਿਆਰ ਹੋਣ ਦੀਆਂ ਤਕਨੀਕਾਂ ਨੂੰ ਜਾਨਣਾ ਸੀ ਤਾਂ ਜੋ ਅਜਿਹੀਆਂ ਤਕਨੀਕਾਂ ਨੂੰ ਪੰਜਾਬ ਦੇ ਕਸਬਿਆਂ ਤੇ ਵੱਡੇ ਸ਼ਹਿਰਾਂ ਦੀ ਆਬਾਦੀ ਤੇ ਹੋਰ ਜਰੂਰਤਾਂ ਅਨੁਸਾਰ ਕੂੜੇ ਤੇ ਇਸ ਤੋਂ ਪੈਦਾ ਹੁੰਦੇ ਵਾਤਾਵਰਣ ਦੇ ਵਿਗਾੜਾਂ ਤੋਂ ਛੁਟਕਾਰਾ ਪਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਦੌਰੇ ਦਾ ਮੰਤਵ ਇਹ ਅਧਿਐਨ ਕਰਨਾ ਹੈ ਕਿ ਪੰਜਾਬ ਦੇ ਕਸਬਿਆਂ ਤੇ ਸ਼ਹਿਰਾਂ ਦੀਆਂ ਸਥਾਨਕ ਜਰੂਰਤਾਂ ਅਨੁਸਾਰ ਕਿਸ ਤਰਾਂ ਦੀ ਤਕਨੀਕ ਕਾਰਗਰ ਹੋ ਸਕੇਗੀ ਤੇ ਸੂਬੇ ਦੇ ਇਸ ਖੇਤਰ ਵਿਚ ਪਹਿਲਾਂ ਚੱਲ ਰਹੇ ਪ੍ਰਾਜੈਕਟਾਂ ਨੂੰ ਹੋਰ ਬਿਹਤਰ ਕਿਵੇਂ ਬਣਾਇਆ ਜਾ ਸਕਦਾ ਹੈ। ਰੀਸਸਟੇਨਬਿਲਟੀ ਵੱਲੋਂ ਦਿੱਲੀ ਨਗਰ ਨਿਗਮ ਨਾਲ ਮਿਲ ਕੇ ਜਨਤਕ ਨਿੱਜੀ ਭਾਈਵਾਲੀ (ਪੀ.ਪੀ.ਪੀ.) ਜਰੀਏ ਚਲਾ ਜਾ ਰਹੇ ਇਸ ਪ੍ਰਾਜੈਕਟ ਬਾਰੇ ਜਾਣਕਾਰੀ ਦਿੰਦਿਆ ਪ੍ਰਾਜੈਕਟ ਦੇ ਵਾਈਸ ਪ੍ਰੈਜੀਡੈਂਟ ਡੀ.ਪੀ.ਸਿੰਘ ਨੇ ਦੱਸਿਆ ਕਿ 100 ਏਕੜ ਵਿਚ ਚਲ ਰਹੇ ਇਸ ਪ੍ਰਾਜੈਕਟ ਰਾਹੀਂ 2500 ਮੀਟਰਿਕ ਟਨ ਕੂੜੇ ਦੀ ਰੋਜਾਨਾ ਪ੍ਰਸੈਸਿੰਗ ਕੀਤੀ ਜਾਂਦੀ ਹੈ ਤੇ ਇਸ ਪ੍ਰਾਜੈਕਟ ਦੀ ਬਿਜਲੀ ਪੈਦਾਵਾਰ ਸਮਰੱਥਾ 24 ਮੈਗਾਵਾਟ ਹੈ। । ਉਨ੍ਹਾਂ ਦੱਸਿਆ ਕਿ 2.5 ਲੱਖ ਟਨ ਖਾਦ ਪੈਦਾ ਕਰਕੇ ਵੱਖ-ਵੱਖ ਕੰਪਨੀਆਂ ਨੂੰ ਵੇਚੀ ਜਾ ਚੁੱਕੀ ਹੈ। ਇਸ ਤੋਂ ਪਹਿਲਾਂ ਸੰਧਵਾਂ ਤੇ ਸੰਤ ਸੀਚੇਵਾਲ ਨੇ ਓਲਡ ਰਾਜਿੰਦਰ ਨਗਰ ਵਿਖੇ ਪ੍ਰਾਜੈਕਟ ਦੇ ਦੌਰੇ ਸਮੇਂ ਕਿਹਾ ਕਿ ਉਨ੍ਹਾਂ ਦਾ ਉਦੇਸ਼ ਪੰਜਾਬ ਵਿਚ ਕੂੜੇ ਦੀ ਸਮੱਸਿਆ ਤੇ ਇਸ ਤੋਂ ਪੈਦਾ ਹੁੰਦੇ ਪ੍ਰਦੂਸ਼ਣ ਤੋਂ ਛੁਟਕਾਰਾ ਪਾਉਣ ਤੇ ਉਥੇ ਹੋ ਰਹੇ ਕੰਮ ਨੂੰ ਹੋਰ ਵਿਗਿਆਨਕ ਬਣਾਉਣਾ ਹੈ। ਇਸ ਮੌਕੇ ਫਰੀਦਕੋਟ ਦੇ ਡਿਵੀਜਨਲ ਕਮਿਸ਼ਨਰ ਚੰਦਰ ਗੈਂਦ, ਡਿਪਟੀ ਕਮਿਸ਼ਨਰ ਫਰੀਦਕੋਟ ਡਾ. ਰੂਹੀ ਦੁੱਗ, ਦਿੱਲੀ ਨਗਰ ਨਿਗਮ ਦੇ ਚੀਫ ਇੰਜਨੀਅਰ ਦਿਨੇਸ਼ ਯਾਦਵ, ਮਨਪ੍ਰੀਤ ਸਿੰਘ ਮਣੀ ਧਾਲੀਵਾਲ ਪੀ.ਆਰ.ਓ ਸਪੀਕਰ, ਨਿੱਜੀ ਸਹਾਇਕ ਸ਼ਿਵਜੀਤ ਸੰਘਾ, , ਅਮਰਿੰਦਰ ਸਿੰਘ ਈ.ਓ ਨਗਰ ਕੌਂਸਲ ਕੋਟਕਪੂਰਾ, ਸੁਖਦੀਪ ਸਿੰਘ ਧਾਲੀਵਾਲ ਜੇ.ਈ ਤੇ ਹੋਰ ਅਧਿਕਾਰੀ ਹਾਜਰ ਸਨ।

# ਸਮਾਰਟ ਸੀਡਰ ਨਾਲ ਬੀਜੀ ਕਣਕ ਦੀ ਫਸਲ ਦਾ ਕੀਤਾ ਨਿਰੀਖਣ



**ਕੁਰਾਲੀ (ਮੋਹਨ ਅੱਗਰਵਾਲ)**-ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਐਸ.ਏ.ਐਸ ਨਗਰ ਵੱਲੋਂ ਆਤਮਾ ਸਕੀਮ ਅਧੀਨ ਕਿਸਾਨ ਭੁਪਿੰਦਰ ਸਿੰਘ ਪਿੰਡ ਬਦਨਪੁਰ ਬਲਾਕ ਖਰੜ ਵਿਖੇ ਫਾਰਮ ਸਕੂਲ ਤਹਿਤ ਸਮਾਰਟ ਸੀਡਰ ਮਸ਼ੀਨ ਨਾਲ ਬੀਜੀ ਕਣਕ ਦੀ ਫਸਲ ਦਾ ਡਾ. ਗੁਰਬਚਨ ਸਿੰਘ ਮੁੱਖ ਖੇਤੀਬਾੜੀ ਅਫਸਰ ਵੱਲੋਂ ਸਰਵੇਖਣ ਕੀਤਾ ਗਿਆ। ਇਸ ਮੌਕੇ ਡਾਕਟਰ ਗੁਰਬਚਨ ਸਿੰਘ ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਸਮਾਰਟ ਸੀਡਰ ਮਸ਼ੀਨ ਇਕ ਨਵੀਨਤਮ ਤਕਨੀਕ ਹੈ ਜਿਸ ਨਾਲ ਸੁਪਰ ਸੀਡਰ ਮਸ਼ੀਨ ਦੇ ਮੁਕਾਬਲੇ ਘੱਟ ਹਾਰਸ਼ ਪਾਵਰ ਵਾਲੇ ਟ੍ਰੈਕਟਰ ਨਾਲ ਅਸਾਨੀ ਨਾਲ ਕਣਕ ਦੀ ਬਿਜਾਈ ਕੀਤੀ ਜਾ ਸਕਦੀ ਹੈ ਅਤੇ ਖਰਚਾ ਵੀ ਘੱਟ ਆਉਂਦਾ ਹੈ ਤੇ ਖੇਤ ਵਿਚ ਨਦੀਨਾਂ ਵੀ ਘੱਟ ਉਗਦੇ ਹਨ ਇਸ ਤਕਨੀਕ ਨਾਲ ਝੋਨੇ ਦੀ ਪਰਾਲੀ ਦਾ ਸੁਚੱਜਾ ਪ੍ਰਬੰਧ ਕੀਤਾ ਜਾ ਸਕਦਾ ਹੈ। ਇਸ ਮੌਕੇ ਡਾ. ਜਗਦੀਪ ਸਿੰਘ ਬਲਾਕ ਟੈਕਨੋਲਜੀ ਮੈਨਜਰ ਨੇ ਦੱਸਿਆ ਕਿ ਫਾਰਮ ਸਕੂਲ ਤਹਿਤ ਸਮਾਰਟ ਸੀਡਰ ਮਸ਼ੀਨ ਨਾਲ ਕਣਕ ਦੀ ਬਿਜਾਈ ਦਾ ਪ੍ਰਦਰਸ਼ਨੀ ਪਲਾਂਟ ਲਗਾਇਆ ਹੈ, ਇਸ ਦੀ ਆਉਣ ਵਾਲੇ ਸਮੇਂ ਵਿੱਚ ਹੋਰ ਕਿਸਾਨਾਂ ਨੂੰ ਵੀ ਦੌਰਾ ਕਰਵਾ ਕੇ ਤਕਨੀਕੀ ਜਾਣਕਾਰੀ ਦਿੱਤੀ ਜਾਵੇਗੀ ਤਾਂ ਜੋ ਇਸ ਤਕਨੀਕ ਨੂੰ ਵੱਧ ਤੋਂ ਵੱਧ ਕਿਸਾਨ ਵੇਖਕੇ ਲਾਹਾ ਲੈ ਸਕਣ। ਇਸ ਮੌਕੇ ਕਿਸਾਨ ਭੁਪਿੰਦਰ ਸਿੰਘ ਨੇ ਸਮਾਰਟ ਸੀਡਰ ਮਸ਼ੀਨ ਨਾਲ ਬੀਜੀ ਕਣਕ ਦੀ ਫਸਲ ਸਬੰਧੀ ਤੱਸਲੀ ਪ੍ਰਗਟਾਈ ਤੇ ਦੱਸਿਆ ਕਿ ਇਸ ਤਕਨੀਕ ਨਾਲ ਬੀਜੀ ਕਣਕ ਵਿੱਚ ਨਦੀਨਾਂ ਦੀ ਸਮੱਸਿਆ ਕਾਫੀ ਘੱਟ ਹੈ ਚੰਗੇ ਨਤੀਜੇ ਆਉਣ ਦੀ ਆਸ ਪ੍ਰਗਟਾਈ।

# ਟਾਈਮ ਬਦਲ ਕੇ ਸਰਕਾਰ ਨੇ ਅਧਿਆਪਕਾਂ ਤੇ ਵਿਦਿਆਰਥੀਆਂ ਦੀਆਂ ਸਮੱਸਿਆਵਾਂ ਵਧਾਈਆਂ-ਡੀ.ਟੀ.ਐੱਫ

**ਜਲੰਧਰ (ਨਵਾਂ ਜ਼ਮਾਨਾ ਸਰਵਿਸ)**-ਅੱਤ ਦੀ ਪੈ ਰਹੀ ਸ਼ਰਦੀ ਦੌਰਾਨ ਖਰਾਬ ਮੌਸਮ ਅਤੇ ਪੈ ਰਹੀ ਸੰਘਣੀ ਧੁੰਦ ਨੂੰ ਦੇਖਦਿਆ ਸਰਕਾਰ ਵੱਲੋਂ ਸਵੇਰੇ ਸਕੂਲ ਖੁੱਲਣ ਦਾ ਸਮਾਂ 10 ਵਜੇ ਕਰਨਾ ਚੰਗੀ ਗੱਲ ਹੈ,ਪਰ ਸਕੂਲ ਬੰਦ ਕਰਨ ਦਾ ਸਮਾਂ 4 ਵਜੇ ਕਰਨ ਨਾਲ ਅਧਿਆਪਕਾਂ ਤੇ ਵਿਦਿਆਰਥੀਆਂ ਦੀਆਂ ਸ਼ਾਮ ਵੇਲੇ ਘਰ ਵਾਪਿਸ ਪੁੱਜਣ ਦੀਆਂ ਸਮੱਸਿਆਵਾਂ ਵਿਚ ਹੋਰ ਵੀ ਵਾਧਾ ਹੋ ਗਿਆ ਹੈ।

ਉਕਤ ਪ੍ਰਗਟਾਵਾ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ,ਮੀਤ ਪ੍ਰਧਾਨ ਕਰਨੈਲ ਸਿੰਘ ਚਿੱਟੀ,ਜਨਰਲ ਸਕੱਤਰ ਸਰਵਨ ਸਿੰਘ ਔਜਲਾ,ਸਹਾਇਕ ਸਕੱਤਰ ਗੁਰਮੀਤ ਸਿੰਘ ਕੋਟਲੀ ਅਤੇ ਵਿੱਤ ਸਕੱਤਰ ਜਸਵਿੰਦਰ ਸਿੰਘ ਬਠਿੰਡਾ ਨੇ ਜਾਰੀ ਪ੍ਰੈਸ ਬਿਆਨ ਰਾਂਹੀ ਕੀਤਾ। ਅਧਿਆਪਕ ਆਗੂਆਂ ਨੇ ਕਿਹਾ 4 ਵਜੇ ਸਕੂਲ ਬੰਦ ਕੀਤੇ ਜਾਣ 20 ਤੋਂ 60 ਕਿਲੋਮੀਟਰ ਦਾ ਸਫਰ ਤੈਅ ਕਰਕੇ ਆਉਣ ਵਾਲੇ ਅਧਿਆਪਕਾਂ ਨੂੰ ਘਰ ਵਾਪਸੀ ਸਮੇ ਭਾਰੀ ਮੁਸ਼ਕਿਲਾਂ ਦਾ ਸ਼ਾਹਮਣਾ ਕਰਨਾ ਪਵੇਗਾ। ਇਸੇ ਤਰਾਂ ਦੂਰ ਦੁਰੇਡੇ ਦੇ ਪਿੰਡਾਂ ਵਿਚੋ ਪੜ੍ਹ ਆਉਣ ਵਾਲੇ ਬੱਚਿਆਂ ਨੂੰ ਅਜਿਹੀਆਂ ਸਮੱਸਿਆਵਾਂ ਦਾ ਸਾਹਮਣਾ ਕਰਨ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼ਾਮ ਨੂੰ ਦੁਬਾਰਾ ਜਲਦੀ ਧੁੰਦ ਪੈਣੀ ਸ਼ੁਰੂ ਹੋ ਜਾਂਦੀ ਹੈ। ਧੁੰਦ ਵਿਚ ਘਰ ਵਾਪਸੀ ਜਾਣ ਸਮੇਂ ਅਧਿਆਪਕਾਂ ਤੇ ਵਿਦਿਆਰਥੀਆਂ ਦਾ ਕਿਸੇ ਵੀ ਪ੍ਰਕਾਰ ਦਾ ਭਾਰੀ ਨੁਕਸਾਨ ਹੋ ਸਕਦਾ ਹੈ।

ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਇਸ ਸੰਭਾਵੀ ਖਤਰੇ ਨੂੰ ਦੇਖਦੇ ਹੋਏ ਪ੍ਰਾਇਮਰੀ ਸਕੂਲਾਂ ਦਾ ਸਮਾਂ 10 ਤੋਂ 2 ਅਤੇ ਸੈਕੰਡਰੀ ਸਕੂਲਾਂ ਦਾ ਸਮਾਂ 10 ਤੋਂ 3.20 ਤੱਕ ਕੀਤਾ ਜਾਵੇ। ਧੁੰਦ ਕਾਰਨ ਵਾਪਰੇ ਸੜਕ ਹਾਦਸਿਆਂ 'ਚ ਮਾਰੇ ਗਏ ਅਧਿਆਪਕਾਂ ਦੇ ਇਕ ਪਰਵਾਰਕ ਮੈਂਬਰ ਨੂੰ ਬਿਨਾ ਦੇਰੀ ਯੋਗ ਮੁਆਵਜਾ ਤੇ ਸਰਕਾਰੀ ਨੌਕਰੀ ਦਿੱਤੀ ਜਾਵੇ।

# ਪੰਜਾਬ ਸਰਕਾਰ ਵਿਮੁਕਤ ਜਾਤੀਆਂ ਦੀਆਂ ਜਾਇਜ਼ ਮੰਗਾਂ ਨੂੰ ਹਮਦਰਦੀ ਨਾਲ ਵਿਚਾਰੇਗੀ : ਡਾ.ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅਨੁਸੂਚਿਤ ਜਾਤੀਆਂ ਦੀ ਭਲਾਈ ਲਈ ਵਚਨਬੱਧ ਹੈ। ਵਿਮੁਕਤ ਜਾਤੀਆਂ ਦੀਆਂ ਜਾਇਜ਼ ਮੰਗਾਂ ਦਾ ਜਲਦ ਹੀ ਹਮਦਰਦੀ ਨਾਲ ਵਿਚਾਰ ਕਰ ਕੇ ਉਨ੍ਹਾਂ ਦਾ ਹੱਲ ਕਰੇਗੀ। ਸਮਾਜਿਕ ਨਿਆਂ, ਅਧਿਕਾਰਤਾਂ ਤੇ ਘੱਟ ਗਿਣਤੀ ਬਾਰੇ ਮੰਤਰੀ ਡਾ.ਬਲਜੀਤ ਕੌਰ ਨੇ ਵਿਮੁਕਤ ਜਾਤੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਇਹ ਪ੍ਰਗਟਾਵਾ ਕੀਤਾ। ਸਮਾਜਿਕ ਨਿਆਂ, ਅਧਿਕਾਰਤਾਂ ਤੇ ਘੱਟ ਗਿਣਤੀ ਮੰਤਰੀ ਡਾ.ਬਲਜੀਤ ਕੌਰ ਨੇ ਦੱਸਿਆ ਕਿ ਓਹਨਾ ਦੇ ਧਿਆਨ ਵਿੱਚ ਆਇਆ ਸੀ ਕਿ ਵਿਮੁਕਤ ਜਾਤੀਆਂ ਨੂੰ ਦਿੱਤੇ ਜਾ ਰਹੇ 2% ਰਾਖਵੇਂਕਰਨ ਸਬੰਧੀ ਮੁਸ਼ਕਲਾ ਆ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਵਿਭਾਗ ਵਲੋਂ ਮਿਤੀ 20.12.2001 ਅਤੇ ਮਿਤੀ 18.12.2020 ਰਾਹੀਂ ਜਾਰੀ ਹਦਾਇਤਾਂ ਆਪਸ ਵਿਚ ਆਪਾ ਵਿਰੋਧੀ ਹੋਣ ਕਾਰਨ ਰਿਜ਼ਰਵੇਸ਼ਨ ਦੇਣ ਵਿੱਚ ਮੁਸ਼ਕਿਲ ਆ ਰਹੀ ਸੀ। ਉਨ੍ਹਾਂ ਵਿਭਾਗ ਦੇ ਅਧਿਕਾਰੀਆਂ ਨੂੰ ਪੱਤਰ ਮਿਤੀ 20.12.2001 ਲਾਗੂ ਕਰਨ ਦੇ ਹੁਕਮ ਕੀਤੇ।

# ਅਕਾਲ ਗਲੈਕਸੀ ਕਾਨਵੈਂਟ ਸਕੂਲ 'ਚ ਛੋਟੇ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ ਮਨਾਇਆ



**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)** : ਅਕਾਲ ਗਲੈਕਸੀ ਕਾਨਵੈਂਟ ਸਕੂਲ ਸਿੱਧੂਪੁਰ ਲੋਹੀਆਂ ਖਾਸ ਵਿਖੇ ਪ੍ਰਿੰਸੀਪਲ ਮੈਡਮ ਅਮਨਵੀਰ ਕੌਰ ਦੀ ਅਗਵਾਈ ਹੇਠ ਵਿਸੇਸ ਅਸੈਂਬਲੀ ਦਾ ਆਯੋਜਨ ਕੀਤਾ ਗਿਆ। ਜਿਸ ਦੌਰਾਨ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਕਿੰਡਰ ਗਾਰਡਨ ਦੇ ਵਿਦਿਆਰਥੀਆਂ ਵਲੋਂ ਗਤਕੇ ਦੇ ਵੱਖ ਵੱਖ ਜੌਹਰ ਦਿਖਾਏ ਗਏ। ਸਕੂਲ ਵਿਦਿਆਰਥੀਆਂ ਵਲੋਂ ਸਾਹਿਬਜ਼ਾਦਿਆਂ ਦੇ ਵਿਛੋੜੇ ਨੂੰ ਯਾਦ ਕਰਦਿਆਂ ਕਰੁਣਾਮਈ ਘੋੜੀਆਂ, ਕਵਿਤਾਵਾਂ, ਕਵੀਸ਼ਰੀ, ਗੀਤ ਤੇ ਵਾਰ ਗਾਏ ਗਏ। ਸਕੂਲ ਡਾਇਰੈਕਟਰ ਸੁਖਦੇਵ ਸਿੰਘ ਜੱਜ ਦੁਆਰਾ ਬੱਚਿਆਂ ਨੂੰ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦ ਹੋ ਜਾਣ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ ਕਿ ਕਿਵੇਂ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣਾ ਸਰਬੰਸ ਦੇਸ਼ ਲਈ ਵਾਰ ਦਿੱਤਾ। ਛੋਟੇ ਸਾਹਿਬਜ਼ਾਦਿਆਂ ਨੂੰ ਕਿਵੇਂ ਜਿਉਂਦਿਆਂ ਨੀਹਾਂ ਵਿੱਚ ਚਿਣਵਾ ਦਿੱਤਾ ਗਿਆ। ਅਰਦਾਸ ਉਪਰੰਤ ਸਾਰੇ ਸਟਾਫ ਅਤੇ ਵਿਦਿਆਰਥੀਆਂ ਨੂੰ ਪ੍ਰਸ਼ਾਦ ਵੰਡਿਆ ਗਿਆ। ਸਕੂਲ ਪ੍ਰਿੰਸੀਪਲ ਅਮਨਜੀਤ ਕੌਰ ਦੁਆਰਾ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਸਕੂਲ ਵਿੱਚ ਹਰੇਕ ਦਿਹਾੜੇ ਮਨਾਉਣ ਦਾ ਮੰਤਵ ਬੱਚਿਆਂ ਨੂੰ ਕੇਵਲ ਕਿਤਾਬੀ ਗਿਆਨ ਤੱਕ ਸੀਮਤ ਨਾ ਰੱਬ ਦੇ ਇਤਿਹਾਸ ਨਾਲ ਜੋੜ ਰੱਖਣਾ ਹੈ, ਉਨ੍ਹਾਂ ਵਿਚ ਦੇਸ਼ ਪ੍ਰੇਮ ਦੀ ਭਾਵਨਾ ਪੈਦਾ ਕਰਨਾ ਹੈ, ਚੰਗੇ ਵਿਚਾਰ, ਚੰਗੀਆਂ ਆਦਤਾਂ ਪੈਦਾ ਕਰਨਾ ਹੈ। ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਇਸ ਦਿਹਾੜੇ 'ਤੇ ਸਕੂਲ ਮੈਨੇਜਮੈਂਟ, ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ, ਸੁਪਰਵਾਇਜਰ ਮੈਡਮ ਸਪਨਾ ਸ਼ਰਮਾ ਅਕੈਡਮਿਕ ਕੰਸਲਟੈਂਟ ਮੈਡਮ ਦੀਪਿਕਾ, ਕੋਆਰਡੀਨੇਟਰਜ ਮੈਡਮ ਵੀਨੂ ਮਲਹੋਤਰਾ, ਰੁਪਿੰਦਰ ਕੌਰ, ਅਮਨਦੀਪ ਕੌਰ ਮਨਪ੍ਰੀਤ ਕੌਰ, (ਡੀ.ਪੀ) ਸ. ਅੰਮ੍ਰਿਤਪਾਲ ਸਿੰਘ ਅਤੇ ਸਮੂਹ ਸਕੂਲ ਸਟਾਫ ਹਾਜਰ ਸੀ । ਇਸ ਮੌਕੇ 'ਤੇ ਸਟੇਜ ਸੰਚਾਲਕ ਦੀ ਭੂਮਿਕਾ ਰਣਜੀਤ ਸਿੰਘ ਦੁਆਰਾ ਨਿਭਾਈ ਗਈ ਜਿਸ ਵਿੱਚ ਸਾਰੇ ਬੱਚਿਆਂ ਅਤੇ ਸਟਾਫ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਰਵਾਰ ਦੀ ਸ਼ਹਾਦਤ ਤੋਂ ਜਾਣੂ ਕਰਵਾਇਆ ਗਿਆ।

# ਗੁਰਮਤਿ ਮੁਕਾਬਲਿਆਂ 'ਚ ਸਰਕਾਰੀ ਸਕੂਲ ਬੀਰਮਪੁਰ ਦੀਆਂ ਵਿਦਿਆਰਥਣਾਂ ਜੇਤੂ



**ਅੱਡਾ ਸਰਾਂ, ( ਕਾਜਲ )**-ਬਾਬਾ ਫਤਹਿ ਸਿੰਘ ਫ੍ਰੀ ਗੁਰਮਤਿ ਸੰਗੀਤ ਅਕੈਡਮੀ ਪਿੰਡ ਬੱਸੀ (ਕਪੂਰਥਲਾ) ਵਲੋਂ ਗੁਰਦੁਆਰਾ ਕਰਤਾਰ ਸਰ ਸਾਹਿਬ ਵਿਖੇ ਸਿੱਖੀ ਅਤੇ ਗੁਰਮਤਿ ਦੇ ਪ੍ਰਚਾਰ ਅਤੇ ਪ੍ਰਸਾਰ ਹਿੱਤ ਐਨ.ਆਰ. ਆਈ ਬਿਕਰਮਜੀਤ ਸਿੰਘ ਬਿੱਕੀ ਦੇ ਸਹਿਯੋਗ ਨਾਲ ਦਸਤਾਰ ਅਤੇ ਗੁਰਬਾਣੀ ਕੀਰਤਨ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੀਰਮਪੁਰ ਦੀਆਂ ਵਿਦਿਆਰਥਣਾਂ ਨੇ ਸ਼ਾਨਦਾਰ ਪੇਸਕਾਰੀ ਨਾਲ ਜਿੱਤਾਂ ਪ੍ਰਾਪਤ ਕੀਤੀਆਂ। ਸਕੂਲ ਦੇ ਇੰਚਾਰਜ ਪ੍ਰਿੰਸੀਪਲ ਸਟੇਟ ਅਵਾਰਡੀ ਡਾ.ਅਰਮਨਪ੍ਰੀਤ ਸਿੰਘ ਨੇ ਦੱਸਿਆ ਕਿ ਸਕੂਲ ਦੀ ਬਾਰਵੀਂ ਜਮਾਤ ਦੀ ਵਿਦਿਆਰਥਣ ਅਮਨਪ੍ਰੀਤ ਕੌਰ ਨੇ ਦਸਤਾਰ(ਦੁਮਾਲਾ) ਮੁਕਾਬਲੇ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਇੱਕ ਟਰਾਫੀ,ਮੈਡਲ ਅਤੇ ਗਿਆਰਾਂ ਸੌ ਰੁਪਏ ਨਕਦ ਇਨਾਮ ਪ੍ਰਾਪਤ ਕੀਤਾ। ਦਸਵੀਂ ਜਮਾਤ ਦੀ ਵਿਦਿਆਰਥਣ ਤਰਨਪ੍ਰੀਤ ਕੌਰ ਨੇ ਗੁਰਬਾਣੀ ਕੀਰਤਨ ਮੁਕਾਬਲੇ ਵਿੱਚੋਂ ਤੀਜਾ ਸਥਾਨ ਪ੍ਰਾਪਤ ਕਰਕੇ ਇੱਕ ਮੈਡਲ, ਟਰਾਫੀ ਅਤੇ 5100 ਰੁਪਏ ਨਕਦ ਇਨਾਮ ਪ੍ਰਾਪਤ ਕੀਤਾ । ਸਕੂਲ ਦੇ ਇੰਚਾਰਜ ਪ੍ਰਿੰਸੀਪਲ ਨੇ ਕਿਹਾ ਕਿ ਇਹ ਸਕੂਲ ਲਈ ਬਹੁਤ ਹੀ ਮਾਣ ਵਾਲ਼ੀ ਗੱਲ ਹੈ । ਉਨ੍ਹਾਂ ਵਿਦਿਆਰਥੀਆਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੰਦਿਆਂ ਆਪਣੀ ਕਲਾ ਨੂੰ ਹੋਰ ਨਿਖਾਰਨ ਲਈ ਪ੍ਰੇਰਿਤ ਕੀਤਾ । ਇਸ ਮੌਕੇ ਲੈਕਚਰਾਰ ਰਸ਼ਪਾਲ ਸਿੰਘ , ਅਵਤਾਰ ਸਿੰਘ , ਦਵਿੰਦਰਪਲ਼ ,ਰਵਿੰਦਰ ਸਿੰਘ , ਅਵਤਾਰ ਸਿੰਘ , ਗੁਰਬਖਸ ਕੌਰ , ਨਿਸ਼ਾ ਕੁਮਾਰੀ , ਆਸ਼ਾ ਰਾਣੀ , ਸਰਬਜੀਤ ਕੌਰ ਆਦਿ ਹਾਜਰ ਸਨ।

# ਪਿਪਸ 'ਚ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰੂ ਦਾ ਲੰਗਰ ਲਗਾਇਆ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**

ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਸ੍ਰੀ ਚਮਕੌਰ ਸਾਹਿਬ ਵਿਖੇ ਗੜ੍ਹੀ ਦੇ ਮਹਾਨ ਸ਼ਹੀਦਾਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਗੁਰੂ ਦਾ ਲੰਗਰ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਨੁਰਾਧਾ ਧੀਮਾਨ ਨੇ ਦੱਸਿਆ ਕਿ ਸਕੂਲ ਦੀ ਮੈਨੇਜਮੈਂਟ, ਸਮੂਹ ਸਟਾਫ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਦੇ ਸਹਿਯੋਗ ਨਾਲ ਸਕੂਲ ਵਿਚ ਗੜ੍ਹੀ ਦੇ ਮਹਾਨ ਸ਼ਹੀਦਾਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਲੰਗਰ ਲਗਾਉਣ ਦਾ ਉਪਰਾਲਾ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਸਕੂਲ ਵਿੱਚ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ੍ਰੀ ਜਪੁਜੀ ਸਾਹਿਬ ਪਾਠ ਦੇ ਭੋਗ ਪਾਏ ਗਏ, ਉਪਰੰਤ ਸਕੂਲ ਦੇ ਵਿਦਿਆਰਥੀਆਂ ਦੁਆਰਾ ਸ਼ਬਦ ਕੀਰਤਨ ਕੀਤਾ ਗਿਆ ਅਤੇ ਵੱਖ - ਵੱਖ ਬੁਲਾਰਿਆਂ ਦੁਆਰਾ ਆਪਣੇ ਵਿਚਾਰ ਸਾਂਝੇ ਕੀਤੇ ਗਏ। ਇਸ ਦੌਰਾਨ ਹੀ ਸਕੂਲ ਵਿੱਚ ਕਰਵਾਏ ਗਏ ਦਸਤਾਰਬੰਦੀ, ਭਾਸ਼ਣ ਅਤੇ ਹੋਰ ਵੱਖ -ਵੱਖ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਕੂਲ ਦੀ ਮੈਨੇਜਮੇਂਟ ਅਤੇ ਸਮਾਗਮ ਵਿਚ ਸ਼ਾਮਲ ਹੋਏ ਮਹਿਮਾਨਾਂ ਵੱਲੋਂ ਸਨਮਾਨਿਤ ਕੀਤਾ ਗਿਆ। ਸਕੂਲ ਦੇ ਪ੍ਰਧਾਨ ਗੁਰਦੇਵ ਸਿੰਘ ਅਟਵਾਲ, ਮੈਨੇਜਿੰਗ ਡਾਇਰੈਕਟਰ ਮੈਡਮ ਸ਼ਿੰਦਰਪਾਲ ਕੌਰ ਅਟਵਾਲ, ਮੈਨੇਜਰ ਮੈਡਮ ਪ੍ਰੀਤਪਾਲ ਕੌਰ ਅਟਵਾਲ, ਪ੍ਰਿੰਸੀਪਲ ਮੈਡਮ ਅਨੁਰਾਧਾ ਧੀਮਾਨ ਅਤੇ ਪ੍ਰਬੰਧਕ ਸੁਰਜੀਤ ਸਿੰਘ ਵੱਲੋਂ ਸਮਾਗਮ ਵਿਚ ਸ਼ਾਮਲ ਹੋਏ ਸਾਰੇ ਮਹਿਮਾਨਾਂ ਸਮੂਹ ਸਟਾਫ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਦਾ ਧੰਨਵਾਦ ਕੀਤਾ ਗਿਆ।

# ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦਾ ਸਲਾਨਾ ਸਮਾਗਮ ਧੂਮਧਾਮ ਨਾਲ ਸੰਪੰਨ






**ਸੁਲਤਾਨਪੁਰ ਲੋਧੀ, (ਹਨੀ)** ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ 41ਵੇਂ ਸਲਾਨਾ ਇਨਾਮ ਵੰਡ ਸਮਾਗਮ ਦਾ ਆਯੋਜਨ ਬੜੀ ਧੂਮਧਾਮ ਨਾਲ ਕੀਤਾ ਗਿਆ । ਸੀ.ਬੀ.ਐੱਸ. ਈ ਦੇ ਰਿਜਨਲ ਅਫਸਰ ਵਿਜੇ ਯਾਦਵ ਦਾ ਸਮਾਗਮ ਵਿਚ ਮੁੱਖ ਮਹਿਮਾਨ ਅਤੇ ਨਿਰਮਲਾ ਯਾਦਵ ਦਾ ਬਤੌਰ ਵਿਸ਼ੇਸ਼ ਮਹਿਮਾਨ ਸ਼ਿਰਕਤ ਕਰਨ 'ਤੇ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਵਲੋਂ ਜ਼ੋਰਦਾਰ ਸਵਾਗਤ ਕੀਤਾ ਗਿਆ। ਸਮਾਗਮ ਦੀ ਪ੍ਰਧਾਨਗੀ ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਨੇ ਕੀਤੀ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਸਮਾਗਮ ਵਿਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ । ਇਸ ਦੌਰਾਨ ਵਿਦਿਆਰਥੀਆਂ ਵਲੋਂ ਸੁਨਿਹਰਾ ਕੱਲ ਸਬੰਧੀ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਦੀ ਸ਼ੁਰੂਆਤ ਵਾਹਿਗੁਰੂ ਜੀ ਦਾ ਓਟ ਆਸਰਾ ਲੈਂਦਿਆਂ ਵਿਦਿਆਰਥੀਆਂ ਸ਼ਬਦ ਗਾਇਨ ਨਾਲ ਕੀਤੀ । ਇਸ ਤੋਂ ਪਹਿਲਾਂ ਪਹੁੰਚੇ ਮਹਿਮਾਨਾਂ ਦਾ ਰਸਮੀ ਸਵਾਗਤ ਕੀਤਾ ਗਿਆ, ਉਪਰੰਤ ਸ਼ਮ੍ਹਾਂ ਰੋਸ਼ਨ ਨਾਲ ਸਮਾਗਮ ਦਾ ਆਗਾਜ਼ ਕੀਤਾ ਗਿਆ । ਪ੍ਰਿੰਸੀਪਲ ਰੇਨੂੰ ਅਰੋੜਾ ਨੇ ਪਹੁੰਚੇ ਮਹਿਮਾਨਾਂ ਨੂੰ ਜੀ ਆਇਆਂ ਕਹਿੰਦਿਆਂ ਸਕੂਲ ਦੀ ਸਲਾਨਾ ਰਿਪੋਰਟ ਪੇਸ਼ ਕੀਤੀ । ਇਸ ਦੌਰਾਨ ਵਿਦਿਆਰਥੀਆਂ ਵੱਲੋਂ ਲਗਾਇਆ ਸਾਇੰਸ ਮੇਲਾ ਵੀ ਖਿੱਚ ਦਾ ਕੇਂਦਰ ਰਿਹਾ । ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਵਿਜੇ ਯਾਦਵ ਨੇ ਕਿਹਾ ਕਿ ਮਾਪਿਆਂ ਨੂੰ ਆਪਣੇ ਬੱਚਿਆਂ ਦੀ ਰੁਚੀ ਨੂੰ ਧਿਆਨ ਵਿਚ ਰੱਖਕੇ ਹੀ, ਉਨ੍ਹਾਂ ਦਾ ਫੀਲਡ ਚੁਨਣਾ ਚਾਹੀਦਾ ਹੈ । ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਕਾਮਯਾਬੀ ਵਿਚ ਜਿਨ੍ਹਾਂ ਅਧਿਆਪਕਾਂ ਦਾ ਯੋਗਦਾਨ ਹੁੰਦਾ ਹੈ, ਉਨ੍ਹਾਂ ਹੀ ਯੋਗਦਾਨ ਪ੍ਰਬੰਧਕ ਕਮੇਟੀ ਅਤੇ ਮਾਪਿਆਂ ਦਾ ਵੀ ਹੁੰਦਾ ਹੈ । ਇਸ ਮੌਕੇ ਬੋਲਦਿਆਂ ਬੀਬੀ ਗੁਰਪ੍ਰੀਤ ਕੌਰ ਨੇ ਪਹੁੰਚੇ ਮਹਿਮਾਨਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਦਾ ਧੰਨਵਾਦ ਕੀਤਾ। ਸਮਾਗਮ ਦੇ ਅੰਤ ਵਿਚ ਅਕੈਡਮਿਕ, ਸਪੋਰਟਸ ਅਤੇ ਸੱਭਿਆਚਾਰਕ ਖੇਤਰ ਵਿਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ । ਹੋਣਹਾਰ ਵਿਦਿਆਰਥਣ ਸਿਮਰਨਪ੍ਰੀਤ ਕੌਰ ਨੂੰ ਸਰਦਾਰ ਆਤਮਾ ਸਿੰਘ ਮੈਮੋਰੀਅਲ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ । ਇਸ ਮੌਕੇ ਜਸਵਿੰਦਰ ਕੌਰ, ਸਤਵੰਤ ਕੌਰ ਜੰਮੂ, ਬੇਨੰਤ ਸਿੰਘ ਮਰੋਕ,ਜਗਦੀਪ ਸਿੰਘ ਮਰੋਕ, ਅਮਨਦੀਪ ਕੌਰ, ਮਧੂ ਵਾਲੀਆ ਕਪੂਰਥਲਾ, ਬਲਵੀਰ ਕੌਰ ਨਾਨਕਪੁਰ, ਰਣਜੀਤ ਸਿੰਘ ਡੱਲਾ, ਹਰਜਿੰਦਰ ਸਿੰਘ ਲਾਡੀ, ਪ੍ਰਿੰਸੀਪਲ ਪ੍ਰਭਦੀਪ ਕੌਰ ਮੋਗਾ ਆਰ.ਸੀ. ਐੱਫ, ਨਰਿੰਦਰ ਪੱਤੜ, ਗੁਰਦਿਆਲ ਸਿੰਘ ਮੈਨੇਜਰ ਗੁਰਦੁਆਰਾ ਬੇਬੇ ਨਾਨਕੀ, ਬਲਵੀਰ ਸਿੰਘ ਗਾਜ਼ੀਪੁਰ, ਕਮਲਜੀਤ ਸਿੰਘ ਹੈਬਤਪੁਰ, ਮੈਡਮ ਸੁਨੀਤਾ ਗੁਜਰਾਲ, ਕੋਮਲ ਸ਼ਰਮਾ, ਨੀਤੂ ਸਿੰਘ, ਅੰਬਿਕਾ ਦੇਵੀ, ਹਰਜਿੰਦਰ ਕੌਰ, ਗੁਰਪ੍ਰੀਤ ਸਿੰਘ, ਸ਼ਬਨਮ ਘੁੰਮਣ, ਰਮਨ ਚਾਵਲਾ, ਬਲਵਿੰਦਰ ਕੌਰ, ਕੀਰਤ ਕੌਰ, ਸ਼ੀਲਾ ਸ਼ਰਮਾ, ਸੀਮਾ, ਮਨਪ੍ਰੀਤ ਕੌਰ, ਬਲਜੀਤ ਕੌਰ, ਰਮਨਦੀਪ ਕੌਰ, ਹੁਸਿਆਰ ਸਿੰਘ, ਵੈਸ਼ਨਵੀ, ਸ਼ਵੇਤਾ, ਹਰਲੀਨ ਕੌਰ, ਜਸਪ੍ਰੀਤ ਕੌਰ, ਅਮਰਦੀਪ ਕੌਰ, ਸਿਮਰਨਜੀਤ ਕੌਰ, ਸੰਦੀਪ ਕੌਰ, ਪਰਮਜੀਤ ਕੌਰ, ਦੀਪਿਕਾ, ਮਨਜੀਤ ਕੌਰ, ਪੂਜਾ ਜੌਲੀ, ਪੂਜਾ ਸ਼ਰਮਾ, ਜਸਵਿੰਦਰ ਕੌਰ, ਅਮਰ ਕੁਮਾਰ, ਸਵਿਤਾ ਸ਼ਰਮਾ, ਅਮਨਦੀਪ ਕੌਰ, ਮੋਨਿਕਾ ਗਿੱਲ, ਅਪੁਲ ਕਾਲਾ, ਬਲਵਿੰਦਰ ਕੌਰ ਆਦਿ ਸਟਾਫ਼ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਦੇ ਮਾਪੇ ਹਾਜਰ ਸਨ ।

# ਮੈਗਾ ਰੋਜ਼ਗਾਰ ਮੇਲਾ ਅੱਜ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਹੁਸ਼ਿਆਰਪੁਰ ਵਿਖੇ ਮਿਤੀ 23 ਦਸੰਬਰ-2022 ਦਿਨ ਸ਼ੁੱਕਰਵਾਰ ਨੂੰ ਮੈਗਾ ਰੋਜ਼ਗਾਰ ਮੇਲੇ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਵਲੋਂ ਦੱਸਿਆ ਗਿਆ ਕਿ ਇਸ ਰੋਜ਼ਗਾਰ ਮੇਲੇ ਵਿੱਚ ਨਾਮੀ ਕੰਪਨੀਆਂ ਜਿਵੇਂ ਕਿ ਸੋਨਾਲੀਕਾ, ਹਾਕਿੰਨਜ਼ ਕੁੱਕਰ, ਵਰਧਮਾਨ, ਕੋਕਾ ਕੋਲਾ, ਕੁਆਂਟਮ ਪੇਪਰ ਮਿਲ, ਊਸ਼ਾ ਮਾਰਟੀਨ, ਰਿਲਾਇੰਸ ਇੰਡਸਟਰੀਜ਼, ਵੀ.ਆਰ.ਐਲ ਲੋਜਿਸਟਿਕ ਅਤੇ ਹੋਰ ਕਈ ਕੰਪਨੀਆਂ ਵਲੋਂ ਭਰਤੀ ਕੀਤੀ ਜਾਣੀ ਹੈ। ਇਨ੍ਹਾਂ ਕੰਪਨੀਆਂ ਵਲੋਂ ਟੈਕਨੀਸ਼ੀਅਨ, ਨਾਨ ਟੈਕਨੀਸ਼ੀਅਨ, ਓਪਰੇਟਰ, ਸਕਿਉਰਿਟੀ ਗਾਰਡ, ਡਰਾਈਵਰ, ਹੈਲਪਰ, ਹਸਪਤਾਲ ਸਟਾਫ ਅਤੇ ਐਗਜੀਕਿਊਟਿਵ ਆਦਿ ਪੋਸਟਾਂ ਦੀ ਭਰਤੀ ਕੀਤੀ ਜਾਣੀ ਹੈ। ਡਿਪਟੀ ਕਮਿਸ਼ਨਰ ਵਲੋਂ ਦੱਸਿਆ ਗਿਆ ਕਿ ਚਾਹਵਾਨ ਯੋਗ ਪ੍ਰਾਰਥੀ ਜਿਨ੍ਹਾਂ ਦੀ ਯੋਗਤਾ ਮਿਡਲ ਦਸਵੀਂ, ਬਾਰ੍ਹਵੀਂ, ਗ੍ਰੈਜੂਏਸ਼ਨ, ਪੋਸਟ ਗ੍ਰੈਜੂਏਸ਼ਨ, ਆਈ.ਟੀ.ਆਈ, ਡਿਪਲੋਮਾ ਹੋਵੇ ਉਹ ਇਸ ਰੋਜ਼ਗਾਰ ਮੇਲੇ ਵਿੱਚ ਮਿਤੀ 23 ਦਸੰਬਰ 2022 ਸਵੇਰੇ 10 ਵਜੇ ਸ਼ਾਮਿਲ ਹੋ ਕੇ ਨੌਕਰੀਆਂ ਸਬੰਧੀ ਲਾਭ ਪ੍ਰਾਪਤ ਕਰ ਸਕਦੇ ਹਨ।

23-DectPage 9.qxd 12/22/2022 10:47 PM Page 1



## ਮਾਂ ਬੋਲੀ ਦਾ ਮਹੱਤਵ ਬੰਗਾਲੀਆਂ ਤੋਂ ਸਮਝਿਆ ਜਾ ਸਕਦੈ : ਵਾਲੀਆ




**ਲੋਹੀਆਂ ਖਾਸ, (ਰੀਨਾ ਸ਼ਰਮਾ, ਯੋਗੇਸ਼ਵਰ)** : 'ਪੰਜਾਬੀ ਜਾਗਰਣ' ਤੇ ਦਰਬਾਰ-ਏ-ਪੰਜਾਬ ਜਥੇਬੰਦੀ ਦੇ ਆਗੂ ਭਾਈ ਪਾਲ ਸਿੰਘ ਫਰਾਂਸ ਦੇ ਸਹਿਯੋਗ ਨਾਲ 'ਮਾਂ ਬੋਲੀ ਲਹਿਰ, ਪਿੰਡ-ਪਿੰਡ, ਸ਼ਹਿਰ-ਸ਼ਹਿਰ' ਤਹਿਤ ਬੇਰੀਜ਼ ਗਲੋਬਲ ਡਿਸਕਵਰੀ ਸਕੂਲ ਮਲਸੀਆਂ ਵਿਖੇ ਟਰੱਸਟੀ ਰਾਮ ਮੂਰਤੀ, ਐਡਮਨਿ ਹੈੱਡ ਤੇਜਪਾਲ ਸਿੰਘ ਤੇ ਪ੍ਰਿੰਸੀਪਲ ਸੰਦੀਪ ਕੌਰ ਦੀ ਦੇਖ-ਰੇਖ ਹੇਠ ਲੇਖ ਮੁਕਾਬਲਾ ਕਰਵਾਇਆ ਗਿਆ। ਮੁਕਾਬਲੇ ਵਿਚ ਪੰਜਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ 150 ਵਿਦਿਆਰਥੀਆਂ ਨੇ ਭਾਗ ਲਿਆ ਤੇ ਬਹੁਤ ਹੀ ਸੁੰਦਰ ਢੰਗ ਨਾਲ ਆਪਣੇ ਵਿਚਾਰਾਂ ਨੂੰ ਲੇਖ ਦੇ ਰੂਪ ਵਿਚ ਪ੍ਰਗਟ ਕੀਤਾ। ਇਸ ਮੌਕੇ 'ਪੰਜਾਬੀ ਜਾਗਰਣ' ਦੇ ਸੰਪਾਦਕ ਵਰਿੰਦਰ ਸਿੰਘ ਵਾਲੀਆ ਨੇ ਮੁੱਖ ਮਹਿਮਾਨ ਜਦਕਿ ਦਰਬਾਰ-ਏ-ਪੰਜਾਬ ਦੇ ਆਗੂ ਭਾਈ ਪਾਲ ਸਿੰਘ ਫਰਾਂਸ, ਲੋਕ ਅਧਿਕਾਰ ਲਹਿਰ ਦੇ ਆਗੂ ਬਲਵਿੰਦਰ ਸਿੰਘ, ਹਰਦੀਪ ਸਿੰਘ ਯੂਕੇ, ਪੱਤਰਕਾਰ ਪ੍ਰਿਤਪਾਲ ਸਿੰਘ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸੰਪਾਦਕ ਵਰਿੰਦਰ ਸਿੰਘ ਵਾਲੀਆ ਨੇ ਕਿਹਾ ਕਿ ਜੇ ਕਿਸੇ ਨੇ ਆਪਣੀ ਮਾਂ ਬੋਲੀ ਦੇ ਮਹੱਤਵ ਨੂੰ ਸਮਝਿਆ ਹੈ ਤਾਂ ਉਹ ਬੰਗਾਲੀਆਂ ਨੇ ਸਮਝਿਆ ਹੈ, ਜਿਨ੍ਹਾਂ ਨੇ ਆਪਣੀ ਮਾਂ ਬੋਲੀ ਬੰਗਲਾ ਦੀ ਹੋਂਦ ਬਚਾਉਣ ਵਾਸਤੇ ਪੱਛਮੀ ਪਾਕਿਸਤਾਨ ਵੱਲੋਂ ਠੋਸੀਆਂ ਜਾ ਰਹੀਆਂ ਹੋਰ ਭਾਸ਼ਾਵਾਂ ਦੇ ਗਲਬੇ ਦੇ ਵਿਰੋਧ ਵਿਚ ਖੜ੍ਹੇ ਹੋ ਕੇ ਸੰਘਰਸ਼ ਕੀਤਾ। ਮਾਂ-ਬੋਲੀ ਦੇ ਸਨਮਾਨ ਲਈ ਵਿੱਢੇ ਸੰਘਰਸ਼ ਨੂੰ ਦਬਾਉਣ ਲਈ ਸਰਕਾਰ ਵੱਲੋਂ ਬੜੀ ਸਖ਼ਤੀ ਵਰਤੀ ਗਈ ਤੇ ਤਸ਼ੱਦਦ ਕੀਤਾ ਗਿਆ, ਪਰ ਬੰਗਾਲੀ ਨਹੀਂ ਝੁਕੇ ਤੇ ਸ਼ਾਂਤਮਈ ਢੰਗ ਨਾਲ ਮੁਜ਼ਾਹਰਾ ਕਰਦੇ ਰਹੇ। ਮਾਤ-ਭਾਸ਼ਾ ਪ੍ਰੇਮੀਆਂ ਉੱਤੇ ਪਾਕਿਸਤਾਨੀ ਸੁਰੱਖਿਆ ਫੋਰਸਾਂ ਵੱਲੋਂ ਢਾਕਾ ਵਿਖੇ 21 ਫਰਵਰੀ 1952 ਨੂੰ ਗੋਲੀਆਂ ਚਲਾਈਆਂ ਗਈਆਂ, ਜਿਸ ਵਿਚ ਇਨ੍ਹਾਂ ਪ੍ਰਦਰਸ਼ਨਕਾਰੀਆਂ ਦੇ ਆਗੂਆਂ ਸਮੇਤ ਅਨੇਕਾਂ ਲੋਕ 'ਸ਼ਹੀਦ' ਹੋ ਗਏ। ਇਨ੍ਹਾਂ ਸ਼ਹੀਦਾਂ ਦੀ ਸਹਾਦਤ ਦਾ ਇਹ ਦਿਨ ਪੂਰਬੀ ਬੰਗਲਾ ਦੇ ਇਤਿਹਾਸ ਨੂੰ ਮੋੜਾ ਦੇਣ ਵਾਲਾ ਦਿਨ ਸਾਬਤ ਹੋਇਆ ਤੇ ਬੰਗਲਾਦੇਸ਼ ਰਾਸ਼ਟਰ ਦੀ ਨੀਂਹ ਰੱਖੀ ਗਈ। ਲੰਮਾ ਸੰਘਰਸ਼ ਕਰਨ ਤੋਂ ਬਾਅਦ ਪਾਕਿਸਤਾਨ ਨਾਲੋਂ ਅਲੱਗ ਹੋ ਕੇ 1971 ਵਿਚ ਇਕ ਵੱਖਰਾ ਦੇਸ਼ ਹੋਂਦ ਵਿਚ ਆਇਆ ਜਿਸ ਦਾ ਨਾਂਅ ਉਨ੍ਹਾਂ ਨੇ ਆਪਣੀ ਮਾਂ ਬੋਲੀ ਦੇ ਨਾਂਅ 'ਤੇ ਬੰਗਲਾਦੇਸ਼ ਰੱਖਿਆ ਤੇ ਆਪਣੀ ਬੋਲੀ ਦੀ ਹੋਂਦ ਨੂੰ ਬਚਾਇਆ। ਉਨ੍ਹਾਂ ਕਿਹਾ ਕਿ ਬੰਗਲਾ ਵਾਸੀਆਂ ਦੇ ਸੰਘਰਸ਼ ਦਾ ਹੀ ਸਿੱਟਾ ਹੈ ਕਿ ਹਰ ਸਾਲ 21 ਫਰਵਰੀ ਨੂੰ ਯੂਐਨਓ ਵੱਲੋਂ ਕੌਮਾਂਤਰੀ ਪੱਧਰ ਉੱਤੇ 2009 ਤੋਂ ਲਗਾਤਾਰ ਮਾਂ ਬੋਲੀ ਦਿਵਸ ਮਨਾਇਆ ਜਾਂਦਾ ਹੈ। ਇਸ ਲਈ ਮਾਂ ਬੋਲੀ ਦਾ ਮਹੱਤਵ ਬੰਗਾਲੀਆਂ ਤੋਂ ਸਮਝਿਆ ਜਾ ਸਕਦਾ ਹੈ। ਦਰਬਾਰ-ਏ-ਪੰਜਾਬ ਦੇ ਆਗੂ ਭਾਈ ਪਾਲ ਸਿੰਘ ਫਰਾਂਸ ਨੇ ਕਿਹਾ ਕਿ ਆਪਣੇ ਵਿਰਸੇ ਨੂੰ ਜਿੰਦਾ ਰੱਖਣ ਵਾਸਤੇ, ਅਗਲੀਆਂ ਪੀੜ੍ਹੀਆਂ ਵਿਚ ਨੈਤਿਕ ਕਦਰਾਂ ਕੀਮਤਾਂ ਬਣਾਈ ਰੱਖਣ ਵਾਸਤੇ ਮਾਂ ਬੋਲੀ ਦਾ ਪੱਲਾ ਫੜ ਕੇ ਰੱਖਣਾ ਪਵੇਗਾ। ਉਨ੍ਹਾਂ ਕਿਹਾ ਕਿ ਭਾਸ਼ਾਵਾਂ ਦਾ ਗਿਆਨ ਵੱਧ ਤੋਂ ਵੱਧ ਹੋਣਾ ਚਾਹੀਦਾ ਹੈ ਪਰ ਉਨ੍ਹਾਂ ਦਾ ਸਤਿਕਾਰ ਮਾਂ ਬੋਲੀ ਨੂੰ ਵਿਸਾਰ ਕੇ ਨਹੀਂ ਹੋ ਸਕਦਾ। ਮਾਤ-ਭਾਸ਼ਾ ਨੂੰ ਕੋਈ ਵੀ ਆਪਣੀ ਹੋਂਦ ਨਾਲੋਂ ਵੱਖ ਨਹੀਂ ਕਰ ਸਕਦਾ। ਸਿਰਫ ਮਾਤ-ਭਾਸ਼ਾ ਵਿਚ ਹੀ ਆਪਣੇ ਵਿਚਾਰਾਂ ਦਾ ਖੁੱਲ੍ਹਾ ਪ੍ਰਗਟਾਵਾ ਕੀਤਾ ਜਾ ਸਕਦਾ ਹੈ। ਮਾਤ-ਭਾਸ਼ਾ ਰਾਹੀਂ ਜੋ ਵੀ ਜਾਣਕਾਰੀ ਜਾਂ ਗਿਆਨ ਅਸੀਂ ਪ੍ਰਾਪਤ ਕਰਦੇ ਹਾਂ, ਉਹ ਹਮੇਸ਼ਾ ਸਾਡੇ ਨਾਲ ਰਹਿੰਦਾ ਹੈ। ਜੇ ਬੱਚੇ ਆਪਣੀ ਮਾਂ ਬੋਲੀ ਨਾਲ ਜੁੜੇ ਹੋਣਗੇ ਤਾਂ ਹੀ ਉਹ ਆਪਣੇ ਵਿਰਸੇ ਅਤੇ ਸਮਾਜਿਕ ਕਦਰਾਂ-ਕੀਮਤਾਂ ਨਾਲ ਜੁੜ ਸਕਣਗੇ। ਉਨ੍ਹਾਂ ਦੀ ਸਖਸ਼ੀਅਤ ਦਾ ਹਰ ਪੱਖੋਂ ਵਿਕਾਸ ਹੋਵੇਗਾ। ਪ੍ਰਿੰਸੀਪਲ ਸੰਦੀਪ ਕੌਰ ਨੇ ਮਾਂ ਬੋਲੀ ਲਹਿਰ,ਪਿੰਡ ਪਿੰਡ ਸ਼ਹਿਰ ਸ਼ਹਿਰ ਸ਼ੁਰੂ ਕਰਨ ਦੇ ਉਪਰਾਲੇ ਦੀ ਖੂਬ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਬੱਚਿਆਂ ਨੂੰ ਆਪਣੇ ਵਿਰਸੇ ਨਾਲ ਜੋੜਨ ਲਈ ਬਹੁਤ ਵਧੀਆ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਸਾਡੀ ਨਵੀਂ ਪੀੜ੍ਹੀ, ਜੋ ਆਪਣੀ ਮਾਂ ਬੋਲੀ ਤੋਂ ਦੂਰ ਹੁੰਦੀ ਜਾ ਰਹੀ ਹੈ, ਨੂੰ ਮਾਂ ਬੋਲੀ ਪੰਜਾਬੀ ਨਾਲ ਜੁੜ ਕੇ ਉਸ ਦੀ ਸੇਵਾ ਕਰਨ ਲਈ ਪ੍ਰੇਰਨਾ ਮਿਲੇਗੀ। ਪ੍ਰਿੰਸੀਪਲ ਸੰਦੀਪ ਕੌਰ ਨੇ ਕਿਹਾ ਕਿ ਇਹੋ ਜਿਹੇ ਉਪਰਾਲੇ ਹੁੰਦੇ ਰਹਿਣੇ ਚਾਹੀਦੇ ਹਨ ਤਾਂ ਜੋ ਬੱਚੇ ਆਪਣੀ ਧਰਤੀ, ਵਿਰਸੇ ਨਾਲ ਜੁੜੇ ਰਹਿਣ। ਇਸ ਮੌਕੇ ਲੇਖ ਮੁਕਾਬਲੇ ਵਿਚ 150 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ। ਪੰਜਾਵੀਂ ਤੋਂ ਅੱਠਵੀਂ ਦੇ ਵਿਦਿਆਰਥੀਆਂ ਨੇ ਪੜ੍ਹੋ ਪੰਜਾਬੀ, ਲਿਖੋ ਪੰਜਾਬੀ ਵਿਸ਼ੇ, ਨੌਂਵੀਂ ਤੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਵੱਧ ਰਿਹਾ ਫਾਸਟ ਫੂਡ ਦਾ ਰੁਝਾਨ ਵਿਸ਼ੇ ਅਤੇ ਗਿਆਰਵੀਂ-ਬਾਰ੍ਹਵੀਂ ਦੇ ਵਿਦਿਆਰਥੀਆਂ ਨੇ ਨਸ਼ਿਆਂ ਦਾ ਵੱਧ ਰਿਹਾ ਰੁਝਾਨ ਵਿਸ਼ੇ 'ਤੇ ਬਹੁਤ ਸੁੰਦਰ ਲੇਖ ਲਿਖੇ।

## ਸਾਹਿਬਜ਼ਾਦਿਆਂ ਦੀ ਨਿੱਘੀ ਯਾਦ 'ਚ 23ਵਾਂ ਸਾਲਾਨਾ ਕੀਰਤਨ ਦਰਬਾਰ 25 ਨੂੰ

**ਫਗਵਾੜਾ (ਡਾ.ਰਮਨ, ਢੱਡਾ)**-ਬਾਬਾ ਫਤਿਹ ਸਿੰਘ ਨਗਰ ਵੈਲਫੇਅਰ ਸੁਸਾਇਟੀ ਰਜਿ. ਫਗਵਾੜਾ ਵਲੋਂ ਸਰਬੰਸ ਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ 25 ਦਸੰਬਰ ਨੂੰ ਕਰਵਾਏ ਜਾ ਰਹੇ 23ਵੇਂ ਸਾਲਾਨਾ ਮਹਾਨ ਕੀਰਤਨ ਦਰਬਾਰ ਦੀਆਂ ਤਿਆਰੀਆਂ ਜੰਗੀ ਪੱਧਰ 'ਤੇ ਜਾਰੀ ਹਨ। ਵਧੇਰੇ ਜਾਣਕਾਰੀ ਦਿੰਦਿਆਂ ਸੁਸਾਇਟੀ ਦੇ ਚੇਅਰਮੈਨ ਮੇਜਰ ਸਿੰਘ ਸੈਣੀ ਨੇ ਦੱਸਿਆ ਕਿ 25 ਦਸੰਬਰ ਦਿਨ ਐਤਵਾਰ ਨੂੰ ਗੁਰਦੁਆਰਾ ਸੱਤ ਸਮਾਇਣ ਸਾਹਿਬ ਬਾਬਾ ਫਤਿਹ ਸਿੰਘ ਨਗਰ ਗਲੀ ਨੰਬਰ 6 ਫਗਵਾੜਾ ਵਿਖੇ ਸਵੇਰੇ 9 ਵਜੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦਾ ਸ਼ੁੱਭ ਆਰੰਭ ਹੋਵੇਗਾ ਅਤੇ 10.30 ਵਜੇ ਪਾਠ ਦੇ ਭੋਗ ਉਪਰੰਤ ਸਰਬੱਤ ਦੇ ਭਲੇ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਤੋਂ ਬਾਅਦ ਸ਼ਾਮ 4 ਵਜੇ ਤੱਕ ਧਾਰਮਿਕ ਦੀਵਾਨ ਸਜਾਏ ਜਾਣਗੇ। ਜਿਸ ਵਿਚ ਭਾਈ ਬਿਕਰਮਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਪਰਉਪਕਾਰ ਸਿੰਘ ਖਾਲਸਾ ਨਕੋਦਰ ਵਾਲੀਆਂ ਬੀਬੀਆਂ ਦਾ ਜੱਥਾ, ਭਾਈ ਬ੍ਰਹਮਜੋਤ ਸਿੰਘ ਗੋਪਾਲ ਨਗਰ ਜਲੰਧਰ ਵਾਲੇ, ਰਾਗੀ ਭਾਈ ਰਜਿੰਦਰ ਸਿੰਘ ਖਾਲਸਾ ਅਤੇ ਰਾਗੀ ਭਾਈ ਗੁਰਦੀਪ ਸਿੰਘ ਪਲਾਹੀ ਸਾਹਿਬ ਵਾਲੇ ਸ਼ਬਦ ਕੀਰਤਨ ਅਤੇ ਢਾਡੀ ਵਾਰਾਂ ਰਾਹੀਂ ਗੁਰੂ ਇਤਿਹਾਸ ਸਰਵਣ ਕਰਵਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ। ਚਾਹ ਪਕੌੜੇ ਦੀ ਸੇਵਾ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਉਹਨਾਂ ਦੱਸਿਆ ਕਿ ਸਮਾਗਮ ਸਬੰਧੀ ਸਮੂਹ ਸੁਸਾਇਟੀ ਮੈਂਬਰਾਂ ਤੇ ਅਹੁਦੇਦਾਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਇਸ ਸਾਲਾਨਾ ਸਮਾਗਮ ਨੂੰ ਲੈ ਕੇ ਸੰਗਤਾਂ ਵਿਚ ਭਾਰੀ ਉਤਸ਼ਾਹ ਹੈ। ਉਹਨਾਂ ਇਲਾਕੇ ਦੀ ਸਮੂਹ ਸੰਗਤ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਇਸ ਧਾਰਮਿਕ ਸਮਾਗਮ ਵਿਚ ਪਰਵਾਰਾਂ ਸਮੇਤ ਹਾਜਰੀਆਂ ਭਰ ਕੇ ਗੁਰੂ ਸਾਹਿਬਾਨ ਦਾ ਅਸ਼ੀਰਵਾਦ ਪ੍ਰਾਪਤ ਕਰਨ। ਇਸ ਮੌਕੇ ਜਤਿੰਦਰ ਸਿੰਘ ਖਾਲਸਾ, ਦਲਜੀਤ ਸਿੰਘ ਕਾਲਾ, ਗੁਰਮੀਤ ਸਿੰਘ ਜੀਤਾ, ਅਮਰੀਕ ਸਿੰਘ, ਮਹਿੰਗਾ ਸਿੰਘ, ਕੁਲਦੀਪ ਸਿੰਘ ਬਸਰਾ, ਜਸਵੀਰ ਸਿੰਘ ਸੀਹਰਾ, ਰੇਸ਼ਮ ਸਿੰਘ ਬਸੂਟਾ, ਸਤਵਿੰਦਰ ਸਿੰਘ ਬਿੱਲਾ, ਜਸਬੀਰ ਸਿੰਘ ਫੌਜੀ, ਸਤਨਾਮ ਸਿੰਘ, ਸੋਨੂੰ, ਮਹਿੰਦਰ ਸਿੰਘ ਫੌਜੀ, ਮਲਕੀਅਤ ਸਿੰਘ ਨਿੱਕਾ, ਗੁਰਨਾਮ ਸਿੰਘ, ਬਲਵੀਰ ਸਿੰਘ ਫੌਜੀ, ਚਰਨਜੀਤ ਸਿੰਘ, ਅਮਰਜੀਤ ਸਿੰਘ ਬਸੂਟਾ ਤੇ ਪਰਮਜੀਤ ਸਿੰਘ ਬਸੂਟਾ ਆਦਿ ਹਾਜਰ ਸਨ।

## ਮਾਨ ਨੇ ਕ੍ਰਿਸਮਸ ਨੂੰ ਸਮਰਪਤ ਸ਼ੋਭਾ ਯਾਤਰਾ ਦਾ ਕਰਵਾਇਆ ਸ਼ੁੱਭ ਆਰੰਭ



**ਫਗਵਾੜਾ ( ਡਾ. ਰਮਨ )** ਪਾਸਟਰ ਐਸੋਸੀਏਸ਼ਨ ਫਗਵਾੜਾ ਵਲੋਂ ਕ੍ਰਿਸਮਿਸ ਦੇ ਸਬੰਧ 'ਚ ਸਜਾਈ ਗਈ ਸ਼ੋਭਾ ਯਾਤਰਾ ਦਾ ਸ਼ੁੱਭ ਆਰੰਭ ਸੀਨੀਅਰ ਆਪ ਆਗੂ ਅਤੇ ਹਲਕਾ ਵਿਧਾਨ ਸਭਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਵਲੋਂ ਰਿਬਨ ਕੱਟ ਕੇ ਕਰਵਾਇਆ ਗਿਆ। ਉਹਨਾਂ ਦੇ ਨਾਲ ਐਸ.ਐਚ.ਓ. ਸਿਟੀ ਅਮਨਦੀਪ ਨਾਹਰ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਜੋਗਿੰਦਰ ਸਿੰਘ ਮਾਨ ਨੇ ਸਮੂਹ ਮਸੀਹੀ ਭਾਈਚਾਰੇ ਨੂੰ ਪ੍ਰਭੂ ਈਸਾ ਮਸੀਹ ਦੇ ਜਨਮ ਦਿਵਸ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਕਿਹਾ ਕਿ ਪ੍ਰਭੂ ਯੀਸ਼ੂ ਨੇ ਦੁਨੀਆ ਨੂੰ ਨਿਮਰਤਾ, ਤਿਆਗ ਅਤੇ ਦਯਾ ਦਾ ਸੁਨੇਹਾ ਦਿੱਤਾ ਹੈ। ਦੁਨੀਆ ਦੇ ਸਾਰੇ ਹੀ ਧਰਮਾਂ ਦਾ ਸਤਿਕਾਰ ਕਰਨਾ ਸਾਡਾ ਫਰਜ਼ ਹੈ। ਆਮ ਆਦਮੀ ਪਾਰਟੀ ਦੇ ਇਸੇ ਫਲਸਫੇ ਦੀ ਵਜ੍ਹਾ ਨਾਲ ਦਿੱਲੀ ਅਤੇ ਪੰਜਾਬ ਵਿਚ ਸਰਕਾਰ ਬਨਾਉਣ ਦੇ ਨਾਲ ਭਾਰਤ ਦੀ ਜਨਤਾ ਨੇ ਆਪ ਪਾਰਟੀ ਨੂੰ ਕੌਮੀ ਪਾਰਟੀ ਵਜੋਂ ਸਵੀਕਾਰ ਕੀਤਾ ਹੈ। ਸ਼ੋਭਾ ਯਾਤਰਾ ਦੌਰਾਨ ਪ੍ਰਭੂ ਯੀਸ਼ੂ ਮਸੀਹ ਅਤੇ ਕ੍ਰਿਸਮਿਸ ਦੇ ਤਿਓਹਾਰ ਨਾਲ ਸਬੰਧਤ ਖੂਬਸੂਰਤ ਝਾਕੀਆਂ ਵਿਸ਼ੇਸ਼ ਖਿੱਚ ਦਾ ਕੇਂਦਰ ਸਨ। ਸ਼ੋਭਾ ਯਾਤਰਾ 'ਚ ਵੱਡੀ ਗਿਣਤੀ ਵਿਚ ਮਸੀਹੀ ਭਾਈਚਾਰੇ ਨੇ ਸ਼ਿਰਕਤ ਕੀਤੀ। ਸ਼ੋਭਾ ਯਾਤਰਾ ਦਾ ਥਾਂ-ਥਾਂ 'ਤੇ ਭਰਵਾਂ ਸਵਾਗਤ ਵੀ ਕੀਤਾ ਗਿਆ।

## ਚੰਡੀਗੜ੍ਹ ਟਰਾਂਸਪੋਰਟ ਵਿਭਾਗ ਤੇ ਬੈਂਕਾਂ ਤੋਂ ਪ੍ਰੇਸ਼ਾਨ ਸੀ.ਟੀ.ਯੂ. ਪੈਨਸ਼ਨਰਾਂ ਵੱਲੋਂ ਭਰਵੀਂ ਮੀਟਿੰਗ



**ਸ਼ਾਹਕੋਟ(ਗਿਆਨ ਸੈਦਪੁਰੀ)** ਯੂ.ਟੀ. ਚੰਡੀਗੜ੍ਹ ਗੌਰਮਿੰਟ ਪੈਨਸ਼ਨਰਜ ਐਸੋਸੀਏਸ਼ਨ ਵੱਲੋਂ ਪੈਨਸ਼ਨਰਾਂ ਦੀਆਂ ਪਿਛਲੇ ਲੰਬੇ ਸਮੇਂ ਤੋਂ ਲਮਕਦੀਆਂ ਆ ਰਹੀਆਂ ਮੰਗਾਂ ਨੂੰ ਲੈ ਇੱਕ ਭਰਵੀਂ ਮੀਟਿੰਗ ਸੈਕਟਰ 17 ਚੰਡੀਗੜ੍ਹ ਵਿਖੇ ਹੋਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਪੈਨਸ਼ਨਰਾਂ ਨੇ ਸਮੂਲੀਅਤ ਕਰਦਿਆਂ ਯੂ.ਟੀ. ਪ੍ਰਸ਼ਾਸਨ, ਟਰਾਂਸਪੋਰਟ ਵਿਭਾਗ ਦੇ ਅਧਿਕਾਰੀਆਂ ਅਤੇ ਚੰਡੀਗੜ੍ਹ ਵਿਚਲੇ ਬੈਂਕਾਂ ਦੇ ਅਧਿਕਾਰੀਆਂ ਖਿਲਾਫ ਨਾਅਰੇਬਾਜੀ ਵੀ ਕੀਤੀ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਐਸੋਸੀਏਸ਼ਨ ਦੇ ਪ੍ਰਧਾਨ ਜਗਦੀਸ ਸਿੰਘ ਸਰਾਓ, ਜਨਰਲ ਸਕੱਤਰ ਨਰਿੰਦਰ ਸਿੰਘ ਜਵਾਹਰਪੁਰ, ਸਰਪ੍ਰਸਤ ਮੋਹਿੰਦਰ ਸਿੰਘ ਅਟਵਾਲ, ਕਾਨੂੰਨੀ ਸਲਾਹਕਾਰ ਰਾਜ ਕੁਮਾਰ, ਮੀਤ ਪ੍ਰਧਾਨ ਸਕਤੀ ਕੁਮਾਰ ਆਦਿ ਨੇ ਕਿਹਾ ਕਿ ਸੀ.ਟੀ.ਯੂ. ਵਿੱਚੋਂ 1 ਜਨਵਰੀ 2016 ਤੋਂ ਬਾਅਦ ਸੇਵਾਮੁਕਤ ਹੋਏ ਕਰਮਚਾਰੀਆਂ ਦੀ ਹਾਲੇ ਤੱਕ ਪੈਨਸ਼ਨ ਸੋਧੀ ਨਹੀਂ ਗਈ। ਉਨ੍ਹਾਂ ਦੇ ਬਕਾਇਆਂ ਦੇ ਬਿੱਲ ਵੀ ਮਹਿਕਮੇ ਵੱਲੋਂ ਗਲਤ ਬਣਾਏ ਗਏ ਜਿਸ ਕਰਕੇ ਉਹ ਬਿਲ ਖਜਾਨੇ ਵਿੱਚੋਂ ਕਈ ਵਾਰ ਵਾਪਿਸ ਜਾ ਚੁੱਕੇ ਹਨ। ਇਸੇ ਤਰ੍ਹਾਂ ਜਿਹੜੇ ਪੈਨਸ਼ਨਰ ਇੱਕ-ਇੱਕ ਸਾਲ ਜਾਂ ਦੋ ਸਾਲ ਦਾ ਵਾਧਾ ਲੈ ਕੇ ਸੇਵਾਮੁਕਤ ਹੋਏ ਹਨ, ਉਨ੍ਹਾਂ ਵੱਲੋਂ ਨਿਰਧਾਰਿਤ ਪ੍ਰੋਫਾਰਮੇ ਉਤੇ ਦਿੱਤੀਆਂ ਹੋਈਆਂ ਅਰਜੀਆਂ 'ਤੇ ਵੀ ਕੋਈ ਕਾਰਵਾਈ ਨਹੀਂ ਹੋਈ। ਇਸ ਸਬੰਧੀ ਜਦੋਂ ਸੀ.ਟੀ.ਯੂ. ਦੇ ਡਾਇਰੈਕਟਰ ਨਾਲ 26 ਜੁਲਾਈ 2022 ਨੂੰ ਮੁਲਾਕਾਤ ਕੀਤੀ ਗਈ ਅਤੇ ਉਨ੍ਹਾਂ ਵੱਲੋਂ ਦਿੱਤੇ ਭਰੋਸੇ ਉਪਰੰਤ ਵੀ ਕੋਈ ਕਾਰਵਾਈ ਅਮਲ ਵਿੱਚ ਨਹੀਂ ਲਿਆਂਦੀ ਗਈ। ਉਨ੍ਹਾਂ ਇਹ ਵੀ ਕਿਹਾ ਕਿ ਸੀ.ਟੀ.ਯੂ. ਦੇ ਡਾਇਰੈਕਟਰ ਵੱਲੋਂ ਕੀਤੀ ਖਿਚਾਈ ਦੇ ਬਾਵਜੂਦ ਵੀ ਯੂਕੋ ਬੈਂਕ, ਪੰਜਾਬ ਨੈਸ਼ਨਲ ਬੈਂਕ, ਪੰਜਾਬ ਐਂਡ ਸਿੰਧ ਬੈਂਕ ਦੇ ਅਧਿਕਾਰੀਆਂ ਵੱਲੋਂ ਪੈਨਸ਼ਨਰਾਂ ਦੀ ਛੇਵੇਂ ਤਨਖਾਹ ਕਮਿਸ਼ਨ ਮੁਤਾਬਕ ਪੈਨਸਨ ਦੀ ਰਵੀਜਨ, ਮੈਡੀਕਲ ਭੱਤਾ ਆਦਿ ਦੀ ਅਦਾਇਗੀ ਨਹੀਂ ਕੀਤੀ ਜਾ ਰਹੀ। ਮੀਟਿੰਗ ਵਿੱਚ ਆਮ ਆਦਮੀ ਪਾਰਟੀ ਦੇ ਮੁਲਾਜਮ ਵਿੰਗ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਮੇਲ ਸਿੰਘ ਸਿੱਧੂ ਸਮੇਤ ਪੈਨਸ਼ਨਰ ਆਗੂਆਂ ਵਿੱਚ ਪਿਸ਼ੌਰਾ ਸਿੰਘ, ਗੁਰਦੀਪ ਸਿੰਘ, ਰਾਜ ਕੁਮਾਰ ਸ਼ਰਮਾ, ਨਰਿੰਦਰ ਸਿੰਘ, ਹਰਜਿੰਦਰ ਸਿੰਘ ਆਦਿ ਨੇ ਵੀ ਆਪਣੇ ਵਿਚਾਰ ਰੱਖੇ। ਐਸੋਸੀਏਸ਼ਨ ਦੇ ਪ੍ਰਧਾਨ ਜਗਦੀਸ਼ ਸਰਾਓ ਨੇ ਦੱਸਿਆ ਕਿ ਮੀਟਿੰਗ ਉਪਰੰਤ ਪੈਨਸ਼ਨਰ ਐਸੋਸੀਏਸ਼ਨ ਦਾ ਵਫਦ ਡਾਇਰੈਕਟਰ ਟਰਾਂਸਪੋਰਟ ਨੂੰ ਆਰ.ਐਲ.ਏ. ਦਫਤਰ ਵਿਖੇ ਮਿਲਿਆ ਜਿਨ੍ਹਾਂ ਨੇ ਅਕਾਊਂਟਸ ਅਫਸਰ-2 ਨੂੰ ਟੈਲੀਫੋਨ ਰਾਹੀਂ ਇੱਕ ਹਫਤੇ ਅੰਦਰ ਪੈਨਸ਼ਨਰਾਂ ਦੀਆ ਮੰਗਾਂ ਦੇ ਹੱਲ ਕਰਨ ਲਈ ਕਿਹਾ। ਇਸੇ ਦੌਰਾਨ ਐਸੋਸੀਏਸ਼ਨ ਦੇ ਆਗੂਆਂ ਨੇ ਚਿਤਾਵਨੀ ਵੀ ਦਿੱਤੀ ਕਿ ਜੇਕਰ ਸੀ.ਟੀ.ਯੂ. ਮਹਿਕਮੇ ਵੱਲੋਂ ਅਤੇ ਬੈਂਕਾਂ ਵੱਲੋਂ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ ਐਸੋਸੀਏਸ਼ਨ ਸੀ.ਟੀ.ਯੂ. ਦਫਤਰ ਅਤੇ ਸਬੰਧਿਤ ਬੈਂਕਾਂ ਜਬਰਦਸਤ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਵੇਗੀ।

## ਗੁਰੂ ਗੋਬਿੰਦ ਸਿੰਘ ਜੀ ਦੀ ਕੁਰਬਾਨੀ ਅਦੁੱਤੀ : ਭੰਡਾਲ

**ਨੂਰਮਹਿਲ ( ਬਾਲ ਕਿਸਨ ਬਾਲੀ )**-ਸ੍ਰੀ ਅਨੰਦਪੁਰ ਸਾਹਿਬ ਛੱਡਣ ਵੇਲੇ ਸਰਸਾ ਨਦੀ ਪਾਰ ਕਰਦੇ ਸਮੇਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪੂਰਾ ਪਰਵਾਰ ਵਿਛੜ ਗਿਆ। ਇਸ ਦੀ ਜਾਣਕਾਰੀ ਪ੍ਰਧਾਨ, ਰਾਜੂ ਭੰਡਾਲ ਅਮਰੀਕਾ ਨੇ ਦਿੱਤੀ । ਉਨ੍ਹਾਂ ਕਿਹਾ ਕਿ ਮਾਤਾ ਗੁਜਰੀ ਜੀ ਅਤੇ ਦੋ ਛੋਟੇ ਪੋਤੇ ਸਾਹਿਬਜ਼ਾਦੇ ਜੋਰਾਵਰ ਸਿੰਘ ਅਤੇ ਫਤਿਹ ਸਿੰਘ ਦੇ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਉਹਨਾਂ ਦੇ ਦੋ ਵੱਡੇ ਸਾਹਿਬਜ਼ਾਦਿਆਂ ਨਾਲੋਂ ਅਲੱਗ ਹੋ ਗਏ। ਸਰਸਾ ਨਦੀ ਪਾਰ ਕਰਦੇ ਹੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਉਤੇ ਦੁਸ਼ਮਣਾਂ ਦੀ ਸੈਨਾ ਨੇ ਚਮਕੌਰ ਦੀ ਗੜ੍ਹੀ ਦੇ ਇਸ ਭਿਆਨਕ ਯੁੱਧ 'ਚ ਗੁਰੂ ਜੀ ਦੇ ਦੋ ਵੱਡੇ ਸਾਹਿਬਜ਼ਾਦਿਆਂ ਨੇ ਸ਼ਹਾਦਤ ਪ੍ਰਾਪਤ ਕਰ ਲਈ। ਸਾਹਿਬਜ਼ਾਦਾ ਅਜੀਤ ਸਿੰਘ 17 ਸਾਲ ਦੇ ਅਤੇ ਜੁਝਾਰ ਸਿੰਘ 15 ਸਾਲਾਂ ਦੀ ਉਮਰ ਵਿੱਚ ਗੁਰੂ ਜੀ ਨੇ ਆਪਣੇ ਹੱਥਾਂ ਨਾਲ ਸ਼ਸਤਰ ਸਜਾ ਕੇ ਧਰਮਯੁੱਧ ਭੂਮੀ ਵਿੱਚ ਭੇਜਿਆ ਸੀ। ਸਰਸਾ ਨਦੀ 'ਤੇ ਵਿਛੜੇ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦੇ ਜੋਰਾਵਰ ਸਿੰਘ ਜੀ ਦੀ ਉਮਰ 7 ਸਾਲ ਅਤੇ ਸਾਹਿਬਜ਼ਾਦਾ ਫਤਿਹ ਸਿੰਘ 5 ਸਾਲ ਦੀ ਉਮਰ ਵਿੱਚ ਗ੍ਰਿਫਤਾਰ ਕਰ ਲਏ ਗਏ। ਉਹਨਾਂ ਨੂੰ ਸਰਹਿੰਦ ਦੇ ਨਵਾਬ ਵਜੀਰ ਖਾਂ ਦੇ ਸਾਹਮਣੇ ਪੇਸ਼ ਕਰ ਮਾਤਾ ਗੁਜਰੀ ਜੀ ਦੇ ਨਾਲ ਠੰਡੇ ਬੁਰਜ ਵਿੱਚ ਕੈਦ ਕਰ ਦਿੱਤਾ ਅਤੇ ਫਿਰ ਕਈ ਦਿਨ ਤੱਕ ਨਵਾਬ ਅਤੇ ਕਾਜੀ ਉਹਨਾਂ ਨੂੰ ਦਰਬਾਰ ਵਿੱਚ ਬੁਲਾ ਕੇ ਧਰਮ ਪਰਿਵਰਤਨ ਦੇ ਲਈ ਕਈ ਪ੍ਰਕਾਰ ਦੇ ਲਾਲਚ ਅਤੇ ਧਮਕੀਆਂ ਦਿੰਦੇ ਰਹੇ। ਦੋਵੇਂ ਸਾਹਿਬਜ਼ਾਦੇ, ਗਰਜ ਕੇ ਜੁਆਬ ਦਿੰਦੇ, "ਅਸੀਂ ਅਕਾਲ ਪੁਰਖ ਅਤੇ ਆਪਣੇ ਗੁਰੂ ਪਿਤਾ ਜੀ ਦੇ ਅੱਗੇ ਹੀ ਸਿਰ ਝੁਕਾਉਂਦੇ ਹਾਂ। ਕਿਸੀ ਹੋਰ ਨੂੰ ਸਲਾਮ ਨਹੀਂ ਕਰਦੇ। ਸਾਡੀ ਲੜਾਈ ਇਨਸਾਫ਼ ਲਈ, ਧਰਮ ਅਤੇ ਜੁਲਮ ਦੇ ਖਿਲਾਫ ਹੈ। ਅਸੀਂ ਤੁਹਾਡੇ ਇਸ ਜੁਲਮ ਖਿਲਾਫ ਹਾਂ। ਅਸੀਂ ਤਹਾਡੇ ਇਸ ਜੁਲਮ ਦੇ ਖਿਲਾਫ ਜਾਨ ਦੇ ਸਕਦੇ ਹਾਂ ਪਰ ਝੁਕਦੇ ਨਹੀਂ।" ਅੰਤ ਵਜੀਰ ਖਾਂ ਨੇ ਉਹਨਾਂ ਨੂੰ ਜਿੰਦਾ ਨੀਹਾਂ ਵਿੱਚ ਚਿਣਵਾ ਦਿੱਤਾ। ਸਾਹਿਬਜ਼ਾਦਿਆਂ ਦੀ ਸ਼ਹੀਦੀ ਦੇ ਬਆਦ ਬਹੁਤ ਹੀ ਸਹਿਣਸ਼ੀਲਤਾ ਨਾਲ ਪ੍ਰਮਾਤਮਾ ਦਾ ਸ਼ੁਕਰੀਆ ਅਦਾ ਕਰਦੇ ਹੋਏ ਮਾਤਾ ਗੁਜਰੀ ਜੀ ਨੇ ਅਰਦਾਸ ਕੀਤੀ ਅਤੇ ਆਪਣੇ ਪ੍ਰਾਣ ਤਿਆਗ ਦਿੱਤੇ। ਮਿਤੀ 27 ਦਸੰਬਰ, ਪੋਹ ਦਾ ਮਹੀਨਾ 1761 ਨੂੰ ਗੁਰੂ ਜੀ ਨੇ ਪ੍ਰੇਮੀ ਸਿੱਖਾਂ ਦੁਆਰਾ ਮਾਤਾ ਗੁਜਰੀ ਜੀ ਅਤੇ ਦੋਨਾਂ ਛੋਟੇ ਸਾਹਿਬਜ਼ਾਦਿਆਂ ਦਾ ਸਤਿਕਾਰ ਸਹਿਤ ਸਸਕਾਰ ਕਰ ਦਿੱਤਾ ਗਿਆ।

## ਜਨਤਕ ਸ਼ਿਕਾਇਤਾਂ ਤੇ ਵਿਕਾਸ ਕਾਰਜਾਂ ਦੀ ਪ੍ਰਗਤੀ ਦੀ ਸਮੀਖਿਆ ਬਾਰੇ ਕੈਂਪ ਲਾਇਆ




**ਬਹਿਰਾਮ (ਅਵਤਾਰ ਕਲੇਰ)** ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਸਰਕਾਰ ਵੱਲੋਂ "ਪੰਜਾਬ ਸਰਕਾਰ ਆਪ ਦੇ ਦੁਆਰ" ਨੂੰ ਸਹੀ ਰੂਪ ਵਿੱਚ ਅਮਲ ਵਿੱਚ ਲਿਆਉਣ ਹਿੱਤ ਮਨਾਏ ਜਾ ਰਹੇ ਸੁਸਾਸਨ ਸਪਤਾਹ ਤਹਿਤ ਆਮ ਲੋਕਾਂ ਦੀਆ ਸ਼ਿਕਾਇਤਾਂ ਦੀ ਸੁਣਵਾਈ ਅਤੇ ਵਿਕਾਸ ਤੇ ਕੰਮਾਂ ਦੀ ਪ੍ਰਗਤੀ ਦਾ ਮੁਲਾਂਕਣ ਕਰਨ ਸਬੰਧੀ ਐਸ.ਡੀ.ਐਮ ਬੰਗਾ ਦੀ ਰਹਿਨੁਮਾਈ ਹੇਠ ਪਿੰਡ ਗਦਾਣੀ ਬਲਾਕ ਬੰਗਾ ਵਿਖੇ ਕੈਂਪ ਆਯੋਜਿਤ ਕੀਤਾ ਗਿਆ। ਇਸ ਕੈਂਪ ਵਿੱਚ ਪਿੰਡ ਗਦਾਣੀ , ਬੀਸਲਾ, ਝੰਡੇਰ ਕਲਾਂ, ਝੰਡੇਰ ਖੁਰਦ, ਅਨੋਖਰਵਾਲ, ਸੂੰਢ ਅਤੇ ਮਕਸੂਦਪੁਰ ਪਿੰਡਾਂ ਨਾਲ ਸਬੰਧਤ ਗ੍ਰਾਮ ਪੰਚਾਇਤਾਂ ਦੇ ਪ੍ਰਤੀਨਿਧੀਆਂ ਅਤੇ ਆਮ ਜਨਤਾ ਨੇ ਸ਼ਮੂਲੀਅਤ ਕੀਤੀ। ਕੈਂਪ ਵਿੱਚ ਹਾਜ਼ਰ ਹੋਏ ਲੋਕਾਂ ਵੱਲੋ ਪਿੰਡਾਂ ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ, ਮਗਨਰੇਗਾ ਅਤੇ ਹੋਰ ਕੀਤੇ ਗਏ ਵਿਕਾਸ ਕਾਰਜਾਂ ਤੋਂ ਇਲਾਵਾ ਪੇਂਡੂ ਵਿਕਾਸ ਵਿਭਾਗ ਪੰਜਾਬ ਦੇ ਅਫ਼ਸਰਾਂ ਅਤੇ ਹਾਜ਼ਰੀਨ ਵੱਲੋਂ ਵੱਖ ਵੱਖ ਉਠਾਏ ਗਏ ਸਵਾਲਾਂ ਦਾ ਜਵਾਬ ਦਿੱਤਾ ਗਿਆ। ਇਸ ਸਮੇਂ ਜ਼ਿਲ੍ਹਾ ਉਦਯੋਗ ਕੇਂਦਰ ਸ਼ਹੀਦ ਭਗਤ ਸਿੰਘ ਨਗਰ ਵੱਲੋ ਪ੍ਰਧਾਨ ਮੰਤਰੀ ਰੋਜ਼ਗਾਰ ਉਤਪੰਨ ਸਕੀਮ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ ਅਤੇ ਸਕੀਮ ਨਾਲ ਸਬੰਧਤ ਪੈਂਫਲਿਟ ਵੰਡੇ ਗਏ। ਮਗਨਰੇਗਾ ਸਕੀਮ ਅਧੀਨ 32 ਜੋਬ ਕਾਰਡ ਮੰਗ ਅਨੁਸਾਰ ਮੌਕੇ 'ਤੇ ਹੀ ਬਣਾ ਕੇ ਲਾਭਪਾਤਰੀਆਂ ਨੂੰ ਵੰਡੇ ਗਏ। ਕੈਂਪ ਵਿੱਚ ਰਣਜੀਤ ਸਿੰਘ ਖ਼ਟਰਾ ਬੀ.ਡੀ.ਪੀ.ਓ ਬੰਗਾ, ਜੋਗਾ ਸਿੰਘ ਵਰਕਸ ਮੈਨੇਜਰ ਮਗਨਰੇਗਾ, ਐੱਸ.ਡੀ.ਓ ਵਾਟਰ ਸਪਲਾਈ, ਐੱਸ.ਡੀ.ਓ ਮੰਡੀ ਬੋਰਡ ਬੰਗਾ, ਸੀ.ਡੀ.ਪੀ.ਓ ਬੰਗਾ ਅਤੇ ਵੱਖ ਵੱਖ ਪਿੰਡਾਂ ਦੇ ਸਰਪੰਚ ਹਾਜ਼ਰ ਸਨ।

## ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਧਾਰਮਿਕ ਸਮਾਗਮ ਕਰਵਾਇਆ



**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ ):** ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਸਕੂਲ ਵਿਦਿਆਰਥੀਆਂ ਵੱਲੋਂ ਲੈਕਚਰ,ਕਵਿਤਾਵਾਂ ਅਤੇ ਕਵੀਸ਼ਰੀਆਂ ਪੇਸ਼ ਕੀਤੀਆਂ ਗਈਆਂ।

ਚੀਫ ਖਾਲਸਾ ਦੀਵਾਨ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਚਰਨ ਸਿੰਘ ਘਰਿੰਡਾ ਤੇ ਗਗਨਦੀਪ ਸਿੰਘ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਮਾਤਾ ਗੁਜਰੀ ਜੀ ਤੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਸਬੰਧੀ ਵਿਸਥਾਰ ਨਾਲ ਚਾਨਣਾ ਪਾਇਆ। ਸਕੂਲ ਮੁਖੀ ਪ੍ਰਿੰ. ਪਰਵੀਨ ਲਤਾ ਵੱਲੋਂ ਆਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ। ਧਾਰਮਿਕ ਅਧਿਆਪਿਕਾ ਹਰਿੰਦਰ ਕੌਰ ਨੇ ਸਟੇਜ ਸਕੱਤਰ ਦੀ ਭੂਮਿਕਾ ਬਖੂਬੀ ਨਿਭਾਈ। ਸਮਾਗਮ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਹੌਂਸਲਾ ਅਫਜਾਈ ਵੀ ਕੀਤੀ ਗਈ। ਇਸ ਮੌਕੇ ਸੇਵਾ ਸਿੰਘ, ਗੁਰਿੰਦਰ ਕੌਰ, ਮਮਤਾ ਦੇਵੀ, ਸੰਦੀਪ ਕੌਰ, ਸ਼ਾਂਤੀ ਦੇਵੀ, ਸਪਨਾ ਰਾਣੀ, ਆਂਸ਼ੂ, ਕੰਵਲਜੀਤ ਕੌਰ, ਨਰਿੰਦਰ ਕੌਰ, ਰਜਿੰਦਰ ਕੌਰ, ਨਿਸ਼ਾ ਗਰਗ, ਜਸਪ੍ਰੀਤ ਕੌਰ, ਨਰਿੰਦਰਜੀਤ ਕੌਰ, ਮਨਜੀਤ ਕੌਰ, ਅਮਰਜੀਤ ਕੌਰ, ਕਰਮਜੀਤ ਕੌਰ ਆਦਿ ਹਾਜ਼ਰ ਸਨ।

## ਕਿਸੇ ਵੀ ਸਰਕਾਰੀ ਸਕੂਲ ਜਾਂ ਹਸਪਤਾਲ ਦਾ ਬਿਜਲੀ ਕੁਨੈਕਸ਼ਨ ਨਹੀਂ ਕੱਟਿਆ ਜਾਵੇਗਾ : ਈ ਟੀ ਓ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਸਰਕਾਰ ਵਲੋਂ ਸੂਬੇ ਦੇ ਸਿਹਤ ਅਤੇ ਸਿੱਖਿਆ ਦੇ ਮਿਆਰ ਨੂੰ ਵਿਸ਼ਵ ਮਿਆਰੀ ਬਣਾਉਣਾ ਮੁੱਖ ਏਜੰਡਾ ਹੈ। ਇਥੇ ਅਹਿਮ ਫੈਸਲਾ ਲੈਂਦਿਆਂ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਹੁਕਮ ਜਾਰੀ ਕੀਤੇ ਹਨ ਕੇ ਕਿੱਸੇ ਵੀ ਸਰਕਾਰੀ ਸਕੂਲ ਜਾਂ ਹਸਪਤਾਲ ਦਾ ਬਿਜਲੀ ਕੁਨੈਕਸ਼ਨ ਨਹੀਂ ਕੱਟਿਆ ਜਾਵੇਗਾ।

ਬਿਜਲੀ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਅਗਵਾਈ ਵਿਚ ਪੰਜਾਬ ਸਰਕਾਰ ਵਲੋਂ ਸਿਹਤ ਅਤੇ ਸਿੱਖਿਆ ਦੇ ਖੇਤਰ ਵਿਚ ਦਿੱਲੀ ਵਿਚ ਕੇਜਰੀਵਾਲ ਸਰਕਾਰ ਵੱਲੋਂ ਕੀਤੇ ਗਏ ਕ੍ਰਾਂਤੀਕਾਰੀ ਸੁਧਾਰਾਂ ਦੀ ਤਰਜ 'ਤੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਪੱਧਰ ਦੇ ਅਧਿਕਾਰੀ ਨੇ ਆਪਣੇ ਪੱਧਰ 'ਤੇ ਸਰਕਾਰੀ ਸਿਹਤ ਅਤੇ ਸਿੱਖਿਆ ਅਦਾਰੇ ਦਾ ਬਿਜਲੀ ਕੁਨੈਕਸ਼ਨ ਕੱਟਿਆ ਤਾਂ ਉਸ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਇਕ ਜੇ ਈ ਪੱਧਰ ਦੇ ਅਧਿਕਾਰੀ ਨੇ ਕਪੂਰਥਲਾ ਜ਼ਿਲ੍ਹੇ ਵਿਚ ਆਪਣੇ ਪੱਧਰ 'ਤੇ ਨਿੱਜੀ ਕਾਰਨਾਂ ਕਰਕੇ 7 ਸਰਕਾਰੀ ਸਕੂਲਾਂ ਦਾ ਬਿਜਲੀ ਕੁਨੈਕਸ਼ਨ ਕੱਟ ਦਿੱਤਾ ਸੀ। ਜਿਸ ਦੇ ਖਿਲਾਫ ਕਾਰਵਾਈ ਕਰਕੇ ਉਸ ਨੇ ਪਹਿਲਾਂ ਹੀ ਮੁਅੱਤਲ ਕਰ ਦਿੱਤਾ ਗਿਆ ਸੀ ਤੇ ਚਾਰਜਸੀਟ ਵੀ ਜਾਰੀ ਕਰ ਦਿੱਤੀ ਗਈ ਹੈ। ਜੇਕਰ ਭਵਿੱਖ ਵਿੱਚ ਕਿੱਸੇ ਵੀ ਅਧਿਕਾਰੀ ਨੇ ਅਜਿਹਾ ਕਰਨ ਦੀ ਕੋਈ ਕੋਤਾਹੀ ਕੀਤੀ ਤਾਂ ਉਸ ਦੇ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ।

## ਸੰਘੇੜਾ ਦੇ ਤੁਰ ਜਾਣ ਨਾਲ ਕਿਰਤੀ ਵਰਗ ਨੂੰ ਪਿਆ ਘਾਟਾ : ਕਿਸਾਨ ਸਭਾ

**ਸ਼ਾਹਕੋਟ (ਗਿਆਨ ਸੈਦਪੁਰੀ)** ਪੰਜਾਬ ਖੇਤ ਮਜਦੂਰ ਸਭਾ ਦੇ ਪ੍ਰਧਾਨ ਸਾਥੀ ਸੰਤੋਖ ਸਿੰਘ ਸੰਘੇੜਾ ਦੀ ਦੁਖਦਾਈ ਮੌਤ ਨਾਲ ਕਿਰਤੀ ਵਰਗ ਸਦਮੇ ਵਿੱਚ ਹੈ। ਵੱਖ ਵੱਖ ਹਲਕਿਆਂ ਵੱਲੋਂ ਉਨ੍ਹਾਂ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ। ਇਸੇ ਸਿਲਸਿਲੇ ਤਹਿਤ ਕੁਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ ਬਲਕਰਨ ਸਿੰਘ ਬਰਾੜ, ਕਾਮਰੇਡ ਬਲਦੇਵ ਸਿੰਘ ਨਿਹਾਲ ਗੜ੍ਹ, ਕਾਮਰੇਡ ਸੂਰਤ ਸਿੰਘ ਧਰਮਕੋਟ, ਕਾਮਰੇਡ ਲਖਬੀਰ ਸਿੰਘ ਨਿਜਾਮ ਪੁਰ, ਕਾਮਰੇਡ ਕਸਮੀਰ ਸਿੰਘ ਫਿਰੋਜ਼ਪੁਰ ਅਤੇ ਕਾਮਰੇਡ ਗੁਲਜਾਰ ਸਿੰਘ ਕੋਟ ਬਸੰਤ ਨੇ ਸਾਥੀ ਸੰਤੋਖ ਸਿੰਘ ਸੰਘੇੜਾ ਦੀ ਮੌਤ ਨੂੰ ਕਮਿਊਨਿਸਟ ਪਾਰਟੀ ਨੂੰ ਵੱਡਾ ਘਾਟਾ ਕਰਾਰ ਦਿੱਤਾ ਹੈ। ਆਗੂਆਂ ਨੇ ਕਿਹਾ ਕਿ ਸਾਥੀ ਸੰਘੇੜਾ ਸਿਆਣੇ ਅਤੇ ਨੇਕ ਵਿਅਕਤੀ ਸਨ। ਪੀ.ਐਸ.ਈ.ਬੀ. ਇੰਪਲਾਈਜ ਫੈਡਰੇਸਨ ਪੰਜਾਬ(ਏਟਕ) ਦੇ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਅਤੇ ਜਨਰਲ ਸਕੱਤਰ ਸੁਰਿੰਦਰਪਾਲ ਸਿੰਘ ਲਹੌਰੀਆ ਨੇ ਸਾਥੀ ਸੰਘੇੜਾ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਵੱਲੋਂ ਪੰਜਾਬ ਖੇਤ ਮਜਦੂਰ ਸਭਾ ਲਈ ਕੀਤੇ ਕੰਮਾਂ ਨੂੰ ਯਾਦ ਕੀਤਾ ਹੈ।

## ਸਾਹਿਬਜ਼ਾਦਿਆਂ ਦਾ ਸ਼ਹੀਦੀ ਪੁਰਬ ਵੀਰ ਬਾਲ ਦਿਵਸ ਵਜੋਂ ਮਨਾਇਆ ਜਾਵੇਗਾ : ਗੋਸ਼ਾ



**ਹੁਸ਼ਿਆਰਪੁਰ, ( ਬਲਵੀਰ ਸਿੰਘ ਸੈਣੀ)**-ਪੰਜਾਬ ਭਾਜਪਾ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦਾ ਸ਼ਹੀਦੀ ਪੁਰਬ 26 ਦਸੰਬਰ ਨੂੰ ਬਾਲ ਵੀਰ ਦਿਵਸ ਵਜੋਂ ਪੂਰੇ ਜੋਸ਼ੋ-ਖਰੋਸ਼ ਨਾਲ ਮਨਾਇਆ ਜਾਵੇਗਾ। ਇਸ ਸੁਬੰਧੀ ਗੁਰਦੀਪ ਸਿੰਘ ਗੋਸ਼ਾ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਕਰਵਾਏ ਜਾਣ ਵਾਲੇ ਪ੍ਰੋਗਰਾਮ ਸੰਬੰਧੀ ਪੰਜਾਬ ਭਾਜਪਾ ਵੱਲੋਂ ਸੂਬਾ ਪ੍ਰਧਾਨ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਕਮੇਟੀ ਨੇ ਅਜਿਹਾ ਕਰਨ ਲਈ ਭਾਜਪਾ ਦਫ਼ਤਰ ਵਿਖੇ ਜ਼ਿਲ੍ਹਾ ਪ੍ਰਧਾਨ ਨਿਪੁੰਨ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ 'ਚ ਪਹੁੰਚ ਕੀਤੀ। ਗੋਸ਼ਾ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੇ ਸ਼ੁੱਭ ਮੌਕੇ 'ਤੇ ਪ੍ਰਧਾਨ ਮੰਤਰੀ ਮੋਦੀ ਵੱਲੋਂ ਟਵਿੱਟਰ 'ਤੇ ਕੀਤਾ ਗਿਆ ਐਲਾਨ ਕਿ ਹੁਣ ਤੋਂ 26 ਦਸੰਬਰ ਨੂੰ 'ਵੀਰ ਬਾਲ ਦਿਵਸ' ਵਜੋਂ ਮਨਾਇਆ ਜਾਵੇਗਾ, ਜੋ ਸਾਹਿਬਜ਼ਾਦਿਆਂ ਅਤੇ ਉਨ੍ਹਾਂ ਦੀ ਹਿੰਮਤ ਨੂੰ ਇੱਕ ਅਨਮੋਲ ਸ਼ਰਧਾਂਜਲੀ ਹੈ। ਉਨ੍ਹਾ ਕਿਹਾ ਕਿ ਉਨ੍ਹਾਂ ਦੀ ਕੁਰਬਾਨੀ ਨੂੰ ਅੱਜ ਦੇ ਨੌਜਵਾਨਾਂ ਦੇ ਨਾਲ-ਨਾਲ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਯਾਦ ਰੱਖਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਸਮਾਜ ਨੂੰ ਪਹਿਲਾਂ ਵੀ 17 ਪ੍ਰਧਾਨ ਮੰਤਰੀ ਮਿਲ ਚੁੱਕੇ ਹਨ ਪਰ ਇਹ ਅਮੁੱਲ ਸੇਵਾ ਦਾ ਮੌਕਾ ਸ੍ਰੀ ਮੋਦੀ ਨੂੰ ਹੀ ਮਿਲਿਆ ਹੈ ਜੋ ਪੂਰੀ ਤਰ੍ਹਾਂ ਸਿੱਖ ਸਮਾਜ ਦੀ ਚੜ੍ਹਦੀ ਕਲਾ ਅਤੇ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਾਲਾਂ ਤੋਂ ਹਰ ਭਾਰਤੀ ਮਾਤਾ ਗੁਜਰੀ ਅਤੇ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਦਰਸਾਏ ਸੱਚ, ਧਰਮ ਅਤੇ ਨਿਆਂ ਦੇ ਮਾਰਗ 'ਤੇ ਚੱਲ ਰਿਹਾ ਹੈ। ਧਰਮ 'ਤੇ ਅਧਾਰਤ ਕਦਰਾਂ-ਕੀਮਤਾਂ ਲਈ ਆਪਣਾ ਸਭ ਕੁਝ ਕੁਰਬਾਨ ਕਰਨ ਵਾਲੇ ਚਾਰ ਸਾਹਿਬਜ਼ਾਦੇ ਯੁਗਾਂ-ਯੁਗਾਂਤਰਾਂ ਤੋਂ ਦੇਸ਼ ਦੀ ਸੇਵਾ ਵਿਚ ਲੱਗੇ ਹਰ ਦੇਸ਼ ਭਗਤ ਨੂੰ ਬੇਇਨਸਾਫ਼ੀ ਵਿਰੁੱਧ ਲੜਨ ਦਾ ਬਲ ਬਖਸ਼ਣਗੇ। ਉਨ੍ਹਾਂ ਨੇ ਕਦੇ ਵੀ ਬੇਇਨਸਾਫ਼ੀ ਅੱਗੇ ਸਿਰ ਨਹੀਂ ਝੁਕਾਇਆ। ਉਨ੍ਹਾਂ ਨੇ ਇੱਕ ਸਮਾਵੇਸ਼ੀ ਅਤੇ ਸਦਭਾਵਨਾ ਵਾਲੇ ਸੰਸਾਰ ਦੀ ਕਲਪਨਾ ਕੀਤੀ। ਸਮੇਂ ਦੀ ਲੋੜ ਹੈ ਕਿ ਵੱਧ ਤੋਂ ਵੱਧ ਲੋਕਾਂ ਨੂੰ ਉਨ੍ਹਾਂ ਬਾਰੇ ਪਤਾ ਹੋਣਾ ਚਾਹੀਦਾ ਹੈ। ਇਸ ਫੈਸਲੇ ਤੋਂ ਬਾਅਦ ਅਸੀਂ ਆਉਣ ਵਾਲੀ ਪੀੜ੍ਹੀ ਨੂੰ ਦੱਸਾਂਗੇ ਕਿ ਧਰਮ ਦੀ ਰਾਖੀ ਲਈ ਸਾਹਿਬਜ਼ਾਦਿਆਂ ਨੇ ਕੁਰਬਾਨੀਆਂ ਦਿੱਤੀਆਂ, ਸਾਹਿਬਜ਼ਾਦਿਆਂ ਨੂੰ ਜ਼ਿੰਦਾ ਚਿਣ ਦਿੱਤਾ ਗਿਆ। ਜ਼ਿਲ੍ਹਾ ਪ੍ਰਧਾਨ ਨਿਪੁਨ ਸ਼ਰਮਾ ਨੇ ਕਿਹਾ ਕਿ ਸ੍ਰੀ ਗੁਰੂ ਗੋਵਿੰਦ ਸਿੰਘ ਜੀ ਦਾ ਗੁਰਪੁਰਬ ਮਨਾਉਣ ਲਈ 100 ਕਰੋੜ ਦੇ ਵਿਸ਼ੇਸ਼ ਬਜਟ ਦਾ ਪ੍ਰਬੰਧ ਕੀਤਾ ਗਿਆ। ਸ਼ਰਮਾ ਨੇ ਦੱਸਿਆ ਕਿ 21 ਤੋਂ 26 ਦਸੰਬਰ ਤੱਕ ਡਵੀਜ਼ਨ ਪੱਧਰ 'ਤੇ ਅਰਦਾਸ ਪ੍ਰੋਗਰਾਮ ਕਰਵਾਏ ਜਾਣਗੇ, ਜਦ ਕਿ 26 ਦਸੰਬਰ ਨੂੰ ਜ਼ਿਲ੍ਹਾ ਪੱਧਰੀ ਸਮਾਗਮ ਕਰਵਾਇਆ ਜਾਵੇਗਾ। ਇਸ ਮੌਕੇ ਕੁਲਵੰਤ ਕੌਰ, ਗੁਰਜੀਤ ਸਿੰਘ ਵਧਾਵਨ, ਰਵਿੰਦਰ ਸਿੰਘ ਚੱਢਾ, ਸੁਰਿੰਦਰ ਕੌਰ ਸੈਣੀ, ਅਜੈ ਸ਼ਰਮਾ, ਸੁਨੀਤਾ, ਅੰਕਿਤ ਨਈਅਰ ਆਦਿ ਹਾਜ਼ਰ ਸਨ।

## ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਹਰ ਜਤਨ ਕੀਤਾ ਜਾਵੇਗਾ - ਰਾਜਾ



**ਟਾਂਡਾ ਉੜਮੁੜ ( ਓਂਕਾਰ ਸਿੰਘ, ਜਸਵਿੰਦਰ ਸੰਧੂ )** ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਨਣ ਉਪਰੰਤ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ,ਜਿਸ ਕਾਰਨ ਪੇਂਡੂ ਪੱਧਰ 'ਤੇ ਸਾਰੇ ਸਕੂਲਾਂ ਨੂੰ ਆਧੁਨਿਕ ਸੁਵਿਧਾਵਾਂ ਦਿੱਤੀਆਂ ਜਾ ਰਹੀਆਂ ਹਨ ਤਾਂ ਜੋ ਪਿੰਡਾਂ ਦੇ ਬੱਚੇ ਵੀ ਚੰਗੀ ਸਿੱਖਿਆ ਹਾਸਲ ਕਰ ਸਕਣ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਟਾਂਡਾ ਉੜਮੁੜ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਸਥਾਨਕ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਉਨ੍ਹਾਂ ਨੂੰ ਹਲਕੇ ਦੇ ਸਕੂਲਾਂ ਦੀ ਹਾਲਤ ਸੁਧਾਰਨ ਲਈ 2 ਕਰੋੜ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ । ਉਨ੍ਹਾਂ ਇਸ ਸਬੰਧੀ ਹੋਰ ਦੱਸਿਆ ਕਿ ਇਸ ਗਰਾਂਟ ਦੀ ਵਰਤੋਂ ਨਾਲ ਸਕੂਲਾਂ ਵਿੱਚ ਚੰਗੀਆਂ ਕੰਪਿਊਟਰ ਲੈਬ ਸਾਇੰਸ ਲੈਬ ਅਤੇ ਚੰਗੀਆਂ ਲਾਇਬ੍ਰੇਰੀਆਂ ਬਣਾਈਆਂ ਜਾਣਗੀਆਂ ਅਤੇ ਜਿਨ੍ਹਾਂ ਸਕੂਲਾਂ ਵਿੱਚ ਇਮਾਰਤ ਦੀ ਕੋਈ ਘਾਟ ਹੈ ਉਸ ਨੂੰ ਪੂਰਾ ਕੀਤਾ ਜਾਵੇਗਾ ਜਾਰੀ ਹੋਈ ਇਸ ਗਰਾਂਟ ਲਈ ਉਨ੍ਹਾਂ ਮੁੱਖ ਮੰਤਰੀ ਪੰਜਾਬ ਅਤੇ ਸਿੱਖਿਆ ਮੰਤਰੀ ਪੰਜਾਬ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਇਸ ਪੈਸੇ ਦੀ ਯੋਗਤਾ ਨਾਲ ਵਰਤੋਂ ਕਰਦੇ ਹੋਏ ਵਿਦਿਆਰਥੀਆਂ ਨੂੰ ਲੋੜੀਂਦੀਆਂ ਆਧੁਨਿਕ ਸੁਵਿਧਾਵਾਂ ਉਪਲਬਧ ਕਰਵਾਉਣਗੇ । ਇਸ ਮੌਕੇ ਉਨ੍ਹਾਂ ਨਾਲ ਬਲਾਕ ਪ੍ਰਧਾਨ ਕੇਸਵ ਸਿੰਘ ਸੈਣੀ ,ਚੇਅਰਮੈਨ ਸੁਖਵਿੰਦਰ ਸਿੰਘ ਅਰੋੜਾ, ਅਤਵਾਰ ਸਿੰਘ ,ਅਤੇ ਪਾਰਟੀ ਦੇ ਅਹੁਦੇਦਾਰ ਹਾਜਰ ਸਨ।

## ਥਾਣਾ ਸਿਟੀ ਦੀ ਪੁਲਸ ਨੇ ਜਾਅਲੀ ਜ਼ਮਾਨਤਾਂ ਦੇਣ ਵਾਲੇ ਦਬੋਚੇ



**ਹੁਸ਼ਿਆਰਪੁਰ, ( ਬਲਵੀਰ ਸਿੰਘ ਸੈਣੀ)**- ਸਰਤਾਜ ਸਿੰਘ ਚਾਹਲ ਆਈ.ਪੀ.ਐਸ ਐਸ.ਐਸ.ਪੀ ਜ਼ਿਲ੍ਹਾ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਲਵਿੰਦਰ ਸਿੰਘ ਡੀ.ਐਸ.ਪੀ. ਸਿਟੀ ਹੁਸ਼ਿਆਰਪੁਰ ਦੀ ਅਗਵਾਈ ਹੇਠ ਦੇਸ ਰਾਜ ਮੁੱਖ ਅਫਸਰ ਥਾਣਾ ਸਿਟੀ ਹੁਸ਼ਿਆਰਪੁਰ ਦੀ ਟੀਮ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਏ.ਐਸ.ਆਈ. ਦਿਪੰਕਰ ਸਿੰਘ ਨੂੰ ਮੁੱਖਬਰ ਨੇ ਇਤਲਾਹ ਦਿੱਤੀ ਕਿ ਵਿਸ਼ਾਲ ਪੁੱਤਰ ਸੰਤ ਰਾਮ ਵਾਸੀ ਮ.ਨੰ: 75-ਬੀ ਗਲੀ ਨੰਬਰ 1 ਹੁਸੈਨਪੁਰਾ ਥਾਣਾ ਰਾਮਬਾਗ ਜ਼ਿਲ੍ਹਾ ਅੰਮ੍ਰਿਤਸਰ ਵੱਖ-ਵੱਖ ਅਦਾਲਤਾਂ 'ਚ ਜਾਅਲੀ ਜ਼ਮਾਨਤਾਂ ਦੇਣ ਦਾ ਆਦੀ ਹੈ ਜੋ ਅੱਜ ਵੀ ਜ਼ਿਲ੍ਹਾ ਕਚਹਿਰੀ ਹੁਸ਼ਿਆਰਪੁਰ 'ਚ ਆਪਣੀਆਂ ਜਾਅਲੀ ਮੋਹਰਾਂ ਸਮੇਤ ਜਾਅਲੀ ਜ਼ਮਾਨਤ ਦੇਣ ਲਈ ਆਇਆ ਹੋਇਆ ਹੈ। ਜਿਸ 'ਤੇ ਏ.ਐਸ.ਆਈ. ਦਿਪੰਕਰ ਸਿੰਘ ਨੇ ਸਮੇਤ ਸਾਥੀ ਕਰਮਚਾਰੀਆ ਦੇ ਜ਼ਿਲ੍ਹਾ ਕਚਹਿਰੀ ਹੁਸ਼ਿਆਰਪੁਰ ਤੋਂ ਵਿਸ਼ਾਲ ਪੁੱਤਰ ਸੰਤ ਰਾਮ ਵਾਸੀ ਮਕਾਨ ਨੰ: 75-ਬੀ ਗਲੀ ਨੰਬਰ 1 ਹੁਸੈਨਪੁਰਾ ਥਾਣਾ ਰਾਮਬਾਗ ਜ਼ਿਲ੍ਹਾ ਅੰਮ੍ਰਿਤਸਰ ਨੂੰ ਕਾਬੂ ਕਰਕੇ ਉਸ ਪਾਸੋਂ ਇੱਕ ਜਾਅਲੀ ਮੋਹਰ ਅਤੇ ਹੋਰ ਦਸਤਾਵੇਜ਼ ਬਰਾਮਦ ਕੀਤੇ। ਵਿਸ਼ਾਲ ਉਕਤ ਪਹਿਲਾ ਹੀ ਥਾਣਾ ਸਿਟੀ, ਹੁਸ਼ਿਆਰਪੁਰ 'ਚ ਲੋੜੀਂਦਾ ਸੀ। ਜਿਸ ਦੀ ਉਕਤ ਮੁੱਕਦਮੇ ਵਿੱਚ ਗ੍ਰਿਫਤਾਰੀ ਪਾਈ ਗਈ ਸੀ। ਦੌਰਾਨੇ ਤਫਤੀਸ਼ ਮੁੱਕਦਮੇ 'ਚ ਦੋਸ਼ੀ ਸੁਖਪਾਲ ਸਿੰਘ ਪੁੱਤਰ ਲੇਟ ਬਿਸ਼ਨ ਸਿੰਘ ਵਾਸੀ ਪਿੰਡ ਤੁੰਗਾਂ ਦੀ ਪੱਤੀ ਵਾਰਡ ਨੰਬਰ 71 ਪਿੰਡ ਫਤਾਹਪੁਰ ਥਾਣਾ ਅਸਲਾਮਾਬਾਦ ਜ਼ਿਲ੍ਹਾ ਅੰਮ੍ਰਿਤਸਰ ਅਤੇ ਦੋਸ਼ੀ ਨੀਰਜ ਕੁਮਾਰ ਪੁੱਤਰ ਯੋਗਰਾਜ ਵਾਸੀ ਮੁਹੱਲਾ ਚੌਧਰੀ ਇਨਕਲੇਵ ਹੁਸ਼ਿਆਰਪੁਰ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਜਿਨ੍ਹਾਂ ਨੂੰ ਕਿ ਪੇਸ਼ ਅਦਾਲਤ ਕੀਤਾ ਜਾ ਰਿਹਾ ਹੈ।

## ਕਾਮਰੇਡ ਸੁਖਦੇਵ ਸਿੰਘ ਦੇਬੀ ਬਾਸੀ ਨਮਿਤ ਹੋਇਆ ਪ੍ਰਭਾਵਸ਼ਾਲੀ ਸ਼ਰਧਾਂਜਲੀ ਸਮਾਗਮ





**ਫਿਲੌਰ (ਨਿਰਮਲ)** ਸੀ ਪੀ ਆਈ ਐਮ. )ਅਤੇ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਆਗੂ ਕਾਮਰੇਡ ਸੁਖਦੇਵ ਸਿੰਘ ਦੇਬੀ ਦਾ ਦਿਹਾਂਤ 10 ਦਸੰਬਰ ਨੂੰ ਪੀ.ਜੀ.ਆਈ. ਚੰਡੀਗੜ੍ਹ ਵਿਖੇ ਹੋ ਗਿਆ ਸੀ । ਉਨ੍ਹਾਂ ਦੇ ਨਮਿਤ ਸ਼ੋਕ ਸਭਾ ਅਤੇ ਸ਼ਰਧਾਂਜਲੀ ਸਮਾਗਮ ਬੰਡਾਲਾ ( ਜਲੰਧਰ ) ਵਿਖੇ ਕੀਤਾ ਗਿਆ । ਇਸ ਮੌਕੇ ਪਿੰਡ ਤੇ ਇਲਾਕਾ ਨਿਵਾਸੀ , ਪਰਵਾਰ ਦੇ ਮਿੱਤਰ ਸੱਜਣ , ਸਨੇਹੀ , ਰਿਸ਼ਤੇਦਾਰ ਅਤੇ ਆਮ ਲੋਕ ਵੱਡੀ ਗਿਣਤੀ ਵਿੱਚ ਹਾਜਰ ਸਨ । ਵੱਖ-ਵੱਖ ਰਾਜਸੀ ਪਾਰਟੀਆਂ ਦੇ ਆਗੂ , ਸਮਾਜਿਕ , ਧਾਰਮਿਕ ਸੰਸਥਾਵਾਂ ਦੇ ਮੁਖੀ ਅਤੇ ਜਨਤਕ ਜਥੇਬੰਦੀਆਂ ਦੇ ਆਗੂ ਤੇ ਵਰਕਰ ਵੀ ਹਾਜਰ ਸਨ । ਸੀਪੀਆਈ ( ਐਮ ) , ਕੁਲ ਹਿੰਦ ਕਿਸਾਨ ਸਭਾ , ਕੁੱਲ ਹਿੰਦ ਖੇਤ ਮਜਦੂਰ ਯੂਨੀਅਨ ਪੰਜਾਬ ਦੇ ਸੂਬਾਈ ਆਗੂ ਤੇ ਹੋਰ ਵਰਕਰ ਵੀ ਸਮਾਗਮ ਵਿੱਚ ਪਹੁੰਚੇ ਹੋਏ ਸਨ । ਸਭ ਹਾਜਰ ਲੋਕ ਕਾਮਰੇਡ ਦੇਬੀ ਬਾਸੀ ਬੰਡਾਲਾ ਦੇ ਸਮਾਜਕ ਵਿਕਾਸ , ਸਮਾਜ ਨੂੰ ਜੋੜ ਕੇ ਰੱਖਣ ਵਾਲੇ ਸੁਭਾਅ , ਨਾਮਵਰ ਤੇ ਮਿੱਠ ਬੋਲੜੇ ਆਪਣੇ ਪਿਆਰੇ ਸਾਥੀ ਨੂੰ ਯਾਦ ਕਰ ਰਹੇ ਸਨ । ਸੀਪੀਆਈ ( ਐਮ ) ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਵੱਲੋਂ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਆਖਿਆ ਕਿ ਕਾਮਰੇਡ ਦੇਬੀ ਸੀਪੀਆਈ ( ਐਮ ) ਦਾ ਵੱਡਾ ਆਗੂ ਬਣਨ ਵਾਲੇ ਗੁਣ ਰੱਖਦਾ ਸੀ । ਅੱਜ ਦੇਸ਼ ਨੂੰ ਦੇਬੀ ਵਰਗੇ ਨੌਜਵਾਨ ਆਗੂਆਂ ਦੀ ਲੋੜ ਹੈ । ਉਨ੍ਹਾਂ ਦੀ ਬੀਮਾਰੀ ਦੀ ਹਾਲਤ ਨੂੰ ਵੇਖਦੇ ਹੋਏ ਪਾਰਟੀ ਨੂੰ ਕਾਮਰੇਡ ਹਰਕਿਸ਼ਨ ਸਿੰਘ ਸੁਰਜੀਤ ਦੀ ਬਰਸੀ ਦੀ ਮਿਤੀ ਮੁਲਤਵੀ ਕਰਨੀ ਪਈ । ਪਰਵਾਰ ਵੱਲੋਂ ਉਨ੍ਹਾਂ ਦੇ ਇਲਾਜ ਕਰਵਾਉਣ ਦੀ ਕਸਰ ਨਹੀਂ ਛੱਡੀ ਗਈ । ਖਰਚੇ ਦੀ ਪ੍ਰਵਾਹ ਕੀਤੇ ਬਿਨਾਂ ਵੱਡੇ - ਵੱਡੇ ਹਸਪਤਾਲਾਂ ਵਿਚ ਇਲਾਜ ਕਰਵਾਇਆ ਗਿਆ , ਪਰ ਸਾਥੀ ਨੂੰ ਮੌਤ ਤੋਂ ਬਚਾ ਨਹੀਂ ਸਕੇ । ਉਨ੍ਹਾਂ ਦੀ ਮੌਤ ਨਾਲ ਪਰਵਾਰ , ਸਮਾਜ ਅਤੇ ਪਾਰਟੀ ਨੂੰ ਵੱਡਾ ਘਾਟਾ ਪਿਆ ਹੈ । ਪਾਰਟੀ ਉਸਦੇ ਕਾਰਜਾਂ ਨੂੰ ਪੂਰੇ ਕਰਨ ਵਿੱਚ ਕੋਈ ਕਸਰ ਨਹੀਂ ਛੱਡੇਗੀ ਕਾਮਰੇਡ ਸੇਖੋਂ ਵੱਲੋਂ ਪਾਰਟੀ ਦੀ ਸੂਬਾ ਕਮੇਟੀ ਦੀ ਤਰਫੋਂ ਸਾਥੀ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ ਅਤੇ ਹਮਦਰਦੀ ਪ੍ਰਗਟ ਕੀਤੀ ਗਈ । ਸੀਪੀਆਈ ( ਐਮ ) ਦੇ ਸੂਬਾ ਸਕੱਤਰੇਤ ਮੈਂਬਰ ਤੇ ਜ਼ਿਲ੍ਹਾ ਜਲੰਧਰ -ਕਪੂਰਥਲਾ ਦੇ ਸਕੱਤਰ ਕਾਮਰੇਡ ਲਹਿੰਬਰ ਸਿੰਘ ਤੱਗੜ ਵੱਲੋਂ ਆਪਣੇ ਪਿਆਰੇ ਸਾਥੀ ਦੇਬੀ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਆਖਿਆ ਕਿ ਕਾਮਰੇਡ ਦੇਬੀ ਬੰਡਾਲਾ ਵਿਖੇ ਕਮਿਊਨਿਸਟ ਵਿਰਾਸਤ ਦਾ ਮਾਲਕ ਬਣ ਚੁੱਕਾ ਸੀ । ਪਿੰਡ ਦੇ ਲੋਕਾਂ ਨੇ ਉਨ੍ਹਾਂ ਨੂੰ ਛੋਟੀ ਉਮਰੇ ਵੋਟਾਂ ਪਾ ਕੇ ਆਪਣਾ ਲੀਡਰ ਚੁਣ ਲਿਆ ਸੀ । ਦੇਬੀ ਬਾਸੀ ਨੇ ਇਹ ਲੋਕਾਂ ਵੱਲੋਂ ਦਿੱਤੀ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਨਾਲ ਨਿਭਾਈ ਹਰ ਨਾਗਰਿਕ ਉਸ ਤੇ ਮਾਣ ਕਰਦਾ ਸੀ । ਉਹ ਸੀਪੀਆਈ ( ਐਮ ) ਕਿਸਾਨਾਂ ਤੇ ਮਜਦੂਰਾਂ ਦਾ ਵੱਡਾ ਆਗੂ ਬਣਨ ਦੀ ਯੋਗਤਾ ਰੱਖਦਾ ਸੀ । ਉਹ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਗੁਰਚੇਤਨ ਸਿੰਘ ਵਾਸੀ ਬੰਡਾਲਾ ਦੀ ਅਗਵਾਈ ਵਿੱਚ ਕੰਮ ਕਰਦਾ ਕਰਦਾ ਉਸਦਾ ਸਲਾਹਕਾਰ ਵੀ ਬਣ ਚੁੱਕਾ ਸੀ । ਉਸਦੇ ਪਰਵਾਰ ਅਤੇ ਪਾਰਟੀ ਨੂੰ ਦੇਬੀ ਦੇ ਚਲੇ ਜਾਣ ਦਾ ਵੱਡਾ ਘਾਟਾ ਪਿਆ ਹੈ । ਕਾਮਰੇਡ ਤੱਗੜ ਨੇ ਕਿਹਾ ਕਿ ਦੇਬੀ ਦੇ ਕਾਰਜਾਂ ਅਤੇ ਲਹਿਰ ਨੂੰ ਜੋ ਘਾਟਾ ਪਿਆ ਹੈ ਉਸ ਨੂੰ ਪੂਰਾ ਕਰਨ ਲਈ ਹਰ ਨੌਜਵਾਨ ਨੂੰ ਹਿੱਸਾ ਪਾਉਣਾ ਚਾਹੀਦਾ ਹੈ , ਇਹ ਹੀ ਸੱਚੀ ਸ਼ਰਧਾਂਜਲੀ ਹੋਵੇਗੀ । ਸੁਖਬੀਰ ਸਿੰਘ ਸਾਬਕਾ ਸਰਪੰਚ ਭਾਰਦੁਆਜੀਆਂ , ਸਰਬਜੀਤ ਸਿੰਘ ਸਰਪੰਚ ਬੰਡਾਲਾ , ਕਾਮਰੇਡ ਮੱਖਣ ਲਾਲ ਪੱਲ੍ਹਣ ਸਰਪੰਚ ਜੰਡਿਆਲਾ , ਕਾਮਰੇਡ ਮੇਲਾ ਸਿੰਘ ਸਾਬਕਾ ਸਰਪੰਚ ਰੁੜਕਾ ਕਲਾਂ ਵੱਲੋਂ ਆਪਣੇ ਸੰਘਰਸ਼ੀਲ ਸਾਥੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ ।

## ਬੇਲਾ ਕਾਲਜ 'ਚ ਸੱਤ ਰੋਜ਼ਾ ਐਨ.ਐਸ.ਐਸ ਕੈਂਪ ਸਮਾਪਤ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਪ੍ਰਵਾਨਿਤ ਸੱਤ ਰੋਜ਼ਾ ਐਨ.ਐਸ.ਐਸ ਕੈਂਪ ਸਫਲਤਾਪੂਰ ਸਫਲਤਾਪੂਰਵਕ ਸਮਾਪਤ ਹੋਇਆ। ਇਹ ਕੈਂਪ ਐਨ.ਐਸ.ਐਸ ਕੋਆਰਡੀਨੇਟਰ ਸਹਾਇਕ ਪ੍ਰੋ. ਸੁਨੀਤਾ ਰਾਣੀ ਅਤੇ ਸਹਾਇਕ ਪ੍ਰੋ. ਅਮਰਜੀਤ ਸਿੰਘ ਦੀ ਸੁਯੋਗ ਅਗਵਾਈ ਅਧੀਨ ਲਗਾਇਆ ਗਿਆ। ਇਸ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੇ ਦੱਸਿਆ ਕਿ ਸੱਤ ਰੋਜ਼ਾ ਕੈਂਪ ਦਾ ਮੁੱਖ ਥੀਮ "ਵਿਜ਼ਨ ਕਲੀਨ ਇੰਡੀਆ" ਸੀ ਜਿਸ ਤਹਿਤ ਬੇਲਾ ਕਾਲਜ ਵੱਲੋਂ ਗੋਦ ਲਏ ਪਿੰਡਾਂ ਵਿੱਚ ਸਫਾਈ ਮੁਹਿੰਮ ਤਹਿਤ ਕਾਰਜ ਕੀਤਾ ਗਿਆ। ਕੈਂਪ ਦੇ ਪਹਿਲੇ ਦਿਨ ਹਰਜੋਤ ਕੌਰ ਏ.ਡੀ.ਸੀ ਰੂਪਨਗਰ ਵੱਲੋਂ ਉਦਘਾਟਨ ਕੀਤਾ ਗਿਆ ਅਤੇ ਇਸ ਕੈਂਪ ਵਿੱਚ ਸ਼ਾਮਿਲ ਵਲੰਟੀਅਰਾਂ ਦੇ ਯੂਨਿਟ ਨੂੰ ਪੂਰਨ ਤਨਦੇਹੀ ਨਾਲ ਕਾਰਜ ਕਰਨ ਲਈ ਪ੍ਰੇਰਿਤ ਕੀਤਾ ਗਿਆ। ਦੂਜੇ ਦਿਨ ਐਨ. ਐਸ.ਐਸ ਵਲੰਟੀਅਰਾਂ ਵੱਲੋਂ ਬੇਲਾ ਪਿੰਡ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਰੈਲੀ ਦਾ ਆਯੋਜਨ ਕੀਤਾ ਗਿਆ। ਤੀਜੇ ਦਿਨ ਭੈਰੋਂ ਮਾਜਰਾ ਪਿੰਡ ਦੇ ਚੌਗਿਰਦੇ ਦੀ ਸਫਾਈ ਕੀਤੀ ਗਈ। ਜਿਸ ਵਿੱਚ ਪਿੰਡ ਦੇ ਸਰਪੰਚ ਸ਼੍ਰੀਮਤੀ ਰਾਜਿੰਦਰ ਕੌਰ ਨੇ ਭਰਪੂਰ ਸਹਿਯੋਗ ਦਿੱਤਾ। ਕੈਂਪ ਦੇ ਚੌਥੇ ਦਿਨ ਵਲੰਟੀਅਰਾਂ ਨੇ ਬਲਰਾਮਪੁਰ ਸਕੂਲ ਦੀ ਅਤੇ ਇਸ ਦੇ ਚੌਗਿਰਦੇ ਦੀ ਸਫਾਈ ਕੀਤੀ, ਜਿਸਦੀ ਪਿੰਡ ਦੇ ਸਰਪੰਚ ਨੇ ਸਤਵਿੰਦਰ ਸਿੰਘ ਨੇ ਬੇਹੱਦ ਸ਼ਲਾਘਾਂ ਕੀਤੀ ਅਤੇ ਕਾਰਜ ਵਿੱਚ ਸਹਿਯੋਗ ਵੀ ਦਿੱਤਾ। ਕੈਂਪ ਦੇ ਪੰਜਵੇਂ ਦਿਨ ਫਿਰੋਜ਼ਪੁਰ ਅਤੇ ਜਟਾਣਾਂ ਪਿੰਡ ਦੇ ਸਕੂਲਾਂ ਵਿੱਚ ਸਫਾਈ ਕੀਤੀ ਗਈ। ਇਸ ਦੌਰਾਨ ਫਿਰੋਜ਼ਪੁਰ ਪਿੰਡ ਦੇ ਸਕੂਲ ਦੇ ਹੈਡ ਮਾਸਟਰ ਜਸਵਿੰਦਰ ਸਿੰਘ ਨੇ ਆਲੇ ਦੁਆਲੇ ਦੀ ਸਫਾਈ ਮਹੱਤਤਾ ਅਤੇ ਸਕੂਲ ਦੇ ਅਧਿਆਪਕ ਨਵਰੀਤ ਸਿੰਘ ਨੇ ਨੈਤਿਕ ਕਦਰਾ ਕੀਮਤਾਂ ਵਿਸ਼ੇ ਤੇ ਵਲੰਟੀਅਰਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਕੈਂਪ ਦੇ ਛੇਵੇਂ ਦਿਨ ਕਾਲਜ ਕੈਂਪਸ ਵਿੱਚ ਵਿਦਿਆਰਥੀਆਂ ਦੀਆਂ ਵੱਖੋ ਵੱਖਰੀਆਂ ਖੇਡਾਂ ਕਰਵਾਈਆਂ ਗਈਆਂ ਅਤੇ ਐਨ.ਐਸ.ਐਸ ਕੋਆਰਡੀਨੇਟਰ ਸਹਾਇਕ ਪ੍ਰੋ. ਸੁਨੀਤਾ ਰਾਣੀ ਵੱਲੋਂ ਮਾਨਸਿਕ ਸਵੱਛਤਾ ਵਿਸ਼ੇ ਤੇ ਵਲੰਟੀਅਰਾਂ ਨੂੰ ਵਿਸ਼ੇਸ਼ ਭਾਸ਼ਣ ਦਿੱਤਾ ਗਿਆ ਅਤੇ ਕੋਆਰਡੀਨੇਟਰ ਸਹਾਇਕ ਪ੍ਰ. ਅਮਰਜੀਤ ਸਿੰਘ ਵੱਲੋਂ ਵਲੰਟੀਅਰਾਂ ਨੂੰ ਨਸ਼ੇ ਦੇ ਵਿਰੁੱਧ ਸੌਂਹ ਖਵਾਈ ਗਈ।

23-DEC-PAGE-10.qxd add page.qxd 12/22/2022 10:53 PM Page 1



# ਨਗਰ ਨਿਗਮ ਨੇ 207 ਕਿੱਲੋ ਪਲਾਸਟਿਕ ਦੇ ਕੈਰੀ ਬੈਗ ਕੀਤੇ ਜ਼ਬਤ

## ਦੁਕਾਨਦਾਰ ਦਾ 20 ਹਜ਼ਾਰ ਰੁਪਏ ਦਾ ਕੱਟਿਆ ਚਲਾਨ



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਕਮਿਸ਼ਨਰ ਨਗਰ ਨਿਗਮ ਸ਼੍ਰੀ ਰਾਹੁਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਗਰ ਨਿਗਮ ਦੇ ਅਧਿਕਾਰੀਆਂ ਵੱਲੋਂ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨਾਲ ਸਾਂਝੀ ਮੁਹਿੰਮ ਤਹਿਤ ਗੁਪਤ ਸੂਚਨਾ ਦੇ ਅਧਾਰ 'ਤੇ ਪੰਜਾਬ ਪਲਾਸਟਿਕ ਕੈਰੀ ਬੈਗਜ਼ (ਮੈਨਫੈਕਚਰ, ਯੂਜ਼ ਤੇ ਡਿਸਪੋਜ਼ਲ) ਕੰਟਰੋਲ ਐਕਟ-2005 ਅਧੀਨ ਕਾਰਵਾਈ ਕਰਦੇ ਹੋਏ ਨੇੜੇ ਕਿਲ੍ਹਾ ਰੋਡ ਟਰਾਂਸਪੋਰਟ ਕੰਪਨੀਆਂ 'ਤੇ ਛਾਪੇਮਾਰੀ ਕੀਤੀ। ਸ਼੍ਰੀ ਰਾਹੁਲ ਨੇ ਦੱਸਿਆ ਕਿ ਮਾਰੀ ਗਈ ਛਾਪੇਮਾਰੀ ਦੌਰਾਨ ਅਧਿਕਾਰੀਆਂ ਵੱਲੋਂ 205 ਕਿੱਲੋ ਪਲਾਸਟਿਕ ਕੈਰੀ ਬੈਗ ਜ਼ਬਤ ਕੀਤੇ ਗਏ। ਇਸ ਵਿੱਚ ਕੁਝ ਪਲਾਸਟਿਕ ਟਰਾਂਸਪੋਰਟ ਕੰਪਨੀ ਦੀ ਡਲਿਵਰੀ ਦੌਰਾਨ ਕਾਬੂ ਕੀਤਾ ਗਿਆ ਤੇ ਕੁਝ ਮਿਡੂਮਲ ਗਲੀ ਵਿੱਚ ਇੱਕ ਪਲਾਸਟਿਕ ਵਿਕਰੇਤਾ ਦੀ ਦੁਕਾਨ ਤੋਂ ਜ਼ਬਤ ਕੀਤਾ ਗਿਆ। ਉਕਤ ਸਾਰੇ ਪਾਬੰਦੀਸ਼ੁਦਾ ਪਲਾਸਟਿਕ ਨੂੰ ਨਿਗਮ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਵੱਲੋਂ ਆਪਣੇ ਕਬਜ਼ੇ ਵਿੱਚ ਲਿਆ ਗਿਆ। ਇਸ ਉਪਰੰਤ ਅਧਿਕਾਰੀਆਂ ਵੱਲੋਂ ਦੁਕਾਨਦਾਰ ਦਾ 20 ਹਜ਼ਾਰ ਰੁਪਏ ਦਾ ਚਲਾਨ ਕੱਟਿਆ ਗਿਆ। ਕਮਿਸ਼ਨਰ ਨਗਰ ਨਿਗਮ ਸ਼੍ਰੀ ਰਾਹੁਲ ਨੇ ਦੱਸਿਆ ਕਿ ਭਵਿੱਖ ਵਿੱਚ ਪਾਬੰਦੀਸ਼ੁਦਾ ਪਲਾਸਟਿਕ ਸਬੰਧੀ ਵੱਡੇ ਪੱਧਰ 'ਤੇ ਸ਼ਹਿਰ ਅੰਦਰ ਛਾਪੇਮਾਰੀ ਕੀਤੀ ਜਾਵੇਗੀ ਤਾਂ ਜੋ ਬਠਿੰਡਾ ਨੂੰ ਪਲਾਸਟਿਕ ਮੁਕਤ ਕੀਤਾ ਜਾ ਸਕੇ।

# ਹਰਮਨ ਸਿੰਘ ਤੇ ਨਿਰਮਲ ਸਿੰਘ ਕਤਲ ਮਾਮਲੇ 'ਚ ਦੋ ਹੋਰ ਮੁਲਜ਼ਮ ਗ੍ਰਿਫਤਾਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਪਿੰਡ ਕੋਟਭਾਈ ਤੇ ਪਿੰਡ ਗੂੜੀ ਸੰਘਰ ਤੋਂ ਅਗਵਾ ਕਰਕੇ ਕਤਲ ਕੀਤੇ ਗਏ ਲੜਕੇ ਹਰਮਨ ਸਿੰਘ ਤੇ ਨਿਰਮਲ ਸਿੰਘ ਕਤਲ ਮਾਮਲੇ ਵਿੱਚ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੁਲਸ ਵੱਲੋਂ ਲਗਾਤਾਰ ਗ੍ਰਿਫਤਾਰੀਆਂ ਜਾਰੀ ਹਨ। ਇਸ ਸੰਬੰਧੀ ਜ਼ਿਲ੍ਹਾ ਪੁਲਸ ਮੁਖੀ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਪੁਲਸ ਵੱਲੋਂ ਹਰਮਨ ਸਿੰਘ ਤੇ ਨਿਰਮਲ ਸਿੰਘ ਕਤਲ ਮਾਮਲੇ ਨੂੰ ਸੁਲਝਾ ਲਿਆ ਗਿਆ ਹੈ ਤੇ ਬਾਕੀ ਰਹਿੰਦੇ ਮੁਲਜ਼ਮਾਂ ਦੀ ਗ੍ਰਿਫਤਾਰੀ ਲਈ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ। ਇੱਥੇ ਇਹ ਦੱਸਿਆ ਜਾਂਦਾ ਹੈ ਕਿ ਬੀਤੀ 25 ਨਵੰਬਰ 2022 ਨੂੰ ਪਿੰਡ ਕੋਟਭਾਈ ਤੋਂ ਹਰਮਨ ਸਿੰਘ ਨਾਮ ਦੇ ਲੜਕੇ ਨੂੰ ਅਗਵਾ ਕਰਕੇ ਮੁਲਜ਼ਮਾਂ ਵੱਲੋਂ ਉਸ ਦਾ ਕਤਲ ਕਰ ਦਿੱਤਾ ਗਿਆ ਸੀ। ਪੁਲਸ ਵੱਲੋਂ ਮਾਮਲੇ ਦੀ ਡੂੰਘਾਈ ਨਾਲ ਤਫਤੀਸ਼ ਕਰਦਿਆਂ 5 ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਸੀ ਤੇ ਮੁਕੱਦਮੇ ਦੇ ਮੁੱਖ ਦੋਸ਼ੀ ਨਵਜੋਤ ਸਿੰਘ ਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ ਹੈ। ਨਵਜੋਤ ਸਿੰਘ ਨੇ ਪੁੱਛ-ਗਿੱਛ ਦੌਰਾਨ ਮੰਨਿਆ ਹੈ ਕਿ ਉਸ ਵੱਲੋਂ ਆਪਣੇ ਸਾਥੀਆਂ ਨਾਲ ਮਿਲ ਕੇ ਹਰਮਨ ਸਿੰਘ ਦਾ ਕਤਲ ਕਰ ਦਿੱਤਾ ਗਿਆ ਸੀ ਤੇ ਇਸ ਤੋਂ ਪਹਿਲਾਂ ਮਾਰਚ-2022 ਵਿੱਚ ਨਿਰਮਲ ਸਿੰਘ ਪੁੱਤਰ ਮਨਜੀਤ ਸਿੰਘ ਵਾਸੀ ਗੂੜੀ ਸੰਘਰ ਦਾ ਕਤਲ ਕਰ ਦਿੱਤਾ ਗਿਆ ਸੀ ਤੇ ਨਿਰਮਲ ਸਿੰਘ ਦੀ ਲਾਸ਼ ਨੂੰ ਪਿੰਡ ਭੁੱਲਰ ਨੇੜੇ ਸੇਮਨਾਲੇ ਪਾਸ ਸੁੱਟ ਦਿੱਤਾ ਗਿਆ ਸੀ। ਨਵਜੋਤ ਸਿੰਘ ਦੀ ਨਿਸ਼ਾਨਦੇਹੀ 'ਤੇ ਮ੍ਰਿਤਕ ਨਿਰਮਲ ਸਿੰਘ ਦੀ ਲਾਸ਼ ਨੂੰ ਬ੍ਰਾਮਦ ਕਰਵਾ ਲਿਆ ਗਿਆ ਹੈ। ਪੁਲਸ ਵੱਲੋਂ ਨਿਰਮਲ ਸਿੰਘ ਕਤਲ ਮਾਮਲੇ ਵਿੱਚ ਸ਼ਾਮਲ ਮੁਲਜ਼ਮ ਸੁਖਬੀਰ ਸਿੰਘ ਉਰਫ ਰਾਮੂ ਪੁੱਤਰ ਸੁਖਵਿੰਦਰ ਸਿੰਘ ਉਰਫ ਛਿੰਦਰ ਵਾਸੀ ਵਾਰਡ ਨੰਬਰ 11, ਤਲਵੰਡੀ ਸਾਬੋ, ਜ਼ਿਲ੍ਹਾ ਬਠਿੰਡਾ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਤੇ ਹਰਮਨ ਸਿੰਘ ਕਤਲ ਮਾਮਲੇ ਵਿੱਚ ਸ਼ਾਮਲ ਦੋਸ਼ੀ ਮਨਪ੍ਰੀਤ ਸਿੰਘ ਉਰਫ ਪੀਤਾ ਪੁੱਤਰ ਹਰਭਜਨ ਸਿੰਘ ਵਾਸੀ ਚੱਕ ਰਾਮ ਸਿੰਘ ਵਾਲਾ ਨੂੰ ਗ੍ਰਿਫਤਾਰ ਕਰ ਲਿਆ ਹੈ, ਜਿਨ੍ਹਾਂ ਦਾ ਪੁਲਸ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ। ਜ਼ਿਲ੍ਹਾ ਪੁਲਸ ਮੁਖੀ ਨੇ ਕਿਹਾ ਕਿ ਇਸ ਮਾਮਲੇ ਦੀ ਡੂੰਘਾਈ ਨਾਲ ਤਫਤੀਸ਼ ਕੀਤੀ ਜਾ ਰਹੀ ਹੈ, ਤਫਤੀਸ਼ ਦੌਰਾਨ ਜਿਸ ਕਿਸੇ ਦੀ ਇਸ ਮਾਮਲੇ ਵਿੱਚ ਸ਼ਮੂਲੀਅਤ ਸਾਹਮਣੇ ਆਈ ਤਾਂ ਉਸ ਖਿਲਾਫ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਚੇਅਰਮੈਨ ਜੱਸੀ ਨੇ ਆਪਣੇ ਸਕੂਲ ਪਹੁੰਚ ਕੇ ਯਾਦਾਂ ਕੀਤੀਆਂ ਤਾਜ਼ਾ



ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੰਦਰਾਲਾ ਵਿਖੇ ਪੁੱਜਣ 'ਤੇ ਸਕੂਲ ਦੇ ਵਿਦਿਆਰਥੀ ਰਹੇ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦਾ ਸਨਮਾਨ ਕਰਦੇ ਹੋਏ ਪ੍ਰਿੰਸੀਪਲ ਅਰਚਨਾ ਗੋਇਲ ਤੇ ਸਮੂਹ ਸਟਾਫ।

**ਨਾਭਾ (ਵਰਿੰਦਰ ਵਰਮਾ)**

ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪਿੰਡ ਦੰਦਰਾਲਾ ਢੀਂਡਸਾ ਦੇ ਵਿਦਿਆਰਥੀ ਰਹੇ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜਸਵੀਰ ਸਿੰਘ ਜੱਸੀ ਸੋਹੀਆਂ ਵਾਲਾ ਦਾ ਅੱਜ ਚੇਅਰਮੈਨ ਬਣਨ 'ਤੇ ਪਹਿਲੀ ਵਾਰ ਸਕੂਲ 'ਚ ਪੁੱਜਣ 'ਤੇ ਪ੍ਰਿੰਸੀਪਲ ਮੈਡਮ ਅਰਚਨਾ ਗੋਇਲ ਦੀ ਸਰਪ੍ਰਸਤੀ ਹੇਠ ਸਮੂਹ ਸਟਾਫ, ਸਕੂਲ ਮੈਨੇਜਮੈਂਟ ਕਮੇਟੀ ਅਤੇ ਵਿਦਿਆਰਥੀਆਂ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਅਰਚਨਾ ਗੋਇਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਡੇ ਸਕੂਲ ਦੇ ਵਿਦਿਆਰਥੀ ਰਹੇ ਨੌਜਵਾਨ ਆਗੂ ਜੱਸੀ ਸੋਹੀਆਂ ਵਾਲਾ ਦੇ ਯੋਜਨਾ ਬੋਰਡ ਪਟਿਆਲਾ ਦਾ ਚੇਅਰਮੈਨ ਬਣਨ ਨਾਲ ਸਾਡੇ ਸਕੂਲ ਦਾ ਨਾਂਅ ਰੌਸ਼ਨ ਹੋਇਆ ਹੈ ਅਤੇ ਸਾਨੂੰ ਇਹੋ ਜਿਹੇ ਹੋਣਹਾਰ ਵਿਦਿਆਰਥੀਆਂ 'ਤੇ ਹਮੇਸ਼ਾ ਮਾਣ ਰਹੇਗਾ। ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿੱਦਿਆ ਦੇ ਮੰਦਰ 'ਚੋਂ ਮਿਲੀ ਸਿੱਖਿਆ ਦੀ ਰੌਸ਼ਨੀ ਜ਼ਿੰਦਗੀ ਭਰ ਸਾਡੇ ਕੰਮ ਆਉਂਦੀ ਹੈ, ਇਸ ਲਈ ਵਿਦਿਆਰਥੀਆਂ ਨੂੰ ਆਪਣੇ ਗੁਰੂ ਅਧਿਆਪਕਾਂ ਦਾ ਸਨਮਾਨ ਤੇ ਸਤਿਕਾਰ ਕਰਨਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਜਿਸ ਮੁਕਾਮ 'ਤੇ ਅਸੀਂ ਜਾਣਾ ਚਾਹੁੰਦੇ ਹਾਂ, ਉਸ ਮੁਕਾਮ ਨੂੰ ਹਾਸਲ ਕਰਨ ਲਈ ਸੱਚੇ ਦਿਲੋਂ ਲਗਨ ਨਾਲ ਕੀਤੀ ਮਿਹਨਤ ਨਾਲ ਹਮੇਸ਼ਾ ਸਫਲਤਾ ਦੇ ਬੂਹੇ ਖੁੱਲ੍ਹਦੇ ਹਨ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਤੇ ਪੰਜਾਬ ਸਰਕਾਰ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਦਿਨ ਰਾਤ ਉਪਰਾਲੇ ਕਰ ਰਹੀ ਹੈ ਅਤੇ ਆਉਣ ਵਾਲੇ ਸਮੇਂ 'ਚ ਪ੍ਰਾਈਵੇਟ ਸਕੂਲਾਂ ਦੇ ਮੁਕਾਬਲੇ ਸਰਕਾਰੀ ਸਕੂਲ ਵਧੀਆ ਬਣਾਏ ਜਾਣਗੇ। ਇਸ ਮੌਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਸਕੂਲ 'ਚ ਆਪਣੀ ਪੜ੍ਹਾਈ ਸਮੇਂ ਦੀਆਂ ਯਾਦਾਂ ਤਾਜ਼ਾ ਕੀਤੀਆਂ। ਪ੍ਰਿੰਸੀਪਲ ਅਰਚਨਾ ਗੋਇਲ ਵਲੋਂ ਚੇਅਰਮੈਨ ਦੇ ਸਪੁੱਤਰ ਅਮਨਵੀਰ ਸਿੰਘ ਤੇ ਗੁਰਵੀਰ ਸਿੰਘ ਅਤੇ ਜਮਾਤੀ ਰਹੇ ਦੋਸਤ ਸਾਦੀ ਸਿੰਘ, ਸੁਖਵਿੰਦਰ ਸਿੰਘ ਦਾ ਵੀ ਸਨਮਾਨ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸੁਖਵਿੰਦਰ ਸਿੰਘ, ਪੰਚ ਜਸਪਾਲ ਸਿੰਘ, ਗੁਰਸੇਵ ਸਿੰਘ ਢੀਂਡਸਾ, ਸੁੱਖੀ ਢੀਂਡਸਾ ਬਿਸ਼ਨਗੜ੍ਹ, ਗੁਰਚਰਨ ਸਿੰਘ ਸਰਪੰਚ ਰਣਜੀਤਗੜ੍ਹ, ਸਤਗੁਰ ਸਿੰਘ ਖਹਿਰਾ, ਕਰਨਦੀਪ ਸਿੰਘ, ਜਸਕਰਨਵੀਰ ਸਿੰਘ ਤੇਜੇ ਆਦਿ ਮੌਜੂਦ ਸਨ।

# ਜ਼ਿਲ੍ਹਾ ਪੱਧਰੀ ਡਾ. ਏ ਪੀ ਜੇ ਅਬਦੁਲ ਕਲਾਮ ਆਈ ਸੀ ਟੀ ਕੁਇਜ਼ ਮੁਕਾਬਲਾ ਕਰਾਇਆ



ਕੁਇੱਜ਼ ਮੁਕਾਬਲੇ ਦੇ ਜੇਤੂ ਵਿਦਿਆਰਥੀ ਨੂੰ ਸਨਮਾਨਤ ਕਰਦੇ ਮੁੱਖ ਮਹਿਮਾਨ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਜ਼ਿਲ੍ਹਾ ਪੱਧਰੀ ਡਾ. ਏ ਪੀ ਜੇ ਅਬਦੁਲ ਕਲਾਮ ਆਈ ਸੀ ਟੀ ਕੁਇੱਜ਼ ਤੇ ਟਾਈਪਿੰਗ ਮੁਕਾਬਲਾ ਸਰਕਾਰੀ ਹਾਈ ਸਕੂਲ ਝੋਕ ਹਰੀਹਰ, ਫਿਰੋਜ਼ਪੁਰ ਵਿਖੇ ਸਫਲਤਾ ਪੂਰਨ ਕਰਵਾਇਆ ਗਿਆ।ਜ਼ਿਲ੍ਹਾ ਸਿੱਖਿਆ ਅਫ਼ਸਰ ਕਵਲਜੀਤ ਸਿੰਘ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਕੋਮਲ ਸ਼ਰਮਾ ਦੀ ਅਗਵਾਈ ਵਿੱਚ ਬਲਾਕ ਪੱਧਰ 'ਤੇ ਜੇਤੂ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰ 'ਤੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ।ਇਸ ਆਈ ਸੀ ਟੀ ਕੁਇੱਜ਼ ਮੁਕਾਬਲੇ ਦੇ ਪ੍ਰੋਗਰਾਮ ਇੰਚਾਰਜ ਹਰਜੀਤ ਸਿੰਘ ਸੰਧੂ (ਡੀ ਐੱਮ ਕੰਪਿਊਟਰ ਸਾਇੰਸ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਦੇ ਮੁਕਾਬਲੇ ਦਾ ਨਤੀਜਾ ਮੌਕੇ 'ਤੇ ਹੀ ਐਲਾਨਿਆ ਗਿਆ, ਜਿਸ ਵਿੱਚ ਜਮਾਤ 10ਵੀਂ ਤੋਂ ਸੁਨੀਤਾ ਕੌਰ (ਸਰਕਾਰੀ ਹਾਈ ਸਕੂਲ ਰੁਹੇਲਾ ਹਾਜੀ) ਨੇ ਪਹਿਲਾ, ਸਿਮਰਨਦੀਪ ਕੌਰ (ਸ਼ਹੀਦ ਗੁਰੂ ਰਾਮ ਦਾਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜ਼ੀਰਾ ਲੜਕੀਆਂ) ਨੇ ਦੂਜਾ, ਜੀਆ (ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੁਖਵਿੰਦਰ ਸਿੰਘ ਮੱਲਾਂ ਵਾਲਾ) ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸੇ ਪ੍ਰਕਾਰ ਜਮਾਤ 9ਵੀਂ ਤੋਂ ਸਾਨੀਆ (ਸਰਕਾਰੀ ਹਾਈ ਸਕੂਲ ਰੁਹੇਲਾ ਹਾਜੀ) ਨੇ ਪਹਿਲਾ, ਪਵਨ (ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਮਾ) ਨੇ ਦੂਜਾ, ਜਸ਼ਨਦੀਪ (ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਪੁਰ ਸੇਠਾਂ) ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜੇਤੂ ਵਿਦਿਆਰਥੀਆ ਨੂੰ ਮੁਕਾਬਲਾ ਜੇਤੂ ਸਰਟੀਫਿਕੇਟ ਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ।

ਇਸ ਮੌਕੇ ਰਾਜੀਵ ਮੋਗਾ ਜ਼ਿਲ੍ਹਾ ਆਈ ਸੀ ਟੀ ਕੋਆਰਡੀਨੇਟਰ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੰਪਿਊਟਰ ਸਿੱਖਿਆ ਅਜੋਕੇ ਯੁੱਗ ਵਿੱਚ ਕੇਵਲ ਇਕ ਵਿਸ਼ਾ ਹੀ ਨਹੀਂ ਸਗੋਂ ਸਾਖਰਤਾ ਦਾ ਮਾਧਿਅਮ ਬਣ ਚੁੱਕਾ ਹੈ ਤੇ ਹਰੇਕ ਨੂੰ ਇਸ ਵਿਸ਼ੇ ਦੀ ਮੁਢਲੀ ਸਿੱਖਿਆ ਹੋਣਾ ਅਤਿਅੰਤ ਲਾਜ਼ਮੀ ਹੈ।ਜ਼ਿਲ੍ਹਾ ਆਈ ਸੀ ਟੀ ਟੀਮ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ।ਇਸ ਦੇ ਨਾਲ ਹੀ ਭਾਗ ਲੈਣ ਵਾਲੇ ਵਿਦਿਆਰਥੀਆਂ ਤੇ ਮੁਕਾਬਲੇ ਦੀ ਤਿਆਰੀ ਕਰਵਾਉਣ ਵਾਲੇ ਗਾਈਡ ਕੰਪਿਊਟਰ ਫੈਕਲਟੀ ਅਧਿਆਪਕ ਜੋਤੀ, ਆਭਾ ਗੁਪਤਾ, ਰਜਨੀ ਬਾਲਾ, ਸੋਨੂੰ ਬਾਲਾ, ਪੂਜਾ ਗੁੰਬਰ, ਜੋਗਿੰਦਰ ਪਾਲ ਨੂੰ ਸਨਮਾਨ ਪੱਤਰ ਦਿੱਤੇ ਗਏ।ਮੁਕਾਬਲਾ ਕਰਵਾਉਣ ਲਈ ਡਿਊਟੀ ਤੇ ਕੰਪਿਊਟਰ ਫੈਕਲਟੀ ਰੁਚੀ ਜੈਨ, ਮਿਸਾਲ ਧਵਨ, ਚੇਤਨ ਕੱਕੜ, ਸਤੀਸ਼ ਕੁਮਾਰ, ਵਿਜੈ ਕੁਮਾਰ, ਮਨੀਸ਼ ਸ਼ਰਮਾ, ਹਰਪ੍ਰੀਤ ਸਿੰਘ, ਰਜਨੀਸ਼ ਕੁਮਾਰ, ਹਰਪਾਲ ਸਿੰਘ, ਜੋਤ ਸਰੂਪ ਸਿੰਘ, ਹਰਮੀਤ ਕੰਬੋਜ, ਸਚਿਨ ਕੁਮਾਰ ਨੂੰ ਪ੍ਰਸੰਸਾ ਪੱਤਰ ਦਿੱਤੇ ਗਏ।ਸਕੂਲ ਦੇ ਮੁਖੀ ਤੇ ਸਟਾਫ ਮੈਂਬਰ ਸਮੇਤ ਬਲਾਕਾਂ ਤੋਂ ਭਾਗ ਲੈਣ ਵਾਲੇ ਕੰਪਿਊਟਰ ਅਧਿਆਪਕ ਹਾਜ਼ਰ ਸਨ।

# ਕੋਆਪ੍ਰੇਟਿਵ ਸੁਸਾਇਟੀ ਨੂੰ ਕਾਮਯਾਬ ਕਰਨ ਲਈ ਸਾਰੇ ਇੱਕਜੁੱਟ ਹੋ ਕੇ ਕੰਮ ਕਰਨ : ਕਾਕਾ ਬਰਾੜ

## ਗੁਲਾਬੇਵਾਲਾ ਸੁਸਾਇਟੀ ਦੀ ਚੋਣ, ਗੁਰਮੀਤ ਸੈਕਟਰੀ ਬਣੇ ਪ੍ਰਧਾਨ



ਗੁਲਾਬੇਵਾਲਾ ਦੀ ਸੁਸਾਇਟੀ ਦੇ ਚੁਣੇ ਗਏ ਪ੍ਰਧਾਨ ਤੇ ਬਾਕੀ ਅਹੁਦੇਦਾਰਾਂ ਦਾ ਸਨਮਾਨ ਕਰਦੇ ਵਿਧਾਇਕ ਜਗਦੀਪ ਸਿੰਘ 'ਕਾਕਾ ਬਰਾੜ' ਤੇ ਹੋਰ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**-ਨਜ਼ਦੀਕੀ ਪਿੰਡ ਗੁਲਾਬੇਵਾਲਾ ਦੀ ਦਿ ਕੋਆਪ੍ਰੇਟਿਵ ਸੁਸਾਇਟੀ ਦੇ ਪ੍ਰਧਾਨ ਤੇ ਮੈਂਬਰਾਂ ਦੀ ਚੋਣ ਸਰਵਸੰਮਤੀ ਨਾਲ ਵਿਧਾਇਕ ਜਗਦੀਪ ਸਿੰਘ 'ਕਾਕਾ ਬਰਾੜ' ਦੇ ਗ੍ਰਹਿ ਵਿਖੇ ਹੋਈ, ਜਿਸ 'ਚ ਗੁਰਮੀਤ ਸਿੰਘ ਸੈਕਟਰੀ ਨੂੰ ਪ੍ਰਧਾਨ, ਗੁਰਪ੍ਰੀਤ ਸਿੰਘ ਬਰਾੜ ਨੂੰ ਸੀਨੀਅਰ ਵਾਈਸ ਪ੍ਰਧਾਨ ਤੇ ਗੁਰਦੀਪ ਸਿੰਘ ਬਰਾੜ ਅਤੇ ਕਾਕਾ ਸੇਖੋਂ ਨੂੰ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਆਪਣੇ ਸੰਬੋਧਨ 'ਚ ਵਿਧਾਇਕ ਜਗਦੀਪ ਸਿੰਘ 'ਕਾਕਾ ਬਰਾੜ' ਨੇ ਆਖਿਆ ਕਿ ਕਿਸਾਨਾਂ ਦੀ ਭਲਾਈ ਲਈ ਸੁਸਾਇਟੀ ਦਾ ਅਗਾਂਹ ਵਧਣਾ ਬੇਹੱਦ ਹੀ ਜ਼ਰੂਰੀ ਹੈ। ਉਨ੍ਹਾ ਨਵ-ਨਿਯੁਕਤ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਇੱਕਜੁੱਟ ਹੋ ਕੇ ਸੁਸਾਇਟੀ ਨੂੰ ਸਫਲ ਬਣਾਉਣ 'ਚ ਯੋਗਦਾਨ ਪਾਉਣ ਦੀ ਅਪੀਲ ਕੀਤੀ। ਵਰਣਨਯੋਗ ਹੈ ਕਿ ਬੀਤੇ ਦਿਨੀਂ ਸੁਸਾਇਟੀ ਦੇ ਅਹੁਦੇਦਾਰਾਂ ਦੀ ਚੋਣ ਸਰਵਸੰਮਤੀ ਨਾਲ ਕਰਵਾਈ ਗਈ ਸੀ, ਜਿਸ 'ਚ ਆਮ ਆਦਮੀ ਪਾਰਟੀ ਦੇ 6 ਮੈਂਬਰ ਬਣੇ ਸਨ। ਇਸ ਦੌਰਾਨ ਨਵੇਂ ਚੁਣੇ ਗਏ ਅਹੁਦੇਦਾਰਾਂ ਤੇ ਮੈਂਬਰਾਂ ਦਾ ਵਿਧਾਇਕ ਜਗਦੀਪ ਸਿੰਘ 'ਕਾਕਾ ਬਰਾੜ' ਵੱਲੋਂ ਹਾਰ ਪਾ ਕੇ ਤੇ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ। ਇਸ ਮੌਕੇ ਐਡਵੋਕੇਟ ਅਰਵਿੰਦਰ ਸਿੰਘ, ਜਗਦੀਪ ਸਿੰਘ ਗਿੱਲ, ਤੇਜਿੰਦਰ ਸਿੰਘ ਬਰਾੜ, ਗੁਰਤੇਜ ਸਿੰਘ ਸੇਖੋਂ, ਹਰਪ੍ਰੀਤ ਸਿੰਘ ਬਰਾੜ, ਸੇਵਕ ਸਿੰਘ ਬਰਾੜ, ਮੰਗਲ ਸਿੰਘ ਬਰਾੜ, ਹਰਭਗਵਾਨ ਸਿੰਘ ਫੌਜੀ, ਬਲਜੀਤ ਸਿੰਘ ਸਾਬਕਾ ਸਰਪੰਚ ਆਦਿ ਹਾਜ਼ਰ ਸਨ।

# ਨੈਸ਼ਨਲ ਹੈੱਲਥ ਮਿਸ਼ਨ ਦੇ ਮੁਲਾਜ਼ਮਾਂ ਵੱਲੋਂ ਰੋਸ ਪ੍ਰਦਰਸ਼ਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਿਹਤ ਵਿਭਾਗ ਅਧੀਨ ਨੈਸ਼ਨਲ ਹੈੱਲਥ ਮਿਸ਼ਨ ਦੇ ਮੁਲਾਜ਼ਮਾਂ ਵੱਲੋਂ ਕਾਲੇ ਬਿੱਲੇ ਲਾ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।ਡਾ. ਪ੍ਰੀਤ ਮਖੀਜਾ ਸੀ ਐੱਚ ਓ ਤੇ ਨਰਿੰਦਰ ਸਿੰਘ ਸੀ ਐੱਚ ਓ ਨੇ ਦੱਸਿਆ ਕਿ ਪੰਜਾਬ ਦੇ ਸਿਹਤ ਵਿਭਾਗ ਵਿੱਚ ਰਾਸ਼ਟਰੀ ਸਿਹਤ ਮਿਸ਼ਨ ਅਧੀਨ ਠੇਕੇ 'ਤੇ ਕੰਮ ਕਰਦੇ ਮੁਲਾਜ਼ਮਾਂ ਨਾਲ ਆਮ ਆਦਮੀ ਪਾਰਟੀ ਨੇ ਵਾਅਦਾ ਕੀਤਾ ਸੀ ਕਿ ਪੰਜਾਬ ਵਿੱਚ ਸਰਕਾਰ ਬਣਦੇ ਹੀ ਨੈਸ਼ਨਲ ਹੈਲਥ ਮਿਸ਼ਨ ਦੇ ਸਮੂਹ ਕਰਮਚਾਰੀਆਂ ਨੂੰ ਬਿਨਾਂ ਕਿਸੇ ਸ਼ਰਤ ਤੋਂ ਪਹਿਲ ਦੇ ਅਧਾਰ 'ਤੇ ਰੈਗੂਲਰ ਕੀਤਾ ਜਾਵੇਗਾ, ਜਿਸ ਦੇ ਸਬੰਧ ਵਿੱਚ ਐੱਨ ਐੱਚ ਐੱਮ ਯੂਨੀਅਨ ਦੇ ਆਗੂਆਂ ਵੱਲੋਂ ਪੰਜਾਬ ਸਰਕਾਰ ਦੇ ਮੰਤਰੀਆਂ ਤੇ ਉੱਚ ਅਧਿਕਾਰੀਆਂ ਨਾਲ਼ ਮੀਟਿੰਗਾਂ ਕੀਤੀਆਂ ਗਈਆਂ, ਪਰ ਸਰਕਾਰ ਵੱਲੋਂ ਇਨ੍ਹਾਂ ਠੇਕੇ 'ਤੇ ਕੰਮ ਕਰਦੇ ਮੁਲਾਜ਼ਮਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ, ਜਿਸ ਕਰਕੇ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਇਸ ਦੇ ਸਬੰਧ ਵਿੱਚ ਅੱਜ ਐੱਨ ਐੱਚ ਐੱਮ ਦੇ ਮੁਲਾਜ਼ਮਾਂ ਨੇ ਪੰਜਾਬ ਭਰ ਵਿੱਚ ਰੋਸ ਪ੍ਰਦਰਸ਼ਨ ਕਰਨ ਦਾ ਫ਼ੈਸਲਾ ਲਿਆ ਹੈ, ਜਿਸ ਦੇ ਤਹਿਤ ਯੂਨੀਅਨ ਦੀ ਕਾਲ਼ 'ਤੇ 21 ਤੇ 22 ਦਸੰਬਰ ਨੂੰ ਕਾਲੇ ਬਿੱਲੇ ਲਗਾ ਕੇ ਅਤੇ 23 ਦਸੰਬਰ ਨੂੰ ਅੱਧਾ ਦਿਨ ਕੰਮ ਬੰਦ ਕਰਕੇ ਡੀ ਸੀ ਦਫਤਰ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਇਸ ਦੇ ਬਾਵਜੂਦ ਜੇ ਸਰਕਾਰ ਮੁਲਾਜ਼ਮਾਂ ਦੀਆਂ ਮੰਗਾਂ ਨਹੀਂ ਮੰਨਦੀ ਤਾਂ ਸਰਕਾਰ ਵਿਰੁੱਧ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।ਯੂਨੀਅਨ ਦੇ ਆਗੂ ਜੋਗਿੰਦਰ ਸਿੰਘ ਨੇ ਕਿਹਾ ਕਿ ਸਾਡੇ ਵੱਲੋਂ ਆਪਣੀ ਜਾਨ ਖਤਰੇ ਵਿੱਚ ਪਾ ਕੇ ਕਰੋਨਾ ਕਾਲ ਵਿੱਚ ਦਿੱਤੀਆਂ ਸੇਵਾਵਾਂ ਨੂੰ ਵੀ ਸਰਕਾਰ ਵੱਲੋਂ ਅਣਦੇਖਾ ਕੀਤਾ ਜਾ ਰਿਹਾ ਹੈ ਤੇ ਐੱਨ ਐੱਚ ਐੱਮ ਮੁਲਾਜ਼ਮਾਂ ਵੱਲ ਬਿਲਕੁੱਲ ਵੀ ਧਿਆਨ ਨਹੀਂ ਦਿੱਤਾ ਜਾ ਰਿਹਾ। ਇਸ ਮੌਕੇ ਸ਼ਿੰਦਾ ਸਿੰਘ, ਪ੍ਰਤਿਭਾ, ਨਰੇਸ਼, ਅਮਰਜੀਤ ਸਿੰਘ, ਰਣਜੀਤ ਕੌਰ, ਨਵਜੀਤ ਕੁਮਾਰ ਆਦਿ ਹਾਜ਼ਰ ਸਨ।

# ਸਹਾਰਾ ਫਾਊਂਡੇਸਨ ਵੱਲੋਂ ਸਹਾਰਾ ਜਨ ਸੇਵਾ ਅਭਿਆਨ ਦੀ ਸ਼ੁਰੂਆਤ



**ਸੰਗਰੂਰ (ਪ੍ਰਵੀਨ ਸਿੰਘ)**-ਪ੍ਰਸਿੱਧ ਸਮਾਜ ਸੇਵੀ ਸੰਸਥਾ ਸਹਾਰਾ ਫਾਊਂਡੇਸਨ ਵੱਲੋਂ ਕੀਤੀਆਂ ਜਾ ਰਹੀਆਂ ਵੱਖ ਵੱਖ ਸੇਵਾਵਾਂ ਦੀ ਲੜੀ ਵਿੱਚ ਸਹਾਰਾ ਜਨ ਸੇਵਾ ਅਭਿਆਨ ਦੀ ਸ਼ੁਰੂਆਤ ਕੀਤੀ ਗਈ। ਸਥਾਨਕ ਸਿਵਲ ਹਸਪਤਾਲ ਵਿਖੇ ਇਸ ਸੰਬੰਧ 'ਚ ਸੰਖੇਪ ਅਤੇ ਪ੍ਰਭਾਵਸ਼ਾਲੀ ਸਮਾਗਮ ਨਰਿੰਦਰ ਸਿੰਘ ਕਨਵੀਨਰ ਸੇਵਾ ਅਭਿਆਨ, ਸਰਬਜੀਤ ਸਿੰਘ ਰੇਖੀ ਚੇਅਰਮੈਨ, ਡਾ. ਚਰਨਜੀਤ ਸਿੰਘ ਉਡਾਰੀ ਸਰਪ੍ਰਸਤ,ਦਿਨੇਸ਼ ਗਰੋਵਰ ਡਾਇਰੈਕਟਰ ਮੈਡੀਕਲ ਵਿੰਗ, ਅਸ਼ੋਕ ਕੁਮਾਰ ਸਕੱਤਰ ਦੀ ਦੇਖ ਰੇਖ ਹੇਠ ਕੀਤਾ ਗਿਆ। ਇਸ ਮੌਕੇ ਸੁਰਿੰਦਰ ਲਾਂਬਾ ਆਈ ਪੀ ਐਸ ਐਸ ਐਸ ਪੀ ਸੰਗਰੂਰ ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਹਸਪਤਾਲ ਪਹੁੰਚਣ 'ਤੇ ਚੇਅਰਮੈਨ ਦੀ ਅਗਵਾਈ ਵਿੱਚ ਸਹਾਰਾ ਟੀਮ ਵੱਲੋਂ ਸੁਰਿੰਦਰ ਪਾਲ ਸਿੰਘ ਸਿਦਕੀ, ਵਰਿੰਦਰ ਜੀਤ ਸਿੰਘ ਬਜਾਜ, ਡਾ. ਸੁਮਿੰਦਰ ਸਿੰਘ, ਸੁਭਾਸ਼ ਕਰਾੜੀਆ, ਗੁਰਤੇਜ ਖੇਤਲਾ ਨੇ ਸਵਾਗਤ ਕੀਤਾ। ਉਪਰੰਤ ਗਾਇਨੀ ਵਾਰਡ ਵਿਖੇ ਹੋਏ ਸਮਾਗਮ ਦੌਰਾਨ ਕਾਮਨਾ ਜੈਨ ਦੇ ਸਟੇਜ ਸੰਚਾਲਨ ਅਧੀਨ ਡਾ. ਕਿਰਪਾਲ ਸਿੰਘ ਸੀਨੀਅਰ ਮੈਡੀਕਲ ਅਫਸਰ ਨੇ ਐਸ ਐਸ ਪੀ ਨੂੰ ਜੀ ਆਇਆਂ ਕਿਹਾ। ਸਰਬਜੀਤ ਸਿੰਘ ਰੇਖੀ ਨੇ ਸਹਾਰਾ ਫਾਊਂਡੇਸ਼ਨ ਦੇ ਮੈਡੀਕਲ ਵਿੰਗ, ਬਲੱਡ ਡੋਨੇਸ਼ਨ ਵਿੰਗ, ਲੇਡੀਜ਼ ਵਿੰਗ ਵੱਲੋਂ ਸਮੇਂ ਸਮੇਂ 'ਤੇ ਸਿਹਤ ਤੰਦਰੁਸਤੀ, ਸਮਾਜ ਸੇਵਾ ਅਤੇ ਵਾਤਾਵਰਨ ਦੀ ਸੰਭਾਲ ਸੰਬੰਧੀ ਕੀਤੇ ਜਾ ਰਹੇ ਕਾਰਜਾਂ ਬਾਰੇ ਜਾਣਕਾਰੀ ਦਿੱਤੀ। ਡਾ. ਪਰਮਿੰਦਰ ਕੌਰ ਸਿਵਲ ਸਰਜਨ ਨੇ ਸਹਾਰਾ ਵੱਲੋਂ ਸਿਹਤ ਵਿਭਾਗ ਨੂੰ ਦਿੱਤੇ ਜਾ ਰਹੇ ਸਹਿਯੋਗ ਨੂੰ ਸਲਾਹਿਆ ਜਦੋਂ ਕਿ ਸ਼ਿਵ ਆਰੀਆ ਚੇਅਰਮੈਨ ਕੈਂਬਰਿਜ ਇੰਟਰਨੈਸ਼ਨਲ ਸਕੂਲ ਨੇ ਸਮਾਜ ਦੇ ਵੱਖ ਵੱਖ ਵਰਗਾਂ ਨੂੰ ਸਹਾਰਾ ਵੱਲੋਂ ਲੋੜ ਅਨੁਸਾਰ ਦਿੱਤੀ ਜਾ ਰਹੀ ਸਹਾਇਤਾ ਦਾ ਜ਼ਿਕਰ ਕੀਤਾ। ਸੁਰਿੰਦਰ ਲਾਂਬਾ ਨੇ ਸਹਾਰਾ ਵੱਲੋਂ ਕੀਤੀਆਂ ਜਾ ਰਹੀਆਂ ਸੇਵਾਵਾਂ ਅਤੇ ਵਿਸ਼ੇਸ਼ ਕਰਕੇ ਜਨ ਸੇਵਾ ਅਭਿਆਨ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਜ਼ਿਲ੍ਹਾ ਤੇ ਪੁਲਸ ਪ੍ਰਸ਼ਾਸਨ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਡਾ. ਹਰਪ੍ਰੀਤ ਕੌਰ ਰੇਖੀ, ਡਾ. ਰਾਹੁਲ, ਡਾ. ਵਿਕਾਸ ਧੀਰ, ਸੁਖਵਿੰਦਰ ਬਬਲਾ, ਹੰਸ ਰਾਜ ਠੇਕੇਦਾਰ ਹਾਜ਼ਰ ਸਨ। ਉਪਰੰਤ 50 ਲੋੜਵੰਦ ਪਰਿਵਾਰਾਂ ਨੂੰ ਰਜਾਈਆਂ ਕੰਬਲ ਤੇ ਗਰਮ ਕੱਪੜੇ ਵੰਡੇ ਗਏ।

# ਸਰਕਾਰੀ ਸਹਾਇਤਾ ਪ੍ਰਾਪਤ ਸਕੂਲ ਅਧਿਆਪਕਾਂ ਵੱਲੋਂ ਸੰਘਰਸ਼ ਦਾ ਐਲਾਨ



**ਧੂਰੀ (ਸੁਖਦੇਵ ਧੂਰੀ)**-ਸਰਕਾਰੀ ਸਹਾਇਤਾ ਪ੍ਰਾਪਤ ਅਧਿਆਪਕ ਤੇ ਹੋਰ ਕਰਮਚਾਰੀ ਯੂਨੀਅਨ ਦੀ ਮੀਟਿੰਗ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਲਖਵੀਰ ਸਿੰਘ ਤੇ ਜ਼ਿਲ੍ਹਾ ਜਨਰਲ ਸਕੱਤਰ ਮਿਸਰਾ ਸਿੰਘ ਦੀ ਪ੍ਰਧਾਨਗੀ ਹੇਠ ਮਾਲਵਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਧੂਰੀ ਵਿਖੇ ਹੋਈ। ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਏਡਿਡ ਇਨਸਰਵਿਸ ਤੇ ਰਿਟਾਇਰ ਸਾਥਿਆਂ ਨੂੰ ਕਾਨੂੰਨੀ ਹੱਕ ਹੋਣ ਦੇ ਬਾਵਜੂਦ ਵੀ ਹਾਲੇ ਤੱਕ ਛੇਵਾਂ ਪੇ ਕਮਿਸ਼ਨ ਦੇਣ ਦਾ ਪੱਤਰ ਜਾਰੀ ਨਾ ਕਰਨ 'ਤੇ ਤਕੜਾ ਰੋਸ ਜਤਾਇਆ ਤੇ ਸਾਰੇ ਹਾਊਸ ਨੇ ਸਰਬਸੰਮਤੀ ਨਾਲ ਤਿੱਖਾ ਸੰਘਰਸ਼ ਸ਼ੁਰੂ ਕਰਨ ਦਾ ਐਲਾਨ ਕਰਦੇ ਹੋਏ ਪਹਿਲੇ ਪੜਾਅ 'ਤੇ ਸਿੱਖਿਆ ਮੰਤਰੀ ਦੇ ਹਲਕੇ ਵਿੱਚ ਪਹਿਲਾਂ 26 ਦਸੰਬਰ ਦੀ ਰੱਖੀ ਰੈਲੀ ਦੀ ਥਾਂ ਸ਼ਹੀਦੀ ਜੋੜ ਮੇਲਿਆਂ ਦੇ ਸਤਿਕਾਰ ਵਜੋਂ ਰੈਲੀ ਦਾ ਸਥਾਨ ਬਦਲ ਕੇ ਡੀ ਪੀ ਆਈ ਦਫਤਰ ਮੁਹਾਲੀ ਰੱਖਿਆ ਹੈ। ਇਸ 'ਤੇ ਸਟੇਟ ਯੂਨੀਅਨ ਵੱਲੋਂ ਲਏ ਫੈਸਲੇ ਅਨੁਸਾਰ ਡੀ ਪੀ ਆਈ ਦਫਤਰ ਵਿੱਚ ਪਿਛਲੇ ਛੇ ਮਹੀਨਿਆਂ ਤੋਂ ਰੁਲ ਰਹੀ ਛੇਵਾਂ ਪੇ ਕਮਿਸ਼ਨ ਦੀ ਫਾਈਲ ਤੇ ਪਿਛਲੇ ਦਸ ਦਸ ਮਹੀਨੇ ਤੋਂ ਰੁਲ ਰਹੀਆਂ ਤਨਖਾਹਾਂ ਤੇ ਪੈਨਸ਼ਨ ਦੀਆਂ ਫਾਈਲਾਂ 'ਤੇ ਸਖਤ ਰੋਸ ਪ੍ਰਗਟਾਇਆ। ਮੀਟਿੰਗ ਵਿੱਚ ਸਰਬਸੰਮਤੀ ਨਾਲ ਫੈਸਲਾ ਕੀਤਾ ਕਿ ਜੇਕਰ ਮੁੱਖ ਮੰਤਰੀ ਪੰਜਾਬ ਇਸ ਸਬੰਧੀ ਯੂਨੀਅਨ ਦੇ ਡੈਪੂਟੇਸ਼ਨ ਨਾਲ ਪੈਨਲ ਮੀਟਿੰਗ ਦੇ ਕੇ ਛੇਵੇਂ ਪੇ ਕਮਿਸ਼ਨ ਦੇਣ ਦਾ ਐਲਾਨ ਨਹੀਂ ਕਰਦੇ ਤਾਂ ਅਗਲੇ ਸਾਲ ਜਨਵਰੀ ਦੇ ਪਹਿਲੇ ਹਫਤੇ ਮੁੱਖ ਮੰਤਰੀ ਦੇ ਹਲਕੇ ਵਿੱਚ ਤਕੜਾ ਰੋਸ ਮੁਜ਼ਾਹਰਾ ਕਰਨ 'ਤੇ ਅਗਲੇ ਸੰਘਰਸ਼ ਦੀ ਰੂਪ-ਰੇਖਾ ਤਿਆਰ ਕਰਨ ਲਈ ਸਾਰੇ ਅਧਿਕਾਰ ਨਵੀਂ ਬਣਾਈ ਐਕਸ਼ਨ ਕਮੇਟੀ ਨੂੰ ਦਿੱਤੇ ਗਏ। ਇਸ ਮੌਕੇ ਸਵਰਨਜੀਤ ਕੌਰ ਸੰਗਰੂਰ, ਰਵਿੰਦਰਜੀਤ ਪੁਰੀ, ਅਵਤਾਰ ਸਿੰਘ ਸੰਗਰੂਰ, ਵਰਿੰਦਰ ਔਲਖ, ਪਰਵੀਨ ਧੂਰੀ, ਪ੍ਰਿੰਸੀਪਲ ਨਵਿੰਦਰ ਪੰਧੇਰ, ਪ੍ਰਿੰਸੀਪਲ ਸਰਬਜੀਤ ਕੌਰ, ਪ੍ਰੀਤ ਕੁੱਪ ਕਲਾਂ, ਧਰਮਿੰਦਰ ਧੂਰੀ ਹਾਜ਼ਰ ਸਨ।

# ਗੁਰਚਰਨ ਨੂਰਪੁਰ 'ਤੇ ਪਰਚਾ ਦਰਜ ਕਰਨ ਦੀ ਕੇਂਦਰੀ ਸਭਾ ਵੱਲੋਂ ਨਿੰਦਾ

**ਧੂਰੀ (ਸੁਖਦੇਵ ਧੂਰੀ)**-ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਦੇ ਪ੍ਰਧਾਨ ਪਵਨ ਹਰਚੰਦਪੁਰੀ ਨੇ ਪ੍ਰੈੱਸ ਨੂੰ ਜਾਰੀ ਕੀਤੇ ਇੱਕ ਬਿਆਨ ਵਿੱਚ ਕਿਹਾ ਕਿ ਪਿਛਲੇ ਕਾਫੀ ਅਰਸੇ ਤੋਂ ਪਿੰਡ ਜ਼ੀਰਾ ਵਿਖੇ ਇੱਕ ਫੈਕਟਰੀ ਵੱਲੋਂ ਆਸ-ਪਾਸ ਦੇ ਇਲਾਕੇ ਵਿੱਚ ਬੇਹੱਦ ਪ੍ਰਦੂਸ਼ਣ ਫੈਲਾਇਆ ਜਾ ਰਿਹਾ ਸੀ। ਉਸ ਪ੍ਰਦੂਸ਼ਣ ਤੋਂ ਤੰਗ ਆ ਕੇ ਇਲਾਕੇ ਦੇ ਲੋਕਾਂ ਵੱਲੋਂ ਪਿੰਡ ਜ਼ੀਰਾ ਵਿਖੇ ਵਿਰੋਧ ਦੇ ਤੌਰ 'ਤੇ ਧਰਨਾ ਲਗਾਇਆ ਗਿਆ ਹੈ, ਜਿਸ 'ਚ ਕਿਸਾਨ ਨੇਤਾਵਾਂ ਵੱਲੋਂ ਤਕਰੀਰਾਂ ਵੀ ਕੀਤੀਆਂ ਜਾਂਦੀਆਂ ਹਨ। ਇਸ ਧਰਨੇ ਵਿੱਚ ਪੱਤਰਕਾਰ, ਬੁੱਧੀਜੀਵੀ ਤੇ ਨਾਮਵਰ ਲੇਖਕ ਗੁਰਚਰਨ ਸਿੰਘ ਨੂਰਪੁਰ ਵੀ ਅਪਣਾ ਮਾਨਵਤਾ ਪੱਖੀ ਫਰਜ਼ ਸਮਝਦੇ ਹੋਏ ਸ਼ਾਮਲ ਹੁੰਦੇ ਰਹੇ। ਉਹ ਲੋਕਾਂ ਨੂੰ ਪ੍ਰਦੂਸ਼ਣ ਦੇ ਘਾਤਕ ਨਤੀਜਿਆਂ ਬਾਰੇ ਤੇ ਵਾਤਾਵਰਣ ਪ੍ਰਤੀ ਸੁਚੇਤ ਕਰਨ ਹਿਤ ਤਕਰੀਰ ਵੀ ਕਰਦੇ ਰਹੇ, ਪਰ ਸਰਕਾਰ ਨੇ ਫੈਕਟਰੀ ਵਿਰੁੱਧ ਕਨੂੰਨੀ ਕਾਰਵਾਈ ਤਾਂ ਕੀ ਕਰਨੀ ਸੀ, ਸਗੋਂ ਧਰਨਾ ਦੇ ਰਹੇ ਕਿਸਾਨਾਂ ਤੇ ਗੁਰਚਰਨ ਸਿੰਘ ਨੂਰਪੁਰ, ਜੋ ਕਿ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਦੇ ਸਕੱਤਰ ਹਨ, ਖਿਲਾਫ ਹੀ ਕੇਸ ਬਣਾ ਕੇ ਪਰਚਾ ਦਰਜ ਕਰ ਦਿੱਤਾ। ਕੇਂਦਰੀ ਪੰਜਾਬੀ ਲੇਖਕ ਸਭਾ ਸੇਖੋਂ ਦੇ ਸੀਨੀਅਰ ਅਹੁਦੇਦਾਰਾਂ ਵੱਲੋਂ ਇਸ ਦੀ ਨਿੰਦਾ ਕਰਦਿਆਂ ਵਿਚਾਰ ਉਪਰੰਤ ਇਹ ਫੈਸਲਾ ਲਿਆ ਗਿਆ ਕਿ ਕੇਂਦਰੀ ਸਭਾ ਦਾ ਇੱਕ ਵਫਦ ਉਸ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਤੇ ਐੱਸ ਐੱਸ ਪੀ ਨੂੰ ਮਿਲੇਗਾ ਤਾਂ ਕਿ ਗੁਰਚਰਨ ਸਿੰਘ ਨੂਰਪੁਰ ਦੇ ਨਾਮ 'ਤੇ ਜੋ ਪਰਚਾ ਕੱਟਿਆ ਗਿਆ ਹੈ, ਉਸ ਨੂੰ ਵਾਪਸ ਲਿਆ ਜਾਵੇ ਤੇ ਹੋਰਨਾਂ ਕਿਸਾਨਾਂ ਦੇ ਵੀ ਪਰਚੇ ਖਾਰਜ ਕੀਤੇ ਜਾਣ।

**PUBLIC NOTICE**

It is to put the General Public on notice that Mrs. Vinod Bala w/o Vinay Arora R/o 2594 Gali No. 4, Bhagtanwala Amritsar 143001 owner of Residential property bearing House Khana Shumari No. 4027/9 Vakiya Rakba Amritsar Urban Circle No. 107 Bazar Munshian Katra Karam Singh Gate Hakima Amritsar 143001 area measuring 100 Sq. yds that is bounded as North :- Road South :- Ownership Buta Ram East :- Ownership Bhatia West :- Ownership Lubhaya that is situated at 4027/9 Vakiya Rakba Amritsar Urban Circle No. 107 Bazar Munshian Katra Karam Singh Gate Hakima Amritsar 143001 vide Sale Deed dated : 09/11/2022 as Document No. 2022-23/89/1/5834 has approached Equitas Small Finance Bank Limited, Branch office at shop No. 99 National Shopping Complex 2nd Floor Near Hide Market, Civil Hospital G.T. Road Amritsar, 143001, with a request to extent Loan against the mortgage of the above property. Anybody having objection in respect of the said property or regarding creation of mortgage with my client, may raise their objections within 7 days from the date of this publication, to the below mentioned address.

**Vikas Verma (Advocate)**
Distt. Courts Amritsar.
Ph. : 9815156302




# ਡੀ ਸੀ ਦਫਤਰ ਅੱਗੇ ਅੰਦੋਲਨ 27ਵੇਂ ਦਿਨ ਵੀ ਰਿਹਾ ਜਾਰੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)** : ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਸੂਬਾ ਪੱਧਰੀ ਅੰਦੋਲਨ ਦੇ ਚਲਦੇ ਸੂਬਾ ਜਨਰਲ ਸਕੱਤਰ ਸਰਵਣ ਸਿੰਘ ਪੰਧੇਰ, ਸੂਬਾ ਆਗੂ ਗੁਰਬਚਨ ਸਿੰਘ ਚੱਬਾ ਅਤੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰਬਾਲਾ ਦੀ ਅਗਵਾਈ 'ਚ ਜ਼ਿਲ੍ਹਾ ਅੰਮ੍ਰਿਤਸਰ ਵਲੋਂ ਡੀ ਸੀ ਦਫਤਰ ਅੰਮ੍ਰਿਤਸਰ ਵਿੱਚ 27ਵੇਂ ਅਤੇ ਤਿੰਨ ਟੋਲ ਪਲਾਜ਼ਿਆਂ ਤੇ 8ਵੇਂ ਦਿਨ ਜੋਸ਼ੋ ਖਰੋਸ਼ ਨਾਲ ਜਾਰੀ ਰਿਹਾ। ਇਸ ਦੇ ਨਾਲ ਨਾਲ ਮੋਰਚੇ ਵਿਚ ਅਗਲੀ ਸ਼ਮੂਲੀਅਤ ਲਈ ਜ਼ੋਨ ਪੱਧਰੀ ਮੀਟਿੰਗਾਂ ਦਾ ਦੌਰ ਚਲਾ ਕੇ ਇਲਾਕੇ ਦੇ ਲੋਕਾਂ ਨੂੰ ਸੰਘਰਸ਼ ਪ੍ਰਤੀ ਜਾਗਰੂਕ ਕੀਤੇ ਜਾਣ ਦੇ ਪ੍ਰੋਗਰਾਮ ਚਲਾ ਕੇ ਵੱਡੀਆਂ ਲਾਮਬੰਦੀਆਂ ਕੀਤੀਆਂ ਗਈਆਂ। ਇਸ ਮੌਕੇ ਮੀਡੀਆ ਨਾਲ ਗੱਲ ਕਰਦੇ ਆਗੂਆਂ ਨੇ ਦੱਸਿਆ ਕਿ ਪੰਜਾਬ ਤੇ ਕੇਂਦਰ ਸਰਕਾਰ ਲਗਾਤਾਰ ਆਪਣੇ ਵਾਅਦਿਆਂ ਤੋਂ ਭੱਜ ਰਹੀ ਹੈ ਅਤੇ ਪਿਛਲੀਆਂ ਸਰਕਾਰਾਂ ਅਤੇ ਇਸ ਸਰਕਾਰ ਵੱਲੋਂ ਮੰਨੀਆਂ ਹੋਈਆਂ ਮੰਗਾਂ 'ਤੇ ਕੰਮ ਨਹੀਂ ਕਰ ਰਹੀ। ਪੰਜਾਬ ਦਾ ਕਿਸਾਨ ਮਜ਼ਦੂਰ ਤੇ ਹੋਰ ਵਰਗਾਂ ਦੀ ਆਰਥਿਕ ਹਾਲਤ ਲਗਾਤਾਰ ਨਿੱਘਰ ਰਹੀ ਹੈ, ਭਗਵੰਤ ਮਾਨ ਦੀ ਸਰਕਾਰ ਨੇ ਲੋਕਾਂ ਨਾਲ ਬਦਲਾਵ ਦੇ ਨਾਮ ਹੇਠ ਧੋਖਾ ਕੀਤਾ ਹੈ, ਪੰਜਾਬ ਦੀਆਂ ਮੁਸ਼ਕਲਾਂ ਉਵੇਂ ਹੀ ਖੜ੍ਹੀਆਂ ਹਨ। ਉਨ੍ਹਾ ਕਿਹਾ ਕਿ ਮੋਰਚੇ ਦੀਆਂ ਮੁੱਖ ਮੰਗਾਂ, ਸਰਕਾਰ ਪੰਜਾਬ ਦੇ ਲਗਾਤਾਰ ਹੇਠਾਂ ਜਾ ਰਹੇ ਪਾਣੀ ਨੂੰ ਬਚਾਉਣ ਲਈ ਪੋਲਿਸੀ ਬਣਾਵੇ, ਖੇਤੀ ਵਿਭਿੰਨਤਾ ਅਤੇ ਕਿਸਾਨਾਂ ਨੂੰ ਕਣਕ ਝੋਨੇ ਦੇ ਗੇੜ ਚੋਂ ਕੱਢਣ ਲਈ ਤੇਲ ਬੀਜਾਂ, ਆਦਿ 23 ਫਸਲਾਂ ਦੇ ਰੇਟ ਡਾ. ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ 2+50% ਅਨੁਸਾਰ ਦਿੱਤੇ ਜਾਣ, ਮਜ਼ਦੂਰਾਂ ਦੇ ਮਨਰੇਗਾ ਤਹਿਤ ਕੀਤੇ ਕੰਮ ਦੇ ਬਕਾਇਆ ਮਿਹਨਤਾਨੇ ਜਾਰੀ ਕੀਤੇ ਜਾਣ, ਮਨਰੇਗਾ ਤਹਿਤ 365 ਦਿਨ ਰੁਜ਼ਗਾਰ ਦਿੱਤਾ ਜਾਵੇ, ਦਿੱਲੀ ਮੋਰਚੇ ਅਤੇ ਪਹਿਲੇ ਮੋਰਚਿਆਂ 'ਚ ਸ਼ਹੀਦ ਕਿਸਾਨਾਂ ਮਜ਼ਦੂਰਾਂ ਦੇ ਪਰਵਾਰਾਂ ਲਈ ਐਲਾਨ ਕੀਤੇ ਮੁਆਵਜ਼ੇ ਅਤੇ ਨੌਕਰੀ ਦਿੱਤੀ ਜਾਵੇ, ਨਹਿਰੀ ਤੇ ਦਰਿਆਈ ਪਾਣੀਆਂ 'ਤੇ ਕਾਰਪੋਰੇਟ ਘਰਾਣਿਆਂ ਦਾ ਕਬਜ਼ੇ ਕਰਵਾਉਣ ਵਾਲੀਆਂ ਨੀਤੀਆਂ ਵਾਪਸ ਲਈਆਂ ਜਾਣ, ਬੇਅਦਬੀਆਂ ਦੇ ਦੋਸ਼ੀਆਂ 'ਤੇ ਬਣਦੀ ਕਰਵਾਈ ਜਲਦ ਤੋਂ ਜਲਦ ਕੀਤੀ ਜਾਵੇ ਤੋਂ ਇਲਾਵਾ ਹੋਰ ਅਹਿਮ ਮੰਗਾਂ ਸ਼ਾਮਲ ਹਨ। ਉਨ੍ਹਾ ਕਿਹਾ ਕਿ ਸੰਘਰਸ਼ ਜ਼ੋਰਦਾਰ ਪਰ ਸ਼ਾਂਤਮਈ ਹੋਣਗੇ ਜਿਸ ਦੀਆਂ ਤਿਆਰੀਆਂ ਲਗਾਤਾਰ ਲਈ ਪਿੰਡ ਪੱਧਰ 'ਤੇ ਪੂਰੀਆਂ ਹੋ ਚੁੱਕੀਆਂ ਹਨ। ਉਨ੍ਹਾ ਕਿਹਾ ਕਿ ਇੱਕ ਵਾਰ ਸਰਕਾਰ ਵੱਲੋਂ ਵੱਡੇ ਕਾਰਪੋਰੇਟ ਘਰਾਣਿਆਂ ਦੇ 10.1 ਲੱਖ ਕਰੋੜ ਦਾ ਕਰਜ਼ਾ ਐਨ ਪੀ ਏ ਕਰ ਕੇ ਖਤਮ ਕਰ ਦਿੱਤਾ ਗਿਆ ਹੈ ਪਰ ਪਾਰਲੀਮੈਂਟਰੀ ਬਿਆਨਾਂ ਮੁਤਾਬਕ 42000 ਤੋਂ ਵੱਧ ਮਜ਼ਦੂਰ ਸਾਲਾਨਾ ਖੁਦਕੁਸ਼ੀਆ ਕਰ ਰਿਹਾ ਹੈ,ਜਿਸ ਦਾ ਸਿੱਧਾ ਤੇ ਮੁੱਖ ਕਾਰਨ ਮਾੜੇ ਆਰਥਿਕ ਹਾਲਾਤ ਹਨ ਪਰ ਸਰਕਾਰ ਸਾਡਾ ਕਰਜ਼ਾ ਖਤਮ ਕਰਨ ਦੀ ਬਜਾਏ ਸਿਰਫ ਬਦਨਾਮ ਕਰਦੀ ਹੈ। ਉਨ੍ਹਾ ਕਿਹਾ ਕਿ ਜ਼ੀਰਾ ਮੋਰਚੇ ਨੂੰ ਦੇਸ਼ ਅਤੇ ਵਿਸ਼ਵ ਵਿਆਪੀ ਸਮਰਥਨ ਮਿਲ ਰਿਹਾ ਹੈ ਅਤੇ ਜਥੇਬੰਦੀ 23 ਨਵੰਬਰ ਦੇ ਹਾਈ ਕੋਰਟ ਦੇ ਫੈਸਲੇ ਬਾਰੇ ਵੀ ਸਰਕਾਰ ਨੂੰ ਅਗਾਹ ਕਰਦੀ ਹੈ ਕਿ ਅਗਰ ਮੋਰਚੇ ਨਾਲ ਧੱਕਾ ਕਰਨ ਦੀ ਕੋਸ਼ਿਸ਼ ਕੀਤੀ ਤਾਂ ਤਿੱਖੇ ਪ੍ਰਤੀਕਰਮ ਹੋਣਗੇ । ਅੱਜ ਚਾਰ ਜਗ੍ਹਾ ਮੋਰਚਿਆਂ ਅਤੇ ਵੱਖ ਵੱਖ ਮੀਟਿੰਗਾਂ ਵਿੱਚ ਜ਼ਿਲ੍ਹਾ ਸਕੱਤਰ ਗੁਰਲਾਲ ਸਿੰਘ ਮਾਨ, ਜ਼ਿਲ੍ਹਾ ਆਗੂ ਬਲਦੇਵ ਸਿੰਘ ਬੱਗਾ, ਜ਼ਿਲ੍ਹਾ ਪ੍ਰੈਸ ਸਕੱਤਰ ਕੰਵਰਦਲੀਪ ਸੈਦੋਲੇਹਲ, ਚਰਨਜੀਤ ਸਿੰਘ ਸਫੀਪੁਰ, ਗੁਰਭੇਜ ਸਿੰਘ ਝੰਡੇ, ਕੰਧਾਰ ਸਿੰਘ ਭੋਏਵਾਲ, ਸਵਿੰਦਰ ਸਿੰਘ ਰੂਪੋਵਾਲੀ, ਕੁਲਜੀਤ ਸਿੰਘ ਕਾਲੇ ਘਣੂਪੁਰ, ਸੁਖਦੇਵ ਸਿੰਘ ਚਾਟੀਵਿੰਡ, ਬਲਵਿੰਦਰ ਸਿੰਘ ਬਿੰਦੂ, ਕਾਬਲ ਸਿੰਘ ਮਹਾਵਾ, ਅਮਨਿੰਦਰ ਸਿੰਘ ਮਾਲੋਵਾਲ, ਸੂਬੇਦਾਰ ਨਿਰੰਜਨ ਸਿੰਘ, ਰਣਜੀਤ ਸਿੰਘ ਚਾਟੀਵਿੰਡ, ਗੁਰਭੇਜ ਸਿੰਘ ਭੀਲੋਵਾਲ, ਚਰਨ ਸਿੰਘ ਕਲੇਰ ਘੁਮਾਣ, ਅਮਰੀਕ ਸਿੰਘ ਜਮਾਲਪੁਰ, ਰਣਧੀਰ ਸਿੰਘ ਬੁੱਟਰ,ਸਵਰਨ ਸਿੰਘ ਉਧੋਨੰਗਲ ਤੋਂ ਇਲਾਵਾ ਹਜ਼ਾਰਾਂ ਕਿਸਾਨ ਮਜ਼ਦੂਰ ਤੇ ਬੀਬੀਆਂ ਨੇ ਸ਼ਿਰਕਤ ਕੀਤੀ।

# ਜ਼ਹਿਰੀਲੀ ਦਵਾਈ ਪੀਣ ਨਾਲ ਮਾਂ ਦੀ ਮੌਤ, ਧੀ ਦੀ ਹਾਲਤ ਗੰਭੀਰ

ਕਾਦੀਆਂ (ਕਸ਼ਮੀਰ ਸੰਧੂ) : ਮਾਂ ਧੀ ਨੇ ਜ਼ਹਿਰੀਲੀ ਦਵਾਈ ਪੀ ਲਈ। ਮਾਂ ਦੀ ਮੌਤ ਤੇ ਧੀ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਕਸਬਾ ਹਰਚੋਵਾਲ ਦੀ ਜਗੀਰ ਕੌਰ 50 ਸਾਲ ਪਤਨੀ ਰਾਜਨ ਕੁਮਾਰ, ਪੁੱਤਰੀ ਸਰਬਜੀਤ ਕੌਰ 28 ਸਾਲ ਨੇ ਬੀਤੀ ਰਾਤ ਜ਼ਹਿਰੀਲੀ ਦਵਾਈ ਪੀ ਲਈ ਜਿਨ੍ਹਾਂ ਨੂੰ ਸਰਕਾਰੀ ਹਸਪਤਾਲ ਹਰਚੋਵਾਲ ਵਿਖੇ ਦਾਖਲ ਕਰਵਾਇਆ ਗਿਆ ਪਰ ਹਾਲਤ ਨਾਜ਼ੁਕ ਦੇਖਦਿਆਂ ਬਟਾਲਾ ਹਸਪਤਾਲ ਵਿਖੇ ਰੈਫਰ ਕੀਤਾ ਪਰ ਇਲਾਜ ਦੌਰਾਨ ਜਗੀਰ ਕੌਰ ਦੀ ਮੌਤ ਹੋ ਗਈ । ਲੜਕੀ ਸਰਬਜੀਤ ਕੌਰ ਨੂੰ ਅੰਮ੍ਰਿਤਸਰ ਵਿਖੇ ਰੈਫਰ ਕਰ ਦਿੱਤਾ ਗਿਆ । ਲੜਕੀ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਇਸ ਸੰਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਥਾਣਾ ਸ੍ਰੀ ਹਰਗੋਬਿੰਦਪੁਰ ਦੇ ਐਸ ਐਚ ਓ ਮੈਡਮ ਬਲਜੀਤ ਕੌਰ ਨੇ ਦੱਸਿਆ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿਚ ਹੈ ਤੇ ਮ੍ਰਿਤਕ ਔਰਤ ਜਗੀਰ ਕੌਰ ਦੇ ਭਰਾ ਰਮੇਸ਼ ਕੁਮਾਰ ਪੁੱਤਰ ਰਘਬੀਰ ਦਾਸ ਵਾਸੀ ਪਿੰਡ ਸੁਚਾਨੀਆਂ ਤੇ ਪੁਲਸ ਨੂੰ ਬਿਆਨ ਦਰਜ ਕਰਵਾਏ ਹਨ ਕਿ ਉਹ ਕੋਈ ਵੀ ਕਾਰਵਾਈ ਨਹੀਂ ਕਰਵਾਉਣਾ ਚਾਹੁੰਦੇ। ਮ੍ਰਿਤਕਾ ਦੇ ਭਰਾ ਦੇ ਬਿਆਨਾਂ ਦੇ ਅਧਾਰ 'ਤੇ 174 ਦੀ ਕਾਰਵਾਈ ਕਰ ਦਿੱਤੀ ਗਈ ਹੈ।

# ਪੰਜਾਬ ਇਸਤਰੀ ਸਭਾ ਦੇ ਸਹਿਯੋਗ ਨਾਲ ਆਸਟ੍ਰੇਲੀਅਨ ਸੰਸਥਾ ਵੱਲੋਂ ਸਕੂਲ ਨੂੰ ਪੱਖੇ ਤੇ ਕੂਲਰ ਭੇਟ



ਤਰਨ ਤਾਰਨ (ਨ ਜ਼ ਸ) : ਸੂਬਾ ਜਨਰਲ ਸਕੱਤਰ ਪੰਜਾਬ ਇਸਤਰੀ ਸਭਾ ਰਜਿੰਦਰਪਾਲ ਕੌਰ ਦੀ ਸਲਾਹ 'ਤੇ ਇਕ ਐਨ ਆਰ ਆਈ ਸੰਸਥਾ ਗਲੋਬਲ ਆਰਗੇਨਾਈਜ਼ੇਸ਼ਨ ਫਾਰ ਪੀਪਲ ਆਫ ਇੰਡੀਅਨ (ਆਸਟ੍ਰੇਲੀਆ) ਔਰਿਜਨ ਨੇ ਦੋ ਸਕੂਲਾਂ ਨੂੰ ਪੱਖੇ ਅਤੇ ਕੂਲਰ ਭੇਟ ਕੀਤੇ। ਜ਼ਿਕਰਯੋਗ ਹੈ ਕਿ ਇਹ ਸੰਸਥਾ ਆਸਟ੍ਰੇਲੀਆ ਵਿਚ ਰਹਿ ਰਹੇ ਕੁਝ ਵਧੀਆ ਸੋਚ ਵਾਲੇ ਲੋਕਾਂ ਨੇ ਥੁੜਾਂ ਮਾਰੇ ਭਾਰਤੀ ਵਿਦਿਆਰਥੀਆਂ ਦੀ ਮਦਦ ਵਾਸਤੇ ਬਣਾਈ ਹੈ। ਇਸ ਸੰਸਥਾ ਦੀ ਅਹੁਦੇਦਾਰ ਬੇਟੀ ਅਮਨ ਸਿੰਘ ਨੇ ਪੰਜਾਬ ਇਸਤਰੀ ਸਭਾ ਦੀ ਜਨਰਲ ਸਕੱਤਰ ਕੋਲੋਂ ਪਤਾ ਕੀਤਾ ਤਾਂ ਕਿ ਉਨ੍ਹਾਂ ਦੀ ਮਿਹਨਤ ਦੀ ਕਮਾਈ ਗਲਤ ਹੱਥਾਂ ਵਿੱਚ ਨਾ ਚਲੀ ਜਾਵੇ। ਅਸੀਂ ਤਰਨ ਤਾਰਨ ਜ਼ਿਲ੍ਹੇ ਪੱਟੀ ਇਲਾਕੇ ਦੇ ਦੋ ਸਕੂਲ ਐਲੀਮੈਂਟਰੀ ਅਤੇ ਸੀ.ਸੈਕੰਡਰੀ ਸਕੂਲ ਬਾਹਮਣੀਵਾਲਾ ਦੀ ਸਿਫਾਰਸ਼ ਕੀਤੀ ਅਤੇ ਉਨ੍ਹਾਂ ਨੇ ਪੂਰੀ ਪੁਣ ਛਾਣਬੀਣ ਤੋਂ ਬਾਅਦ ਮਨਜ਼ੂਰੀ ਦਿੱਤੀ। ਰੀ.ਪ੍ਰਿੰਸੀਪਲ ਕਾਰਜ ਸਿੰਘ ਕੈਰੋਂ ਜੋ ਕਿ ਅਧਿਆਪਕ ਯੂਨੀਅਨ ਦੇ ਆਗੂ ਨੇ, ਇਸ ਕੰਮ ਵਿੱਚ ਮਦਦ ਕੀਤੀ। ਆਸਟ੍ਰੇਲੀਆ ਤੋਂ ਬੇਟੀ ਅਮਨ ਆਈ ਅਤੇ ਦੋਵਾਂ ਸਕੂਲਾਂ ਵਿੱਚ ਜਾ ਕੇ ਪੱਖੇ ਅਤੇ ਵਾਟਰ ਕੂਲਰ ਭੇਟ ਕੀਤੇ। ਛੋਟੇ ਜਿਹੇ ਸਮਾਗਮ ਨੂੰ ਪ੍ਰਿੰਸੀਪਲ ਹਰਜਿੰਦਰ ਸਿੰਘ , ਲੈਕਚਰਾਰ ਬਲਜਿੰਦਰ ਸਿੰਘ, ਕਾਰਜ ਸਿੰਘ ਕੈਰੋਂ,ਰਜਿੰਦਰਪਾਲ ਕੌਰ, ਸੁਖਚੈਨ ਸਿੰਘ ਆਦਿ ਬੁਲਾਰਿਆਂ ਨੇ ਅਮਨ ਸਿੰਘ ਅਤੇ ਉਸ ਦੀ ਸੰਸਥਾ ਵੱਲੋਂ ਮਨੁੱਖਤਾ ਦੀ ਸੇਵਾ ਅਤੇ ਆਪਣੇ ਪਿਛੋਕੜ ਵਾਲੇ ਇਲਾਕੇ ਭਾਰਤ ਅਤੇ ਪੰਜਾਬ ਨੂੰ ਯਾਦ ਰੱਖਣ ਅਤੇ ਲੋੜਵੰਦਾਂ ਦੀ ਮਦਦ ਦੇ ਉਪਰਾਲੇ ਵਰਗੇ ਮਹਾਨ ਕਾਰਜ ਦੀ ਸ਼ਲਾਘਾ ਕਰਦਿਆਂ ਧੰਨਵਾਦ ਕੀਤਾ।

ਅਮਨ ਸਿੰਘ ਨੇ ਆਪਣੇ ਪੈਸੇ ਦੇ ਸਹੀ ਥਾਂ ਲੱਗਣ 'ਤੇ ਤਸੱਲੀ ਪ੍ਰਗਟ ਕੀਤੀ ਅਤੇ ਸਕੂਲ ਵੱਲੋਂ ਕੀਤੇ ਗਏ ਨਿੱਘੇ ਸਵਾਗਤ ਲਈ ਧੰਨਵਾਦ ਕੀਤਾ ਅਤੇ ਮਦਦ ਕਰਦੇ ਰਹਿਣ ਦਾ ਵਾਅਦਾ ਕੀਤਾ। ਅਮਨ ਸਿੰਘ ਦੀਆਂ ਬੇਟੀਆਂ ਅਮਲੀਨਾ ਅਤੇ ਇਸਕਾਰਾ ਵੀ ਨਾਲ ਸਨ ਜੋ ਕਿ ਆਪਣੀ ਮੰਮੀ ਦੇ ਨਕਸ਼ੇ ਕਦਮ 'ਤੇ ਚਲਦਿਆਂ ਮਨੁੱਖਤਾ ਦੀ ਸੇਵਾ ਵਿੱਚ ਆਪਣਾ ਹਿੱਸਾ ਪਾ ਰਹੀਆਂ ਹਨ।

# ਹੈਰੋਇਨ ਸਮੇਤ 2 ਕਾਬੂ, ਪਰਚਾ ਦਰਜ



ਪੱਟੀ, (ਬਲਦੇਵ ਸਿੰਘ ਸੰਧੂ /ਸ਼ਮਸ਼ੇਰ ਸਿੰਘ ਯੋਧਾ) : ਥਾਣਾ ਹਰੀਕੇ ਦੀ ਪੁਲਸ ਵੱਲੋਂ 100 ਗ੍ਰਾਮ ਹੈਰੋਇਨ ਸਮੇਤ ਦੋ ਵਿਅਕਤੀਆਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ । ਮੁਲਜ਼ਮਾਂ ਖਿਲਾਫ 2 ਮੁਕੱਦਮੇ ਦਰਜ ਕਰਕੇ ਅਗਲੇਰੀ ਪੁੱਛਗਿੱਛ ਅਮਲ 'ਚ ਲਿਆਉਣ ਦੀ ਪ੍ਰਕਿਰਿਆ ਜਾਰੀ ਹੈ। ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪੁਲਸ ਮੁਖੀ ਗੁਰਮੀਤ ਸਿੰਘ ਚੌਹਾਨ ਨੇ ਦੱਸਿਆ ਕਿ ਥਾਣਾ ਹਰੀਕੇ ਦੇ ਮੁੱਖ ਅਫਸਰ ਪਰਵਿੰਦਰ ਸਿੰਘ ਨਾਗੋਕੇ ਦੀ ਅਗਵਾਈ 'ਚ ਵੱਖ ਵੱਖ ਟੀਮਾਂ ਇਲਾਕੇ ਦੀ ਗਸ਼ਤ ਕਰ ਰਹੀਆਂ ਸਨ ਕਿ ਸਹਾਇਕ ਥਾਣੇਦਾਰ ਗੁਰਦਿਆਲ ਸਿੰਘ ਦੀ ਨਾਕਾਬੰਦੀ ਦੌਰਾਨ ਰਵਿੰਦਰ ਸਿੰਘ ਪੁੱਤਰ ਬੂਟਾ ਸਿੰਘ ਵਾਸੀ ਬੂਹ ਹਥਾੜ 95 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਅਤੇ ਦੂਸਰੀ ਨਾਕਾ ਪਾਰਟੀ ਦੇ ਇੰਚਾਰਜ ਸਹਾਇਕ ਥਾਣੇਦਾਰ ਕੁਲਵੰਤ ਸਿੰਘ ਨੇ ਮਨਤੇਜ ਸਿੰਘ ਪੁੱਤਰ ਲੇਟ ਜਗਜੀਤ ਸਿੰਘ ਵਾਸੀ ਹਰੀਕੇ ਨੂੰ 5 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਖਿਲਾਫ ਦੋ ਵੱਖ ਵੱਖ ਮੁਕੱਦਮੇ ਦਰਜ ਕਰਕੇ ਅਗਲੇਰੀ ਪੁੱਛਗਿੱਛ ਕਰਨ ਤੋਂ ਇਲਾਵਾ ਮਾਣਯੋਗ ਅਦਾਲਤ ਪਾਸੋਂ ਰਿਮਾਂਡ ਹਾਸਲ ਕਰਕੇ ਸਪਲਾਈ ਲਾਈਨ ਦੀ ਜਾਣਕਾਰੀ ਇੱਕਤਰ ਕੀਤੀ ਜਾਵੇਗੀ। ਜ਼ਿਲ੍ਹਾ ਪੁਲਸ ਮੁਖੀ ਨੇ ਕਿਹਾ ਕਿ ਆਖਰੀ ਤਸਕਰ ਨੂੰ ਕਾਬੂ ਕਰਨ ਤੱਕ ਨਸ਼ਾ ਮੁਕਤੀ ਮੁਹਿਮ ਜਾਰੀ ਰਹੇਗੀ। ਇਸ ਮੌਕੇ ਥਾਣੇਦਾਰ ਹਰਜੀਤ ਸਿੰਘ, ਸਹਾਇਕ ਥਾਣੇਦਾਰ ਸਤਨਾਮ ਸਿੰਘ, ਪ੍ਰਗਟ ਸਿੰਘ, ਗੁਰਭੇਜ ਸਿੰਘ, ਤਲਵਿੰਦਰ ਸਿੰਘ, ਹਰਚਰਨਜੀਤ ਸਿੰਘ, ਰੀਡਰ ਕੰਵਲਜੀਤ ਸਿੰਘ ਅਤੇ ਮੁੱਖ ਮੁਨਸ਼ੀ ਹਰਵਿੰਦਰ ਸਿੰਘ ਆਦਿ ਹਾਜ਼ਰ ਸਨ।

# ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਪਲਾਸਟਿਕ ਦੀ ਡੋਰ ਵੇਚਣ 'ਤੇ ਪਾਬੰਦੀ

ਗੁਰਦਾਸਪੁਰ (ਜਨਕ ਮਹਾਜਨ) : ਡਾ. ਹਿਮਾਂਸ਼ੂ ਅਗਰਵਾਲ, ਆਈ ਏ ਐੱਸ, ਜ਼ਿਲ੍ਹਾ ਮੈਜਿਸਟ੍ਰੇਟ ਗੁਰਦਾਸਪੁਰ ਨੇ ਫ਼ੌਜਦਾਰੀ ਜ਼ਾਬਤਾ 1973 ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਗੁਰਦਾਸਪੁਰ 'ਚ ਪਤੰਗਾਂ/ਗੁੱਡੀਆਂ ਉਡਾਉਣ ਲਈ ਸੰਥੈਟਿਕ/ਪਲਾਸਟਿਕ ਦੀ ਡੋਰ ਨੂੰ ਵੇਚਣ, ਸਟੋਰ ਕਰਨ ਅਤੇ ਇਸ ਦੀ ਵਰਤੋਂ ਕਰਨ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਲਗਾ ਦਿੱਤੀ ਹੈ। ਇਹ ਪਾਬੰਦੀ ਹੁਕਮ ਜ਼ਿਲ੍ਹੇ 'ਚ 21 ਦਸੰਬਰ ਤੋਂ 21 ਫਰਵਰੀ 2023 ਤੱਕ ਲਾਗੂ ਰਹੇਗਾ। ਪਾਬੰਦੀ ਦੇ ਇਹ ਹੁਕਮ ਜਾਰੀ ਕਰਦਿਆਂ ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਹੈ ਕਿ ਉਨ੍ਹਾਂ ਦੇ ਧਿਆਨ 'ਚ ਆਇਆ ਹੈ ਕਿ ਅੱਜ ਕੱਲ੍ਹ ਪਤੰਗ/ਗੁੱਡੀਆਂ ਉਡਾਉਣ ਲਈ ਜਿਹੜੀ ਡੋਰ ਦੀ ਵਰਤੋਂ ਕੀਤੀ ਜਾ ਰਹੀ ਹੈ, ਉਹ ਸੂਚੀ ਡੋਰ ਤੋਂ ਹਟ ਕੇ ਸੰਥੈਟਿਕ/ਪਲਾਸਟਿਕ ਦੀ ਬਣੀ ਹੋਈ ਹੈ ਅਤੇ ਉਹ ਬਹੁਤ ਮਜ਼ਬੂਤ, ਨਾ ਗਲਣਯੋਗ ਅਤੇ ਨਾ ਹੀ ਟੁੱਟਣਯੋਗ ਹੈ। ਇਸ ਡੋਰ ਨਾਲ ਸਾਈਕਲ, ਸਕੂਟਰ ਅਤੇ ਮੋਟਰਸਾਈਕਲ ਚਾਲਕਾਂ ਦੇ ਗਲੇ ਅਤੇ ਕੰਨ ਕੱਟੇ ਜਾਂਦੇ ਹਨ, ਉੱਡਦੇ ਪੰਛੀਆਂ ਦੇ ਫਸਣ 'ਤੇ ਉਨ੍ਹਾਂ ਦੇ ਮਰਨ ਬਾਰੇ ਵੀ ਕਾਫੀ ਘਟਨਾਵਾਂ ਵਾਪਰਦੀਆਂ ਹਨ। ਇਸ ਤਰ੍ਹਾਂ ਸੰਥੈਟਿਕ/ਪਲਾਸਟਿਕ ਦੀ ਬਣੀ ਇਹ ਡੋਰ ਜਦੋਂ ਪਤੰਗ ਉਡਾਉਣ ਲਈ ਵਰਤੀ ਜਾਂਦੀ ਹੈ ਤਾਂ ਇਹ ਮਨੁੱਖੀ ਜਾਨਾਂ/ਰਾਹਗੀਰਾਂ ਅਤੇ ਪੰਛੀਆਂ ਲਈ ਘਾਤਕ ਸਿੱਧ ਹੁੰਦੀ ਹੈ, ਜਿਸ ਨੂੰ ਰੋਕਿਆ ਜਾਣਾ ਬੇਹੱਦ ਜ਼ਰੂਰੀ ਹੈ। ਪੁਲਸ ਵੱਲੋਂ ਚੈਕਿੰਗ ਦੌਰਾਨ ਬਰਾਮਦ ਕੀਤੀ ਗਈ ਪਲਾਸਟਿਕ ਦੀ ਡੋਰ ਨੂੰ ਨਸ਼ਟ ਕਰਨ ਲਈ ਕਾਰਜਕਾਰੀ ਇੰਜੀਨੀਅਰ, ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਨੋਡਲ ਅਫਸਰ ਨਿਯੁਕਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਸਮੂਹ ਐੱਸ.ਡੀ.ਐੱਮ. ਆਪਣੀ ਤਹਿਸੀਲ 'ਚ ਪਲਾਸਟਿਕ ਡੋਰ ਦੀ ਵਿਕਰੀ ਅਤੇ ਖਰੀਦ ਦੀ ਰੋਕਥਾਮ ਲਈ ਓਵਰਆਲ ਇੰਚਾਰਜ ਹੋਣਗੇ ਅਤੇ ਆਮ ਜਨਤਾ ਨੂੰ ਸੂਤੀ ਧਾਗੇ ਦੀ ਵਰਤੋਂ ਲਈ ਪ੍ਰੇਰਿਤ ਕਰਨਗੇ। ਜ਼ਿਲ੍ਹਾ ਸਿੱਖਿਆ ਅਫਸਰ (ਸ) ਅਤੇ ਜ਼ਿਲ੍ਹਾ ਸਿੱਖਿਆ ਅਫਸਰ (ਅ), ਗੁਰਦਾਸਪੁਰ ਵੱਲੋਂ ਜ਼ਿਲ੍ਹੇ ਦੇ ਸਮੂਹ ਸਰਕਾਰੀ/ਗੈਰ ਸਰਕਾਰੀ/ਪ੍ਰਾਈਵੇਟ/ਮਾਨਤਾ ਪ੍ਰਾਪਤ ਸਕੂਲਾਂ ਆਦਿ 'ਚ ਪਲਾਸਟਿਕ ਦੀ ਡੋਰ ਦੀ ਰੋਕਥਾਮ ਸੰਬੰਧੀ ਜਾਗਰੂਕਤਾ ਪ੍ਰੋਗਰਾਮ ਕੀਤੇ ਜਾਣਗੇ ਅਤੇ ਬੱਚਿਆਂ ਦੀ ਸਕੂਲ ਡਾਇਰੀ 'ਚ ਪਲਾਸਟਿਕ ਦੀ ਡੋਰ ਦੀ ਵਰਤੋਂ ਨਾ ਕਰਨ ਅਤੇ ਸੂਤੀ ਧਾਗੇ ਦੀ ਵਰਤੋਂ ਕਰਨ ਸੰਬੰਧੀ ਲਿਖ ਕੇ ਭੇਜਣਗੇ। ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਨਗਰ ਨਿਗਮ, ਬਟਾਲਾ, ਸਹਾਇਕ ਕਮਿਸ਼ਨਰ ਕਰ ਵਿਭਾਗ, ਗੁਰਦਾਸਪੁਰ, ਸਮੂਹ ਬੀ ਡੀ ਪੀ ਓ ਅਤੇ ਸਮੂਹ ਨਗਰ ਕੌਂਸਲਾਂ ਵਲੋਂ ਪਲਾਸਟਿਕ ਦੀ ਡੋਰ ਦੀ ਚੈਕਿੰਗ ਸੰਬੰਧੀ ਆਪਣੇ ਅਧਿਕਾਰ ਖੇਤਰ 'ਚ ਦੁਕਾਨਦਾਰਾਂ/ਵਪਾਰੀਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਪਲਾਸਟਿਕ ਦੀ ਡੋਰ ਸੰਬੰਧੀ ਪੁਰਾਣਾ ਮਾਲ ਵੇਚਣ ਤੋਂ ਅਤੇ ਨਵਾਂ ਮਾਲ ਖਰੀਦਣ ਤੋਂ ਮਨਾਹੀ ਕਰਨ ਲਈ ਜਾਗਰੂਕ ਕੀਤਾ ਜਾਵੇਗਾ ਅਤੇ ਉਨ੍ਹਾਂ ਨੂੰ ਸੂਤੀ ਧਾਗੇ ਨੂੰ ਪ੍ਰਮੋਟ ਕਰਨ ਲਈ ਪ੍ਰੇਰਿਤ ਕੀਤਾ ਜਾਵੇ। ਇਨ੍ਹਾਂ ਵੱਲੋਂ ਆਪਣੇ ਪੱਧਰ 'ਤੇ ਇਨ੍ਹਾਂ ਦੀ ਚੈਕਿੰਗ ਕਰਕੇ ਪੁਲਸ ਨਾਲ ਤਾਲਮੇਲ ਕੀਤਾ ਜਾਵੇਗਾ ਅਤੇ ਪਲਾਸਟਿਕ ਡੋਰ ਵੇਚਣ ਜਾਂ ਖਰੀਦਣ ਵਾਲੇ ਖਿਲਾਫ ਕਾਰਵਾਈ ਆਰੰਭੀ ਜਾਵੇਗੀ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮਾਜ ਸੇਵੀ ਸੰਸਥਾਵਾਂ ਦਾ ਸਹਿਯੋਗ ਲੈ ਕੇ ਪਲਾਸਟਿਕ ਦੀ ਡੋਰ ਦੀ ਵਰਤੋਂ ਨੂੰ ਰੋਕਣ ਅਤੇ ਸੂਤੀ ਧਾਗੇ ਨੂੰ ਪ੍ਰਮੋਟ ਕਰਨ ਲਈ ਆਮ ਜਨਤਾ ਨੂੰ ਜਾਗਰੂਕ/ਪ੍ਰੇਰਿਤ ਕੀਤਾ ਜਾਵੇਗਾ। ਜ਼ਿਲ੍ਹਾ ਮੈਜਿਸਟ੍ਰੇਟ ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੰਥੈਟਿਕ ਡੋਰ ਦੀ ਵਰਤੋਂ ਨੂੰ ਰੋਕਣ ਅਤੇ ਸੂਤੀ ਧਾਗੇ ਦੀ ਡੋਰ ਨੂੰ ਉਤਸ਼ਾਹਤ ਕਰਨ ਲਈ ਜਨਵਰੀ ਦੇ ਦੂਸਰੇ ਹਫ਼ਤੇ ਗੁਰਦਾਸਪੁਰ ਵਿੱਚ ਪਤੰਗਬਾਜ਼ੀ ਦਾ ਮੇਲਾ ਕਰਵਾਇਆ ਜਾਵੇਗਾ, ਜਿਸ 'ਚ ਦੇਸ਼ ਅਤੇ ਸੂਬੇ ਭਰ ਵਿੱਚੋਂ ਨਾਮੀ ਪਤੰਗਬਾਜ਼ ਸ਼ਾਮਲ ਹੋਣਗੇ।

# ਸਰਵਾਈਕਲ ਕੈਂਸਰ ਦੇ ਬਚਾਅ ਦੀ ਜਾਣਕਾਰੀ ਲਈ ਸੈਮੀਨਾਰ



ਅੰਮ੍ਰਿਤਸਰ (ਅਰੋੜਾ) : ਰੋਟਰੀ ਕਲੱਬ ਅੰਮ੍ਰਿਤਸਰ ਨਾਰਥ ਕਲੱਬ ਦੇ ਪ੍ਰਧਾਨ ਵਿਜੇ ਭਸੀਨ, ਸਕੱਤਰ ਗੁਰਮੀਤ ਸਿੰਘ, ਪ੍ਰੋਜੈਕਟ ਕੋਆਰਡੀਨੇਟਰ ਡਾ. ਜੀ ਐਸ ਮਦਾਨ, ਸਾਬਕਾ ਸਹਾਇਕ ਗਵਰਨਰ ਰਸਜੀਤ ਸਿੰਘ ਦੀ ਪ੍ਰਧਾਨਗੀ ਹੇਠ ਸ੍ਰੀ ਗੁਰੂ ਰਾਮਦਾਸ ਸੀਨੀਅਰ ਸੈਕੰਡਰੀ ਸਕੂਲ 36 ਖੂਹੀ 'ਚ ਇੱਕ ਵਿਸ਼ਾਲ ਸੈਮੀਨਾਰ ਦਾ ਆਯੋਜਨ ਕੀਤਾ ਗਿਆ।

ਸੈਮੀਨਾਰ 'ਚ ਸਕੂਲ ਦੇ ਵਿਦਿਆਰਥੀਆਂ ਉਨ੍ਹਾਂ ਦੇ ਮਾਤਾ ਪਿਤਾ ਅਤੇ ਸਟਾਫ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਸੈਮੀਨਾਰ 'ਚ ਰੋਟਰੀ ਨੋਰਥ ਦੀ ਸਾਬਕਾ ਪ੍ਰਧਾਨ ਡਾ. ਮਨਜੀਤਪਾਲ ਕੌਰ ਮੁੱਖ ਮਹਿਮਾਨ ਦੇ ਵਜੋਂ ਸ਼ਾਮਲ ਹੋਏ। ਉਨ੍ਹਾ ਨੇ ਸਰਵਾਈਕਲ ਕੈਂਸਰ ਦੇ ਬਚਾਅ ਲਈ ਵੈਕਸੀਨੇਟਿਵ ਦੇ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਵਿਸ਼ੇ 'ਤੇ ਇੱਕ ਲਘੂ ਫਿਲਮ ਵੀ ਦਿਖਾਈ ਗਈ ਅਤੇ ਸਾਰਿਆਂ ਨੂੰ ਵੈਕਸੀਨ ਲਈ ਪ੍ਰੇਰਿਤ ਕੀਤਾ ਗਿਆ। ਸੈਮੀਨਾਰ ਦੇ ਨਾਲ ਮੁਫਤ ਦੰਦਾਂ ਦਾ ਚੈਕਅਪ ਅਤੇ ਬੋਨ ਡੇਂਸਿਟੀ ਮਾਪਣ ਦਾ ਮੁਫਤ ਕੈਂਪ ਵੀ ਲਗਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਸਕੂਲ ਦੇ ਪ੍ਰਧਾਨ ਜਤਿੰਦਰ ਸਿੰਘ ਨੇ ਕੀਤੀ। ਆਈ ਐਮ ਏ ਪੰਜਾਬ ਦੇ ਸਾਬਕਾ ਪ੍ਰਧਾਨ ਡਾ. ਕੁਲਦੀਪ ਸਿੰਘ ਅਰੋੜਾ ਅਤੇ ਸੀ ਏ ਦਵਿੰਦਰ ਸਿੰਘ ਅਰੋੜਾ ਖਾਸ ਮਹਿਮਾਨ ਵਜੋਂ ਸ਼ਾਮਲ ਹੋਏ । ਸਕੂਲ ਪ੍ਰਿੰਸੀਪਲ ਅਰਵਿੰਦਰ ਕੌਰ ਨੇ ਸਾਰਿਆਂ ਦਾ ਸਵਾਗਤ ਕੀਤਾ ਅਤੇ ਗੁਰਪ੍ਰੀਤ ਸਿੰਘ ਬੇਦੀ ਨੇ ਸਾਰਿਆਂ ਦਾ ਧੰਨਵਾਦ ਕੀਤਾ।

ਐਮ ਏ ਸੀ ਰੋਟੇਰੀਅਨ ਆਰ ਐਸ ਚੱਠਾ ਦੇ ਨਾਲ ਰੋਟੇਰੀਅਨ ਰਮੇਸ਼ ਕੱਕੜ, ਵਰੁਣ ਕੱਕੜ, ਦਲਜੀਤ ਕੌਰ, ਮਨਵਿੰਦਰ ਕੌਰ, ਡਾ. ਅਮਰਪ੍ਰੀਤ ਸਿੰਘ ਸੰਧੂ ਸਹਿਤ ਮੌਜੂਦ ਸਨ।

# ਅਜ਼ਾਦ ਮਿਸ਼ਨ ਚਰਚ ਗੋਹਤ ਪੋਕਰ ਵੱਲੋਂ ਪ੍ਰਭੂ ਯਿਸ਼ੂ ਮਸੀਹ ਦੇ ਜਨਮ ਦਿਹਾੜੇ 'ਤੇ ਸ਼ੋਭਾ ਯਾਤਰਾ



ਗੁਰਦਾਸਪੁਰ (ਜਨਕ ਮਹਾਜਨ) : ਅਜ਼ਾਦ ਮਿਸ਼ਨ ਚਰਚ ਗੋਹਤ ਪੋਕਰ ਵੱਲੋਂ ਪ੍ਰਭੂ ਯਿਸੂ ਮਸੀਹ ਦੇ ਆਗਮਨ ਪੁਰਬ ਤੇ ਵੱਡੇ ਦਿਨ ਨੂੰ ਸਮਰਪਤ ਵਿਸ਼ਾਲ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ।

ਇਸ ਸ਼ੋਭਾ ਯਾਤਰਾ ਦਾ ਉਦਘਾਟਨ ਪਿੰਡ ਦੇ ਸਰਪੰਚ ਹਰਜਿੰਦਰ ਸਿੰਘ, ਮੈਂਬਰ ਅਮਰੀਕ ਸਿੰਘ, ਮੈਂਬਰ ਸੰਤੋਖ ਸਿੰਘ, ਮੈਂਬਰ ਸੁਰਿੰਦਰ ਸਿੰਘ ਅਤੇ ਕੁਲਦੀਪ ਸਿੰਘ ਨੇ ਕੀਤਾ। ਇਹ ਸ਼ੋਭਾ ਯਾਤਰਾ ਸਵੇਰੇ 12 ਵਜੇ ਅਜ਼ਾਦ ਮਿਸ਼ਨ ਚਰਚ ਤੋਂ ਰਵਾਨਾ ਹੋਈ ਤੇ ਪਿੰਡ ਦੀ ਪਰਿਕਰਮਾ ਕਰਦੀ ਹੋਈ ਆਰੰਭਿਕ ਅਸਥਾਨ 'ਤੇ ਸਮਾਪਤ ਹੋਈ।

ਸ਼ੋਭਾ ਯਾਤਰਾ 'ਚ ਕਈ ਤਰ੍ਹਾਂ ਦੀਆਂ ਝਾਕੀਆਂ ਵੀ ਬਣਾਈਆਂ ਹੋਈਆਂ ਸਨ। ਪ੍ਰਧਾਨ ਐਡਮਨ, ਰਾਜ ਪ੍ਰਿੰਸ, ਬੰਟੀ ਮੱਟੂ, ਅਤੇ ਰਾਜਨ ਮਸੀਹ ਕ੍ਰਿਸਚਨ ਫਰੰਟ ਬਲਾਕ ਨੇ ਦੱਸਿਆ ਕਿ ਇਸ ਸ਼ੋਭਾ ਯਾਤਰਾ ਦਾ ਪਿੰਡ ਵਾਸੀਆਂ ਵੱਲੋਂ ਭਰਵਾਂ ਸਵਾਗਤ ਕਰਨ ਦੇ ਨਾਲ ਸ਼ਰਧਾਲੂਆਂ ਵਾਸਤੇ ਕਈ ਤਰ੍ਹਾਂ ਦੇ ਸਟਾਲ ਲਗਾਏ ਹੋਏ ਸਨ। ਇਸ ਮੌਕੇ ਸ਼ਾਂਤਾ ਕਲਾਜ ਨੇ ਬੱਚਿਆਂ ਨੂੰ ਟਾਫੀਆਂ ਵੀ ਵੰਡੀਆਂ।

# ਆਰ ਐੱਮ ਪੀ ਆਈ ਨੇ ਮੁੱਖ ਮੰਤਰੀ ਦਾ ਫੂਕਿਆ ਪੁਤਲਾ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ) ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਆਰ.ਐੱਮ.ਪੀ.ਆਈ ਵੱਲੋਂ ਭਿੱਖੀਵਿੰਡ ਦੇ ਬਜ਼ਾਰ 'ਚ ਰੋਸ ਮਾਰਚ ਕਰਕੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦਾ ਪੁਤਲਾ ਫੂਕਿਆ ਗਿਆ । ਇਸ ਮੌਕੇ ਕਿਰਤੀ ਲੋਕਾ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਆਰ. ਐੱਮ. ਪੀ. ਆਈ ਦੇ ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ ਤੇ ਦਿਹਾਤੀ ਮਜ਼ਦੂਰ ਸਭਾ ਦੇ ਤਹਿ. ਪ੍ਰਧਾਨ ਹਰਜਿੰਦਰ ਸਿੰਘ ਚੂੰਘ ਨੇ ਕਿਹਾ ਕੇ ਜ਼ੀਰਾ ਵਿਖੇ ਮਾਰਬਲੋਜ ਸ਼ਰਾਬ ਫੈਕਟਰੀ ਦੇ ਮਾਲਕਾਂ ਵੱਲੋਂ ਪਾਣੀ ਨੂੰ ਜ਼ਹਿਰੀਲਾ ਕਰਨ ਦੇ ਖਿਲਾਫ ਅਮਨ ਸ਼ਾਂਤੀ ਨਾਲ ਧਰਨਾ ਦੇ ਰਹੇ ਲੋਕਾਂ 'ਤੇ ਕਿਸਾਨਾਂ ਉਪਰ ਪੰਜਾਬ ਪੁਲਸ ਵੱਲੋਂ ਕੀਤੇ ਗਏ ਲਾਠੀਚਾਰਜ ਦੀ ਪਾਰਟੀ ਕਰੜੇ ਸ਼ਬਦਾਂ 'ਚ ਨਿਖੇਧੀ ਕਰਦੀ ਹੈ । ਆਗੂਆਂ ਨੇ ਕਿਹਾ ਕਿ ਪੀਣ ਵਾਲੇ ਪਾਣੀ 'ਚ ਜ਼ਹਿਰਲਾ ਮਾਦਾ ਤੇ ਸਨਅਤੀ ਰਹਿੰਦ ਖੂੰਹਦ ਰਲਾ ਕੇ ਸੂਬਾ ਵਾਸੀਆਂ ਨੂੰ ਭਿਆਨਕ ਰੋਗਾਂ ਦਾ ਸ਼ਿਕਾਰ ਬਣਾ ਰਹੇ ਹਨ । ਪ੍ਰੰਤੂ ਸ਼ਰਾਬ ਫੈਕਟਰੀ ਮਾਲਕਾਂ ਖਿਲਾਫ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਵੱਲੋਂ ਸਖਤੀ ਵਰਤਣ ਦੀ ਬਜਾਏ ਸੰਘਰਸ਼ ਕਰ ਰਹੇ ਕਿਸਾਨਾਂ ਤੇ ਕਿਰਤੀ ਲੋਕਾਂ ਦੀ ਅਵਾਜ਼ ਨੂੰ ਦਬਾਇਆ ਜਾ ਰਿਹਾ ਹੈ । ਇਸ ਮੌਕੇ ਆਗੂਆਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸ਼ਰਾਬ ਦੀ ਫੈਕਟਰੀ ਨੂੰ ਬੰਦ ਨਾ ਕੀਤਾ ਗਿਆ ਤਾਂ ਆਰ.ਐੱਮ.ਪੀ.ਆਈ ਪਾਰਟੀ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ । ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ ਸਲਵਿੰਦਰ ਸਿੰਘ ਚੱਕ, ਸੰਤੋਖ ਸਿੰਘ ਮੱਖੀ, ਗੁਰਲਾਲ ਸਿੰਘ ਅਲਗੋਂ, ਸ਼ਾਮ ਲਾਲ ਭਗਵਾਨਪੁਰ, ਬਿਕਰ ਸਿੰਘ ਭਗਵਾਨਪੁਰ, ਲਖਵਿੰਦਰ ਸਿੰਘ ਅਲਗੋਂ, ਗੋਰਾ ਪਹੂਵਿੰਡ, ਬਿੱਟੂ ਨਾਰਲਾ, ਸੁਖਦੇਵ ਬੱਬੀ ਪਹਿਲਵਾਨੇ, ਮਾਹਬੀਰ ਸਿੰਘ ਮਾੜੀ ਆਦਿ ਆਗੂ ਹਾਜ਼ਰ ਸਨ ।

# ਏ ਓ ਸਮਿਥ ਇੰਡੀਆ ਨੇ ਲੰਮੀ ਉਮਰ ਵਾਲਾ ਊਰਜਾ ਕੁਸ਼ਲ ਵਾਟਰ ਹੀਟਰ ਐਲੀਗੈਂਸ ਪ੍ਰਾਈਮ ਕੀਤਾ ਲਾਂਚ

ਅੰਮ੍ਰਿਤਸਰ : ਏ ਓ ਸਮਿਥ, ਜੋ ਕਿ ਪ੍ਰਮੁੱਖ ਵਾਟਰ ਹੀਟਿੰਗ ਅਤੇ ਵਾਟਰ ਟ੍ਰੀਟਮੈਂਟ ਉਤਪਾਦ ਹੈ, ਉਸ ਨੇ ਭਾਰਤ ਵਿੱਚ ਆਧੁਨਿਕ ਵਾਟਰ ਹੀਟਰ ਦੀ ਸ਼ੁਰੂਆਤ ਕੀਤੀ ਹੈ, ਜੋ ਐਲੀਜੇਂਸ ਪ੍ਰਾਈਮ ਹੈ। ਇਹ ਬਿਊਰੋ ਆਫ ਐਨਰਜੀ ਐਫੀਸੈਂਸੀ (ਬੀ ਈ ਈ) ਪੰਜ ਸਿਤਾਰਾ ਰੇਟਿਡ ਵਾਟਰ ਹੀਟਰ ਹੈ ਜਿਸ ਦੀਆਂ ਬਹੁਤ ਸਾਰੀਆਂ ਵਿਸ਼ੇਸ਼ਤਾਵਾਂ ਹਨ, ਜਿਸ ਵਿੱਚ ਨਵੀਨਤਾਕਾਰੀ ਆਰ ਆਰ ਆਈ ਡੀ (ਰਸਟ ਰੈਸਿਸਟੈਂਟ ਇੰਟੀਗ੍ਰੇਟਿਡ ਡਿਫਿਊਜ਼ਰ) ਤਕਨਾਲੋਜੀ ਸ਼ਾਮਲ ਹੈ, ਜੋ ਗਰਮ ਪਾਣੀ ਦੇ ਉਤਪਾਦਨ ਨੂੰ ਵਧਾਉਂਦੀ ਹੈ ਅਤੇ ਊਰਜਾ ਦੇ ਖਰਚਿਆਂ ਨੂੰ ਬਚਾਉਂਦੀ ਹੈ। ਇਸ ਵਿੱਚ ਇੱਕ ਬਲੂ ਡਾਇਮੰਡ ਗਲਾਸ ਲਾਈਨ ਵਾਲਾ ਟੈਂਕ ਅਤੇ ਇੱਕ ਅਤਿ-ਆਧੁਨਿਕ ਹੀਟਿੰਗ ਐਲੀਮੈਂਟ ਵੀ ਸ਼ਾਮਲ ਹੈ, ਜੋ ਆਮ ਵਾਟਰ ਹੀਟਰਾਂ ਦੀ ਤੁਲਨਾ ਵਿੱਚ, ਪਾਣੀ ਦੀਆਂ ਮੁਸ਼ਕਲ ਸਥਿਤੀਆਂ ਵਿੱਚ ਵੀ, ਲੰਬੇ ਜੀਵਨ ਦੇ ਨਾਲ ਖੋਰ ਪ੍ਰਤੀਰੋਧ ਵਿੱਚ ਸਹਾਇਤਾ ਕਰਦੇ ਹਨ। ਐਲੀਗੈਂਸ ਪ੍ਰਾਈਮ 15 ਅਤੇ 25 ਲੀਟਰ ਵਿੱਚ ਉਪਲਬਧ ਹੈ, ਜਿਸ ਦੀ ਰਕਮ 11,400 ਰੁਪਏ ਹੈ ਅਤੇ ਟੈਂਕ 'ਤੇ ਸੱਤ ਸਾਲ ਦੀ ਵਾਰੰਟੀ ਹੈ। ਸ਼ੁਰੂਆਤ 'ਤੇ ਟਿੱਪਣੀ ਕਰਦੇ ਹੋਏ, ਪਰਾਗ ਕੁਲਕਰਨੀ, ਸੀਨੀਅਰ ਵਾਈਸ ਪ੍ਰੈਜ਼ੀਡੈਂਟ ਇੰਟਰਨੈਸ਼ਨਲ ਅਤੇ ਪ੍ਰੈਜ਼ੀਡੈਂਟ ਏ ਓ ਸਮਿਥ ਇੰਡੀਆ ਨੇ ਕਿਹਾ, "ਅੱਜ ਖਪਤਕਾਰ ਵਧੇਰੇ ਸਮਝਦਾਰ ਹਨ ਅਤੇ ਉਨ੍ਹਾਂ ਦਾ ਝੁਕਾਅ ਤਕਨੀਕੀ ਅਤੇ ਸੁਹਜ ਉੱਤਮਤਾ ਵੱਲ ਹੈ।

# ਸਟੇਡੀਅਮ ਨੇੜੇ ਕੂੜਾ ਸੁੱਟਣਾ ਬੰਦ ਕਰਵਾਇਆ ਜਾਵੇ : ਖਿਡਾਰੀ



ਗੁਰਦਾਸਪੁਰ (ਜਨਕ ਮਹਾਜਨ) : ਪਿੰਡ ਭੁੱਲੇਚੱਕ ਤੇ ਗੋਹਤ ਪੋਕਰ ਦੇ ਦਰਮਿਆਨ ਆਧੁਨਿਕ ਕਿਸਮ ਦੇ ਬਣੇ ਖੇਡ ਸਟੇਡੀਅਮ ਨੇੜੇ ਪਿੰਡਾਂ ਦਾ ਗੰਦਾ ਕੂੜਾ ਸੁੱਟਣ ਨਾਲ ਫੈਲੀ ਭੈੜੀ ਬਦਬੂ ਨਾਲ ਨੌਜਵਾਨ ਖਿਡਾਰੀ ਕਾਫੀ ਪ੍ਰੇਸ਼ਾਨ ਹਨ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਸਵੇਰੇ ਸ਼ਾਮ ਖੇਡਣ ਆਉਂਦੇ ਖਿਡਾਰੀਆਂ ਨੇ ਦੱਸਿਆ ਕਿ ਹਲਕਾ ਵਿਧਾਇਕ ਬਰਿੰਦਰਮੀਤ ਸਿੰਘ ਪਾਹੜਾ ਵੱਲੋਂ ਲੱਖਾਂ ਰੁਪਏ ਦੀ ਲਾਗਤ ਨਾਲ ਇਲਾਕੇ ਦੇ 10 ਪਿੰਡਾਂ ਦੇ ਖਿਡਾਰੀਆਂ ਲਈ ਖੇਡ ਸਟੇਡੀਅਮ ਬਣਾਇਆ ਗਿਆ ਅਤੇ ਖਿਡਾਰੀ ਰੋਜ਼ ਸਵੇਰੇ ਸ਼ਾਮ ਦੌੜਾਂ ਕ੍ਰਿਕਟ ਆਦਿ ਹੋਰ ਗੇਮਾਂ ਖੇਡਣ ਵਾਸਤੇ ਅਤੇ ਸੈਰ ਕਰਨ ਆਉਂਦੇ ਹਨ ਅਤੇ ਕੂੜੇ ਦੀ ਭੈੜੀ ਬਦਬੂ ਨਾਲ ਪ੍ਰੇਸ਼ਾਨ ਤੋਂ ਇਲਾਵਾ ਜ਼ਹਿਰੀਲੇ ਕੀੜੇ ਮਕੌੜੇ ਆਮ ਵੇਖਣ ਨੂੰ ਮਿਲਦੇ ਹਨ। ਜਿਸ ਕਰਕੇ ਖੇਡ ਸਟੇਡੀਅਮ ਨੇੜੇ ਸਫਾਈ ਦੀ ਅਹਿਮ ਲੋੜ ਹੈ।

ਉਪਰੋਕਤ ਖਿਡਾਰੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਹੈ ਕਿ ਖੇਡ ਸਟੇਡੀਅਮ ਨੇੜੇ ਗੰਦ ਸੁੱਟਣਾ ਬੰਦ ਕਰਵਾਇਆ ਜਾਵੇ ,ਜਿਸ ਨਾਲ ਕਿ ਖਿਡਾਰੀ ਸ਼ੁੱਧ ਵਾਤਾਵਰਣ 'ਚ ਖੇਡ ਸਕਣ।

# 31 ਨੂੰ ਕਸਬਾ ਰਈਆ 'ਚ ਪੰਜਾਬ ਸਰਕਾਰ ਦੇ ਵਤੀਰੇ ਵਿਰੁੱਧ ਕੀਤੀ ਜਾਵੇਗੀ ਵਿਸ਼ਾਲ ਰੈਲੀ





ਤਰਨ ਤਾਰਨ (ਪ੍ਰਿਤਪਾਲ ਸਿੰਘ) : ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਚਮਨ ਲਾਲ ਦਰਾਜਕੇ ਬਲਦੇਵ ਸਿੰਘ ਪੰਡੋਰੀ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ ਭੈਲ ਨੇ ਇਕ ਸਾਂਝੇ ਬਿਆਨ ਰਾਹੀਂ ਦੱਸਿਆ ਕਿ ਦੱਬੇ ਕੁਚਲੇ ਮਜ਼ਦੂਰ ਵਰਗ ਪ੍ਰਤੀ ਘੋਰ ਜਮਾਤੀ ਨਫਰਤ ਅਤੇ ਵਿਤਕਰੇ ਭਰਪੂਰ ਤੇ ਮਜ਼ਦੂਰ ਵਿਰੋਧੀ ਨੀਤੀਆਂ ਕਾਰਨ ਹੀ ਮੁੱਖ ਮੰਤਰੀ ਮਜ਼ਦੂਰ ਜਥੇਬੰਦੀਆਂ ਨਾਲ ਮੀਟਿੰਗ ਕਰਨ ਤੋਂ ਟਾਲਾ ਵੱਟ ਰਿਹਾ ਹੈ। ਸਾਂਝੇ ਮਜ਼ਦੂਰ ਮੋਰਚੇ ਆਗੂਆਂ ਨੇ ਇਹ ਵੀ ਦੱਸਿਆ ਕਿ ਜਦੋਂ ਮੰਤਰੀ ਸਾਹਿਬਾਨ ਨੂੰ ਇਹ ਪੁੱਛਿਆ ਗਿਆ ਕਿ ਕੀ ਅੱਜ ਦੀ ਮੀਟਿੰਗ ਲਈ ਗਠਿਤ ਮੰਤਰੀ ਪੱਧਰ ਦੀ ਕਮੇਟੀ ਮੁੱਖ ਮੰਤਰੀ ਦੀਆਂ ਪਾਵਰਾਂ ਲੈ ਕੇ ਗੱਲਬਾਤ ਕਰ ਰਹੀ ਹੈ ਤਾਂ ਇਸ ਸੰਬੰਧੀ ਉਨ੍ਹਾਂ ਦਾ ਜਵਾਬ ਤਸੱਲੀਬਖਸ਼ ਨਹੀਂ ਸੀ, ਜਿਸ ਕਾਰਨ ਮਹਿਜ਼ ਮੂੰਹ ਰਖਾਈ ਲਈ ਮੀਟਿੰਗ 'ਚੋਂ ਤਸੱਲੀਬਖਸ਼ ਸਿੱਟਿਆਂ ਦੀ ਆਸ ਨਹੀਂ ਸੀ । ਮਜ਼ਦੂਰ ਆਗੂਆਂ ਨੇ ਦੋਸ਼ ਲਾਇਆ ਕਿ ਮੁੱਖ ਮੰਤਰੀ ਕੋਲ ਮਜ਼ਦੂਰਾਂ ਦੀ ਗੱਲ ਸੁਣਨ ਲਈ ਤਾਂ ਸਮਾਂ ਨਹੀਂ ਪਰ ਦੇਸੀ ਵਿਦੇਸੀ ਬਹੁਕੌਮੀ ਕੰਪਨੀਆਂ ਨੂੰ ਪੰਜਾਬ ਦੇ ਅਮੀਰ ਕੁਦਰਤੀ ਸਰੋਤਾਂ ਅਤੇ ਕਿਰਤ ਦੀ ਲੁੱਟ ਦੇ ਖੁੱਲ੍ਹੇ ਸੱਦੇ ਦੇਣ ਲਈ ਉਨ੍ਹਾਂ ਵੱਲੋਂ ਆਏ ਦਿਨ ਦੇਸ਼ -ਵਿਦੇਸ਼ ਦੇ ਦੌਰੇ ਕੀਤੇ ਜਾ ਰਹੇ ਹਨ ਅਤੇ ਲੋਕਾਂ ਦੇ ਖੂਨ ਪਸੀਨੇ ਦੀ ਕਮਾਈ 'ਚੋਂ ਜਬਰੀ ਨਿਚੋੜ ਕੇ ਭਰੇ ਖਜ਼ਾਨੇ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ । ਉਨ੍ਹਾਂ ਇਹ ਵੀ ਦੋਸ਼ ਲਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਵੀ ਕੈਪਟਨ,ਬਾਦਲ ਤੇ ਮੋਦੀ ਵਾਲੇ ਮਜ਼ਦੂਰ ਤੇ ਲੋਕ ਵਿਰੋਧੀ ਅਤੇ ਕਾਰਪੋਰੇਟ ਘਰਾਣਿਆਂ ਪੱਖੀ ਨੀਤੀਆਂ 'ਤੇ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ 'ਚੋਂ ਹੀ ਸਰਕਾਰ ਚੱਲਣ ਦੇ ਵਾਅਦੇ ਨਾਲ ਸਤਾ 'ਚ ਆਏ ਮੁੱਖ ਮੰਤਰੀ ਭਗਵੰਤ ਮਾਨ ਹੁਣ ਮਜ਼ਦੂਰ ਆਗੂਆਂ ਨੂੰ ਚੰਡੀਗੜ੍ਹ ਵਿਖੇ ਬੁਲਾ ਕੇ ਵੀ ਮਿਲਣ ਤੋਂ ਇਨਕਾਰੀ ਹੋਏ ਬੈਠੇ ਹਨ ਅਤੇ ਆਪਣੀ ਸੰਗਰੂਰ ਕੋਠੀ ਅੱਗੇ ਜਾ ਕੇ ਆਪਣੇ ਮਸਲੇ ਹੱਲ ਕਰਨ ਲਈ ਅਵਾਜ਼ ਬੁਲੰਦ ਕਰਨ ਵਾਲਿਆਂ ਨੂੰ ਪੁਲਸੀ ਡਾਂਗਾਂ ਨਾਲ ਨਿਵਾਜ ਰਹੇ ਹਨ । ਉਨ੍ਹਾਂ ਕਿਹਾ ਕਿ 30 ਨਵੰਬਰ ਨੂੰ ਸੰਗਰੂਰ ਵਿਖੇ ਹਜ਼ਾਰਾਂ ਮਜ਼ਦੂਰ ਮਰਦ ਔਰਤਾਂ ਉੱਤੇ ਪੁਲਸ ਵੱਲੋਂ ਲਾਠੀਚਾਰਜ ਉਪਰੰਤ ਮਿਲੀ ਅੱਜ ਦੀ ਮੀਟਿੰਗ 'ਚੋਂ ਮੁੱਖ ਮੰਤਰੀ ਗੈਰ ਹਾਜ਼ਰ ਹੋਣ ਅਤੇ ਇਸ ਦੀ ਕੋਈ ਵੀ ਸੂਚਨਾ ਮਜ਼ਦੂਰ ਜਥੇਬੰਦੀਆਂ ਨੂੰ ਨਾ ਦੇਣ ਨਾਲ ਮੁੱਖ ਮੰਤਰੀ ਅਤੇ ਆਪ ਸਰਕਾਰ ਦਾ ਮਜ਼ਦੂਰ ਵਿਰੋਧੀ ਚਿਹਰਾ ਹੋਰ ਨੰਗਾ ਹੋ ਗਿਆ ਹੈ। ਉਨ੍ਹਾਂ ਪੰਜਾਬ ਦੇ ਸਮੂਹ ਮਜ਼ਦੂਰਾਂ ਨੂੰ ਭਗਵੰਤ ਮਾਨ ਤੇ ਆਪ ਸਰਕਾਰ ਖਿਲਾਫ ਵਿਸ਼ਾਲ ਤੇ ਸਿਰੜੀ ਸੰਘਰਸ਼ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ। ਇੱਕ ਹੋਰ ਮਤੇ ਰਾਹੀਂ ਲਤੀਫਪੁਰਾ ਵਿਖੇ ਲੰਮੇ ਸਮੇਂ ਤੋਂ ਘਰ ਬਣਾ ਕੇ ਰਹਿ ਰਹੇ ਲੋਕਾਂ ਦੇ ਘਰ ਤੋੜਨ ਦੀ ਨਿਖੇਧੀ ਕਰਦਿਆਂ ਪੀੜਤਾਂ ਦੇ ਉਸੇ ਜਗ੍ਹਾ 'ਤੇ ਮੁੜ ਵਸੇਬਾ ਕਰਨ ਦੀ ਮੰਗ ਕੀਤੀ ਅਤੇ ਜ਼ੀਰਾ ਵਿਖੇ ਪ੍ਰਦੂਸ਼ਣ ਦਾ ਗੜ੍ਹ ਬਣੀ ਸ਼ਰਾਬ ਫੈਕਟਰੀ ਬੰਦ ਕਰਾਉਣ ਲਈ ਸੰਘਰਸ਼ ਕਰਦੇ ਲੋਕਾਂ ਉੱਪਰ ਪੁਲਸ ਵੱਲੋਂ ਆਏ ਦਿਨ ਜਬਰ ਢਾਹੁਣ ਦੀ ਸਖਤ ਨਿਖੇਧੀ ਕਰਦਿਆਂ ਫੈਕਟਰੀ ਤੁਰੰਤ ਬੰਦ ਕਰਨ ਅਤੇ ਗ੍ਰਿਫਤਾਰ ਲੋਕਾਂ ਨੂੰ ਰਿਹਾਅ ਕਰਨ ਦੀ ਮੰਗ ਕੀਤੀ ਗਈ

ਮੰਤਰੀਆਂ ਦੀ ਸਬ ਕਮੇਟੀ ਵੱਲੋਂ ਸਾਂਝੇ ਮਜ਼ਦੂਰ ਮੋਰਚੇ 'ਚ ਫੁੱਟ ਪਾਉਣ ਦੇ ਮਨਸੇ ਨਾਲ ਜਾਰੀ ਝੂਠੇ ਬਿਆਨ ਦੀ ਨਿੰਦਾ ਕੀਤੀ । ਇਨ੍ਹਾਂ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਤਿੰਨ ਮੰਤਰੀਆਂ ਦੀ ਸਬ ਕਮੇਟੀ ਵੱਲੋਂ ਲੋਕਾਂ 'ਚ ਭੰਬਲਭੂਸਾ ਪੈਦਾ ਕਰਕੇ ਮੋਰਚੇ 'ਚ ਸ਼ਾਮਲ ਜਥੇਬੰਦੀਆਂ ਪ੍ਰਤੀ ਸ਼ੰਕੇ ਪੈਦਾ ਕਰਨ ਰਾਹੀਂ ਸਾਂਝੇ ਮਜ਼ਦੂਰ ਮੋਰਚੇ 'ਚ ਫੁੱਟ ਪਾਉਣ ਦੇ ਮਨਸੂਬਿਆਂ ਤਹਿਤ ਅੱਜ ਮਜ਼ਦੂਰ ਜਥੇਬੰਦੀਆਂ ਵੱਲੋਂ ਸਮੂਹਿਕ ਰੂਪ 'ਚ ਮੰਤਰੀ ਪੱਧਰ ਦੀ ਮੀਟਿੰਗ ਚੋਂ ਵਾਕਆਊਟ ਕਰਨ ਦੇ ਬਾਵਜੂਦ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਮੰਤਰੀਆਂ ਨਾਲ ਮੀਟਿੰਗ 'ਚ ਸ਼ਾਮਲ ਹੋਣ ਬਾਰੇ ਜਾਰੀ ਸਰਕਾਰੀ ਬਿਆਨ ਦੀ ਦਿਹਾਤੀ ਮਜ਼ਦੂਰ ਸਭਾ ਨੇ ਸਖਤ ਨਿਖੇਧੀ ਕੀਤੀ ਹੈ।

ਉਨ੍ਹਾਂ ਕਿਹਾ ਮਾਨ ਸਰਕਾਰ ਦੇ ਮਜ਼ਦੂਰ ਵਤੀਰੇ ਦੇ ਵਿਰੁੱਧ 'ਚ ਦਿਹਾਤੀ ਮਜ਼ਦੂਰ ਸਭਾ ਪੰਜਾਬ ਵੱਲੋਂ ਪੰਜਾਬ ਤਿੰਨ ਜ਼ੋਨ ਰੈਲੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਮਾਝਾ ਜ਼ੋਨ ਦੀ 31 ਦਸੰਬਰ ਨੂੰ ਦਿਹਾਤੀ ਮਜ਼ਦੂਰ ਸਭਾ ਵੱਲੋਂ ਕਸਬਾ ਰਈਆ 'ਚ ਵਿਸ਼ਾਲ ਰੈਲੀ ਸਰਕਾਰ ਦੀਆਂ ਜੜ੍ਹਾਂ ਹਿਲਾ ਕੇ ਰੱਖ ਦੇਵੇਗੀ।

# ਢਹਿ-ਢੇਰੀ ਹੋਏ ਘਰਾਂ ਨੂੰ ਦੇਖਣ ਸੋਨੂੰ ਜੰਡਿਆਲਾ ਪਹੁੰਚੇ ਜਲੰਧਰ



ਤਰਨਤਾਰਨ (ਪ੍ਰਿਤਪਾਲ ਸਿੰਘ)-ਸੱਤਾ ਵਿਚ ਆਈ ਆਮ ਆਦਮੀ ਪਾਰਟੀ ਤੇ ਗੂੰਗੀ-ਬੋਲੀ ਹੰਕਾਰੀ ਮਾਨ ਸਰਕਾਰ ਨੇ ਜਲੰਧਰ ਦੇ ਗਰੀਬ ਲੋਕਾਂ ਦੇ ਘਰਾਂ ਨੂੰ ਢਾਹ ਕੇ ਜ਼ੁਲਮ ਕਮਾਇਆ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਦੱਸਿਆ ਕਿ ਦਸੰਬਰ ਦੇ ਮਹੀਨੇ ਵਿਚ ਜਿੱਥੇ ਅੱਤ ਦੀ ਠੰਡ ਹੈ ਤਾਂ ਪੰਜਾਬ ਦੀ ਤਾਨਾਸ਼ਾਹ ਮਾਨ ਸਰਕਾਰ ਨੇ ਜਲੰਧਰ ਵਿਚ 70 ਸਾਲਾਂ ਤੋਂ ਬੈਠੇ ਹੋਏ ਗਰੀਬ ਲੋਕਾਂ ਨੂੰ ਘਰੋਂ ਬੇਘਰ ਕਰ ਦਿੱਤਾ ਅਤੇ ਘਰਾਂ ਵਿੱਚੋਂ ਕੀਮਤੀ ਸਾਮਾਨ ਕੱਢਣ ਦਾ ਵੀ ਕਿਸੇ ਨੂੰ ਮੌਕਾ ਨਹੀਂ ਦਿੱਤਾ। ਸੋਨੂੰ ਜੰਡਿਆਲਾ ਨੇ ਦੱਸਿਆ ਕਿ

ਪ੍ਰਸ਼ਾਸਨ ਦੀ ਗੁੰਡਾਗਰਦੀ ਦਾ ਨੰਗਾ ਨਾਚ ਵੇਖ ਕੇ ਦੇਸ਼ ਦੇ ਲੋਕ ਤ੍ਰਾਹ-ਤ੍ਰਾਹ ਕਰ ਉਠੇ ਹਨ। ਜੰਡਿਆਲਾ ਨੇ ਦੱਸਿਆ ਕਿ ਜਿੱਥੇ ਸਰਕਾਰਾਂ ਗਰੀਬ ਲੋਕਾਂ ਨੂੰ ਰਹਿਣ ਲਈ ਘਰ ਬਣਾ ਕੇ ਦਿੰਦੀਆਂ ਨੇ ਉਥੇ ਆਮ ਆਦਮੀ ਪਾਰਟੀ ਗਰੀਬ ਲੋਕਾਂ ਦੇ ਘਰ ਢਾਹ ਕੇ ਉਨ੍ਹਾਂ ਨੂੰ ਘਰੋਂ ਬੇਘਰ ਕਰ ਰਹੀ ਹੈ। ਆਖਰ ਵਿੱਚ ਸੋਨੂੰ ਜੰਡਿਆਲਾ ਨੇ ਸ਼੍ਰੋਮਣੀ ਕਮੇਟੀ ਨੂੰ ਬੇਨਤੀ ਕੀਤੀ ਕਿ ਕਮੇਟੀ ਜਲੰਧਰ ਵਿਚ ਗਰੀਬ ਲੋਕਾਂ ਨੂੰ ਘਰ ਬਣਾ ਕੇ ਦੇਣ ਵਿਚ ਮਦਦ ਕਰਨ ਲਈ ਅੱਗੇ ਆਵੇ ਤੇ ਘਰਾਂ ਤੋਂ ਬੇਘਰ ਹੋਏ ਲੋਕਾਂ ਦੀ ਸਾਰ ਲਵੇ ਕਿਉਂਕਿ ਪੰਜਾਬ ਸਰਕਾਰ ਤੋਂ ਤਾਂ ਕੋਈ ਵੀ ਉਮੀਦ ਨਹੀਂ ਕਰ ਰਿਹਾ। ਇਸ ਮੌਕੇ ਸਰਬਜੀਤ ਸਿੰਘ ਸੋਨੂੰ ਜੰਡਿਆਲਾ, ਗੁਰਮੁਖ ਸਿੰਘ, ਰਾਜੇਸ਼ ਮਲਹੋਤਰਾ, ਰਣਜੀਤ ਸਿੰਘ, ਸੁਰਜੀਤ ਸਿੰਘ, ਹਰਜੀਤ ਸਿੰਘ ਵੇਰਕਾ, ਰਣਜੀਤ ਸਿੰਘ, ਸੁਖਵਿੰਦਰ ਸਿੰਘ, ਗੁਰਤੇਜ ਸਿੰਘ ਅਤੇ ਕੁਲਦੀਪ ਸਿੰਘ ਆਦਿ ਹਾਜ਼ਰ ਸਨ।

# ਐਮਾਜ਼ਾਨ ਨੇ ਆਲ-ਨਿਊ ਕਿੰਡਲ ਕੀਤਾ ਲਾਂਚ

ਚੰਡੀਗੜ੍ਹ-ਅਮੇਜਨ ਨੇ ਅੱਜ ਅਗਲੀ ਪੀੜ੍ਹੀ ਦੇ ਆਲ-ਨਿਊ ਕਿੰਡਲ ਦੀ ਘੋਸ਼ਣਾ ਕੀਤੀ। ।ਸਭ ਤੋਂ ਹਲਕਾ ਅਤੇ ਸਭ ਤੋਂ ਸੰਖੇਪ ਕਿੰਡਲ ਜੋ ਤੁਹਾਨੂੰ ਕਿਸੇ ਵੀ ਸਮੇਂ ਅਤੇ ਕਿਤੇ ਵੀ ਆਸਾਨੀ ਨਾਲ ਪੜ੍ਹਨ ਦਿੰਦਾ ਹੈ। ਆਲ-ਨਿਊ ਕਿੰਡਲ ਦਾ 16 ਵੇਰੀਐਂਟ 9,999 ਰੁਪਏ 'ਚ ਲਾਂਚ ਕੀਤਾ ਗਿਆ ਹੈ। ਆਲ ਨਿਊ ਕਿੰਡਲ ਇੱਕ ਕਿਫਾਇਤੀ ਕੀਮਤ ਦੇ ਨਾਲ ਪ੍ਰੀਮੀਅਮ ਵਿਸ਼ੇਸ਼ਤਾਵਾਂ ਨੂੰ ਜੋੜਦਾ ਹੈ, ਜਿਸ ਵਿੱਚ ਇੱਕ 300 ਉੱਚ-ਰੈਜ਼ੋਲਿਊਸ਼ਨ 6-ਇੰਚ ਡਿਸਪਲੇ, - ਚਾਰਜਿੰਗ, ਛੇ ਹਫਤਿਆਂ ਤੱਕ ਦੀ ਬੈਟਰੀ ਲਾਈਫ ਅਤੇ ਹਜ਼ਾਰਾਂ ਕਿਤਾਬਾਂ ਲਈ 16 ਸਟੋਰੇਜ ਬਣਾਉਣ ਦਾ ਰੂਮ ਸ਼ਾਮਲ ਹੈ। ਜਿਆਦਾ ਜਾਣਕਾਰੀ ਲਈ ://../ 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ। "ਆਲ-ਨਿਊ ਕਿੰਡਲ ਨਵੇਂ ਗਾਹਕਾਂ ਲਈ ਆਪਣੀ ਈ-ਰੀਡਿੰਗ ਯਾਤਰਾ ਸ਼ੁਰੂ ਕਰਨ ਦਾ ਇੱਕ ਕਿਫਾਇਤੀ ਅਤੇ ਆਸਾਨ ਤਰੀਕਾ ਹੈ। ਉਹ ਇਸ ਦੇ ਚਮਕ-ਰਹਿਤ ਡਿਸਪਲੇ, ਸੰਖੇਪ ਡਿਜ਼ਾਈਨ, ਲੰਬੀ ਬੈਟਰੀ ਲਾਈਫ ਅਤੇ ਐਪ-ਸੂਚਨਾਵਾਂ ਵਰਗੀਆਂ ਭਟਕਣਾਵਾਂ ਤੋਂ ਅਜ਼ਾਦੀ ਦੇ ਨਾਲ ਹਰ ਰੀਡ ਦਾ ਵਧੇਰੇ ਅਨੰਦ ਲੈ ਸਕਦੇ ਹਨ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਲੋਕਾਂ ਨੂੰ ਸੰਘਰਸ਼ਾਂ 'ਚ ਡਟਣ ਦਾ ਸੱਦਾ



ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ) : ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਡੀ ਸੀ ਦਫਤਰ ਤਰਨ ਤਾਰਨ ਅੱਗੇ ਲੱਗਾ ਮੋਰਚਾ ਅਤਿ ਦੀ ਠੰਢ ਵਿੱਚ 27ਵੇਂ ਦਿਨ ਵੀ ਲਗਾਤਾਰ ਜਾਰੀ ਹੈ। ਮੋਰਚੇ ਵਿੱਚ ਸੈਂਕੜੇ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਅਤੇ ਬੀਬੀਆਂ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਹਰਪ੍ਰੀਤ ਸਿੰਘ ਪੰਡੋਰੀ ਸਿੱਧਵਾਂ,ਸਤਨਾਮ ਸਿੰਘ ਮਾਣੋਚਾਹਲ, ਹਰਜਿੰਦਰ ਸਿੰਘ ਸਕਰੀ, ਦਿਆਲ ਸਿੰਘ ਮੀਆਂਵਿੰਡ, ਫਤਿਹ ਸਿੰਘ ਪਿੱਦੀ, ਹਰਬਿੰਦਰਜੀਤ ਸਿੰਘ ਕੰਗ ਨੇ ਕਿਹਾ ਕਿ ਕਾਰਪੋਰੇਟ ਘਰਾਣੇ ਸਾਡੇ ਕੁਦਰਤੀ ਸੋਮੇ,ਧਰਤੀ ਹਵਾ,ਪਾਣੀ ਉਤੇ ਪੂਰੀ ਤਰ੍ਹਾਂ ਕਬਜ਼ਾ ਕਰਨਾ ਚਾਹੁੰਦੇ ਹਨ ਅਤੇ ਸਰਕਾਰਾਂ ਉਨ੍ਹਾਂ ਦੀ ਪੁਸ਼ਤਪਨਾਹੀ ਕਰ ਰਹੀਆਂ ਹਨ। ਉਨ੍ਹਾ ਕਿਹਾ ਕਿ ਜ਼ੀਰਾ ਇਲਾਕੇ ਦੇ ਪਿੰਡਾਂ ਦਾ ਪਾਣੀ ਖਰਾਬ ਕਰਨ ਤੇ ਹਜ਼ਾਰਾਂ ਲੋਕਾਂ ਦਾ ਜੀਵਨ ਨਰਕ ਬਣਾਉਣ ਵਾਲੀ ਮਾਲਬਰੋਜ ਸ਼ਰਾਬ ਫੈਕਟਰੀ ਅੱਗੇ ਪੰਜ ਮਹੀਨਿਆਂ ਤੋਂ ਲੱਗੇ ਪੱਕੇ ਮੋਰਚੇ ਨੂੰ ਖਦੇੜਨ ਤੇ ਧੱਕੇ ਨਾਲ ਸ਼ਰਾਬ ਫੈਕਟਰੀ ਚਲਾਉਣ ਲਈ ਭਗਵੰਤ ਮਾਨ ਸਰਕਾਰ ਨੇ ਦੋ ਹਜ਼ਾਰ ਪੁਲਸ ਕਰਮੀ ਲਗਾਏ ਹੋਏ ਹਨ ਅਤੇ ਲੋਕਾਂ ਉੱਤੇ ਜਬਰ ਜ਼ੁਲਮ ਢਾਹਿਆ ਜਾ ਰਿਹਾ ਹੈ। ਇਸ ਲਈ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਵੱਡੇ ਜੱਥੇ ਮੋਰਚੇ ਵਿੱਚ ਭੇਜੇ ਜਾ ਰਹੇ ਹਨ । ਕਿਸਾਨ ਆਗੂਆਂ ਨੇ ਅੱਗੇ ਕਿਹਾ ਕਿ ਲੋਕਾਂ ਦੀਆਂ ਜ਼ਿੰਦਗੀਆਂ ਬਚਾਉਣ ਲਈ ਲੱਗੇ ਮੋਰਚੇ ਨੂੰ ਹਰ ਹਾਲਤ ਵਿੱਚ ਜਾਰੀ ਰੱਖਿਆ ਜਾਵੇਗਾ ਅਤੇ ਫੈਕਟਰੀ ਨਹੀਂ ਚੱਲਣ ਦਿੱਤੀ ਜਾਵੇਗੀ। ਕਿਸਾਨ ਆਗੂਆਂ ਨੇ ਕਿਹਾ ਕਿ ਇਹ ਸਿਰਫ ਜ਼ੀਰਾ ਸ਼ਰਾਬ ਫੈਕਟਰੀ ਦਾ ਸਵਾਲ ਨਹੀਂ ਹੈ,ਇਹ ਪੂਰੇ ਪੰਜਾਬ ਦੇ ਹਵਾ,ਪਾਣੀ ਧਰਤੀ ਨੂੰ ਕਾਰਪੋਰੇਟਾਂ ਤੋਂ ਬਚਾਉਣ ਦਾ ਸਵਾਲ ਹੈ। ਪੰਜਾਬ ਦੀਆਂ ਫੈਕਟਰੀਆਂ ਦਾ ਗੰਦਾ ਕੈਮੀਕਲ ਵਾਲਾ ਪਾਣੀ ਦਰਿਆਵਾਂ,ਨਹਿਰਾਂ,ਡਰੇਨਾਂ ਅਤੇ ਧਰਤੀ ਹੇਠ ਬੋਰ ਕਰਕੇ ਪਾ ਰਹੀਆਂ ਹਨ। ਪੰਜਾਬ ਦੇ ਹਾਕਮ ਅੱਖਾਂ ਬੰਦ ਕਰਕੇ ਬੈਠੇ ਹਨ ਅਤੇ ਕਾਰਪੋਰੇਟ ਨਾਲ ਇਨ੍ਹਾਂ ਦਾ ਗੱਠਜੋੜ ਬਣਿਆ ਹੋਇਆ ਹੈ ਜੋ ਪੰਜਾਬ ਦੀ ਤਬਾਹੀ ਦਾ ਕਾਰਨ ਬਣ ਰਿਹਾ ਹੈ।

ਇਸ ਮੌਕੇ ਬਲਵਿੰਦਰ ਸਿੰਘ ਚੋਹਲਾ ਸਾਹਿਬ, ਕੁਲਵੰਤ ਕੌਰ ਸ਼ਕਰੀ, ਹਰਜੀਤ ਕੌਰ, ਗੁਰਮੀਤ ਕੌਰ, ਮਨਜੀਤ ਕੌਰ ਸ਼ਕਰੀ, ਕੁਲਦੀਪ ਸਿੰਘ, ਜੈਮਲ ਸਿੰਘ, ਗੁਰਪਾਲ ਸਿੰਘ ਸ਼ਕਰੀ, ਗੁਰਭੇਜ ਸਿੰਘ, ਗੁਰਵਿੰਦਰ ਸਿੰਘ, ਸਾਹਿਬ ਸਿੰਘ ਸਰਹਾਲੀ, ਕੁਲਦੀਪ ਸਿੰਘ, ਜਰਨੈਲ ਸਿੰਘ, ਹਰਬਿੰਦਰ ਸਿੰਘ ਠੱਠੀਆਂ ਆਦਿ ਆਗੂ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਨੇ ਬਲੇਰ ਦਾ ਕੀਤਾ ਅਚਨਚੇਤ ਦੌਰਾ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)** ਜ਼ਿਲ੍ਹਾ ਤਰਨ ਤਾਰਨ ਅਧੀਨ ਪੈਂਦੇ ਪਿੰਡ ਬਲੇਰ ਵਿਖੇ ਤਰਨ ਤਾਰਨ ਦੇ ਡਿਪਟੀ ਕਮਿਸ਼ਨਰ ਰਿਸ਼ੀਪਾਲ ਸਿੰਘ ਵੱਲੋਂ ਅਚਨਚੇਤ ਦੌਰਾ ਕੀਤਾ ਗਿਆ । ਇਸ ਮੌਕੇ ਉਨ੍ਹਾਂ ਨਾਲ ਡੀ ਡੀ ਪੀ ਓ ਜਗਜੀਤ ਸਿੰਘ ਬੱਲ, ਬੀ ਡੀ ਪੀ ਓ ਮੈਡਮ ਪਰਮਜੀਤ ਕੌਰ ਵੀ ਹਾਜ਼ਰ ਸਨ । ਇਸ ਮੌਕੇ ਡਿਪਟੀ ਕਮਿਸ਼ਨਰ ਤਰਨ ਤਾਰਨ ਰਿਸ਼ੀਪਾਲ ਸਿੰਘ ਵੱਲੋਂ ਮਨਰੇਗਾ ਸਕੀਮ ਤਹਿਤ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਗਿਆ । ਇਸ ਤੋਂ ਇਲਾਵਾ ਉਨ੍ਹਾ ਨੇ ਪਿੰਡ ਦੇ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਉਨ੍ਹਾਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ । ਪਿੰਡ ਦੇ ਸਰਪੰਚ ਨੰਬਰਦਾਰ ਕਰਤਾਰ ਸਿੰਘ ਬਲੇਰ ਵੱਲੋਂ ਡਿਪਟੀ ਕਮਿਸ਼ਨਰ ਦਾ ਪਿੰਡ ਬਲੇਰ ਪੁੱਜਣ 'ਤੇ ਭਰਵਾਂ ਸੁਆਗਤ ਕਰਦਿਆਂ ਪਿੰਡ ਦੇ ਵਿਕਾਸ ਕਾਰਜਾਂ ਸੰਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਆਂਗਣਵਾੜੀ ਯੂਨੀਅਨ ਦੇ ਪ੍ਰਧਾਨ ਬੀਬੀ ਅਨੂਪ ਕੌਰ ਵੱਲੋਂ ਉਨ੍ਹਾਂ ਨੂੰ ਤਨਖਾਹਾਂ ਨਾ ਮਿਲਣ ਸੰਬੰਧੀ ਡਿਪਟੀ ਕਮਿਸ਼ਨਰ ਰਿਸ਼ੀਪਾਲ ਸਿੰਘ ਅਤੇ ਆਪਣੇ ਮਹਿਕਮੇ ਤੋਂ ਇਲਾਵਾ ਪਿੰਡ ਨਾਲ ਸਬੰਧਤ ਆਪਣੀਆਂ ਮੰਗਾਂ ਸੰਬੰਧੀ ਜਾਣਕਾਰੀ ਦਿੱਤੀ ਗਈ , ਜਿਸ ਨੂੰ ਡਿਪਟੀ ਕਮਿਸ਼ਨਰ ਵੱਲੋਂ ਉਨ੍ਹਾਂ ਦੀਆਂ ਸਮੁੱਚੀਆਂ ਮੰਗਾਂ ਦਾ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ । ਇਸ ਮੌਕੇ ਸੈਕਟਰੀ ਹਰਪਾਲ ਸਿੰਘ, ਸੈਕਟਰੀ ਸਤਨਾਮ ਸਿੰਘ ਸਿੰਘ, ਅੰਗਰੇਜ਼ ਸਿੰਘ ਪੰਚ, ਸਤਨਾਮ ਸਿੰਘ ਪੰਚ, ਗੁਰਦੇਵ ਸਿੰਘ ਬਲੇਰ, ਹਰਜਿੰਦਰ ਸਿੰਘ ਬਲੇਰ ਆਦਿ ਹਾਜ਼ਰ ਸਨ ।

# ਬਾਬਾ ਸੋਹਣ ਸਿੰਘ ਭਕਨਾ ਦੀ ਸੋਚ 'ਤੇ ਪਹਿਰਾ ਦੇਣਾ ਸਮੇਂ ਦੀ ਮੁੱਖ ਲੋੜ : ਡਾ. ਪਰਮਿੰਦਰ





**ਅੰਮਿਤਸਰ (ਜਸਬੀਰ ਸਿੰਘ ਪੱਟੀ)** ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਵਲੋਂ ਸਥਾਨਕ ਸਸਸ ਸਕੂਲ ਵਿਖੇ ਉੱਘੇ ਦੇਸ਼ ਭਗਤ ਬਾਬਾ ਸੋਹਾਂ ਸਿੰਘ ਭਕਨਾ ਦੀ 54ਵੀਂ ਬਰਸੀ ਤੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਇੱਕ ਭਾਵਪੂਰਤ ਵਿਚਾਰ ਗੋਸ਼ਟੀ ਬਲਜਿੰਦਰ ਵਡਾਲੀ, ਪ੍ਰਿੰਸੀਪਲ ਮੈਡਮ ਸ਼ਰਨਜੀਤ ਕੌਰ, ਭੁਪਿੰਦਰ ਸਿੰਘ ਭਕਨਾ, ਜਸਵੰਤ ਰਾਏ, ਸਤਪਾਲ ਗੁਪਤਾ, ਹਰਦੇਵ ਸਿੰਘ ਭਕਨਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੌਕੇ ਮੁੱਖ ਬੁਲਾਰੇ ਦੇ ਤੌਰ ਤੇ ਵਿਚਾਰ ਪੇਸ਼ ਕਰਦਿਆਂ ਪ੍ਰੋ. ਪਰਮਿੰਦਰ ਸਿੰਘ ਨੇ ਬਾਬਾ ਜੀ ਦਾ ਸੰਘਰਸ਼ੀ ਜੀਵਨ, ਗਦਰ ਲਹਿਰ ਤੇ ਅਜੋਕੇ ਹਾਲਾਤ ਤੇ ਚਾਨਣ ਪਾਉਂਦਿਆਂ ਕਿਹਾ ਕਿ ਅੱਜ ਮੁੜ ਕਾਰਪੋਰੇਟੀ ਸਾਮਰਾਜ ਵਿਰੁੱਧ ਡੱਟਵਾਂ ਸੰਘਰਸ਼ ਕਰਕੇ ਹੀ ਮਜ਼ਦੂਰਾਂ, ਕਿਸਾਨਾਂ ਤੇ ਹੋਰ ਮਿਹਨਤਕਸ਼ ਲੋਕਾਂ ਨੂੰ ਹਕੀਕੀ ਅਜ਼ਾਦੀ ਦਿਵਾਈ ਜਾ ਸਕਦੀ ਹੈ, ਜਿਸ ਨਾਲ ਬੇਰੁਜ਼ਗਾਰੀ, ਭੁੱਖਮਰੀ ਤੇ ਫਿਰਕਾਪ੍ਰਸਤੀ ਖਤਮ ਹੋ ਸਕਦੀ ਹੈ। ਉਨ੍ਹਾਂ ਯਾਦ ਕਰਾਇਆ ਕਿ ਬਾਬਾ ਜੀ ਦੀ ਅਗਵਾਈ ਵਿੱਚ ਸਭ ਧਰਮਾਂ ਦੇ ਲੋਕਾਂ ਨੇ ਅਸਲੀ ਧਰਮ ਨਿਰਪੱਖ ਸੰਘਰਸ਼ ਕੀਤਾ।

ਇਸ ਮੌਕੇ ਯੂਨੀਅਨ ਦੇ ਸਾਬਕਾ ਆਗੂ ਬਲਕਾਰ ਵਲਟੋਹਾ ਨੇ ਕਿਹਾ ਕਿ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਬਾਬਾ ਭਕਨਾ ਦੀ ਇਨਕਲਾਬੀ ਵਿਚਾਰਧਾਰਾ ਅਪਣਾਉਂਦਿਆਂ ਦੇਸ਼ ਦੇ ਮਿਹਨਤਕਸ਼ ਲੋਕਾਂ ਦੀ ਆਰਥਿਕ ਤੇ ਸਮਾਜਿਕ ਆਜ਼ਾਦੀ ਲਈ ਘੋਲ ਕਰਨਾ ਚਾਹੀਦਾ ਹੈ ਅਤੇ ਚਾਰ ਜਨਵਰੀ ਨੂੰ ਬਾਬਾ ਜੀ ਦੇ ਜਨਮ ਦਿਨ ਹਰ ਇੱਕ ਨੂੰ ਖੁੱਲ੍ਹੇ ਸਮਾਗਮ 'ਚ ਸ਼ਾਮਲ ਹੋਣਾ ਚਾਹੀਦਾ ਹੈ। ਇਸ ਮੌਕੇ ਧੰਨਵਾਦੀ ਸ਼ਬਦ ਬੋਲਦਿਆਂ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਵਡਾਲੀ ਨੇ ਕਿਹਾ ਕਿ ਯੂਨੀਅਨ ਅਧਿਆਪਕ ਹੱਕਾਂ ਤੇ ਮਸਲਿਆਂ ਦੀ ਲੜਾਈ ਦੇ ਨਾਲ-ਨਾਲ ਦੇਸ਼ ਵਿੱਚ ਸਮਾਜਵਾਦੀ ਪ੍ਰਬੰਧ ਰਾਹੀਂ ਦੇਸ਼ ਭਗਤਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਸਾਂਝੀਵਾਲਤਾ ਵਾਲਾ ਰਾਜ ਪ੍ਰਬੰਧ ਸਿਰਜਣ ਲਈ ਸੰਘਰਸ਼ਸ਼ੀਲ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਨਰਲ ਸਕੱਤਰ ਰਾਕੇਸ਼ ਧਵਨ, ਕੁਲਦੀਪ ਕੁਮਾਰ, ਗੁਰਬੀਰ ਸਿੰਘ ਗੰਡੀਵਿੰਡ, ਸੁੱਖਪਾਲ ਸਿੰਘ ਸੈਦਪੁਰ, ਦਿਨੇਸ਼ ਕੁਮਾਰ, ਜਗਜੀਤ ਸਿੰਘ ਸਮੇਤ ਕਈ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।

23-DEC PAGE 12.qxd 12/22/2022 10:51 PM Page 1



## ਵਰਦਾਨ ਸਾਬਤ ਹੋ ਰਹੀ

# ਮੋਟਰਸਾਈਕਲ ਐਂਬੂਲੈਂਸ



ਛੱਤੀਸਗੜ੍ਹ 'ਚ ਨਰਾਇਣਪੁਰ ਜ਼ਿਲ੍ਹਾ ਸੰਘਣੇ ਜੰਗਲਾਂ, ਪਹਾੜੀਆਂ, ਨਦੀਆਂ ਅਤੇ ਕੁਦਰਤੀ ਗੁਫਾਵਾਂ ਨਾਲ ਘਿਰਿਆ ਹੋਇਆ ਹੈ। ਜ਼ਿਲ੍ਹੇ ਦਾ ਲਗਭਗ 1000 ਵਰਗ ਕਿਲੋਮੀਟਰ ਇਲਾਕਾ ਜੰਗਲ ਹੈ। ਇਹ ਜਨਜਾਤੀ ਜ਼ਿਲ੍ਹੇ ਦੀ ਕੁੱਲ ਆਬਾਦੀ ਦਾ 77 ਫੀਸਦੀ ਤੋਂ ਜ਼ਿਆਦਾ ਹੈ। ਕਾਫ਼ੀ ਲੋਕ ਇਲਾਕੇ 'ਚ ਫੈਲੀਆਂ ਬਸਤੀਆਂ 'ਚ ਰਹਿੰਦੇਹਨ। ਪ੍ਰਤੀ ਵਰਗ ਕਿਲੋਮੀਟਰ 'ਚ ਕੇਵਲ 20 ਲੋਕ ਹੀ ਰਹਿੰਦੇ ਹਨ। ਜ਼ਿਲ੍ਹੇ ਦਾ ਇੱਕ ਵੱਡਾ ਹਿੱਸਾ ਮੁਸ਼ਕਲ ਪ੍ਰਸਥਿਤੀਆਂ ਕਾਰਨ ਅੱਜ ਵੀ ਸੜਕ ਮਾਰਗ ਤੋਂ ਸੱਖਣਾ ਹੈ, ਜਿਸ ਕਾਰਨ ਇੱਥੇ ਰਹਿਣ ਵਾਲੇ ਲੋਕਾਂ ਨੂੰ ਸਿਹਤ ਸਹੂਲਤਾਂ ਲਈ ਕਾਫ਼ੀ ਜੱਦੋ-ਜਹਿਦ ਕਰਨੀ ਪੈ ਰਹੀ ਹੈ। ਇੱਥੇ ਦੇ ਨਿਵਾਸੀਆਂ ਦੀਆਂ ਸਿਹਤ ਸਹੂਲਤਾਂ ਨੂੰ ਸੁਖਾਲਾ ਬਣਾਉਣ ਲਈ ਮੋਟਰਸਾਈਕਲ ਐਂਬੂਲੈਂਸ ਦਾ ਇਸਤੇਮਾਲ ਕੀਤਾ ਜਾ ਰਿਹਾ ਹੈ, ਜੋ ਪਹਾੜਾਂ, ਨਦੀਆਂ, ਨਾਲਿਆਂ ਅਤੇ ਜੰਗਲੀ ਇਲਾਕਿਆਂ ਵਾਲੇ ਖੇਤਰ 'ਚ ਅਸਾਨੀ ਨਾਲ ਪਹੁੰਚ ਸਕੇ। ਕਈ ਸਥਾਨਕ ਪਿੰਡ ਤਾਂ ਚੰਗੀਆਂ ਸੜਕਾਂ ਤੋਂ 16 ਤੋਂ 20 ਕਿਲੋਮੀਟਰ ਦੂਰ ਹਨ, ਜਿਨ੍ਹਾਂ ਲਈ ਮੋਟਰਸਾਈਕਲ ਐਂਬੂਲੈਂਸ ਇਨ੍ਹਾਂ ਇਲਾਕਿਆਂ 'ਚ ਰਹਿਣ ਵਾਲੇ ਲੋਕਾਂ ਨੂੰ ਸਿਹਤ ਸੁਵਿਧਾ ਪਹੁੰਚਾਉਣ ਲਈ ਕਾਰਗਰ ਸਾਬਤ ਹੋ ਰਹੀ ਹੈ।

ਕੋਡੋਲੀ ਪਿੰਡ ਦੇ ਵਾਸੀ ਆਮ ਤੌਰ 'ਤੇ ਨੇੜੇ ਦੇ ਸ਼ਹਿਰ ਓਰਛਾ ਤੱਕ 20 ਕਿਲੋਮੀਟਰ ਪੈਦਲ ਚੱਲ ਕੇ ਆਉਂਦੇ-ਜਾਂਦੇ ਹਨ। ਇਸ 'ਚ ਬਹੁਤ ਸਮਾਂ ਲੱਗਦਾ ਹੈ। ਸੜਕਾਂ ਦੀ ਕਮੀ ਕਾਰਨ ਅਕਸਰ ਪਿੰਡ ਵਾਸੀ ਬਹੁਤ ਬਿਮਾਰ ਵਿਅਕਤੀ ਨੂੰ ਸ਼ਹਿਰ ਲਿਆਉਣ ਅਤੇ ਲਿਜਾਣ ਲਈ ਅਸਥਾਈ ਪਾਲਕੀ ਦਾ ਸਹਾਰਾ ਲੈਂਦੇ ਹਨ। ਇਨ੍ਹਾਂ ਐਂਬੂਲੈਂਸਾਂ 'ਚ ਰੋਗੀ ਦੇ ਅਰਾਮ ਲਈ ਇੱਕ ਸਾਈਡ ਕੈਰਿਜ ਦੇ ਨਾਲ ਫਿਟ ਕੀਤਾ ਜਾਂਦਾ ਹੈ ਅਤੇ ਐਮਰਜੈਂਸੀ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਦਵਾਈਆਂ ਅਤੇ ਹੋਰ ਮੈਡੀਕਲ ਸਹੂਲਤਾਂ ਨਾਲ ਲੈਸ ਕੀਤਾ ਜਾਂਦਾ ਹੈ। ਇਸ ਕੰਸੈਪਟ ਨੂੰ ਅਫ਼ਰੀਕੀ ਦੇਸ਼ਾਂ 'ਚ ਪਹਿਲਾਂ ਹੀ ਬਹੁਤ ਸਫ਼ਲਤਾ ਮਿਲੀ ਹੈ।

ਜੰਗਲ ਦੇ ਅੰਦਰ ਜਿੱਥੇ ਪਹੁੰਚਣਾ ਮੁਸ਼ਕਲ ਹੈ, ਇਨ੍ਹਾਂ ਪਿੰਡਾਂ ਦੇ ਲੋਕਾਂ ਲਈ ਸਿਹਤ ਸੰਬੰਧੀ ਸਮੱਸਿਆ ਹੋਣ 'ਤੇ ਲੋਕ ਮੰਜਿਆਂ ਜਾਂ ਫਿਰ ਮਰੀਜ਼ ਨੂੰ ਆਪਣੇ ਮੋਢਿਆਂ 'ਤੇ ਚੁੱਕ ਕੇ ਦੂਰ ਹਸਪਤਾਲ ਤੱਕ ਲੈ ਕੇ ਜਾਂਦੇ ਸਨ। ਇਸ ਸਮੱਸਿਆ ਤੋਂ ਛੁਟਕਾਰਾ ਪਾਉਣ ਲਈ 2014 'ਚ ਨਰਾਇਣਪੁਰ ਜ਼ਿਲ੍ਹੇ 'ਚ ਸ਼ੁਰੂਆਤੀ ਤੌਰ 'ਤੇ ਇਸਤੇਮਾਲ ਕਰਦੇ ਹੋਏ ਦੋ ਮੋਟਰਸਾਈਕਲ ਐਂਬੂਲੈਸਾਂ ਦੀ ਸ਼ੁਰੂਆਤ ਕੀਤੀ ਗਈ ਸੀ, ਜੋ ਬਹੁਤ ਵਧੀਆ ਸਾਬਤ ਹੋਈ। ਪਹਿਲਾਂ ਦੋ ਮੋਟਰਸਾਈਕਲ ਐਂਬੂਲੈਂਸਾਂ ਅੰਦਰੂਨੀ ਇਲਾਕਿਆਂ ਦੇ ਛੋਟੇ-ਛੋਟੇ ਨਦੀ- ਨਾਲਿਆਂ ਤੇ ਉਬੜ-ਖਾਬੜ ਰਸਤਿਆਂ 'ਤੇ ਦੌੜਦੀਆਂ ਸਫ਼ਲ ਹੋਈਆਂ।

ਵਿਸ਼ੇਸ਼ ਪੱਛੜੀ ਜਨਜਾਤੀ ਮਾੜਿਆ, ਬਹੂਲਿਆ, ਓਰਛਾ ਬਲਾਕ ਦੇ ਧਨੋਰਾ, ਆਕਾਬੇੜਾ ਅਤੇ ਬੜੇਜਮਹਰੀ ਵਰਗੇ ਦੂਰ-ਦੁਰਾਡੇ ਖ਼ਤਰਨਾਕ ਜੰਗਲ 'ਚ ਰਹਿਣ ਵਾਲੇ ਬੱਚਿਆਂ ਅਤੇ ਗਰਭਵਤੀਆਂ ਲਈ ਮੋਟਰਸਾਈਕਲ ਐਂਬੂਲੈਂਸ ਵਰਦਾਨ ਸਾਬਤ ਹੋ ਰਹੀ ਹੈ। ਅੰਦੂਰਨੀ ਇਲਾਕਿਆਂ ਦੇ ਇਸ ਤਰ੍ਹਾਂ ਦੇ ਪਿੰਡਾਂ 'ਚ ਜਿੱਥੇ ਵੱਡੀ ਐਂਬੂਲੈਂਸ ਨਹੀਂ ਪਹੁੰਚ ਪਾਉਂਦੀ ਜਾਂ ਸੜਕ ਮਾਰਗ ਨਾ ਹੋਣ ਕਾਰਨ ਗਰਭਵਤੀਆਂ ਨੂੰ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਸੀ, ਹੁਣ ਇਨ੍ਹਾਂ ਸਮੱਸਿਆਵਾਂ ਦੇ ਹੱਲ ਲਈ ਮੋਟਰਸਾਈਕਲ ਐਂਬੂਲੈਂਸ ਦਾ ਸਹਾਰਾ ਲਿਆ ਜਾਂਦਾ ਹੈ। ਮੋਟਰਸਾਈਕਲ ਐਂਬੂਲੈਂਸ ਸ਼ੁਰੂ ਹੋਣ ਤੋਂ ਹੁਣ ਤੱਕ 4000 ਤੋਂ ਜ਼ਿਆਦਾ ਮਰੀਜ਼ਾਂ ਨੂੰ ਇਸ ਸੁਵਿਧਾ ਦਾ ਸਿੱਧਾ ਲਾਭ ਮਿਲਿਆ ਹੈ।

ਇਸ ਤੋਂ ਪਹਿਲਾਂ ਸੂਬੇ 'ਚ 2014-2016 'ਚ 173 ਪ੍ਰਤੀ 100000 ਜਨਮ 'ਚ ਮੌਤ ਦਰ ਨੂੰ 141 ਤੱਕ ਥੱਲੇ ਲਿਆਉਣ ਦੀ ਦਿਸ਼ਾ 'ਚ ਮਹੱਤਵਪੂਰਨ ਯੋਗਦਾਨ ਮਿਲਿਆ ਹੈ। ਮੋਟਰਸਾਈਕਲ ਐਂਬੂਲੈਂਸ ਦਾ ਹੀ ਸਿੱਟਾ ਹੈ ਕਿ 2014 ਤੱਕ ਜ਼ਿਲ੍ਹੇ ਦੇ ਹਸਪਤਾਲਾਂ 'ਚ ਜਨਮ ਲੈਣ ਵਾਲੇ ਬੱਚਿਆਂ ਦੀ ਗਿਣਤੀ ਸਿਰਫ਼ 76 ਸੀ, ਜੋ 2014 ਤੋਂ ਬਾਅਦ ਵਧ ਕੇ ਦੁੱਗਣੀ ਹੋ ਕੇ ਲਗਭਗ 162 ਤੱਕ ਪਹੁੰਚ ਗਈ ਹੈ।

**- ਪੇਸ਼ਕਸ਼ : ਕਮਲਜੀਤ ਥਾਬਲਕੇ**

ਆਦਿਵਾਸੀ ਖੇਤਰਾਂ 'ਚ ਪਹੁੰਚਣ ਲਈ ਸਿਹਤ ਵਰਕਰ ਲਤਾ ਨੇਤਾਮ ਪੱਥਰ ਹਟਾਉਂਦੇ ਹੋਏ।





ਪਾਣੀ 'ਚੋਂ ਕੱਢਣ ਲਈ ਲਤਾ ਨੇਤਾਮ ਮੋਟਰਸਾਈਕਲ ਨੂੰ ਧੱਕਾ ਮਾਰ ਰਹੀ।



ਅਸਥਾਈ ਪਾਲਕੀ ਰਾਹੀਂ ਮਰੀਜ ਨੂੰ ਸ਼ਹਿਰ ਲਿਜਾਂਦੇ ਲੋਕ

## ਐੱਲ ਪੀ ਯੂ ਵੱਲੋਂ ਐੱਮ ਐੱਸ ਸੀ ਭਰੂਣ ਵਿਗਿਆਨ ਪ੍ਰੋਗਰਾਮ ਲਈ ਨਵੀਂ ਲੈਬ ਸਥਾਪਤ

**ਜਲੰਧਰ: (ਸ਼ੈਲੀ ਐਲਬਰਟ)**—ਲਵਲੀ ਪ੍ਰੋਫੈਸਨਲ ਯੂਨੀਵਰਸਿਟੀ (ਐੱਲ. ਪੀ. ਯੂ.) ਦੇਸ਼ ਦੀਆਂ ਕੁਝ ਯੂਨੀਵਰਸਿਟੀਆਂ ਵਿੱਚੋਂ ਇੱਕ ਹੈ ਜੋ ਐਮ ਐਸ ਸੀ ਐਂਬ੍ਰਾਇਓਲੋਜੀ ਪ੍ਰੋਗਰਾਮ ਆਫ਼ਰ ਕਰਦੀ ਹੈ। ਨਵੀਨਤਮ ਆਈ ਵੀ ਐਫ ਤਕਨਾਲੋਜੀ ਅਤੇ ਕਾਰਜਪ੍ਰਣਾਲੀ ਵਤੇ ਵਿਸਤ੍ਰਿਤ ਹੈਂਡ-ਆਨ ਅਨੁਭਵ ਪ੍ਰਦਾਨ ਕਰਨ ਲਈ, ਐਲਪੀਯੂ ਨੇ ਹਾਲ ਹੀ ਵਿੱਚ ਪ੍ਰਮੁੱਖ ਜਣਨ ਹੱਲ ਪ੍ਰਦਾਤਾ 'ਕੂਪਰਸਰਜੀਕਲ' ਦੇ ਸਹਿਯੋਗ ਨਾਲ ਆਪਣੇ ਕੈਂਪਸ ਵਿੱਚ ਉੱਤਮਤਾ ਕੇਂਦਰ ਸਥਾਪਤ ਕੀਤਾ ਹੈ। ਐਮ ਐਸ ਸੀ ਭਰੂਣ ਵਿਗਿਆਨ ਪ੍ਰੋਗਰਾਮ ਸਕੂਲ ਆਫ ਅਪਲਾਈਡ ਮੈਡੀਕਲ ਸਾਇੰਸਜ ਵਿਖੇ ਮੈਡੀਕਲ ਲੈਬਾਰਟਰੀ ਸਾਇੰਸਜ ਵਿਭਾਗ ਦੁਆਰਾ ਚਲਾਇਆ ਜਾਂਦਾ ਹੈ। ਇਹ ਦੁਨੀਆ ਭਰ ਵਿੱਚ ਕੂਪਰਸਰਜੀਕਲ ਦਾ ਇੱਕੋ ਇੱਕ 8ਵਾਂ 'ਸੈਂਟਰ ਆਫ ਐਕਸੀਲੈਂਸ' ਹੈ, ਅਤੇ ਭਾਰਤ ਵਿੱਚ ਇੱਕੋ ਇੱਕ ਹੈ। ਉੱਤਮਤਾ ਦੇ ਹੋਰ ਕੂਪਰਸਰਜੀਕਲ ਕੇਂਦਰ ਅਮਰੀਕਾ, ਯੂਕੇ, ਰੂਸ, ਜਾਪਾਨ, ਚੀਨ ਅਤੇ ਬੈਲਜੀਅਮ ਵਿੱਚ ਹਨ। ਐਲਪੀਯੂ ਦੇ ਭਰੂਣ ਵਿਗਿਆਨ ਦੇ ਵਿਦਿਆਰਥੀ ਹੁਣ ਨਵੀਨਤਮ ਅਤੇ ਸਹਾਇਕ ਤਕਨੀਕਾਂ 'ਤੇ ਸਿਖਲਾਈ ਪ੍ਰਾਪਤ ਕਰਨਗੇ। ਐਲ ਪੀ ਯੂ ਉੱਤਰੀ ਭਾਰਤ ਦੀ ਪਹਿਲੀ ਪ੍ਰਾਈਵੇਟ ਯੂਨੀਵਰਸਿਟੀ ਹੈ ਜਿਸ ਨੇ ਕਲੀਨਿਕਲ ਭਰੂਣ ਵਿਗਿਆਨ ਵਿੱਚ ਮਾਸਟਰ ਪ੍ਰੋਗਰਾਮ ਸ਼ੁਰੂ ਕੀਤਾ ਹੈ। ਭਾਰਤ ਅਤੇ ਦੁਨੀਆ ਭਰ ਵਿੱਚ ਬਹੁਤ ਘੱਟ ਸੰਸਥਾਵਾਂ ਹਨ ਜੋ ਕਲੀਨਿਕਲ ਭਰੂਣ ਵਿਗਿਆਨ ਵਿੱਚ ਰਸਮੀ ਸਿੱਖਿਆ ਦਿੰਦੀਆਂ ਹਨ। ਇਹ ਭਾਰਤ ਵਿੱਚ ਆਪਣੀ ਕਿਸਮ ਦੀ ਪਹਿਲੀ ਪਹਿਲਕਦਮੀ ਹੈ, ਜਿੱਥੇ 'ਕੂਪਰਸਰਜੀਕਲ' ਨੇ ਐਲਪੀਯੂ ਵਰਗੇ ਅਕਾਦਮਿਕ ਸੰਸਥਾ ਨਾਲ ਹੱਥ ਮਿਲਾਇਆ ਹੈ।



ਉਦਘਾਟਨ ਸਮਾਰੋਹ ਦੀ ਪ੍ਰਧਾਨਗੀ ਐਲ ਪੀ ਯੂ ਦੀ ਪ੍ਰੋ ਚਾਂਸਲਰ ਸ੍ਰੀਮਤੀ ਰਸ਼ਮੀ ਮਿੱਤਲ ਨੇ ਕੀਤੀ। ਇਸ ਮੌਕੇ 'ਤੇ ਕੂਪਰਸਰਜੀਕਲ ਦੇ ਮਾਹਿਰਾਂ, ਕੰਟਰੀ ਜਨਰਲ ਮੈਨੇਜਰ ਡਾ: ਅਮਿਤ ਭਟਨਾਗਰ, ਡਾ: ਸਿਪਰਾ ਠੁਕਰਾਲ ਅਤੇ ਵਕੀਲ ਜਗਵੀਰ ਸਿੰਘ ਨੇ ਐਲ ਪੀ ਯੂ ਦੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਉਹਨਾਂ ਨੇ ਵਿਦਿਆਰਥੀਆਂ ਨਾਲ ਉਹਨਾਂ ਤੋਂ ਪੇਸੇਵਰ ਉਮੀਦਾਂ ਦੀਆਂ ਬਾਰੀਕੀਆਂ ਨੂੰ ਵੀ ਸਾਂਝਾ ਕੀਤਾ। ਸੈਨ ਰੈਮਨ ਵਿੱਚ ਹੈੱਡਕੁਆਰਟਰ ਨਾਲ ਕੂਪਰਸਰਜੀਕਲ ਦੇ 100 ਤੋਂ ਵੱਧ ਦੇਸ਼ਾਂ ਵਿੱਚ ਵਿਕਣ ਵਾਲੇ ਉਤਪਾਦਾਂ ਦੇ ਨਾਲ 12,000 ਤੋਂ ਵੱਧ ਕਰਮਚਾਰੀ ਹਨ। ਇੱਥੇ, 'ਕੂਪਰਸਰਜੀਕਲ' ਦੁਨੀਆ ਭਰ ਦੀਆਂ ਔਰਤਾਂ, ਬੱਚਿਆਂ ਅਤੇ ਪਰਿਵਾਰਾਂ ਦੀ ਦੇਖਭਾਲ ਨੂੰ ਅੱਗੇ ਵਧਾਉਂਦਾ ਹੈ। ਸੰਗਠਨ ਉਤਪਾਦਾਂ ਅਤੇ ਸੇਵਾਵਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਪ੍ਰਦਾਨ ਕਰਦਾ ਹੈ। ਇਹ ਪ੍ਰਮੁੱਖ ਕੰਪਨੀਆਂ ਵਿੱਚੋਂ ਇੱਕ ਹੈ ਜੋ 30 ਸਾਲਾਂ ਤੋਂ ਵੱਧ ਸਮੇਂ ਤੋਂ ਉਪਜਾਊ ਸ਼ਕਤੀ ਅਤੇ ਔਰਤਾਂ ਦੇ ਸਿਹਤ ਸੰਭਾਲ ਖੇਤਰ ਵਿੱਚ ਨਵੀਨਤਾ ਕਰਨ ਵਿੱਚ ਮਾਹਰ ਹੈ। ਐਲ ਪੀ ਯੂ ਵਿਖੇ ਅਪਲਾਈਡ ਮੈਡੀਕਲ ਸਾਇੰਸਜ ਦੀ ਫੈਕਲਟੀ ਦੀ ਮੁਖੀ, ਡਾ: ਮੋਨਿਕਾ ਗੁਲਾਟੀ ਨੇ ਦੱਸਿਆ ਕਿ ਕੇਂਦਰ ਹੁਣ ਅਤਿ-ਆਧੁਨਿਕ ਉਪਕਰਨਾਂ ਨਾਲ ਲੈਸ ਹੈ। ਇਹ ਵਿਦਿਆਰਥੀਆਂ ਨੂੰ ਵਧੇ ਹੋਏ ਵਿਹਾਰਕ ਐਕਸਪੋਜਰ ਨਾਲ ਮਨੁੱਖੀ ਭਰੂਣ ਵਿਗਿਆਨ ਦੀਆਂ ਧਾਰਨਾਵਾਂ ਨੂੰ ਸਮਝਣ ਵਿੱਚ ਮਦਦ ਕਰਨ ਲਈ ਹਨ। ਇਹ ਕੇਂਦਰ ਮਨੁੱਖੀ 'ਏਆਰਟੀ' ਦੇ ਖੇਤਰ ਵਿੱਚ ਕੰਮ ਕਰ ਰਹੇ ਸਾਰੇ ਭਰੂਣ ਵਿਗਿਆਨੀਆਂ ਦੇ ਗਿਆਨ ਅਤੇ ਹੁਨਰ ਨੂੰ ਵਧਾਉਣ ਲਈ ਇੱਕ ਸਿਖਲਾਈ ਸੰਸਥਾ ਵਜੋਂ ਵੀ ਕੰਮ ਕਰੇਗਾ।

## ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਖੋਲ੍ਹਿਆ ਪੰਜਾਬ ਸਰਕਾਰ ਵਿਰੁੱਧ ਮੋਰਚਾ

**ਮਾਹਿਲਪੁਰ (ਸਫਰੀ)** ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸਨ ਦੇ ਪੰਜ ਦਸੰਬਰ ਤੋਂ ਪੱਚੀ ਦਸੰਬਰ ਦੇ ਸੂਬਾਈ ਐਕਸ਼ਨਾਂ ਦੀ ਲੜੀ ਤਹਿਤ, ਪੰਜਾਬ ਸਰਕਾਰ ਵਲੋਂ ਮੁਲਾਜਮਾਂ ਅਤੇ ਪੈਨਸ਼ਨਰਾਂ ਨਾਲ ਕੀਤੇ ਚੋਣ ਵਾਅਦਿਆਂ ਦੇ ਅਨੁਸਾਰ ਮੁਲਾਜਮ ਮੰਗਾਂ ਦੇ ਪ੍ਰਤੀ ਕੋਈ ਸਾਰਥਕ ਹੁੰਗਾਰਾ ਨਾ ਭਰਨ ਦੇ ਵਿਰੋਧ ਵਿਚ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸਨ ਬਲਾਕ ਮਾਹਿਲਪੁਰ ਵੱਲੋਂ ਸਾਥੀ ਨਰਿੰਦਰ ਅਜਨੋਹਾ, ਸਤਪਾਲ ਲੱਠ, ਕਮਲਜੀਤ ਕੌਰ ਖੜੋਦੀ ਅਤੇ ਅਮਰਜੀਤ ਕੁਮਾਰ ਦੀ ਅਗਵਾਈ ਵਿਚ ਜਲ ਸਪਲਾਈ ਦੇ ਦਫਤਰ ਅੱਗੇ ਰੋਹ ਭਰਪੂਰ ਰੈਲੀ ਕਰਦਿਆਂ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜੀ ਕੀਤੀ। ਰੈਲੀ ਨੂੰ ਸੰਬੋਧਿਤ ਕਰਦਿਆਂ ਪੈਨਸ਼ਨਰ ਆਗੂ ਪਿਆਰਾ ਸਿੰਘ ਜ਼ਿਲ੍ਹਾ ਆਗੂ ਮੱਖਣ ਸਿੰਘ ਲੰਗੇਰੀ, ਅਮਰਜੀਤ ਕੁਮਾਰ ਅਤੇ ਮਲਕੀਤ ਸਿੰਘ ਨੇ ਸਰਕਾਰ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਮੌਜੂਦਾ ਸਰਕਾਰ ਪਹਿਲੀਆਂ ਸਰਕਾਰਾਂ ਵਾਂਗ ਹੀ ਹੱਕ ਮੰਗਦੇ ਲੋਕਾਂ ਅਤੇ ਮੁਲਾਜਮਾਂ 'ਤੇ ਲਾਠੀਆਂ ਬਰਸਾ ਰਹੀ ਹੈ ,ਮੁਲਾਜਮਾਂ ਦੀਆਂ ਹੱਕੀ ਅਤੇ ਜਾਇਜ ਮੰਗਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ ਹੈ ਜਿਸ ਕਾਰਨ ਮੁਲਾਜਮਾਂ ਅਤੇ ਪੈਨਸਨਰਾਂ ਅੰਦਰ ਸਰਕਾਰ ਪ੍ਰਤੀ ਰੋਸ ਪਾਇਆ ਜਾ ਰਿਹਾ ਹੈ। ਜਿਸ ਕਾਰਨ ਮੁਲਾਜਮ ਰੈਲੀਆਂ ਅਤੇ ਧਰਨੇ ਕਰਨ ਲਈ ਮਜਬੂਰ ਹੋ ਰਹੇ ਹਨ। ਆਗੂਆਂ ਨੇ ਸਰਕਾਰ ਨੂੰ ਪੁਰਜੋਰ ਮੰਗ ਕਰਦਿਆਂ ਕਿਹਾ ਕਿ ਹਰ ਤਰ੍ਹਾਂ ਦੇ ਕੱਚੇ, ਡੇਲੀਵੇਜ ਅਤੇ ਆਊਟ ਸੋਰਸ ਮੁਲਾਜਮਾਂ ਨੂੰ ਰੈਗੂਲਰ ਕੀਤਾ ਜਾਵੇ, ਪਰਖ ਕਾਲ ਸਮਾਂ ਖਤਮ ਕੀਤਾ ਜਾਵੇ, ਪੇ-ਕਮਿਸ਼ਨ ਦੀਆਂ ਸਿਫਾਰਸਾਂ ਨੂੰ ਸੋਧ ਕੇ ਲਾਗੂ ਕੀਤਾ ਜਾਵੇ , ਪੁਰਾਣੀ ਪੈਨਸ਼ਨ ਬਹਾਲ ਕਰਨ ਸਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ ,ਵੱਖ ਵੱਖ ਵਿਭਾਗਾਂ ਅੰਦਰ ਖਾਲੀ ਅਸਾਮੀਆਂ ਨੂੰ ਭਰਿਆ ਅਤੇ ਰੈਗੂਲਰ ਕੀਤਾ ਜਾਵੇ, ਮੁਲਾਜਮਾਂ ਤੇ ਥੋਪਿਆ ਕੇਂਦਰੀ ਪੇਅ ਕਮਿਸ਼ਨ ਰਦ ਹੋਵੇ, ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸਤਾਂ ਜਾਰੀ ਕੀਤੀਆਂ ਜਾਣ, ਮਿਡ-ਡੇ-ਮੀਲ , ਆਸ਼ਾ ਵਰਕਰਾਂ ਅਤੇ ਆਂਗਨਵਾੜੀ ਵਰਕਰਾਂ ਨੂੰ ਘੱਟੋ-ਘੱਟ ਉਜਰਤ ਦੇ ਘੇਰੇ ਹੇਠ ਲਿਆਂਦਾ ਜਾਵੇ ,ਨਾਜਾਇਜ ਕਬਜੇ ਹਟਾਉਣ ਦੇ ਨਾਂਅ ਹੇਠ ਗਰੀਬਾਂ ਦਾ ਉਜਾੜਾ ਬੰਦ ਕੀਤਾ ਜਾਵੇ, ਪੰਜਾਬ ਦੀ ਲਚਰ ਕਾਨੂੰਨ ਵਿਵਸਥਾ ਦੀ ਤਰਸਯੋਗ ਹਾਲਤ ਬਹੁਤ ਗੰਭੀਰ ਮਸਲਾ ਬਣ ਚੁੱਕਾ ਹੈ। ਆਗੂਆਂ ਨੇ ਕਿਹਾ ਕਿ ਜੇ ਇਨ੍ਹਾਂ ਮੰਗਾਂ ਦਾ ਨਿਪਟਾਰਾ ਨਾ ਕੀਤਾ ਗਿਆ ਤਾਂ ਮਜਬੂਰ ਹੋ ਕੇ ਤਿੱਖੇ ਸੰਘਰਸ਼ ਕੀਤੇ ਜਾਣਗੇ। ਇਸ ਮੌਕੇ ਅਮਰਜੀਤ ਸਿੰਘ , ਪਰੇਵਸ਼ ਕੁਮਾਰ, ਡਾਕਟਰ ਪਰਮਿੰਦਰ ਸਿੰਘ, ਡਾਕਟਰ ਅਵਤਾਰ ਕੁਮਾਰ ,ਮਹਿੰਦਰ ਪਾਲ, ਗੁਰਨਾਮ ਸਿੰਘ, ਟੇਕ ਚੰਦ , ਸਤਨਾਮ ਸਿੰਘ, ਮਨਜਿੰਦਰ ਹਲੂਵਾਲ, ਲਖਵੀਰ ਸਿੰਘ, ਕਮਲਜੀਤ ਚੱਕ ਕਟਾਰੂ, ਅਵਤਾਰ ਸਿੰਘ, ਮਨਬਹਾਦਰ, ਕਰਨੈਲ ਸਿੰਘ, ਹੰਸਰਾਜ ਠੀਂਡਾ, ਬਲਜਿੰਦਰ ਕੌਰ, ਕੁਲਵਿੰਦਰ ਕੌਰ,ਸੁਰਿੰਦਰ ਕੌਰ ਅਤੇ ਵੱਡੀ ਗਿਣਤੀ ਵਿੱਚ ਮੁਲਾਜ਼ਮ ਅਤੇ ਪੈਨਸ਼ਨਰ ਆਗੂ ਮੌਜੂਦ ਸਨ।



## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਕੇਂਦਰੀ ਜੇਲ੍ਹ ਵਿਖੇ ਲਗਾਇਆ ਮੈਡੀਕਲ ਕੈਂਪ

**ਹੁਸ਼ਿਆਰਪੁਰ (ਓ ਪੀ ਰਾਣਾ )** ਦਿਲਬਾਗ ਸਿੰਘ ਜੌਹਲ ਜ਼ਿਲ੍ਹਾ ਅਤੇ ਸ਼ੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਵਲੋਂ ਕੇਂਦਰੀ ਜੇਲ੍ਹ, ਹੁਸ਼ਿਆਰਪੁਰ ਦਾ ਦੌਰਾ ਕੀਤਾ ਗਿਆ ਜਿਸ ਦੌਰਾਨ ਕੇਂਦਰੀ ਜੇਲ੍ਹ, ਹੁਸ਼ਿਆਰਪੁਰ ਵਿਖੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਵਲੋਂ ਲਗਾਏ ਗਏ ਮੈਡੀਕਲ ਕੈਂਪ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਸੀ.ਜੇ.ਐਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਅਪਰਾਜਿਤਾ ਜੋਸ਼ੀ ਵੀ ਉਨ੍ਹਾਂ ਨਾਲ ਸਨ। ਇਸ ਮੈਡੀਕਲ ਕੈਂਪ ਦੌਰਾਨ ਡਾਕਟਰਾਂ ਦੀ ਟੀਮ ਜਿਨ੍ਹਾਂ ਵਿੱਚ ਡਾਕਟਰ ਸਨਮ ਕੁਮਾਰ (ਦੰਦਾਂ ਦੇ ਮਾਹਿਰ), ਡਾਕਟਰ ਮਨਦੀਪ ਕੌਰ (ਅੱਖਾਂ ਦੇ ਮਾਹਿਰ ), ਡਾਕਟਰ ਕਮਲੇਸ਼ ( ਨੱਕ ਅਤੇ ਕੰਨ ਦੇ ਮਾਹਿਰ), ਡਾਕਟਰ ਰੁਪਿੰਦਰਜੀਤ (ਸਰਜਨ), ਡਾਕਟਰ ਜਸਦੀਪ ( ਛਾਤੀ ਅਤੇ ਟੀ.ਵੀ ਦੇ ਮਾਹਿਰ) ਅਤੇ ਡਾਕਟਰ ਪ੍ਰਤਿਭਾ ਵਲੋਂ ਜੇਲ੍ਹ ਵਿੱਚ ਬੰਦ ਕੈਦੀ ਅਤੇ ਹਵਾਲਾਤੀ 190 ਮਰੀਜ਼ਾਂ ਦਾ ਚੈਕ ਅੱਪ ਕੀਤਾ ਗਿਆ ਅਤੇ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ। ਇਸ ਮੈਡੀਕਲ ਕੈਂਪ ਵਿੱਚ ਕੇਂਦਰੀ ਜੇਲ੍ਹ, ਹੁਸ਼ਿਆਰਪੁਰ ਅੰਦਰ ਬੰਦ ਹਵਾਲਾਤੀਆਂ ਦੀਆਂ ਬੈਰਕਾਂ ਨੂੰ ਚੈੱਕ ਕੀਤਾ ਗਿਆ ਅਤੇ ਕੈਦੀਆਂ/ਹਵਾਲਾਤੀਆਂ ਨੂੰ ਜੇਲ੍ਹ ਅੰਦਰ ਸਾਫ ਸਫਾਈ ਰੱਖਣ ਲਈ ਵੀ ਕਿਹਾ ਗਿਆ ਅਤੇ ਕੈਦੀਆਂ ਨਾਲ ਗੱਲਬਾਤ ਕੀਤੀ ਗਈ ਅਤੇ ਉਨ੍ਹਾਂ ਦੀ ਸਿਹਤ ਪੱਖੋ ਜਾਣਕਾਰੀ ਲਈ ਗਈ। ਇਸ ਮੌਕੇ ਅਨੁਰਾਗ ਕੁਮਾਰ ਆਜ਼ਾਦ, ਸੁਪਰਡੈਂਟ ਕੇਂਦਰੀ ਜੇਲ੍ਹ, ਹੁਸ਼ਿਆਰਪੁਰ, ਤੇਜਪਾਲ ਡਿਪਟੀ ਸੁਪਰਡੈਂਟ ਅਤੇ ਹੋਰ ਪੁਲਸ ਅਧਿਕਾਰੀ ਹਾਜ਼ਰ ਸਨ।




## 5 ਜੀ ਸਕੀਮ ਲਾਗੂ ਕਰਕੇ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਜਾਵੇਗਾ : ਖਰਬੰਦਾ

**ਰੋਪੜ (ਬਿੰਦਰਾ)** ਪੰਜਾਬ ਦੇ ਜ਼ਿਲ੍ਹਾ ਰੋਪੜ ਵਿੱਚ 5 ਜੀ ਸਕੀਮ ਲਾਗੂ ਕਰਕੇ ਇਸ ਖੇਤਰ ਵਿਚ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਜਾਵੇਗਾ। ਇਹ ਗੱਲ ਡਾਇਰੈਕਟਰ ਤਕਨੀਕੀ ਸਿੱਖਿਆ ਵਿਭਾਗ ਅਤੇ ਉਦਯੋਗਿਕ ਸਿਖਲਾਈ ਵਿਭਾਗ ਪੰਜਾਬ ਸੀ ਡੀ ਐਸ ਖਰਬੰਦਾ ਨੇ ਨੈਸ਼ਨਲ ਇੰਸਟੀਚਿਊਟ ਆਫ ਇਲੈਕਟ੍ਰਾਨਿਕ ਐਂਡ ਇਨਫੈਕਸ਼ਨ ਤਕਨਾਲੋਜੀ (ਪਾਇਲਟ) ਰੋਪੜ ਵਿੱਚ 5 ਜੀ ਤਕਨਾਲੋਜੀ ਸੰਬੰਧੀ ਆਯੋਜਿਤ ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਕਹੀ। ਉਹਨਾਂ ਆਖਿਆ ਕਿ ਪੰਜਾਬ ਸਰਕਾਰ ਇਹ ਸਕੀਮ ਸਾਰੇ ਸੂਬੇ ਵਿਚ ਲਾਗੂ ਕਰੇਗੀ। ਖਰਬੰਦਾ ਇਸ ਵਰਕਸ਼ਾਪ ਵਿੱਚ ਬਤੌਰ ਮੁੱਖ ਮਹਿਮਾਨ ਵਜੋਂ ਪੁੱਜੇ ਸਨ। ਉਨ੍ਹਾਂ ਦਸਿਆ ਕਿ 5 ਜੀ ਤਕਨਾਲੋਜੀ ਨੂੰ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਵਿੱਚ ਕਿਵੇ ਲਾਗੂ ਕਰਕੇ ਨਵੇਂ ਕੋਰਸ ਚਲਾਏ ਜਾ ਸਕਦੇ ਹਨ। ਇਸ ਸਕੀਮ ਨਾਲ ਇਨ੍ਹਾਂ ਸੰਸਥਾਵਾਂ ਵਿੱਚ ਟ੍ਰੇਨਿੰਗ ਕਰ ਰਹੇ ਸਿਖਿਆਰਥੀਆਂ ਦੀ ਟ੍ਰੇਨਿੰਗ ਵਿੱਚ ਨਿਖਾਰ ਆਵੇਗਾ ਤੇ ਸਿਖਿਆਰਥੀ ਟ੍ਰੇਨਿੰਗ ਪੂਰੀ ਕਰਕੇ ਜਿਥੇ ਸਕਿਲ ਇੰਡੀਆ ਵਿੱਚ ਆਪਣਾ ਵਧ ਤੋਂ ਵਧ ਯੋਗਦਾਨ ਪਾਉਣ ਦੇ ਨਾਲ ਹੀ ਆਪਣਾ ਭਵਿੱਖ ਵੀ ਉਜਵਲ ਬਣਾਉਣਗੇ। ਇਸ ਵਰਕਸ਼ਾਪ ਵਿੱਚ ਆਈ ਆਈ ਟੀ ਰੋਪੜ ਤੋਂ ਡਾ. ਸੋਮ ਦਰਸੀ ਨੇ 5 ਜੀ ਦੀ ਵਰਤੋਂ ਸਬੰਧੀ ਵਰਕਸ਼ਾਪ ਦਿੱਤੀ। ਡਿਪਟੀ ਡਾਇਰੈਕਟਰ ਨਾਇਲਟ ਡਾ. ਸਵਰਨ ਸਿੰਘ ਵਲੋਂ ਵਿਸਥਾਰ ਪੂਰਵਕ ਦਸਿਆ ਕਿ 5 ਜੀ ਤਕਨਾਲੋਜੀ ਨੂੰ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਪੰਜਾਬ ਵਿੱਚ ਕਿਵੇਂ ਕੋਰਸ ਸੁਰੂ ਕਰਨਾ ਤੇ ਕਿਵੇਂ ਸਿਖਿਆਰਥੀ ਪ੍ਰੋਡੀਊਸ ਕੀਤੇ ਜਾ ਸਕਦੇ ਹਨ। ਵਰਕਸ਼ਾਪ ਦੀ ਸਮਾਪਤੀ ਉਪਰੰਤ ਡਾਇਰੈਕਟਰ ਸਾਹਿਬ ਨੇ ਸਰਕਾਰੀ ਬੁਹਤਕਨੀਕੀ ਕਾਲਜ ( ਲੜਕੀਆਂ) ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ( ਲੜਕੀਆਂ) ਅਤੇ ਸਰਕਾਰੀ ਉਦਯੋਗਿਕ ਸਿਖਲਾਈ ਨੋਡਲ ਸੰਸਥਾ ਰੋਪੜ ਦਾ ਦੌਰਾ ਕੀਤਾ। ਉਨ੍ਹਾਂ ਸਿਖਿਆਰਥੀਆਂ ਵਲੋਂ ਪ੍ਰੈਕਟੀਕਲ ਟ੍ਰੇਨਿੰਗ ਦੌਰਾਨ ਬਣਾਏ ਗਏ ਪ੍ਰੋਜੈਕਟ ਦੇਖ ਕੇ ਖੁਸ਼ੀ ਪ੍ਰਗਟਾਈ। ਉਨ੍ਹਾਂ ਨੇ ਸਟਾਫ ਨੂੰ ਵਧਾਈ ਦਿੱਤੀ ਅਤੇ ਲੜਕੀਆਂ ਨੂੰ ਆਈ ਆਰ ਜੀ ਸਕੀਮ ਅਧੀਨ ਬੁਟੀਕ, ਬਿਊਟੀ ਪਾਰਲਰ ਅਤੇ ਨੋਡਲ ਸੰਸਥਾ ਰੋਪੜ ਨੂੰ ਵੈਲਡਰ ਆਦਿ ਸੰਸਥਾ ਦੇ ਕੈਂਪਸ ਤੋਂ ਬਾਹਰ ਆਪਣੀ ਪ੍ਰਦਰਸ਼ਨੀ ਲਗਾਉਣ ਦਾ ਸੁਝਾਅ ਦਿੱਤਾ।

## ਮੋਰਚੇ ਦੇ 26ਵੇਂ ਦਿਨ ਵੀ ਕਿਸਾਨਾਂ-ਮਜ਼ਦੂਰਾਂ ਦਾ ਸੰਘਰਸ਼ ਮੱਠਾ ਨਹੀਂ ਪਿਆ

ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਕਿਸਾਨਾਂ ਮਜ਼ਦੂਰਾਂ ਸਮੇਤ ਆਮ ਵਰਗ ਦੀਆਂ ਹੱਕੀ ਮੰਗਾਂ ਲਈ ਡੀ. ਸੀ. ਦਫਤਰ ਤਰਨਤਾਰਨ ਅੱਗੇ ਚੱਲ ਰਹੇ ਮੋਰਚੇ ਵਿੱਚ 7 ਦਸੰਬਰ ਨੂੰ ਸ਼ਹੀਦ ਹੋਏ ਬਲਵਿੰਦਰ ਸਿੰਘ ਦਾ ਸ਼ਰਧਾਂਜਲੀ ਸਮਾਗਮ 23 ਦਸੰਬਰ ਨੂੰ ਉਨਾਂ ਦੇ ਜੱਦੀ ਪਿੰਡ ਗਿੱਲ ਵੜੈਚ ਵਿਖੇ ਹੋਵੇਗਾ ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿਚੋਂ ਕਿਸਾਨ ਤੇ ਮਜ਼ਦੂਰ ਪਹੁੰਚ ਕੇ ਆਪਣੇ ਵਿਛੜੇ ਸਾਥੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ। ਮੋਰਚੇ ਦੇ 26ਵੇਂ ਦਿਨ ਸੈਂਕੜੇ ਕਿਸਾਨਾਂ ਤੇ ਮਜ਼ਦੂਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਹਰਪ੍ਰੀਤ ਸਿੰਘ ਪੰਡੋਰੀ ਸਿੱਧਵਾਂ, ਸਤਨਾਮ ਸਿੰਘ ਮਾਣੋਚਾਹਲ, ਹਰਜਿੰਦਰ ਸਿੰਘ ਸਕਰੀ, ਦਿਆਲ ਸਿੰਘ ਮੀਆਂਵਿੰਡ, ਫਤਿਹ ਸਿੰਘ ਪਿੱਦੀ ਨੇ ਕਿਹਾ ਕਿ ਕਾਰਪੋਰੇਟ ਜਗਤ ਦੇ ਦਲਾਲ ਹਾਕਮ ਆਮ ਲੋਕਾਂ ਦੀ ਆਵਾਜ਼ ਦਬਾਉਣ ਲਈ ਛਲ, ਕਪਟ, ਜਬਰ ਅਤੇ ਜ਼ੁਲਮ ਹਰ ਹਰਬਾ ਵਰਤਦੇ ਹਨ ਜਿਸ ਦੀ ਤਾਜ਼ਾ ਮਿਸਾਲ ਮਾਲਬਰੋਜ਼ ਸ਼ਰਾਬ ਫੈਕਟਰੀ ਜ਼ੀਰਾ ਅੱਗੇ ਸ਼ਾਤਮਈ ਧਰਨਾ ਦੇ ਰਹੇ ਲੋਕਾਂ ਨੂੰ ਜਬਰੀ ਉਠਾ ਕੇ ਹਰ ਹਾਲਤ ਵਿੱਚ ਫੈਕਟਰੀ ਚਲਾਉਣ ਲਈ ਸਰਕਾਰ ਪੂਰਾ ਜ਼ੋਰ ਲਗਾ ਰਹੀ ਹੈ ਜਦਕਿ ਸੱਚਾਈ ਇਹ ਹੈ ਕਿ ਉਸ ਸ਼ਰਾਬ ਫੈਕਟਰੀ ਕਾਰਨ ਆਸ ਪਾਸ ਦੇ ਦਰਜਨਾਂ ਪਿੰਡਾਂ ਦਾ ਧਰਤੀ ਹੇਠਲਾ ਪਾਣੀ ਅਤਿ ਜ਼ਹਿਰੀਲਾ ਹੋ ਚੁੱਕਾ ਹੈ, ਜਿਸ ਕਾਰਨ ਲੋਕ ਭਿਆਨਕ ਬੀਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ। ਕਿਸਾਨ ਆਗੂਆਂ ਨੇ ਅੱਗੇ ਕਿਹਾ ਕੇ ਆਪਣੇ ਗੀਤਾਂ ਰਾਹੀਂ ਲੋਕ ਮਸਲਿਆਂ ਦੀ ਗੱਲ ਕਰਨ ਵਾਲੇ ਗਾਇਕ ਰਣਜੀਤ ਬਾਵਾ ਅਤੇ ਕੰਵਰ ਗਰੇਵਾਲ ਖਿਲਾਫ ਕੀਤੀ ਕਾਰਵਾਈ ਵੀ ਲੋਕ ਹੱਕਾਂ ਦੀ ਆਵਾਜ਼ ਦਬਾਉਣ ਦਾ ਕੋਝਾ ਯਤਨ ਹੈ ਜਿਸ ਦੀ ਜਥੇਬੰਦੀ ਨਿੰਦਾ ਕਰਦੀ ਹੈ। ਉਨ੍ਹਾਂ ਨੇ ਜ਼ੋਰਦਾਰ ਮੰਗ ਕੀਤੀ ਕਿ ਮਾਲਬਰੋਜ਼ ਸ਼ਰਾਬ ਫੈਕਟਰੀ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ ਅਤੇ ਸ਼ਾਂਤਮਈ ਧਰਨਾ ਦੇ ਰਹੇ ਕਿਸਾਨਾਂ ਮਜ਼ਦੂਰਾਂ ਅਤੇ ਇਲਾਕੇ ਦੇ ਲੋਕਾਂ ਉੱਤੇ ਕੀਤੇ ਪਰਚੇ ਰੱਦ ਅਤੇ ਗ੍ਰਿਫਤਾਰ ਕਿਸਾਨ ਤੁਰੰਤ ਰਿਹਾਅ ਕੀਤੇ ਜਾਣ। ਡੀਸੀ ਦਫਤਰ ਧਰਨਿਆਂ ਦੀਆਂ ਮੰਗਾਂ ਤੁਰੰਤ ਹੱਲ ਕੀਤੀਆਂ ਜਾਣ, ਨਸ਼ੇ ਦੇ ਸੌਦਾਗਰਾਂ ਨੂੰ ਨੱਥ ਪਾਈ ਜਾਵੇ, ਸਰਕਾਰੀ ਅਦਾਰਿਆਂ ਵਿੱਚ ਫੈਲਿਆ ਭ੍ਰਿਸ਼ਟਾਚਾਰ ਬੰਦ ਕੀਤਾ ਜਾਵੇ। ਨੌਜਵਾਨਾਂ ਨੂੰ ਰੁਜ਼ਗਾਰ ਦਿੱਤਾ ਜਾਵੇ। ਇਸ ਮੌਕੇ ਜ਼ੋਨ ਸਕੱਤਰ ਗਿਆਨ ਸਿੰਘ, ਗੁਰਾ ਸਿੰਘ, ਜੋਗਿੰਦਰ ਸਿੰਘ, ਰਾਜਵਿੰਦਰ ਸਿੰਘ, ਮਨਪ੍ਰੀਤ ਸਿੰਘ, ਜੋਗਾ ਸਿੰਘ, ਕਰਤਾਰ ਸਿੰਘ, ਪਰਮਜੀਤ ਸਿੰਘ, ਰਣਜੀਤ ਸਿੰਘ ਰਸਾਲ ਸਿੰਘ ਬਿਲਿਆਂ ਵਾਲਾ, ਰਣਜੀਤ ਸਿੰਘ ਖਾਰਾ, ਅਮਰੀਕ ਸਿੰਘ ਉਸਮਾ ਆਦਿ ਹਾਜ਼ਰ ਸਨ।



## ਇਨਸਾਨ ਨੂੰ ਨਾਮ ਸਿਮਰਨ ਦਾ ਪੱਲਾ ਨਹੀਂ ਛੱਡਣਾ ਚਾਹੀਦਾ : ਬਾਬਾ ਸ਼ੇਰ ਸਿੰਘ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ )**-ਕੋਈ ਵੀ ਵਿਅਕਤੀ ਜਿਵੇਂ ਲੇਖ ਲਿਖਣ ਦਾ ਅਭਿਆਸ ਕਰਕੇ ਇਕ ਚੰਗਾ ਲੇਖਕ ਬਣ ਜਾਂਦਾ ਹੈ ਉਵੇਂ ਹੀ ਜਿਹੜਾ ਇਨਸਾਨ ਆਪਣੇ ਸਤਿਗੁਰੂ ਦਾ ਧਿਆਨ ਕਰਕੇ ਪ੍ਰਭੂ ਦੇ ਨਾਮ-ਸਿਮਰਨ ਦਾ ਅਭਿਆਸ ਕਰਦਾ ਰਹਿੰਦਾ ਹੈ ਉਹ ਇਨਸਾਨ ਇਕ ਦਿਨ ਸੰਸਾਰਕ ਮੋਹ ਜਾਲ ਤੋਂ ਮੁਕਤ ਹੋ ਕੇ ਪ੍ਰਭੂ ਦੇ ਨਾਮ ਸਿਮਰਨ ਨਾਲ ਜੁੜ ਜਾਂਦਾ ਹੈ। ਨਾਮ ਸਿਮਰਨ ਨਾਲ ਜਿੱਥੇ ਹਉਮੈ ਦਾ ਨਾਸ ਹੋ ਜਾਂਦਾ ਹੈ ਉਥੇ ਦੁਨੀਆਂ ਦੀ ਝੂਠੀ ਮਾਇਆ ਇਕੱਠੀ ਕਰਨ ਦਾ ਲਾਲਚ ਵੀ ਖਤਮ ਹੋ ਜਾਂਦਾ ਹੈ, ਇਸ ਲਈ ਹਰ ਇਨਸਾਨ ਨੂੰ ਨਾਮ-ਸਿਮਰਨ ਦਾ ਪੱਲਾ ਇਕ ਪਲ ਵੀ ਨਹੀਂ ਛੱਡਣਾ ਚਾਹੀਦਾ ਤਾਂ ਜੋ ਇਸ ਦੁਨੀਆਂ ਵਿੱਚ ਆਉਣ ਜਾਣ ਤੋਂ ਹਮੇਸ਼ਾ ਲਈ ਛੁਟਕਾਰਾ ਮਿਲ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਾਬਰ ਪੀਰ ਸੱਚੀ ਦਰਗਾਹ ਅਹਿਆਪੁਰ ਵਿਖੇ ਜੇਠੇ ਵੀਰਵਾਰ ਨੂੰ ਸਜਾਏ ਗਏ ਦਰਬਾਰ ਵਿਚ ਹਾਜਰ ਸੰਗਤ ਨੂੰ ਪ੍ਰਭੂ ਪ੍ਰੇਮ ਵਿਚ ਜੋੜਦੇ ਹੋਏ ਦਰਗਾਹ ਦੇ ਮੁੱਖ ਸੇਵਾਦਾਰ ਬਾਬਾ ਸੇਰ ਸਿੰਘ ਘੋੜੀਆਂ ਵਾਲਿਆਂ ਨੇ ਕਰਦੇ ਹੋਏ ਕਿਹਾ ਕਿ ਨਾਮ ਸਿਮਰਨ ਦੀ ਦਾਤ ਉਸ ਕਿਸਮਤ ਵਾਲੇ ਇਨਸਾਨ ਨੂੰ ਹੀ ਨਸੀਬ ਹੁੰਦੀ ਹੈ ਜਿਸ ਉੱਤੇ ਸਤਿਗੁਰੂ ਦੀ ਅਪਾਰ ਕਿਰਪਾ ਹੋ ਜਾਵੇ। ਉਨ੍ਹਾਂ ਕਿਹਾ ਕਿ ਨਾਮ ਸਿਮਰਨ ਦੀ ਦਾਤ ਇਕ ਅਜਿਹੀ ਦਾਤ ਹੈ ਜਿਸਦੀ ਵਿਆਖਿਆ ਵੱਡੇ-ਵੱਡੇ ਗਿਆਨੀ-ਧਿਆਨੀ, ਸੰਤ-ਮਹਾਂਪੁਰਸ਼ ਵੀ ਅੱਜ ਤੱਕ ਨਹੀਂ ਕਰ ਸਕੇ ਅਤੇ ਇਸ ਨਾਮ ਸਿਮਰਨ ਦੀ ਦਾਤ ਦੇ ਲੜ ਲੱਗ ਕੇ ਲੂਲ੍ਹੇ-ਲੰਗੜੇ, ਛੋਟੇ-ਵੱਡੇ ਹਰ ਇਨਸਾਨ ਭਵਸਾਗਰ ਤੋਂ ਪਾਰ ਹੋ ਜਾਂਦੇ ਹਨ। ਉਨ੍ਹਾਂ ਕਿਹਾ ਕਿ ਹਰ ਇਨਸਾਨ ਦੀ ਜਿੰਦਗੀ ਵਿੱਚ ਮਾੜੇ-ਚੰਗੇ ਦਿਨ ਤਾਂ ਆਉਂਦੇ-ਜਾਂਦੇ ਰਹਿੰਦੇ ਹਨ ਪਰ ਉਸਨੂੰ ਪ੍ਰਭੂ ਦੇ ਨਾਮ-ਸਿਮਰਨ ਦਾ ਪੱਲਾ ਇੱਕ ਮਿੰਟ ਲਈ ਵੀ ਨਹੀਂ ਛੱਡਣਾ ਚਾਹੀਦਾ ਕਿਉਂਕਿ ਕਾਲ ਨਹੀਂ ਚਾਹੁੰਦਾ ਕਿ ਸੰਤ ਮਹਾਪੁਰਸ਼ ਇਸ ਦੁਨੀਆਂ ਵਿੱਚ ਵਿਚਰ ਰਹੀਆਂ ਰੂਹਾਂ ਨੂੰ ਨਾਮ-ਸਿਮਰਨ ਦੀ ਬਖਸ਼ਿਸ਼ ਕਰਕੇ ਉਸਨੂੰ ਪ੍ਰਭੂ ਚਰਨਾਂ ਵਿਚ ਵਲੀਨ ਕਰ ਦੇਣ। ਸਾਰਾ ਦਿਨ ਬਾਬਾ ਜੀ ਦਾ ਅਤੁੱਟ ਲੰਗਰ ਵਰਤਾਇਆ ਗਿਆ। ਇਸ ਮੌਕੇ 'ਤੇ ਬੀਬੀ ਬਲਜੀਤ ਕੌਰ, ਮੀਰ ਕਮਲ ਸਾਬਰੀ, ਡਾ. ਮੀਰ ਹਸਨ, ਦੇਵੀਕਾ, ਰਾਜੇਸ ਜਸਰਾ, ਬਲਜੀਤ ਸਿੰਘ, ਅਜੀਤ ਸਿੰਘ, ਪ੍ਰਦੁਮਣ ਸਿੰਘ, ਦੀਪਕ ਕੁਮਾਰ, ਗਗਨ, ਮਲਕੀਤ ਸਿੰਘ ਅਤੇ ਹੋਰ ਸੰਗਤ ਨੇ ਦਰਬਾਰ ਵਿੱਚ ਆਪਣੀ ਹਾਜਰੀ ਲਗਵਾਈ।



# ਵਿਕਾਸ 'ਚ ਨਹੀਂ ਛੱਡੀ ਜਾਵੇਗੀ ਕੋਈ ਕਸਰ : ਬੈਂਸ

**ਸ੍ਰੀ ਆਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ )**-ਕਿਲ੍ਹਾ ਛੋੜ ਦਿਵਸ ਮੌਕੇ ਗੁਰਦੁਆਰਾ ਕਿਲ੍ਹਾ ਸ੍ਰੀ ਅਨੰਦਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਤੋਂ ਸਜਾਏ ਨਗਰ ਕੀਰਤਨ ਦਸਮੇਸ਼ ਪੈਦਲ ਮਾਰਚ ਵਿੱਚ ਸ਼ਾਮਲ ਹੋ ਕੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਮਾਲ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਤੇ ਸਿਹਤ ਮੰਤਰੀ ਚੇਤਨ ਸਿੰਘ ਜੌੜੇਮਾਜਰਾ ਅਤੇ ਵਿਧਾਇਕ ਪਾਇਲ ਮਨਵਿੰਦਰ ਸਿੰਘ ਗਿਆਸਪੁਰਾ, ਵਿਧਾਇਕ ਹਲਕਾ ਲੁਧਿਆਣਾ ਪੂਰਬੀ ਦਲਜੀਤ ਸਿੰਘ ਭੋਲਾ, ਵਿਧਾਇਕ ਹਲਕਾ ਪਟਿਆਲਾ ਅਜੀਤ ਸਿੰਘ ਕੋਹਲੀ, ਵਿਧਾਇਕ ਹਲਕਾ ਲਹਿਰਾਗਾਗਾ ਬਰਿੰਦਰ ਕੁਮਾਰ ਗੋਇਲ, ਵਿਧਾਇਕ ਹਲਕਾ ਸ੍ਰੀ ਚਮਕੌਰ ਸਾਹਿਬ ਡਾ. ਚਰਨਜੀਤ ਸਿੰਘ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੱਥਾ ਟੇਕਿਆ। ਇਸ ਮੌਕੇ ਉਹ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਵੀ ਨਤਮਸਤਕ ਹੋਏ। ਇਸ ਉਪਰੰਤ ਕੈਬਨਿਟ ਮੰਤਰੀ ਤੇ ਵਿਧਾਇਕ ਗੁਰਦੁਆਰਾ ਸ੍ਰੀ ਪਰਿਵਾਰ ਵਿਛੋੜਾ ਸਾਹਿਬ ਤੋਂ ਸਜਾਏ ਜਾਂਦੇ ਨਗਰ ਕੀਰਤਨ ਵਿੱਚ ਸ਼ਾਮਲ ਹੋ ਕੇ ਗੁਰਦੁਆਰਾ ਛੰਨ ਬਾਬਾ ਕੁੰਮਾ ਮਾਸਕੀ ਜੀ, ਪਿੰਡ ਚੱਕ ਢੇਰਾਂ ਪੁੱਜੇ। ਇਸ ਨਗਰ ਕੀਰਤਨ ਵਿੱਚ ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਵੀ ਸ਼ਾਮਲ ਹੋਏ ਤੇ ਗੁਰੂ ਗ੍ਰੰਥ ਸਾਹਿਬ ਜੀ ਨੂੰ ਨਤਮਸਤਕ ਹੋਏ।

ਇਸ ਮੌਕੇ ਮੀਡੀਆ ਨਾਲ ਗੱਲਬਾਤ ਦੌਰਾਨ ਮਾਲ ਮੰਤਰੀ ਪੰਜਾਬ ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਇਹ ਖੁਦ ਨੂੰ ਖੁਸ਼ਨਸੀਬ ਸਮਝਦੇ ਹਨ ਕਿ ਉਨ੍ਹਾਂ ਨੂੰ ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਕਿਲ੍ਹਾ ਗੁਰਦੁਆਰਾ ਸ੍ਰੀ ਅਨੰਦਗੜ੍ਹ ਸਾਹਿਬ ਛੱਡਣ ਦੀ ਇਤਿਹਾਸਕ ਘਟਨਾ ਦੀ ਯਾਦ ਵਿੱਚ ਸਜਾਏ ਜਾਂਦੇ ਨਗਰ ਕੀਰਤਨ ਵਿੱਚ ਸ਼ਾਮਲ ਹੋ ਕੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਨਤਮਸਤਕ ਹੋਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਹਨਾਂ ਕਿਹਾ ਕਿ ਗੁਰੂ ਸਾਹਿਬ ਵਲੋਂ ਦਰਸਾਏ ਰਾਹ ਉੱਤੇ ਚੱਲ ਕੇ ਹੋ ਸੁਚੱਜਾ ਜੀਵਨ ਜੀਵਿਆ ਜਾ ਸਕਦਾ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਹ ਯਕੀਨੀ ਬਣਾਇਆ ਜਾਵੇਗਾ ਕਿ ਵਿਦਿਆਰਥੀਆਂ ਨੂੰ ਸਾਹਿਬਜ਼ਾਦਿਆਂ ਦਾ ਇਤਿਹਾਸ ਪੜ੍ਹਾਇਆ ਜਾਵੇ। ਇਸ ਮੌਕੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਉਹ ਅਤੇ ਉਹਨਾਂ ਦੇ ਸਾਥੀ ਕਿਸੇ ਮੰਤਰੀ ਜਾਂ ਵਿਧਾਇਕ ਦੇ ਰੂਪ ਵਿਚ ਇਸ ਨਗਰ ਕੀਰਤਨ ਵਿੱਚ ਸ਼ਾਮਲ ਨਹੀਂ ਹੋਏ, ਸਗੋਂ ਸੰਗਤੀ ਰੂਪ ਦੇ ਵਿੱਚ ਨਿਮਾਣੇ ਸਿੱਖਾਂ ਵਜੋਂ ਸ਼ਾਮਲ ਹੋਏ ਹਨ। ਉਹਨਾਂ ਕਿਹਾ ਕਿ ਗੁਰੂ ਸਾਹਿਬ ਦੀ ਮਿਹਰ ਸਦਕਾ ਉਹਨਾਂ ਨੂੰ ਇਸ ਇਤਿਹਾਸਕ ਹਲਕੇ ਦੀ ਨੁਮਾਇੰਦਗੀ ਕਰਨ ਦਾ ਮੌਕਾ ਮਿਲਿਆ ਹੈ। ਉਹਨਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਸਭ ਤੋਂ ਖੂਬਸੂਰਤ ਧਰਤੀ ਹੈ ਤੇ ਉਹ ਇਸ ਹਲਕੇ ਨੂੰ ਵੱਧ ਤੋਂ ਵੱਧ ਬਿਹਤਰ ਬਣਾਉਣ ਵਿੱਚ ਕੋਈ ਕਸਰ ਨਹੀਂ ਛੱਡਣਗੇ। ਮੀਡੀਆ ਨਾਲ ਗੱਲਬਾਤ ਕਰਦਿਆਂ ਹਲਕਾ ਪਾਇਲ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਤੋਂ ਪਹਿਲਾਂ ਦੀ ਤਰ੍ਹਾਂ ਹੀ ਸੰਗਤਾਂ ਦੇ ਨਗਰ ਕੀਰਤਨ ਵਿੱਚ ਵੱਡੀ ਗਿਣਤੀ ਵਿਚ ਵਿਧਾਇਕ ਸਰਧਾਪੂਰਵਕ ਤੇ ਕੈਬਨਿਟ ਮੰਤਰੀ ਸ਼ਾਮਿਲ ਹੋਏ ਹਨ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਸਿੱਖ ਇਤਿਹਾਸ ਨਾਲ ਜੋੜਨ ਦੇ ਮੰਤਵ ਨਾਲ ਅਤੇ ਸਿੱਖੀ ਭਾਵਨਾ ਨੂੰ ਸੁਰਜੀਤ ਕਰਨ ਲਈ ਸਕੂਲਾਂ ਵਿਚ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ, ਜਿਸ ਵਿਚ ਛੋਟੇ ਅਤੇ ਵੱਡੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਬਾਰੇ ਦੱਸਿਆ ਜਾਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਸੈਮੀਨਾਰ ਵੀ ਕਰਵਾਏ ਜਾ ਰਹੇ ਹਨ। ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਨੇ ਕਿਹਾ ਕਿ ਨਗਰ ਕੀਰਤਨ ਵਿੱਚ ਸ਼ਾਮਲ ਹੋ ਕੇ ਉਹਨਾਂ ਨੇ ਇਤਿਹਾਸ ਦੇ ਉਹਨਾਂ ਪਲਾਂ ਨੂੰ ਮਹਿਸੂਸ ਕਰਨ ਦਾ ਯਤਨ ਕੀਤਾ ਹੈ, ਜਿਨ੍ਹਾਂ ਵਿਚ ਮਾਤਾ ਗੁਜਰੀ ਜੀ ਤੇ ਛੋਟੇ ਸਾਹਿਬਜ਼ਾਦਿਆਂ ਸਰਸਾ ਨਦੀ ਤੋਂ ਛੰਨ ਬਾਬਾ ਕੁੰਮਾ ਮਾਸਕੀ ਤੱਕ ਪੁੱਜੇ ਸਨ। ਉਹਨਾਂ ਕਿਹਾ ਕਿ ਸਾਡਾ ਇਤਿਹਾਸ ਬਹੁਤ ਲਾਸਾਨੀ ਹੈ, ਜਿਸ ਤੋਂ ਸੇਧ ਲੈ ਕੇ ਸਾਰੀਆਂ ਮੁਸ਼ਕਲਾਂ ਦਾ ਡਟ ਕੇ ਸਾਹਮਣਾ ਕੀਤਾ ਜਾ ਸਕਦਾ ਹੈ। ਇਸ ਲਈ ਲੋੜ ਹੈ ਕਿ ਨੌਜਵਾਨਾਂ ਤੇ ਬੱਚਿਆਂ ਨੂੰ ਇਤਿਹਾਸ ਨਾਲ ਜੋੜਨ ਦੇ ਵੱਧ ਤੋਂ ਵੱਧ ਉਪਰਾਲੇ ਕੀਤੇ ਜਾਣ। ਇਸ ਮੌਕੇ ਐਮ ਸੀ ਇੰਦਰਪਾਲ ਸਿੰਘ ਰਾਜੂ ਸਤਿਆਲ, ਸ਼ਿਵ ਕੁਮਾਰ ਲਾਲਪੁਰਾ, ਐਡਵੋਕੇਟ ਗੌਰਵ ਕਪੂਰ, ਐਡਵੋਕੇਟ ਸਤਨਾਮ ਗਿੱਲ, ਭਾਗ ਸਿੰਘ ਮੈਦਾਨ, ਐਡਵੋਕੇਟ ਵਿਕਰਮ ਗਰਗ, ਅਮਨਦੀਪ ਸਿੰਘ, ਰਣਜੀਤ ਸਿੰਘ, ਯੋਗਸ਼ਸ ਕੱਕੜ, ਅੰਮ੍ਰਿਤਪਾਲ ਪੱਪੀ, ਰਾਜਵੰਸ਼ ਵਰਮਾ, ਗੌਰਵ ਵਿਨਾਇਕ, ਸੁੱਚਾ ਸਿੰਘ ਭੱਠਲ, ਸੰਤੋਖ ਸਿੰਘ ਵਾਲੀਆ, ਵਰਿੰਦਰ ਨੰਨੂ, ਗੁਰਮੇਲ ਸਿੰਘ ਥਲੀ, ਪ੍ਰਦੀਪ ਕੁਮਾਰ, ਅਤੇ ਸ੍ਰੀਮਤੀ ਜਗਦੀਪ ਕੌਰ ਢੱਕੀ ਹਾਜਰ ਸਨ।

